ਸ਼ਨੀਵਾਰ, 9 ਮਈ, 2026
26 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 74
ਅੰਕ/NO. : 338

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 9 MAY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12



## ਐੱਮ ਏ ਐੱਮ ਪਬਲਿਕ ਸਕੂਲ ਦੀ ਵਿਦਿਆਰਥਣ ਸਾਨੀਆ ਸਨਮਾਨਤ



ਸਮਰਾਲਾ (ਸੁਰਜੀਤ ਸਿੰਘ)-ਸਥਾਨਕ ਮੈਕਸ ਆਰਥਰ ਮੈਕਾਲਿਫ ਪਬਲਿਕ ਸਕੂਲ ਦੀ ਵਿਦਿਆਰਥਣ ਸਾਨੀਆ ਨੂੰ ਪੰਜਾਬ ਭਵਨ ਸਰੀ, ਕੈਨੇਡਾ ਵੱਲੋਂ ਪ੍ਰਕਾਸ਼ਤ ਬਾਲ-ਪੱਤ੍ਰਿਕਾ 'ਨਵੀਆਂ ਕਲਮਾਂ, ਨਵੀਆਂ ਉਡਾਣ' ਅੰਕ ਵਿੱਚ ਪ੍ਰਕਾਸ਼ਤ ਉਸ ਦੀ ਕਵਿਤਾ 'ਮਾਂ' ਲਈ ਸਨਮਾਨਤ ਕੀਤਾ ਗਿਆ। ਇਹ ਸਨਮਾਨ ਸਮਾਰੋਹ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਫਗਵਾੜਾ ਵਿਖੇ ਕੀਤਾ ਗਿਆ, ਜਿਸ ਵਿੱਚ ਸਨਮਾਨ ਪੱਤਰ ਦੇ ਕੇ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਗਈ।ਇਹ ਸਨਮਾਨ ਬੱਚਿਆਂ ਵਿੱਚ ਪੰਜਾਬੀ ਭਾਸ਼ਾ, ਸਾਹਿਤ ਤੇ ਰਚਨਾਤਮਕ ਲਿਖਤ ਨੂੰ ਪ੍ਰੋਤਸਾਹਤ ਕਰਨ ਦੇ ਉਦੇਸ਼ ਨਾਲ ਕੀਤਾ ਗਿਆ।ਸਾਨੀਆ ਨੇ ਆਪਣੀ ਰਚਨਾਤਮਕ ਸੋਚ ਤੇ ਲਿਖਣ ਦੀ ਕਾਬਲੀਅਤ ਨਾਲ ਇਹ ਉਪਲਬਧੀ ਹਾਸਲ ਕਰਕੇ ਆਪਣੇ ਪਰਿਵਾਰ, ਸਕੂਲ ਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਇਸ ਵਿਲੱਖਣ ਉਪਲਬਧੀ 'ਤੇ ਸਕੂਲ ਪ੍ਰਿੰ: ਡਾ. ਮੋਨਿਕਾ ਮਲਹੋਤਰਾ ਨੇ ਖੁਸ਼ੀ ਜਤਾਉਂਦੇ ਹੋਏ ਕਿਹਾ ਕਿ ਬੱਚਿਆਂ ਨੂੰ ਮਾਤ ਭਾਸ਼ਾ ਤੇ ਸਾਹਿਤ ਨਾਲ ਜੋੜਨ ਲਈ ਇਸ ਤਰ੍ਹਾਂ ਦੇ ਯਤਨ ਬਹੁਤ ਹੀ ਸ਼ਲਾਘਾਯੋਗ ਹਨ।

## ਡੀ ਆਈ ਜੀ ਤੇ ਐੱਸ ਐੱਸ ਪੀ ਦੀ ਅਗਵਾਈ 'ਚ ਫਲੈਗ ਮਾਰਚ



ਦੋਰਾਹਾ (ਹਰਮਿੰਦਰ ਸੇਠ)-ਇਲਾਕੇ ਵਿੱਚ ਅਮਨ-ਕਾਨੂੰਨ ਕਾਇਮ ਰੱਖਣ ਅਤੇ ਲੋਕਾਂ ਵਿੱਚ ਸੁਰੱਖਿਆ ਦਾ ਭਰੋਸਾ ਬਣਾਉਣ ਲਈ ਦੋਰਾਹਾ ਵਿੱਚ ਡੀ ਆਈ ਜੀ ਇੰਦਰਵੀਰ ਸਿੰਘ ਤੇ ਐੱਸ ਐੱਸ ਪੀ ਖੰਨਾ ਡਾ. ਦਰਪਣ ਆਲੂਵਾਲੀਆ ਦੀ ਅਗਵਾਈ ਹੇਠ ਫਲੈਗ ਮਾਰਚ ਕੱਢਿਆ ਗਿਆ।ਇਹ ਮਾਰਚ ਬੇਅੰਤ ਸਿੰਘ ਚੌਂਕ ਨੇੜੇ ਪੁਲ ਤੋਂ ਸ਼ੁਰੂ ਹੋ ਕੇ ਮੇਨ ਬਾਜ਼ਾਰ ਦੇ ਵੱਖ-ਵੱਖ ਹਿੱਸਿਆਂ ਵਿੱਚੋਂ ਲੰਘਿਆ।ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦੇ ਹੋਏ ਡੀ ਆਈ ਜੀ ਇੰਦਰਵੀਰ ਸਿੰਘ ਨੇ ਕਿਹਾ ਕਿ ਇਸ ਤਰ੍ਹਾਂ ਦੇ ਫਲੈਗ ਮਾਰਚਾਂ ਦਾ ਮਕਸਦ ਇਲਾਕੇ ਵਿੱਚ ਸ਼ਾਂਤੀ ਤੇ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਕਰਨਾ ਅਤੇ ਲੋਕਾਂ ਵਿੱਚ ਵਿਸ਼ਵਾਸ ਪੈਦਾ ਕਰਨਾ ਹੈ।ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਹਰ ਸਮੇਂ ਲੋਕਾਂ ਦੀ ਸੁਰੱਖਿਆ ਲਈ ਵਚਨਬੱਧ ਹੈ ਤੇ ਕਿਸੇ ਵੀ ਕਿਸਮ ਦੀ ਗੈਰ-ਕਾਨੂੰਨੀ ਗਤੀਵਿਧੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਫਲੈਗ ਮਾਰਚ ਦੌਰਾਨ ਪੁਲਸ ਜ਼ਿਲ੍ਹਾ ਖੰਨਾ ਦੇ ਸੀਨੀਅਰ ਅਧਿਕਾਰੀ ਵੀ ਮੌਜੂਦ ਰਹੇ।ਇਸ ਤੋਂ ਇਲਾਵਾ ਐੱਸ.ਐੱਚ.ਓ. ਦੋਰਾਹਾ ਤੇ ਐੱਸ.ਐੱਚ.ਓ ਪਾਇਲ ਸਮੇਤ ਵੱਡੀ ਗਿਣਤੀ ਵਿੱਚ ਪੁਲਸ ਕਰਮਚਾਰੀ ਮਾਰਚ ਵਿੱਚ ਸ਼ਾਮਲ ਹੋਏ।

## ਜੇ ਐੱਮ ਐੱਸ ਇਮੀਗ੍ਰੇਸ਼ਨ ਨੇ ਰਿਫਿਊਜ਼ਲ ਦੇ ਬਾਵਜੂਦ ਕੈਨੇਡਾ ਸੁਪਰ ਵੀਜ਼ਾ ਲਵਾਇਆ



ਬਾਘਾ ਪੁਰਾਣਾ (ਮਨੀ ਸਿੰਗਲਾ)-ਸਥਾਨਕ ਸ਼ਹਿਰ ਦੀ ਮੰਨੀ ਪ੍ਰਮੰਨੀ ਸੰਸਥਾ ਜੇ.ਐੱਮ.ਐੱਸ. ਇਮੀਗ੍ਰੇਸ਼ਨ, ਜੋ ਕਿ ਰਿਫਿਊਜ਼ ਕੇਸਾਂ ਨੂੰ ਹੱਲ ਕਰਨ ਵਿੱਚ ਮਾਹਰ ਦੇ ਨਾਮ ਨਾਲ ਜਾਣੀ ਜਾਂਦੀ ਹੈ, ਇਸ ਦੇ ਨਾਲ-ਨਾਲ ਹੁਣ ਸੰਸਥਾ ਵੱਲੋਂ ਬਹੁਤ ਹੀ ਘੱਟ ਉਮਰ ਵਾਲਿਆਂ ਬੱਚਿਆਂ ਦਾ ਵਿਦੇਸ਼ਾਂ ਵਿੱਚ ਜਾਣ ਦਾ ਸੁਪਨਾ ਵੀ ਬੜੀ ਜਲਦੀ ਪੂਰਾ ਕੀਤਾ ਜਾ ਰਿਹਾ ਹੈ।ਕਾਮਯਾਬੀ ਦੀ ਇਸ ਲੜੀ ਨੂੰ ਜਾਰੀ ਰੱਖਦਿਆਂ ਸੰਸਥਾਂ ਵੱਲੋਂ ਬਲਜਿੰਦਰ ਸਿੰਘ ਵਾਸੀ ਰਾਜੇਆਣਾ ਦਾ ਦੋ ਰਿਫਿਊਜ਼ਲ ਹੋਣ ਦੇ ਬਾਵਜੂਦ ਕੈਨੇਡਾ ਦਾ ਸੁਪਰ ਵੀਜ਼ਾ ਬਹੁਤ ਹੀ ਘੱਟ ਸਮੇਂ ਵਿੱਚ ਲਗਵਾ ਕੇ ਦਿੱਤਾ ਗਿਆ ਹੈ।ਬਲਜਿੰਦਰ ਸਿੰਘ ਨੇ ਆਪਣੀ ਖੁਸ਼ੀ ਸਾਂਝੀ ਕਰਦਿਆਂ ਕਿਹਾ ਕਿ ਉਸ ਨੂੰ ਬਹੁਤ ਹੀ ਜਲਦ ਜੇ.ਐੱਮ.ਐੱਸ. ਸੰਸਥਾ ਵੱਲੋਂ ਕੈਨੇਡਾ ਦਾ ਸੁਪਰ ਵੀਜ਼ਾ ਪ੍ਰਾਪਤ ਹੋਇਆ ਹੈ।ਦੱਸਣਯੋਗ ਹੈ ਕਿ ਮਾਹਰਾਂ ਦੀ ਦੇਖ-ਰੇਖ ਹੇਠ ਪਹਿਲਾਂ ਵੀਜ਼ੇ ਲਈ ਸਾਰੇ ਦਸਤਾਵੇਜ਼ ਤਸੱਲੀਬਖ਼ਸ਼ ਪੂਰੇ ਕੀਤੇ ਜਾਂਦੇ ਹਨ ਤੇ ਵਿਦੇਸ਼ਾਂ ਵਿੱਚ ਜਾਣ ਦੇ ਚਾਹਵਾਨਾਂ ਨੂੰ ਪਹਿਲੀ ਵਾਰ ਵਿੱਚ ਹੀ ਸੰਸਥਾ ਵੱਲੋਂ ਵੀਜ਼ਾ ਪ੍ਰਾਪਤ ਹੋ ਜਾਂਦਾ ਹੈ।ਜੇਕਰ ਤੁਸੀਂ ਵੀ ਆਪਣੇ ਵਿਦੇਸ਼ਾਂ ਵਿੱਚ ਘੁੰਮਣ ਜਾਣ ਦੇ ਸੁਪਨਿਆਂ ਨੂੰ ਉੱਚੀ ਉਡਾਣ ਦੇਣਾ ਚਾਹੁੰਦੇ ਹੋ ਤਾਂ ਇੱਕ ਵਾਰ ਸੰਸਥਾ ਵਿਖੇ ਪਹੁੰਚ ਕੇ ਆਪਣੇ ਦਸਤਾਵੇਜ਼ ਜ਼ਰੂਰ ਸਾਂਝੇ ਕਰੋ।ਸੰਸਥਾ ਦੇ ਡਾਇਰੈਕਟਰ ਹਰਲਾਲ ਸਿੰਘ ਮਾਨ ਨੇ ਵੀਜ਼ਾ ਚਾਹਵਾਨਾਂ ਨੂੰ ਵੀਜ਼ਾ ਸੌਂਪਦਿਆਂ ਵਧਾਈ ਦਿੱਤੀ।

## ਬਿਸਮਾਦ ਵੈੱਲਫੇਅਰ ਸੁਸਾਇਟੀ ਵੱਲੋਂ ਗੁਰੂ ਘਰ ਦੇ 55 ਵਜ਼ੀਰਾਂ ਦਾ ਸਨਮਾਨ



ਕੋਟਕਪੂਰਾ (ਰਛਪਾਲ ਭੁੱਲਰ)-ਗੁਰੂ ਘਰ ਦੇ ਵਜ਼ੀਰਾਂ ਅਰਥਾਤ ਗ੍ਰੰਥੀ ਤੇ ਪਾਠੀ ਸਿੰਘਾਂ ਦਾ ਮਾਣ, ਸਨਮਾਨ ਤੇ ਸਤਿਕਾਰ ਬਹੁਤ ਜ਼ਰੂਰੀ ਹੈ।ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਕੋਟਕਪੂਰਾ ਵਿਖੇ ਬਿਸਮਾਦ ਵੈੱਲਫੇਅਰ ਸੁਸਾਇਟੀ ਵੱਲੋਂ ਇਲਾਕੇ ਦੇ ਗ੍ਰੰਥੀ ਸਿੰਘਾਂ ਦੇ ਬਾਬਾ ਬੁੱਢਾ ਜੀ ਸਨਮਾਨ ਨਾਲ ਰੱਖੇ ਸਮਾਰੋਹ ਦੌਰਾਨ ਬਤੌਰ ਮੁੱਖ ਮਹਿਮਾਨ ਪੁੱਜੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਆਖਿਆ ਕਿ ਗੁਰੂ ਘਰ ਦੇ ਸੇਵਾਦਾਰ ਸਿੱਖੀ ਦਾ ਆਧਾਰ ਹਨ।ਉਨ੍ਹਾ ਸਨਮਾਨਤ ਗ੍ਰੰਥੀ ਸਿੰਘਾਂ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਗੁਰੂ ਘਰ ਵਿੱਚ ਆਪ ਜੀ ਵੱਲੋਂ ਬਤੌਰ ਗ੍ਰੰਥੀ ਸਿੰਘ ਨਿਭਾਈ ਜਾ ਰਹੀ ਨਿਸ਼ਕਾਮ ਸੇਵਾ, ਗੁਰਬਾਣੀ ਪਾਠ, ਕੀਰਤਨ, ਕਥਾ ਪ੍ਰਚਾਰ ਤੇ ਸਿੱਖ ਰਹਿਤ ਮਰਿਆਦਾ ਦੀ ਪ੍ਰੇਰਨਾ ਰਾਹੀਂ ਸੰਗਤ ਨੂੰ ਆਤਮਿਕ ਜੀਵਨ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ।ਆਪ ਜੀ ਦੀ ਅਟੱਲ ਸੇਵਾ, ਨਿਮਰਤਾ ਤੇ ਗੁਰੂ ਪ੍ਰੇਮ ਦੇ ਸਤਿਕਾਰ ਵਜੋਂ ਤੁਹਾਨੂੰ ਇਹ ਮਾਣਯੋਗ ਉਪਾਧੀ ਨਾਲ ਸਨਮਾਨਤ ਕਰਨ ਦੀ ਖੁਸ਼ੀ ਪ੍ਰਾਪਤ ਹੋ ਰਹੀ ਹੈ।ਬਾਬਾ ਫਰੀਦ ਗੁਰੂਕੁਲ ਗਰੁੱਪ ਆਫ ਕਾਲਜਿਜ਼ ਦੇ ਚੇਅਰਮੈਨ ਡਾ. ਮਨਜੀਤ ਸਿੰਘ ਢਿੱਲੋਂ ਨੇ ਆਖਿਆ ਕਿ ਬਿਸਮਾਦ ਵੈੱਲਫੇਅਰ ਸੁਸਾਇਟੀ ਵੱਲੋਂ ਕੋਟਕਪੂਰਾ ਇਲਾਕੇ ਦੇ 55 ਗ੍ਰੰਥੀ ਸਿੰਘਾਂ ਦਾ ਸਨਮਾਨ ਕੀਤਾ ਗਿਆ ਹੈ, ਜਦਕਿ ਇਹ ਸਨਮਾਨ ਸਮਾਰੋਹ ਪੰਜਾਬ ਭਰ ਦੇ ਪਿੰਡਾਂ, ਸ਼ਹਿਰਾਂ ਤੇ ਕਸਬਿਆਂ ਵਿੱਚ ਰੱਖਣ ਦੀ ਤਜਵੀਜ਼ ਹੈ।ਇਸ ਮੌਕੇ ਅਨੇਕਾਂ ਹੋਰ ਉੱਘੀਆਂ ਸ਼ਖ਼ਸੀਅਤਾਂ ਨੇ ਨਾਹਰਿਆਂ ਤੇ ਜੈਕਾਰਿਆਂ ਦੀ ਗੂੰਜ ਵਿੱਚ ਗੁਰੂ ਘਰ ਦੇ ਵਜ਼ੀਰਾਂ ਦਾ ਸਨਮਾਨ ਕੀਤਾ।

## ਮਾਤਾ ਗੁਜਰੀ ਕਾਲਜ ਵਿਖੇ ਟ੍ਰੇਨਿੰਗ ਪ੍ਰੋਗਰਾਮ ਸਫ਼ਲਤਾਪੂਰਵਕ ਸੰਪੰਨ



ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮਾਤਾ ਗੁਜਰੀ ਕਾਲਜ ਫ਼ਤਹਿਗੜ੍ਹ ਸਾਹਿਬ ਦੇ ਮੈਨੇਜਮੈਂਟ ਸਟੱਡੀਜ਼ ਵਿਭਾਗ ਵੱਲੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਲਈ 'ਟੈਲੀ ਪ੍ਰਾਈਮ ਐਂਡ ਇੰਪਲੌਇਬਿਲਟੀ ਸਕਿੱਲਜ਼' ਵਿਸ਼ੇ 'ਤੇ ਇਕ ਹਫ਼ਤੇ ਦੇ ਟ੍ਰੇਨਿੰਗ ਪ੍ਰੋਗਰਾਮ ਦਾ ਸਫ਼ਲਤਾਪੂਰਵਕ ਸਮਾਪਨ ਹੋ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਕੁੱਲ 31 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕੰਪਿਊਟਰਾਈਜ਼ਡ ਵਿੱਤੀ ਪ੍ਰਬੰਧਨ, ਉਚੇਰੀ ਸਿੱਖਿਆ ਪ੍ਰਾਪਤੀ ਤੇ ਕਰੀਅਰ ਗਾਈਡੈਂਸ ਸਬੰਧੀ ਮਹੱਤਵਪੂਰਨ ਗਿਆਨ ਪ੍ਰਦਾਨ ਕਰਨਾ ਸੀ।ਕਾਲਜ ਦੇ ਪ੍ਰਿੰਸੀਪਲ ਡਾ. ਬਿਕਰਮਜੀਤ ਸਿੰਘ ਨੇ ਇਸ ਪ੍ਰੋਗਰਾਮ ਪ੍ਰਤੀ ਵਿਦਿਆਰਥੀਆਂ ਵਿੱਚ ਉਤਸੁਕਤਾ ਦੇਖ ਆਪਣੀ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਆ ਭਰਪੂਰ ਪ੍ਰੋਗਰਾਮਾਂ ਵਿੱਚ ਭਾਗ ਲੈਣ ਨਾਲ ਵਿਦਿਆਰਥੀਆਂ ਨੂੰ ਜਿੱਥੇ ਉਦਯੋਗਿਕ ਕੰਮਕਾਜ ਨੂੰ ਬਿਹਤਰ ਤਰੀਕੇ ਨਾਲ ਸਮਝਣ ਵਿੱਚ ਸਹਾਇਤਾ ਮਿਲਦੀ ਹੈ, ਉਥੇ ਨਾਲ ਹੀ ਉਨ੍ਹਾਂ ਨੂੰ ਕਰੀਅਰ ਗਾਈਡੈਂਸ ਸੰਬੰਧੀ ਸਹੀ ਸੇਧ ਵੀ ਪ੍ਰਾਪਤ ਹੁੰਦੀ ਹੈ।ਕਾਲਜ ਦੇ ਕੰਟਰੋਲਰ ਪ੍ਰੀਖਿਆਵਾਂ ਡਾ. ਹਰਜੀਤ ਸਿੰਘ ਨੇ ਵੀ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਉਸਾਰੂ ਪ੍ਰੋਗਰਾਮ ਵਿਦਿਆਰਥੀਆਂ ਦੀ ਸ਼ਖ਼ਸੀਅਤ ਉਸਾਰੀ ਵਿੱਚ ਵਡਮੁੱਲਾ ਯੋਗਦਾਨ ਪਾਉਂਦੇ ਹਨ। ਮੈਨੇਜਮੈਂਟ ਸਟੱਡੀਜ਼ ਵਿਭਾਗ ਦੇ ਮੁਖੀ ਡਾ. ਕਮਲਪ੍ਰੀਤ ਕੌਰ ਨੇ ਕਿਹਾ ਕਿ ਵਿਭਾਗ ਵੱਲੋਂ ਆਯੋਜਿਤ ਇਸ ਪ੍ਰੋਗਰਾਮ ਦਾ ਮੁੱਖ ਉਦੇਸ਼ ਸਕੂਲੀ ਵਿਦਿਆਰਥੀਆਂ ਵਿੱਚ ਕਰੀਅਰ ਸੰਬੰਧੀ ਜਾਗਰੂਕਤਾ ਪੈਦਾ ਕਰਨਾ ਤੇ ਰੁਜ਼ਗਾਰ ਪ੍ਰਾਪਤੀ ਸਬੰਧੀ ਜ਼ਰੂਰੀ ਹੁਨਰ ਪ੍ਰਦਾਨ ਕਰਨਾ ਸੀ।ਇਸ ਮੌਕੇ ਵਿਭਾਗ ਦੇ ਫੈਕਲਟੀ ਮੈਂਬਰ ਡਾ. ਸ਼ਿਵਾਨੀ ਬੈਕਟਰ, ਡਾ. ਰਤਨੇਸ਼ਪਾਲ ਸਿੰਘ, ਡਾ. ਸੌਰਵ ਸ਼ਰਮਾ ਤੇ ਡਾ. ਮਨਪ੍ਰੀਤ ਕੌਰ ਵੀ ਹਾਜ਼ਰ ਸਨ।

## ਹਨੀ ਫੱਤਣਵਾਲਾ ਵੱਲੋਂ ਸੁਰਿੰਦਰ ਸਿੰਘ ਚੱਠਾ ਦੇ ਦਿਹਾਂਤ 'ਤੇ ਦੁੱਖ ਸਾਂਝਾ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ)-ਇਥੋਂ ਨੇੜਲੇ ਪਿੰਡ ਖਿੜਕੀਆਂਵਾਲਾ ਵਾਸੀ ਸੁਰਿੰਦਰ ਸਿੰਘ ਚੱਠਾ ਪੱਤਰਕਾਰ (67) ਦਾ ਬੀਤੇ ਦਿਨੀਂ ਦਿਹਾਂਤ ਹੋ ਗਿਆ ਸੀ।ਮ੍ਰਿਤਕ ਦੇ ਬੇਟੇ ਜਗਮੀਤ ਸਿੰਘ ਨਾਲ ਦੁੱਖ ਸਾਂਝਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਦੁਖੀ ਪਰਵਾਰ ਨਾਲ ਹਮਦਰਦੀ ਪ੍ਰਗਟ ਕੀਤੀ।ਉਨ੍ਹਾਂ ਕਿਹਾ ਕਿ ਸੁਰਿੰਦਰ ਸਿੰਘ ਚੱਠਾ ਇੱਕ ਮਿਹਨਤੀ ਤੇ ਮਿਲਣਸਾਰ ਵਿਅਕਤੀ ਸਨ।ਉਨ੍ਹਾਂ ਨੇ ਹਮੇਸ਼ਾ ਪੱਤਰਕਾਰ ਹੁੰਦਿਆਂ ਗਰੀਬਾਂ ਦੇ ਹੱਕ ਦੀ ਗੱਲ ਕੀਤੀ ਤੇ ਇਮਾਨਦਾਰੀ ਨਾਲ ਪੱਤਰਕਾਰੀ ਦੇ ਖੇਤਰ ਵਿੱਚ ਕੰਮ ਕੀਤਾ।ਉਨ੍ਹਾਂ ਦੇ ਚਲੇ ਜਾਣ ਨਾਲ ਪਰਵਾਰ ਨੂੰ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।ਇਸ ਮੌਕੇ ਰਣਜੀਤ ਸਿੰਘ ਭੁੱਟੀਵਾਲਾ, ਨਿਰਮਲ ਸਿੰਘ, ਕੁਲਵਿੰਦਰ ਸਿੰਘ, ਬਲਵਿੰਦਰ ਸਿੰਘ ਗੋਨਿਆਣਾ ਤੇ ਹੋਰ ਬਹੁਤ ਸਾਰੇ ਪਿੰਡ ਵਾਸੀ ਹਾਜ਼ਰ ਸਨ।

# ਡੀ ਐੱਮ ਕਾਲਜ ਮੈਨੇਜਿੰਗ ਕਮੇਟੀ ਅਧੀਨ ਸੰਸਥਾਵਾਂ ਨੂੰ ਬਚਾਉਣ ਲਈ ਵਫਦ ਡੀ ਸੀ ਨੂੰ ਮਿਲਿਆ

### ਕਬਜ਼ਾਧਾਰੀ ਤਿੰਨਾਂ ਧਿਰਾਂ 'ਚ ਸਹਿਮਤੀ ਕਰਵਾਉਣ ਜਾਂ ਐਡਮਨਿਸਟ੍ਰੇਟਰ ਲਗਾਉਣ ਦੀ ਮੰਗ



ਮੋਗਾ (ਇਕਬਾਲ ਸਿੰਘ ਖਹਿਰਾ)-ਸਿਵਲ ਸੁਸਾਇਟੀ ਮੋਗਾ ਵੱਲੋਂ ਡੀ ਐੱਮ ਕਾਲਜ ਮੈਨੇਜਿੰਗ ਕਮੇਟੀ ਅਧੀਨ ਬੰਦ ਹੋਣ ਕਿਨਾਰੇ ਪਹੁੰਚ ਚੁੱਕੀਆਂ ਪੰਜ ਸਿੱਖਿਆ ਸੰਸਥਾਵਾਂ ਨੂੰ ਬਚਾਉਣ ਲਈ ਵਿੱਢੀ ਗਈ ਮੁਹਿੰਮ ਆਪਣੇ ਜੋਬਨ 'ਤੇ ਪਹੁੰਚ ਚੁੱਕੀ ਹੈ।ਸਿਵਲ ਸੁਸਾਇਟੀ ਮੋਗਾ ਦੀ ਅਪੀਲ ਤੇ ਕਾਲਜ ਦੇ ਪੁਰਾਣੇ ਵਿਦਿਆਰਥੀ ਲੇਖਕ, ਬੁੱਧੀਜੀਵੀ ਤੇ ਚਿੰਤਕ ਲੋਕਾਂ ਦਾ ਇੱਕ ਕਾਫਲਾ ਬਣਨਾ ਸ਼ੁਰੂ ਹੋ ਗਿਆ ਹੈ, ਜੋ ਲੋਕ ਦਬਾਅ ਰਾਹੀਂ ਤਿੰਨਾਂ ਧਿਰਾਂ ਵਿੱਚ ਸਹਿਮਤੀ ਬਣਾਉਣ ਦੀ ਹਰ ਸੰਭਵ ਕੋਸ਼ਿਸ਼ ਕਰੇਗਾ ਤੇ ਅਗਸਤ ਮਹੀਨੇ ਵਿੱਚ ਕਾਲਜ ਦੀ ਸਥਾਪਨਾ ਦੀ 100ਵੀਂ ਵਰ੍ਹੇਗੰਢ ਧੂਮਧਾਮ ਨਾਲ ਮਨਾਵੇਗਾ।ਇਹ ਜਾਣਕਾਰੀ ਦਿੰਦਿਆਂ ਸਿਵਲ ਸੁਸਾਇਟੀ ਮੋਗਾ ਦੇ ਐਡਵਾਈਜ਼ਰ ਅਜੇ ਗੋਰਾ ਸੂਦ, ਪ੍ਰਜ਼ੀਡੀਅਮ ਮੈਂਬਰ ਮਹਿੰਦਰ ਪਾਲ ਲੂੰਬਾ, ਅਮਰਜੀਤ ਸਿੰਘ ਜੱਸਲ, ਬਲਵਿੰਦਰ ਸਿੰਘ ਰੋਡੇ, ਮਨਿੰਦਰ ਸਿੰਘ ਬੇਦੀ, ਜਨਰਲ ਸਕੱਤਰ ਪ੍ਰਿਤਪਾਲ ਸਿੰਘ ਲੱਕੀ ਗਿੱਲ, ਦਫਤਰ ਸਕੱਤਰ ਵੀ ਪੀ ਸੇਠੀ, ਅਮਰਦੀਪ ਅਨੇਜਾ ਤੇ ਹਰਭਜਨ ਸਿੰਘ ਬਹੋਨਾ ਨੇ ਦੱਸਿਆ ਕਿ ਹੁਣ ਤੱਕ ਈ ਡੀ ਦੇ ਸਾਬਕਾ ਡਿਪਟੀ ਡਾਇਰੈਕਟਰ ਨਿਰੰਜਨ ਸਿੰਘ ਤੋਂ ਇਲਾਵਾ ਕਾਲਜ ਦੇ ਸਾਬਕਾ ਹੋਣਹਾਰ ਵਿਦਿਆਰਥੀਆਂ ਵਿੱਚੋਂ ਫਿਰੋਜ਼ਪੁਰ ਡਵੀਜ਼ਨ ਦੇ ਸਾਬਕਾ ਕਮਿਸ਼ਨਰ ਕੁਲਬੀਰ ਸਿੰਘ ਸਿੱਧੂ, ਉਲੰਪੀਅਨ ਬਲਵੀਰ ਸਿੰਘ ਦਾ ਪਰਿਵਾਰ, ਬ੍ਰਿਗੇਡੀਅਰ ਗੁਰਦੀਪ ਸਿੰਘ ਭਾਊ, ਕਰਨਲ ਮੁਖਤਿਆਰ ਸਿੰਘ ਸੰਧੂ ਤੇ ਸਮੇਤ ਅਨੇਕਾਂ ਨਾਮਚੀਨ ਸ਼ਖ਼ਸੀਅਤਾਂ ਨੇ ਸਿਵਲ ਸੁਸਾਇਟੀ ਦੇ ਇਸ ਉੱਦਮ ਦੀ ਤਾਰੀਫ ਕੀਤੀ ਹੈ ਤੇ ਇਸ ਮੁਹਿੰਮ ਨਾਲ ਜੁੜ ਚੁੱਕੇ ਹਨ ਜਾਂ ਹੋਰ ਵੀ ਜੁੜਨ ਜਾ ਰਹੇ ਹਨ।ਉਨ੍ਹਾਂ ਕਬਜ਼ਾਧਾਰੀ ਧਿਰਾਂ ਨੂੰ ਅਪੀਲ ਕੀਤੀ ਕਿ ਉਹ ਨਿੱਜੀ ਲਾਲਚਾਂ ਨੂੰ ਛੱਡ ਕੇ ਵਿੱਦਿਆ ਦੇ ਵਪਾਰ ਵਿੱਚੋਂ ਬਾਹਰ ਆਉਣ ਤੇ ਇਨ੍ਹਾਂ ਸੰਸਥਾਵਾਂ ਨੂੰ ਸਥਾਪਤ ਕਰਨ ਦੇ ਉੱਚੇ ਸੁੱਚੇ ਮਕਸਦ 'ਤੇ ਕੇਂਦਰਤ ਹੋਣ। ਇਸੇ ਕੜੀ ਤਹਿਤ ਸਿਵਲ ਸੁਸਾਇਟੀ ਮੋਗਾ ਦੇ ਮੈਂਬਰਾਂ ਨੇ ਡਿਪਟੀ ਕਮਿਸ਼ਨਰ ਮੋਗਾ ਨੂੰ ਮਿਲ ਕੇ ਇਸ ਮਸਲੇ ਵਿੱਚ ਦਖਲਅੰਦਾਜ਼ੀ ਕਰਕੇ ਤਿੰਨਾਂ ਧਿਰਾਂ 'ਤੇ ਸਮਝੌਤੇ ਦਾ ਦਬਾਅ ਬਣਾਉਣ ਜਾਂ ਫਿਰ ਕੋਰਟ ਦਾ ਫੈਸਲਾ ਆਉਣ ਤੱਕ ਸ਼ਹਿਰ ਦੇ ਆਮ ਲੋਕਾਂ ਵਿੱਚੋਂ ਮੈਂਬਰ ਲੈ ਕੇ ਐਡਮਨਿਸਟ੍ਰੇਟਰ ਲਗਾਉਣ ਦੀ ਮੰਗ ਕੀਤੀ ਤਾਂ ਜੋ ਕਾਲਜ ਤੇ ਸਬੰਧਤ ਸੰਸਥਾਵਾਂ ਭੈਅ ਮੁਕਤ ਹੋ ਕੇ ਆਪਣਾ ਸੁਧਾਰ ਕਰਕੇ ਸਿੱਖਿਆ ਦਾ ਪਸਾਰਾ ਕਰ ਸਕਣ।ਉਨ੍ਹਾਂ ਦੱਸਿਆ ਕਿ ਡੀ ਸੀ ਮੋਗਾ ਨੇ ਮੁੱਦੇ ਦੀ ਗੰਭੀਰਤਾ ਨੂੰ ਸਮਝਦੇ ਹੋਏ ਇਸ ਦੀ ਜਾਂਚ ਤੇ ਅਗਲੇਰੀ ਕਾਰਵਾਈ ਲਈ ਐੱਸ ਡੀ ਐੱਮ ਮੋਗਾ ਨੂੰ ਨਾਮਜ਼ਦ ਕੀਤਾ ਹੈ।

ਉਨ੍ਹਾਂ ਕਿਹਾ ਕਿ ਸਿਵਲ ਸੁਸਾਇਟੀ ਇਸ ਦੇ ਹੱਲ ਤੱਕ ਸੰਘਰਸ਼ ਲਈ ਤਿਆਰ ਹੈ, ਪਰ 100 ਸਾਲਾ ਵਰ੍ਹੇਗੰਢ ਮਨਾਉਣ ਲਈ ਕਾਲਜ ਦੇ ਪੁਰਾਣੇ ਵਿਦਿਆਰਥੀਆਂ ਨੂੰ ਵਟਸਐਪ ਗਰੁੱਪਾਂ ਰਾਹੀਂ ਜੋੜ ਕੇ ਓਲਡ ਪ੍ਰਾਊਡੀ ਐਂਡ ਸਟੂਡੈਂਟ ਆਫ ਡੀ ਐੱਮ ਕਾਲਜ ਮੋਗਾ ਦੇ ਨਾਮ 'ਤੇ ਵੱਖਰੀ ਸੰਸਥਾ ਬਣਾਈ ਜਾਵੇਗੀ, ਜੋ ਸ਼ਤਾਬਦੀ ਸਮਾਗਮ ਦਾ ਸਾਰਾ ਪ੍ਰਬੰਧ ਦੇਖੇਗੀ।ਉਨ੍ਹਾਂ ਅੰਤ ਵਿੱਚ ਫਿਰ ਕਬਜ਼ਾਧਾਰੀ ਗਰੁੱਪਾਂ ਨੂੰ ਇੱਕ ਵਾਰ ਬੈਠ ਕੇ ਮਸਲੇ ਦਾ ਹੱਲ ਕਰਨ ਦੀ ਅਪੀਲ ਕੀਤੀ।

## ਵਿਦੇਸ਼ ਭੇਜਣ ਦੇ ਨਾਂਅ 'ਤੇ ਧੋਖਾਧੜੀ ਦੇ ਦੋਸ਼ 'ਚ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਵਿਦੇਸ਼ ਭੇਜਣ ਦੇ ਨਾਮ 'ਤੇ ਇੱਕ ਮਹਿਲਾ ਨਾਲ ਪੰਜ ਲੱਖ ਰੁਪਏ ਦੀ ਠੱਗੀ ਮਾਰੇ ਜਾਣ ਦੇ ਕਥਿਤ ਮਾਮਲੇ ਵਿੱਚ ਫ਼ਤਹਿਗੜ੍ਹ ਸਾਹਿਬ ਪੁਲਸ ਵੱਲੋਂ ਇੱਕ ਪਤੀ-ਪਤਨੀ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਦਰਖ਼ਾਸਤ ਵਿੱਚ ਸੁਖਵਿੰਦਰ ਕੌਰ ਨਾਮਕ ਮਹਿਲਾ ਨੇ ਦੋਸ਼ ਲਗਾਏ ਸਨ ਕਿ ਸਾਲ 2022 ਵਿੱਚ ਹਰੀਸ਼ ਕੁਮਾਰ ਉਰਫ ਜੋਸ਼ੀ ਤੇ ਉਸ ਦੀ ਪਤਨੀ ਰਮਨਦੀਪ ਕੌਰ ਨੇ ਉਸ ਨੂੰ ਮਲੇਸ਼ੀਆ ਭੇਜਣ ਦੇ ਨਾਮ 'ਤੇ ਉਸ ਨਾਲ 5 ਲੱਖ ਰੁਪਏ ਦੀ ਠੱਗੀ ਮਾਰੀ ਸੀ।ਦਰਖਾਸਤ ਦੀ ਪੜਤਾਲ ਦੌਰਾਨ ਮਹਿਲਾ ਵੱਲੋਂ ਲਗਾਏ ਦੋਸ਼ ਸਹੀ ਪਾਏ ਜਾਣ 'ਤੇ ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਸ ਨੇ ਹਰੀਸ਼ ਕੁਮਾਰ ਉਰਫ ਜੋਸ਼ੀ ਤੇ ਰਮਨਦੀਪ ਕੌਰ ਵਾਸੀਆਨ ਪਟਿਆਲਾ ਹਾਲ ਵਾਸੀ ਮੋਹਾਲੀ ਵਿਰੁੱਧ ਅ/ਧ 406,420 ਆਈ.ਪੀ.ਸੀ. ਤੇ ਪੰਜਾਬ ਟਰੈਵਲ ਐਕਟ ਦੀ ਧਾਰਾ 13 ਤਹਿਤ ਮੁਕੱਦਮਾ ਦਰਜ ਕਰਕੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

# ਪਰਮਜੀਤ ਸਿੰਘ ਚੀਮਾ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ



ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਪੰਜਾਬੀ ਲੇਖਕ ਤੇ ਪੱਤਰਕਾਰ ਅਮਰਬੀਰ ਸਿੰਘ ਚੀਮਾ ਦੇ ਪਿਤਾ ਪਰਮਜੀਤ ਸਿੰਘ ਚੀਮਾ, ਜੋ ਪਿਛਲੇ ਦਿਨ3 ਬਿਮਾਰੀ ਤੋਂ ਬਾਅਦ ਸਦੀਵੀ ਵਿਛੋੜਾ ਦੇ ਗਏ ਸਨ, ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਦੇ ਭੋਗ ਗੁਰਦੁਆਰਾ ਸ਼ੀਸ਼ਗੰਜ ਸਾਹਿਬ (ਸ਼ਹੀਦਾਂ) ਵਿਖੇ ਪਾਏ ਗਏ, ਜਿੱਥੇ ਉਨ੍ਹਾਂ ਨੂੰ ਸੈਂਕੜੇ ਲੋਕਾਂ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਸ਼ਰਧਾਂਜਲੀ ਭੇਟ ਕੀਤੀ।ਇਸ ਮੌਕੇ ਐਡ. ਗਗਨਦੀਪ ਸਿੰਘ ਗੁਰਾਇਆ ਵੱਲੋਂ ਸਟੇਜ ਸਕੱਤਰ ਦੀ ਜ਼ਿੰਮੇਵਾਰੀ ਨਿਭਾਈ ਗਈ, ਜਦਕਿ ਭਾਜਪਾ ਦੇ ਸੀਨੀਅਰ ਆਗੂ ਜਗਦੀਪ ਸਿੰਘ ਚੀਮਾ ਨੇ ਪਰਿਵਾਰ ਵੱਲੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।ਭੋਗ ਸਮਾਗਮ ਮੌਕੇ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਹਜ਼ੂਰੀ ਰਾਗੀ ਭਾਈ ਆਕਾਸ਼ਦੀਪ ਸਿੰਘ ਦੇ ਜੱਥੇ ਨੇ ਵੈਰਾਗਮਈ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਪਰਮਜੀਤ ਸਿੰਘ ਚੀਮਾ ਦੇ ਪਰਿਵਾਰ ਵੱਲੋਂ ਗੁਰਦੁਆਰਾ ਸਾਹਿਬ ਜੈਲਦਾਰ, ਸਰਹਿੰਦ ਸ਼ਹਿਰ ਤੇ ਗੁਰਦੁਆਰਾ ਸਾਹਿਬ ਪਿੰਡ ਛਲੇੜੀ ਖੁਰਦ ਦੀ ਪ੍ਰਬੰਧਕ ਕਮੇਟੀ ਨੂੰ ਨਗਦ ਰਾਸ਼ੀ ਭੇਟ ਕੀਤੀ, ਜਦਕਿ ਉਨ੍ਹਾਂ ਦੀ ਬੇਟੀ ਕਿਰਨਦੀਪ ਕੌਰ ਵੱਲੋਂ ਗੁਰਦੁਆਰਾ ਸਾਹਿਬ, ਜੈਲਦਾਰ ਲਈ ਵ੍ਹੀਲਚੇਅਰ ਦੀ ਸੇਵਾ ਭੇਟ ਕੀਤੀ। ਇਸ ਮੌਕੇ ਪਰਮਜੀਤ ਸਿੰਘ ਚੀਮਾ ਨੂੰ ਵੱਖ-ਵੱਖ ਰਾਜਨੀਤਕ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਵੱਲੋਂ ਸ਼ਰਧਾਂਜਲੀ ਭੇਟ ਕੀਤੀ ਗਈ, ਜਿਨ੍ਹਾਂ ਵਿੱਚੋਂ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਐਡ. ਲਖਬੀਰ ਸਿੰਘ ਰਾਏ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅਜੈ ਲਿਬੜਾ, ਸਾਬਕਾ ਮੰਤਰੀ ਡਾ. ਹਰਬੰਸ ਲਾਲ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਦੀਦਾਰ ਸਿੰਘ ਭੱਟੀ, ਸਾਬਕਾ ਵਿਧਾਇਕ ਕੁਲਜੀਤ ਸਿੰਘ ਨਾਗਰਾ, ਡੀਪੀਆਰਓ ਵਿਜੇ ਕੁਮਾਰ, ਏਪੀਆਰਓ ਸਤਿੰਦਰਪਾਲ ਸਿੰਘ, ਸਾਬਕਾ ਐੱਮ ਸੀ ਤੇ ਉੱਘੇ ਸਮਾਜ ਸੇਵਕ ਗੁਰਵਿੰਦਰ ਸਿੰਘ ਸੋਹੀ, ਸਾਬਕਾ ਐੱਮ ਸੀ ਦਵਿੰਦਰ ਕੁਮਾਰ ਭੱਟ, ਸਾਬਕਾ ਐੱਮ ਸੀ ਨਿਰਮਲਜੀਤ ਸਿੰਘ ਨਿੰਮੀ, ਜ਼ਿਲ੍ਹਾ ਲਿਖਾਰੀ ਸਭਾ, ਸ਼੍ਰੀ ਫ਼ਤਿਹਗੜ੍ਹ ਸਾਹਿਬ ਤੋਂ ਪ੍ਰਧਾਨ ਬੀਬੀ ਪਰਮਜੀਤ ਕੌਰ ਸਰਹਿੰਦ, ਹਰਜਿੰਦਰ ਸਿੰਘ ਗੋਪਾਲੋਂ, ਅਜਮੇਰ ਸਿੰਘ ਮਾਨ, ਬਲਤੇਜ ਸਿੰਘ ਬਠਿੰਡਾ, ਮੈਡਮ ਪ੍ਰੇਮ ਲਤਾ, ਭਾਈ ਰਣਜੀਤ ਸਿੰਘ, ਅਵਤਾਰ ਪੁਆਰ, ਸ਼੍ਰੋਮਣੀ ਪੱਤਰਕਾਰ ਭੂਸ਼ਣ ਸੂਦ, ਬਿਕਰਮਜੀਤ ਸਹੋਤਾ, ਪ੍ਰਵੀਨ ਬਤਰਾ, ਰਵਿੰਦਰ ਢੀਂਡਸਾ, ਗੁਰਪ੍ਰੀਤ ਸਿੰਘ ਮਹਿਕ, ਪ੍ਰਮੋਦ ਭਾਰਦਵਾਜ, ਮਾਰਕਫ਼ੈੱਡ ਯੂਨੀਅਨ ਤੋਂ ਜਸਵੰਤ ਸਿੰਘ ਸੋਢੀ ਤੇ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

# ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਭਾਸ਼ਾਵਾਂ ਤੇ ਸੋਸ਼ਲ ਸਾਇੰਸਜ਼ ਵਿਭਾਗਾਂ ਵੱਲੋਂ ਸਾਂਝੀ ਵਿਦਾਇਗੀ ਪਾਰਟੀ



ਤਲਵੰਡੀ ਸਾਬੋ (ਜਗਦੀਪ ਗਿੱਲ) ਪੰਜਾਬੀ ਯੂਨੀਵਰਸਿਟੀ ਕੈਂਪਸ ਦੇ ਭਾਸ਼ਾਵਾਂ ਵਿਭਾਗ ਅਤੇ ਸੋਸ਼ਲ ਸਾਇੰਸਜ਼ ਵਿਭਾਗ ਵੱਲੋਂ ਬੀ ਏ ਤੇ ਐੱਮ ਏ ਦੇ ਵਿਦਿਆਰਥੀਆਂ ਲਈ ਇੱਕ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ, ਜਿਸ ਦੀ ਸ਼ੁਰੂਆਤ ਵਿਦਿਆਰਥੀਆਂ ਵੱਲੋਂ ਡਾ. ਸੰਦੀਪ ਰਾਣਾ ਮੁਖੀ ਭਾਸ਼ਾਵਾਂ ਵਿਭਾਗ ਤੇ ਡਾ, ਬਲਦੇਵ ਸਿੰਘ ਮੁਖੀ ਸੋਸ਼ਲ ਸਾਇੰਸਜ਼ ਵਿਭਾਗ ਸਮੇਤ ਸਾਰੇ ਅਧਿਆਪਕਾਂ ਦੇ ਨਿੱਘੇ ਸਵਾਗਤ ਨਾਲ ਹੋਈ।ਡਾ. ਸੰਦੀਪ ਰਾਣਾ ਨੇ ਵਿਦਿਆਰਥੀਆਂ ਨੂੰ ਸ਼ੁਭ-ਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦੇ ਉੱਜਲੇ ਭਵਿੱਖ ਦੀ ਕਾਮਨਾ ਕੀਤੀ।ਇਸ ਉਪਰੰਤ ਵਿਦਿਆਰਥੀਆਂ ਨੇ ਵੱਖ-ਵੱਖ ਸੱਭਿਆਚਾਰਕ ਗਤੀਵਿਧੀਆਂ ਜਿਵੇਂ ਗਿੱਧਾ, ਭੰਗੜਾ, ਗਰੁੱਪ ਡਾਂਸ, ਸੋਲੋ ਡਾਂਸ ਤੇ ਗੀਤ-ਸੰਗੀਤ ਵਿੱਚ ਭਾਗ ਲੈਂਦੇ ਹੋਏ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਇਸ ਦੌਰਾਨ ਜੱਜਮੈਂਟ ਦੀ ਭੂਮਿਕਾ ਡਾ. ਸੁਖਦੀਪ ਕੌਰ ਤੇ ਡਾ. ਪਾਇਲਦੀਪ ਵੱਲੋਂ ਬਾਖ਼ੂਬੀ ਨਿਭਾਈ ਗਈ।ਉਨ੍ਹਾਂ ਸਾਰੀਆਂ ਗਤੀਵਿਧੀਆਂ ਦੇ ਆਧਾਰ 'ਤੇ ਬੀ ਏ ਭਾਗ ਤੀਜਾ ਦੀ ਵਿਦਿਆਰਥਣ ਪ੍ਰਿਅੰਕਾ ਨੂੰ ਮਿਸ ਫੇਅਰਵੈੱਲ ਤੇ ਐੱਮ ਏ ਪੋਲ ਸਾਇੰਸ ਭਾਗ ਦੂਜਾ ਦੇ ਵਿਦਿਆਰਥੀ ਰਵੀ ਨੂੰ ਮਿਸਟਰ ਫੇਅਰਵੈੱਲ ਐਲਾਨਿਆ।ਡਾ. ਸੁਨੀਤਾ ਰਾਣੀ ਨੇ ਜੱਜਮੈਂਟ ਦੀ ਸ਼ਲਾਘਾ ਕਰਦਿਆਂ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਇਸ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਵਿਦਿਆਰਥੀਆਂ ਵੱਲੋਂ ਪਾਏ ਯੋਗਦਾਨ ਦੀ ਭਰਪੂਰ ਪ੍ਰਸ਼ੰਸਾ ਕੀਤੀ।ਕੈਂਪਸ ਡਾਇਰੈਕਟਰ ਪ੍ਰੋਫੈਸਰ ਅਮਨਦੀਪ ਸਿੰਘ ਨੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੰਦੇ ਹੋਏ ਇਸ ਪ੍ਰੋਗਰਾਮ ਨੂੰ ਸ਼ਲਾਘਾਯੋਗ ਕਰਾਰ ਦਿੱਤਾ।ਵੱਖ-ਵੱਖ ਗਤੀਵਿਧੀਆਂ ਵਿੱਚੋਂ ਜੇਤੂ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।

## ਨਗਰ ਪੰਚਾਇਤ ਚੋਣਾਂ 'ਚ ਕਿਸੇ ਕਿਸਮ ਦੀ ਧੱਕੇਸ਼ਾਹੀ ਨਹੀਂ ਹੋਵੇਗੀ : ਇੰਦਰਜੀਤ ਮਾਨ



ਬਠਿੰਡਾ (ਰਾਜੀਵ ਗੋਇਲ)-ਜ਼ਿਲ੍ਹੇ ਦੇ ਕਸਬਾ ਭਗਤਾ ਭਾਈਕਾ ਵਿਖੇ ਹੋਣ ਵਾਲੀਆਂ ਨਗਰ ਪੰਚਾਇਤ ਚੋਣਾਂ ਦੀ ਤਾਰੀਖ ਦਾ ਐਲਾਨ ਹੋਣਾ ਭਾਵੇਂ ਹੀ ਅਜੇ ਬਾਕੀ ਹੈ, ਪਰ ਕੌਂਸਲਰ ਬਣਨ ਦੇ ਚਾਹਵਾਨ ਉਮੀਦਵਾਰਾਂ ਵੱਲੋਂ ਤਿਆਰੀਆਂ ਖਿੱਚ ਦਿੱਤੀਆਂ ਹਨ ਤੇ ਕੁਝ ਕੁ ਉਮੀਦਵਾਰ ਤਾਂ ਅਜਿਹੇ ਵੀ ਹਨ, ਜਿਹੜੇ ਆਪਣੇ ਆਪ ਨੂੰ ਵੋਟਾਂ ਤੋਂ ਪਹਿਲਾਂ ਪ੍ਰਧਾਨ ਸਮਝੀ ਬੈਠੇ ਹਨ ਅਤੇ ਸਰਕਾਰੀ ਕੰਮਾਂ ਵਿੱਚ ਦਖਲ ਅੰਦਾਜ਼ੀ ਕਰਦੇ ਹੋਏ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਦਾ ਸਿਹਰਾ ਆਪਣੇ ਸਿਰ ਲੈਣ ਲਈ ਆਮ ਲੋਕਾਂ 'ਚ ਪ੍ਰਚਾਰ ਕਰਦੇ ਆਮ ਦੇਖੇ ਜਾ ਸਕਦੇ ਹਨ। ਗੱਲਬਾਤ ਕਰਦਿਆਂ ਮਾਰਕਫੈੱਡ ਦੇ ਚੇਅਰਮੈਨ ਤੇ ਸਕਰੀਨਿੰਗ ਕਮੇਟੀ ਦੇ ਸੈਕਟਰੀ ਇੰਦਰਜੀਤ ਸਿੰਘ ਮਾਨ ਵੱਲੋਂ ਕਾਫੀ ਗੱਲਾਂ ਨੂੰ ਸਪੱਸ਼ਟ ਰਦੇ ਹੋਏ ਕਿਹਾ ਗਿਆ ਹੈ ਕਿ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਕਿਸੇ ਵੀ ਕਿਸਮ ਦਾ ਧੱਕਾ ਨਹੀਂ ਕੀਤਾ ਜਾਵੇਗਾ ਅਤੇ ਜਿਹੜੇ ਉਮੀਦਵਾਰ ਪਾਰਟੀ ਨਾਲ ਮੁੱਢ ਤੋਂ ਜੁੜੇ ਹੋਏ ਹਨ, ਉਨ੍ਹਾਂ ਦੀਆਂ ਅਰਜ਼ੀਆਂ ਨੂੰ ਤਰਜੀਹ ਦਿੱਤੀ ਜਾਵੇਗੀ। ਇਸ ਮੌਕੇ ਚੇਅਰਮੈਨ ਮਾਨ ਵੱਲੋਂ ਵੋਟਰਾਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਸਾਫ ਸੁਥਰੇ ਅਕਸ ਤੇ ਵਿਕਾਸ ਨੂੰ ਤਰਜੀਹ ਦੇਣ ਵਾਲੇ ਉਮੀਦਵਾਰਾਂ ਦੀ ਹੀ ਚੋਣ ਕਰਨ ਤੇ ਹਰ ਨਾਗਰਿਕ ਆਪਣੀ ਵੋਟ ਦਾ ਜ਼ਰੂਰ ਇਸਤੇਮਾਲ ਕਰੇ।

## ਲੜਕੀ ਨੂੰ ਤੰਗ-ਪ੍ਰੇਸ਼ਾਨ ਕਰਨ ਦਾ ਉਲ੍ਹਾਂਭਾ ਦੇਣ 'ਤੇ ਨੌਜਵਾਨ ਦੀ ਕੁੱਟਮਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਪਿੰਡ ਹਬੀਬ ਵਾਲਾ ਵਿਖੇ ਇਕ ਲੜਕੀ ਨੂੰ ਤੰਗ ਪ੍ਰੇਸ਼ਾਨ ਕਰਨ ਦਾ ਉਲਾਂਭਾ ਦੇਣ ਦੀ ਰੰਜਿਸ਼ ਦੇ ਚੱਲਦਿਆਂ ਇਕ ਨੌਜਵਾਨ ਦੀ ਕੁੱਟਮਾਰ ਕਰਨ ਦੇ ਦੋਸ਼ ਵਿੱਚ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ 7 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਯੁਵਰਾਜ ਸਿੰਘ ਪੁੱਤਰ ਜਗਸੀਰ ਸਿੰਘ ਖਾਸੀ ਹਬੀਬ ਕੇ ਨੇ ਦੱਸਿਆ ਕਿ ਉਸ ਦੇ ਚਾਚੇ ਦੀ ਲੜਕੀ ਨੂੰ ਰਾਹੇ ਬੇਗਾਹੇ ਰਛਪਾਲ ਸਿੰਘ ਪੁੱਤਰ ਰੋਸ਼ਨ ਲਾਲ ਵਾਸੀ ਪਿੰਡ ਹਬੀਬ ਕੇ ਤੰਗ ਪ੍ਰੇਸ਼ਾਨ ਕਰਦਾ ਸੀ, ਜਿਸ ਸਬੰਧੀ ਉਸ ਦੇ ਚਾਚੇ ਦੀ ਲੜਕੀ ਨੇ ਘਰਦਿਆਂ ਨੂੰ ਦੱਸਿਆ ਤਾਂ ਇਸ ਸਬੰਧੀ ਉਸ ਦੇ ਚਾਚੇ ਨੇ ਰਛਪਾਲ ਸਿੰਘ ਦੇ ਘਰ ਜਾ ਕੇ ਉਲਾਂਭਾ ਦਿੱਤਾ। ਇਸੇ ਰੰਜਿਸ਼ ਦੇ ਚੱਲਦਿਆਂ 29 ਅਪ੍ਰੈਲ 2026 ਨੂੰ ਰਾਤ 10.30 ਵਜੇ ਉਹ ਪਿੰਡ ਕਰਿਆਨੇ ਦੀ ਦੁਕਾਨ ਤੋਂ ਸੌਦਾ ਲੈਣ ਗਿਆ ਤਾਂ ਦੋਸ਼ੀਆਨ ਰਛਪਾਲ ਸਿੰਘ ਪੁੱਤਰ ਰੋਸ਼ਨ ਲਾਲ, ਰੋਸ਼ਨ ਲਾਲ ਪੁੱਤਰ ਸਾਧੂ ਸਿੰਘ, ਬਲਵਿੰਦਰ ਸਿੰਘ ਪੁੱਤਰ ਤਾਰਾ ਸਿੰਘ, ਮੰਗਲ ਸਿੰਘ ਪੁੱਤਰ ਤਾਰਾ ਸਿੰਘ ਵਾਸੀਅਨ ਪਿੰਡ ਹਬੀਬ ਕੇ ਨੇ 6-7 ਅਣਪਛਾਤੇ ਵਿਅਕਤੀਆਂ ਨਾਲ ਹਮਮਸ਼ਵਰਾ ਹੋ ਕੇ ਆਪੋ ਆਪਣੇ ਹਥਿਆਰਾਂ ਨਾਲ ਸੱਟਾਂ ਮਾਰੀਆਂ ਤੇ ਮੌਕੇ ਤੋਂ ਭੱਜ ਗਏ। ਯੁਵਰਾਜ ਸਿੰਘ ਨੇ ਦੱਸਿਆ ਕਿ ਉਸ ਦਾ ਇਲਾਜ ਸਿਵਲ ਹਸਪਤਾਲ ਮਮਦੋਟ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਕੁਲਵੰਤ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਵਿੱਤ ਮੰਤਰੀ ਚੀਮਾ ਨੇ 87 ਪਰਵਾਰਾਂ ਨੂੰ ਮਕਾਨਾਂ ਦੀ ਮਾਲਕੀ ਦੇ ਸਰਟੀਫਿਕੇਟ ਵੰਡੇ



ਦਿੜ੍ਹਬਾ (ਪ੍ਰਵੀਨ ਸਿੰਘ)-ਪੰਜਾਬ ਸਰਕਾਰ ਦੀ ਮੇਰਾ ਘਰ ਮੇਰੇ ਨਾਮ ਮੁਹਿੰਮ ਤਹਿਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਲਕਾ ਦਿੜ੍ਹਬਾ ਦੇ ਪਿੰਡ ਰਾਮਪੁਰ ਗੁੱਜਰਾਂ ਵਿਖੇ 87 ਪਰਵਾਰਾਂ ਨੂੰ ਉਨ੍ਹਾਂ ਦੇ ਮਕਾਨਾਂ ਦੀ ਮਾਲਕੀ ਦੇ ਸਰਟੀਫਿਕੇਟ ਵੰਡੇ।ਇਸ ਮੌਕੇ ਉਨ੍ਹਾਂ ਸੰਬੋਧਨ ਕਰਦੇ ਹੋਏ ਕਿਹਾ ਕਿ ਪਿੰਡਾਂ ਅੰਦਰ ਲਾਲ ਲਕੀਰ ਦੇ ਅੰਦਰ ਰਹਿ ਰਹੇ ਲੋਕ ਹਮੇਸ਼ਾ ਹੀ ਘਰ ਦੀ ਮਾਲਕੀ ਨੂੰ ਲੈ ਕੇ ਪ੍ਰੇਸ਼ਾਨ ਰਹਿੰਦੇ ਸਨ। ਉਨ੍ਹਾਂ ਦੇ ਘਰ ਦਾ ਕਿਤੇ ਵੀ ਸਰਕਾਰੀ ਰਿਕਾਰਡ ਵਿੱਚ ਮਾਲਕੀ ਦਾ ਹੱਕ ਦਰਜ ਨਹੀਂ ਸੀ, ਪਰ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ੀ ਸੋਚ ਅਨੁਸਾਰ ਸਾਰੇ ਪੰਜਾਬ ਅੰਦਰ ਵਿਸ਼ੇਸ਼ ਸਰਵੇ ਕਰਵਾ ਕੇ ਜੋ ਪਰਵਾਰ ਲਾਲ ਲਕੀਰ ਦੇ ਅੰਦਰ ਰਹਿੰਦੇ ਸਨ, ਉਨ੍ਹਾਂ ਮਕਾਨਾਂ ਸਬੰਧੀ ਨੰਬਰ ਲਗਾ ਕੇ ਮਾਲਕੀ ਦੇ ਹੱਕ ਦਿੱਤੇ ਗਏ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਨੂੰ ਆਪਣੇ ਘਰ ਦੀ ਮਾਲਕੀ ਦੇ ਹੱਕ ਮਿਲਣ ਨਾਲ ਤੇ ਉਨ੍ਹਾਂ ਦੇ ਨਾਮ ਉੱਤੇ ਨੰਬਰ ਲੱਗ ਕੇ ਸਰਕਾਰੀ ਰਿਕਾਰਡ ਵਿੱਚ ਦਰਜ ਹੋਣ ਤੋਂ ਬਾਅਦ ਉਨ੍ਹਾਂ ਦੇ ਘਰਾਂ ਦੀ ਕੀਮਤ ਵੱਧ ਗਈ ਹੈ ਤੇ ਉਹ ਸਰਕਾਰੀ ਤੌਰ 'ਤੇ ਘਰ ਦੇ ਮਾਲਕ ਬਣ ਗਏ ਹਨ।ਜਿਹੜੇ ਘਰਾਂ ਨੂੰ ਅੱਜ ਮਾਲਕੀ ਦੇ ਸਰਟੀਫਿਕੇਟ ਵੰਡੇ ਗਏ, ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਹ ਮੁਹਿੰਮ ਸਾਰੇ ਪੰਜਾਬ ਵਿੱਚ ਚੱਲ ਰਹੀ ਹੈ ਤੇ ਜਲਦੀ ਹੀ ਸਾਰੇ ਪੰਜਾਬ ਵਿੱਚ, ਜੋ ਪਿੰਡਾਂ ਦੇ ਅੰਦਰ ਲੋਕ ਲਾਲ ਲਕੀਰ ਵਿੱਚ ਰਹਿ ਰਹੇ ਹਨ, ਨੂੰ ਜਲਦੀ ਮਾਲਕ ਹੋਣ ਦੇ ਸਰਟੀਫਿਕੇਟ ਦਿੱਤੇ ਜਾਣਗੇ।ਇਸ ਮੌਕੇ ਐੱਸਡੀਐੱਮ ਤਰਸੇਮ ਚੰਦ, ਚੇਅਰਮੈਨ ਇੰਪਰੂਵਮੈਂਟ ਟਰਸਟ ਸੰਗਰੂਰ ਪ੍ਰੀਤਮ ਸਿੰਘ ਪੀਤੂ, ਚੇਅਰਪਰਸਨ ਮਾਰਕੀਟ ਕਮੇਟੀ ਦਿੜ੍ਹਬਾ ਜਸਵੀਰ ਕੌਰ ਸ਼ੇਰਗਿੱਲ, ਚੇਅਰਮੈਨ ਮਾਰਕੀਟ ਕਮੇਟੀ ਸੂਲਰ ਘਰਾਟ ਹਰਵਿੰਦਰ ਸਿੰਘ ਛਾਜਲੀ, ਬੀਡੀਪੀਓ ਦਿੜ੍ਹਬਾ ਪ੍ਰਦੀਪ ਸ਼ਾਰਦਾ, ਸਰਪੰਚ ਰਵਿੰਦਰ ਸਿੰਘ ਮਾਨ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਰਣਜੀਤ ਸਿੰਘ ਤੇ ਸਰਪੰਚ ਸੰਦੀਪ ਸਿੰਘ ਖੇਤਲਾ ਹਾਜ਼ਰ ਸਨ।

# ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਕੈਰੀਅਰ ਕੌਂਸਲਿੰਗ ਸੈਂਟਰ ਦੀ ਸ਼ੁਰੂਆਤ



ਪਾਤੜਾਂ (ਭੁਪਿੰਦਰਜੀਤ ਮੌਲਵੀਵਾਲਾ, ਨਿਸ਼ਾਨ ਸਿੰਘ ਵਣਵਾਲਾ) ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਸ਼ਹਿਰ ਦੀ ਬੱਤਰਾ ਅਕੈਡਮੀ ਵਿੱਚ ਨਵੇਂ ਕੈਰੀਅਰ ਕਾਉਂਸਲਿੰਗ ਕੇਂਦਰ ਦੀ ਸ਼ੁਰੂਆਤ ਕੀਤੀ ਗਈ, ਜਿਸ ਦਾ ਉਦਘਾਟਨ ਯੂਨੀਵਰਸਿਟੀ ਦੇ ਵਾਇਸ ਚਾਂਸਲਰ ਡਾ. ਹਰਸ਼ ਸਦਾਵਰਤੀ ਤੇ ਅਮਰਜੀਤ ਸਿੰਘ ਘੱਗਾ ਸੇਵਾ ਮੁਕਤ ਆਈਆਰਐੱਸ ਵੱਲੋਂ ਕੀਤਾ ਗਿਆ।ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਹਰਸ਼ ਸਦਾਵਰਤੀ ਨੇ ਕਿਹਾ ਕਿ ਡੀਬੀਯੂ ਦੀ ਸਮਾਵੇਸ਼ ਪ੍ਰਤੀ ਵਿਆਪਕ ਵਚਨਬੱਧਤਾ ਇਸ ਦੇ ਸਕਾਲਰਸ਼ਿਪ ਪ੍ਰੋਗਰਾਮ ਨੌਜਵਾਨਾਂ ਲਈ ਬਹੁਤ ਲਾਹੇਵੰਦ ਹਨ ਤੇ ਹੋਣਹਾਰ ਵਿਦਿਆਰਥੀਆਂ ਖਿਡਾਰੀਆਂ, ਅਪਾਹਜ ਵਿਦਿਆਰਥੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਲੋਕਾਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਦੇ ਹਨ।ਸ਼ਕਤੀ ਸਕਾਲਰਸ਼ਿਪ ਵਿਦਿਆਰਥਣਾਂ ਨੂੰ ਉਨ੍ਹਾਂ ਨੂੰ ਸਿੱਖਿਆ ਦੇ ਖੇਤਰ ਵਿੱਚ ਅੱਗੇ ਵਧਣ ਦੇ ਹਰ ਤਰਾਂ ਦੇ ਮੌਕੇ ਪ੍ਰਦਾਨ ਕਰਦੀ ਹੈ, ਜਿਸ ਨਾਲ ਉਨ੍ਹਾਂ ਨੂੰ ਕਲਾਸਰੂਮ ਤੋਂ ਬੋਰਡਰੂਮ ਤੱਕ ਪੁੱਜਣ ਵਿੱਚ ਵਿਸ਼ੇਸ਼ ਯੋਗਦਾਨ ਪਾਉਂਦੀ ਹੈ।ਉਨ੍ਹਾਂ ਦੱਸਿਆ ਕਿ ਅਤਿ-ਆਧੁਨਿਕ ਬੁਨਿਆਦੀ ਢਾਂਚੇ ਤੇ ਤਜਰਬੇਕਾਰ ਅਕਾਦਮਿਕ ਸਲਾਹਕਾਰਾਂ ਦੀ ਇੱਕ ਟੀਮ ਨਾਲ ਲੈਸ, ਪਾਤੜਾਂ ਕੇਂਦਰ ਸਿਖਆਰਥੀਆਂ ਨੂੰ ਵਿਅਕਤੀਗਤ ਸਲਾਹ, ਵਿਸਤ੍ਰਿਤ ਪ੍ਰੋਗਰਾਮ ਸੂਝ, ਦਾਖਲਾ ਸਹਾਇਤਾ ਤੇ ਕੈਰੀਅਰ ਯੋਜਨਾਬੰਦੀ ਸੇਵਾਵਾਂ ਪ੍ਰਦਾਨ ਕਰਨ ਲਈ ਖੋਲ੍ਹਿਆ ਗਿਆ ਹੈ।ਦਮਨਪ੍ਰੀਤ ਕੌਰ, ਡਿਪਟੀ ਡਾਇਰੈਕਟਰ, ਓਡੀਐਲ ਤੇ ਔਨਲਾਈਨ ਡੀਬੀਯੂ ਦੇ ਕਿਹਾ ਕਿ ਨਵਾਂ ਲਾਂਚ ਕੀਤਾ ਗਿਆ। ਡੀਬੀਯੂ ਆਈਸੀਸੀ ਪਾਤੜਾਂ ਰੈਗੂਲਰ ਡਿਗਰੀ ਪ੍ਰੋਗਰਾਮ, ਔਨਲਾਈਨ ਲਰਨਿੰਗ ਕੋਰਸ, ਓਪਨ ਐਂਡ ਡਿਸਟੈਂਸ ਲਰਨਿੰਗ (ਓਡੀਐਲ) ਤੇ ਡੀਬੀਯੂ ਅਮਰੀਕਾਸ ਇੰਟਰਨੈਸ਼ਨਲ ਐਜੂਕੇਸ਼ਨ ਟਰੈਕ ਸਮੇਤ ਕਈ ਤਰ੍ਹਾਂ ਦੇ ਪ੍ਰੋਗਰਾਮਾਂ ਵਿੱਚ ਮਾਹਰ ਮਾਰਗਦਰਸ਼ਨ ਤੇ ਸਹਾਇਤਾ ਪ੍ਰਦਾਨ ਕਰੇਗਾ।ਬੱਤਰਾ ਅਕੈਡਮੀ ਜਤਿਨ ਬੱਤਰਾ ਨੇ ਕਿਹਾ ਕਿ ਸਾਡਾ ਟੀਚਾ ਖੇਤਰ ਦੇ ਹਰੇਕ ਸਿਖਆਰਥੀ ਨੂੰ ਸਹੀ ਸਾਧਨਾਂ ਤੇ ਦਿਸ਼ਾ-ਨਿਰਦੇਸ਼ ਨਾਲ ਸਮੇਂ ਦੀ ਹਾਣੀ ਬਣਾਉਣਾ ਹੈ ਤੇ ਡੀਬੀਯੂ ਆਈਸੀਸੀ ਤੁਹਾਡੇ ਦਰਵਾਜ਼ੇ 'ਤੇ ਆਧੁਨਿਕ ਸਿੱਖਿਆ ਮਾਰਗਾਂ ਤੱਕ ਪਹੁੰਚ ਨੂੰ ਯਕੀਨੀ ਬਣਾਉਂਦਾ ਹੈ।ਅਮਰਜੀਤ ਸਿੰਘ ਘੱਗਾ ਸੇਵਾ ਮੁਕਤ ਆਈਆਰਐੱਸ ਨੇ ਕਿਹਾ ਕਿ ਪਾਤੜਾਂ ਇਲਾਕੇ ਵਿੱਚ ਕੋਈ ਵੀ ਕੋਚਿੰਗ ਕੇਂਦਰ ਨਾ ਹੋਣ ਕਾਰਨ ਇਸ ਇਲਾਕੇ ਦੇ ਨੌਜਵਾਨਾਂ ਨੂੰ ਪਟਿਆਲਾ ਜਾਂ ਸੰਗਰੂਰ ਜਾਣਾ ਪੈਂਦਾ ਸੀ ਜਿੱਥੇ ਜਾਣਾ, ਜਿੱਥੇ ਲੜਕੀਆਂ ਲਈ ਅਸੰਭਵ ਸੀ ਉੱਥੇ ਹੀ ਆਰਥਿਕ ਤੰਗੀ ਕਾਰਨ ਬਹੁਤ ਸਾਰੇ ਨੌਜਵਾਨ ਨੌਕਰੀਆਂ ਦੀ ਤਿਆਰੀ ਕਰਨ ਤੋਂ ਵਾਂਝੇ ਰਹਿ ਜਾਂਦੇ ਸਨ, ਜਤਿਨ ਬੱਤਰਾ ਵੱਲੋਂ ਪਾਤੜਾਂ ਵਿੱਚ ਅਜਿਹੇ ਨੌਜਵਾਨ ਲੜਕੀਆਂ ਤੇ ਲੜਕਿਆਂ ਨੂੰ ਦਿੱਤੀ ਗਈ ਕੋਚਿੰਗ ਦੀ ਬਦੌਲਤ 500 ਤੋਂ ਵੱਧ ਨੌਜਵਾਨ ਸਰਕਾਰੀ ਨੌਕਰੀਆਂ ਪ੍ਰਾਪਤ ਕਰ ਚੁੱਕੇ ਹਨ ਅਤੇ ਹੁਣ ਇਸ ਅਕੈਡਮੀ ਵਿੱਚ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਨਵੇਂ ਇੰਫਰਮੇਸ਼ਨ ਤੇ ਕਾਉਂਸਲਿੰਗ ਕੇਂਦਰ ਦੀ ਸ਼ੁਰੂਆਤ ਕੀਤੇ ਜਾਣ ਨਾਲ ਨੌਜਵਾਨਾਂ ਨੂੰ ਬਹੁਤ ਹੀ ਲਾਭ ਹੋਵੇਗਾ।ਇਸ ਮੌਕੇ ਡਾ. ਮਲਕੀਤ ਸਿੰਘ, ਪ੍ਰਿੰਸੀਪਲ ਬਲਜੀਤ ਕੌਰ ਤੇ ਸਹਿਤ ਸਭਾ ਦੇ ਪ੍ਰਧਾਨ ਤਰਸੇਮ ਸਿੰਘ ਖਾਸਪੁਰੀ ਹੋਰ ਆਗੂ ਮੌਜੂਦ ਸਨ।

## ਬਲੌਸਮਜ਼ ਕਾਨਵੈਂਟ 'ਚ ਨੰਨ੍ਹੇ-ਮੁੰਨਿਆਂ ਦੀ ਫ੍ਰੈਸ਼ਰ ਪਾਰਟੀ



ਜਗਰਾਓਂ (ਅਮਿਤ ਖੰਨਾ)-ਬਲੌਸਮਜ਼ ਕਾਨਵੈਂਟ ਸਕੂਲ ਵਿਖੇ ਸਕੂਲ ਦੇ ਵਿਹੜੇ ਆਏ ਨਵੇਂ ਮਹਿਮਾਨ ਭਾਵ ਕਿ ਨਰਸਰੀ ਜਮਾਤ ਦੇ ਵਿਦਿਆਰਥੀਆਂ ਲਈ 'ਫ੍ਰੈਸ਼ਰ ਪਾਰਟੀ' ਕੀਤੀ ਗਈ।ਬੱਚੇ ਬਹੁਤ ਹੀ ਸੋਹਣੇ ਤੇ ਮਨਮੋਹਕ ਪਹਿਰਾਵਿਆਂ ਵਿੱਚ ਸੱਜ ਕੇ ਆਏ।ਇਸ ਦੌਰਾਨ ਬੱਚਿਆਂ ਵੱਲੋਂ ਰੈਂਪ ਵਾਕ, ਮਾਡਲਿੰਗ ਤੇ ਹੋਰ ਵੀ ਕਈ ਤਰ੍ਹਾਂ ਦੀਆਂ ਉਮਰ ਮੁਤਾਬਿਕ ਗਤੀਵਿਧੀਆਂ ਕੀਤੀਆਂ ਗਈਆਂ।ਬੱਚਿਆਂ ਨੇ ਡਾਂਸ ਕਰਕੇ ਆਪਣੀ ਖੁਸ਼ੀ ਨੂੰ ਪ੍ਰਗਟ ਕੀਤਾ।ਉਨ੍ਹਾਂ ਦੇ ਮਨਾਂ ਅੰਦਰਲੀ ਖੁਸ਼ੀ ਉਨ੍ਹਾਂ ਦੇ ਚਿਹਰਿਆਂ 'ਤੇ ਸਾਫ਼ ਝਲਕ ਰਹੀ ਸੀ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਨਵਨੀਤ ਕੌਰ ਨੇ ਕਿਹਾ ਕਿ ਇਨ੍ਹਾਂ ਨੰਨ੍ਹੇ-ਮੁੰਨਿਆਂ ਦੇ ਮੁੱਢਲੇ ਜੀਵਨ ਨੂੰ ਪਹਿਲੇ ਦਿਨਾਂ ਤੋਂ ਹੀ ਸੁਖਾਵਾਂ ਮਾਹੌਲ ਦੇਣਾ ਸਾਡਾ ਫਰਜ਼ ਬਣਦਾ ਹੈ।ਬੱਚੇ ਸਕੂਲ ਵਿੱਚ ਦਾਖਲ ਹੁੰਦਿਆਂ ਹੀ ਇੱਥੋਂ ਨਵੀਆਂ-ਨਵੀਆਂ ਗੱਲਾਂ ਸਿੱਖਣੀਆਂ ਸ਼ੁਰੂ ਕਰ ਦਿੰਦੇ ਹਨ।ਅਸੀਂ ਇਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਗਤੀਵਿਧੀਆਂ ਰਾਹੀਂ ਅਗਲੀਆਂ ਜਮਾਤਾਂ ਲਈ ਤਿਆਰ ਕਰਦੇ ਹਾਂ, ਕਿਉਂਕਿ ਜੇ ਮੁੱਢਲੇ ਦਿਨਾਂ ਤੋਂ ਉਨ੍ਹਾਂ ਦੀ ਨੀਂਹ ਮਜ਼ਬੂਤ ਹੋਵੇ ਤਾਂ ਆਉਣ ਵਾਲੇ ਸਮੇਂ ਵਿੱਚ ਉਹ ਆਪਣੀਆਂ ਮੁਸ਼ਕਲਾਂ ਦੇ ਹੱਲ ਸੌਖੇ ਤਰੀਕੇ ਨਾਲ ਲੱਭ ਸਕਣਗੇ।ਇਸ ਮੌਕੇ ਸਕੂਲ ਦੀ ਮੈਨੇਜਿੰਗ ਕਮੇਟੀ ਦੇ ਪ੍ਰੈਜ਼ੀਡੈਂਟ ਸ੍. ਮਨਪ੍ਰੀਤ ਸਿੰਘ ਬਰਾੜ ਨੇ ਵੀ ਸਾਰੇ ਬੱਚਿਆਂ ਨੂੰ ਜ਼ਿੰਦਗੀ ਦੀ ਇੱਕ ਨਵੀਂ ਸ਼ੁਰੂਆਤ ਲਈ ਮੁਬਾਰਕਬਾਦ ਦਿੱਤੀ।

## ਲਟਕਦੇ ਵਿਕਾਸ ਕਾਰਜਾਂ ਤੋਂ ਲੋਕ ਪ੍ਰੇਸ਼ਾਨ, ਨਹੀਂ ਹੋ ਰਹੀ ਕੋਈ ਸੁਣਵਾਈ



ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਸਥਾਨਕ ਵਾਰਡ ਨੰਬਰ ਇੱਕ ਪੁਰਾਣਾ ਤੇ ਹਾਲ ਵਿੱਚ ਪੰਜ ਦੇ ਲੋਕ ਲਟਕ ਰਹੇ ਵਿਕਾਸ ਕਾਰਜਾਂ ਤੋਂ ਬਹੁਤ ਪ੍ਰੇਸ਼ਾਨ ਹਨ।ਵਾਰਡ ਵਾਸੀ ਪ੍ਰੇਮ ਰਾਣੀ, ਰਾਜ ਰਾਣੀ, ਬਿਮਲਾ ਦੇਵੀ, ਸੰਤੋਸ਼ ਭੈਣਜੀ, ਬਚਨ ਸਿੰਘ, ਅਨਿਲ ਸ਼ਰਮਾ ਤੇ ਕ੍ਰਿਸ਼ਨਾ ਰਾਣੀ ਨੇ ਕਿਹਾ ਕਿ ਪਹਿਲਾਂ ਤਾਂ ਉਨ੍ਹਾਂ ਦੀਆਂ ਥੜੀਆਂ ਅੰਡਰ ਗਰਾਊਂਡ ਨਾਲੀਆਂ ਬਣਾਉਣ ਲਈ ਤੋੜ ਕੇ ਸੁੱਟ ਦਿੱਤੀਆਂ।ਮੁਸ਼ਕਲ ਨਾਲ ਨਾਲੀਆਂ ਬਣੀਆਂ ਹੀ ਸਨ ਤਾਂ ਕਰੀਬ ਇਕ ਮਹੀਨਾ ਪਹਿਲਾਂ ਗਲੀ ਦੀ ਸੜਕ ਪੁਟ ਕੇ ਰੱਖ ਦਿੱਤੀ।ਇਥੇ ਹੀ ਨਹੀਂ ਫੇਰ ਵਾਟਰ ਸਪਲਾਈ ਪਾਇਪਾਂ ਪੁੱਟ ਦਿੱਤੀਆਂ, ਜਿਸ ਕਾਰਨ ਪੀਣ ਵਾਲੇ ਪਾਣੀ ਦੀ ਸਮੱਸਿਆਂ ਨੇ ਆਣ ਘੇਰਿਆ।ਉਨ੍ਹਾਂ ਦੱਸਿਆ ਕਿ ਪਾਣੀ ਦੀਆਂ ਪਾਈਪਾਂ ਪਾਉਣ ਵਾਲੇ ਠੇਕੇਦਾਰ ਵੱਲੋਂ ਮਿਸਤਰੀਆਂ ਨੂੰ ਦਿਹਾੜੀ ਨਾ ਦੇਣ ਕਾਰਨ ਉਹ ਵੀ ਕੰਮ ਵਿਚਕਾਰ ਛੱਡ ਕੇ ਚਲੇ ਗਏ। ਹੁਣ ਬੜੀ ਮੁਸ਼ਕਲ ਨਾਲ ਕੋਈ ਹੋਰ ਮਿਸਤਰੀ ਆ ਕੇ ਕੰਮ ਕਰਨ ਲੱਗਿਆਂ ਹੈ।ਉਨ੍ਹਾਂ ਇਹ ਵੀ ਦੱਸਿਆ ਕਿ ਪਾਈਪਾਂ ਪਾਉਣ ਵਾਲੇ ਠੇਕੇਦਾਰ ਨੇ ਹੀ ਮਿਸਤਰੀ ਨੂੰ ਇਹ ਕਹਿ ਕੇ ਭਜਾ ਦਿੱਤਾ ਸੀ ਕਿ ਪਈਆ ਰਹਿਣ ਦੇ ਇਸੇ ਤਰ੍ਹਾਂ ਪਾਇਪਾਂ ਤਾਂ ਉਨ੍ਹਾਂ ਦਾ ਮਨ ਇਸ ਕਰਕੇ ਘਬਰਾ ਗਿਆ ਸੀ ਕਿ ਪਾਣੀ ਆਉਣ ਨਾਲ ਉਨ੍ਹਾਂ ਦੇ ਮਕਾਨ ਹੀ ਗਿਰ ਜਾਣਗੇ।ਉਨ੍ਹਾਂ ਨਗਰ ਕੌਂਸਲ 'ਤੇ ਦੋਸ਼ ਲਾਉਂਦਿਆਂ ਕਿਹਾ ਕਿ ਕੌਂਸਲ ਵੱਲੋਂ ਵਿਕਾਸ ਕਾਰਜਾਂ ਨੂੰ ਲਟਕਾ ਕੇ ਉਨ੍ਹਾਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਉਨ੍ਹਾਂ ਨਗਰ ਕੌਂਸਲ ਦੇ ਪ੍ਰਸ਼ਾਸਕ ਐੱਸ ਡੀ ਐੱਮ ਤੋਂ ਮੰਗ ਕਰਦਿਆਂ ਕਿਹਾ ਕਿ ਉਹ ਦਖਲ ਦੇ ਕੇ ਕੰਮਾਂ ਨੂੰ ਨੇਪਰੇ ਚਾੜ੍ਹਨ ਕਿਉਂਕਿ ਇਥੇ ਹਰ ਦਿਨ ਕੋਈ ਨਾ ਕੋਈ ਗਿਰ ਕੇ ਸੱਟਾਂ ਖਾ ਰਿਹਾ ਹੈ, ਖਾਸ ਕਰਕੇ ਬੱਚਿਆਂ ਤੇ ਬਜ਼ੁਰਗਾਂ ਨੂੰ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਸਬੰਧੀ ਜਦੋਂ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਨੂੰ ਪੁੱਛਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਉਹ ਇਸ ਕੰਮ ਬਾਰੇ ਥੋੜੀ ਦੇਰ ਵਿੱਚ ਹੀ ਪਤਾ ਕਰਦੇ ਹਨ।

## ਰਾਹੁਲ ਚਾਬਾ ਨੇ ਫ਼ਰੀਦਕੋਟ ਦੇ ਡੀ ਸੀ ਵਜੋਂ ਅਹੁਦਾ ਸੰਭਾਲਿਆ



ਫ਼ਰੀਦਕੋਟ (ਐਲਿਗਜੈਂਡਰ ਡਿਸੂ ਜਾ)-ਆਈ.ਏ.ਐੱਸ. ਅਧਿਕਾਰੀ ਸ੍ਰੀ ਰਾਹੁਲ ਚਾਬਾ ਨੇ ਫ਼ਰੀਦਕੋਟ ਦੇ ਡਿਪਟੀ ਕਮਿਸ਼ਨਰ ਵਜੋਂ ਆਪਣਾ ਅਹੁਦਾ ਸੰਭਾਲ ਲਿਆ ਹੈ।ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਨਾਲ ਰਸਮੀ ਜਾਣ-ਪਛਾਣ ਕੀਤੀ ਤੇ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ ਤੇ ਲੋਕ ਭਲਾਈ ਸਕੀਮਾਂ ਦੀ ਮੌਜੂਦਾ ਸਥਿਤੀ ਦਾ ਜਾਇਜ਼ਾ ਲਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ੍ਰੀ ਰਾਹੁਲ ਚਾਬਾ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਨੂੰ ਪਾਰਦਰਸ਼ੀ ਤੇ ਪ੍ਰਭਾਵਸ਼ਾਲੀ ਢੰਗ ਨਾਲ ਆਮ ਲੋਕਾਂ ਤੱਕ ਪਹੁੰਚਾਉਣਾ ਉਨ੍ਹਾਂ ਦੀ ਸਭ ਤੋਂ ਵੱਡੀ ਤਰਜੀਹ ਹੋਵੇਗੀ। ਨਵੇਂ ਨਿਯੁਕਤ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਵਡਭਾਗਾ ਮਹਿਸੂਸ ਕਰਦੇ ਹਨ ਕਿ ਉਨ੍ਹਾਂ ਨੂੰ ਬਾਬਾ ਫ਼ਰੀਦ ਜੀ ਦੀ ਚਰਨ ਛੋਹ ਪ੍ਰਾਪਤ ਪਵਿੱਤਰ ਧਰਤੀ 'ਤੇ ਸੇਵਾ ਕਰਨ ਦਾ ਮੌਕਾ ਮਿਲਿਆ ਹੈ।ਉਨ੍ਹਾਂ ਕਿਹਾ ਕਿ ਉਹ ਸਰਕਾਰ ਤੇ ਜ਼ਿਲ੍ਹਾ ਨਿਵਾਸੀਆਂ ਦੀਆਂ ਉਮੀਦਾਂ 'ਤੇ ਖ਼ਰਾ ਉਤਰਨ ਲਈ ਦਿਨ-ਰਾਤ ਮਿਹਨਤ ਕਰਨਗੇ।ਫ਼ਰੀਦਕੋਟ ਪਹੁੰਚਣ 'ਤੇ ਪੁਲਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ 'ਗਾਰਡ ਆਫ਼ ਆਨਰ' ਭੇਟ ਕਰਕੇ ਸਨਮਾਨਤ ਵੀ ਕੀਤਾ ਗਿਆ।

## ਮਾਤਾ ਗੁਜਰੀ ਸਕੂਲ ਦਾ ਜ਼ਿਲ੍ਹਾ ਪੱਧਰੀ ਕਰਾਟੇ ਚੈਂਪੀਅਨਸ਼ਿਪ 'ਚ ਸ਼ਾਨਦਾਰ ਪ੍ਰਦਰਸ਼ਨ



ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਕਰਾਟੇ ਚੈਂਪੀਅਨਸ਼ਿਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਚੈਂਪੀਅਨਸ਼ਿਪ ਦਾ ਆਯੋਜਨ ਹਿੰਦੂ ਪਬਲਿਕ ਹਾਈ ਸਕੂਲ ਵਿਖੇ ਕਰਵਾਇਆ ਗਿਆ।ਇਸ ਚੈਂਪੀਅਨਸ਼ਿਪ ਵਿੱਚ ਜ਼ਿਲ੍ਹੇ ਭਰ ਤੋਂ ਲਗਭਗ 200 ਖਿਡਾਰੀਆਂ ਨੇ ਭਾਗ ਲਿਆ ਤੇ ਆਪਣੀ ਖੇਡ ਕਲਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ 'ਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਕਈ ਮੈਡਲ ਆਪਣੇ ਨਾਮ ਕੀਤੇ।ਕਰਨ ਗਿਰ ਨੇ ਸੋਨੇ ਦਾ ਤਮਗਾ ਹਾਸਲ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਤੋਂ ਇਲਾਵਾ ਇਸ਼ਮੀਤ ਕੌਰ, ਮਨਜੋਤ ਕੌਰ, ਰਣਜੋਤ ਕੌਰ ਤੇ ਜਸਪ੍ਰੀਤ ਕੌਰ ਨੇ ਚਾਂਦੀ ਦੇ ਤਮਗੇ ਜਿੱਤੇ, ਜਦਕਿ ਅਵਨੀਤ ਕੌਰ ਨੇ ਕਾਂਸੀ ਦਾ ਤਮਗਾ ਪ੍ਰਾਪਤ ਕੀਤਾ।ਸਕੂਲ ਪ੍ਰਬੰਧਕਾਂ, ਕੋਚਾਂ ਤੇ ਅਧਿਆਪਕਾਂ ਵੱਲੋਂ ਸਾਰੇ ਜੇਤੂ ਖਿਡਾਰੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਗਈਆਂ।ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਇਹ ਉਪਲਬਧੀ ਹੋਰ ਨੌਜਵਾਨਾਂ ਲਈ ਵੀ ਪ੍ਰੇਰਣਾ ਸਰੋਤ ਹੈ।

## ਆਸਰਾ ਇੰਟਰਨੈਸ਼ਨਲ ਸਕੂਲ 'ਚ ਸਵੈ-ਰੱਖਿਆ ਤਾਈਕਵਾਂਡੋ ਕੈਂਪ



ਭਵਾਨੀਗੜ੍ਹ (ਰਾਜ ਖੁਰਮੀ)-ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇ 'ਤੇ ਸਥਿਤ ਆਸਰਾ ਕਾਲਜ ਦੇ ਆਸਰਾ ਇੰਟਰਨੈਸ਼ਨਲ ਸਕੂਲ ਵਿੱਚ ਵਿਦਿਆਰਥੀਆਂ ਲਈ ਸਵੈ ਰੱਖਿਆ ਸੰਬੰਧੀ ਇੱਕ ਵਿਸ਼ੇਸ਼ ਤਾਈਕਵਾਂਡੋ ਕੈਂਪ ਤੇ ਜਾਣਕਾਰੀ ਭਰਪੂਰ ਸੈਸ਼ਨ ਕਰਵਾਇਆ ਗਿਆ।ਇਹ ਸੈਸ਼ਨ ਪ੍ਰਾਈਡ ਆਫ ਪੰਜਾਬ 2017 ਸਨਮਾਨ ਨਾਲ ਨਵਾਜੇ ਗਏ ਤਾਈਕਵਾਂਡੋ ਕੋਚ ਸਤਵਿੰਦਰ ਸਿੰਘ ਵੱਲੋਂ ਲਿਆ ਗਿਆ।ਇਸ ਦੌਰਾਨ ਸਤਵਿੰਦਰ ਸਿੰਘ ਨੇ ਵੱਖ-ਵੱਖ ਪ੍ਰਯੋਗਾਤਮਕ ਤਕਨੀਕਾਂ ਦਾ ਪ੍ਰਦਰਸ਼ਨ ਕਰਦਿਆਂ ਵਿਦਿਆਰਥੀਆਂ ਨੂੰ ਔਖੀਆਂ ਸਥਿਤੀਆਂ ਵਿੱਚ ਸਹੀ ਢੰਗ ਨਾਲ ਪ੍ਰਤੀਕਿਰਿਆ ਕਰਨ ਬਾਰੇ ਜਾਣਕਾਰੀ ਦਿੱਤੀ।ਕੈਂਪ ਦੌਰਾਨ ਵਿਦਿਆਰਥੀਆਂ ਨੂੰ ਟੈਕਨੀਕਲ ਤਰੀਕੇ ਨਾਲ ਪੰਚ ਤੇ ਕਿੱਕ ਦੀ ਸਿਖਲਾਈ ਵੀ ਦਿੱਤੀ ਗਈ।ਸਕੂਲ ਦੇ ਲਗਭਗ 400 ਵਿਦਿਆਰਥੀਆਂ ਨੇ ਇਸ ਕੈਂਪ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ ਤੇ ਸਵੈ ਰੱਖਿਆ ਦੀਆਂ ਤਕਨੀਕਾਂ ਸਿੱਖਣ ਵਿੱਚ ਖਾਸ ਦਿਲਚਸਪੀ ਦਿਖਾਈ।ਕਾਲਜ ਦੇ ਚੇਅਰਮੈਨ ਡਾ. ਆਰ. ਕੇ. ਗੋਇਲ ਨੇ ਸਤਵਿੰਦਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਵਿੱਚ ਪੜ੍ਹਾਈ ਦੇ ਨਾਲ-ਨਾਲ ਨਵਾਂ ਸਿੱਖਣ ਦਾ ਜਜ਼ਬਾ ਪੈਦਾ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਆਸਰਾ ਕਾਲਜ ਹਮੇਸ਼ਾ ਵਿਦਿਆਰਥੀਆਂ ਨੂੰ ਉੱਚ ਪੱਧਰੀ ਤੇ ਤਕਨੀਕੀ ਸਿੱਖਿਆ ਪ੍ਰਦਾਨ ਕਰਨ ਲਈ ਵਚਨਬੱਧ ਹੈ।ਇਸ ਮੌਕੇ ਅਰਪਿਤ ਗੋਇਲ (ਕੈਂਪਸ ਡਾਇਰੈਕਟਰ), ਪ੍ਰੋ. ਵਿਕਾਸ ਗੋਇਲ, ਡਾ. ਮੁਨੀਸ ਗੋਇਲ, ਡਾ. ਰਿਤੂ ਚੋਪੜਾ, ਮੈਡਮ ਅੰਜੂ ਖੋਸਲਾ ਤੇ ਸਮੂਹ ਸਟਾਫ ਹਾਜ਼ਰ ਸੀ।

## ਅਵਲੀਨ ਕੌਰ ਦਾ ਭਾਸ਼ਣ ਮੁਕਾਬਲੇ 'ਚ ਸ਼ਾਨਦਾਰ ਪ੍ਰਦਰਸ਼ਨ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)-ਪੈਰਾਡਾਈਜ਼ ਇੰਟਰਨੈਸ਼ਨਲ ਸਕੂਲ ਘੱਗਾ ਦੀ ਵਿਦਿਆਰਥਣ ਅਵਲੀਨ ਕੌਰ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਵੈੱਲਫੇਅਰ ਟਰੱਸਟ ਪਟਿਆਲਾ ਵੱਲੋਂ ਕਰਵਾਏ ਪੰਜਾਬੀ ਭਾਸ਼ਣ ਮੁਕਾਬਲੇ ਵਿੱਚ ਤੀਜਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ।ਅਵਲੀਨ ਕੌਰ ਨੇ 'ਪੱਤਰਕਾਰਤਾ ਤੇ ਨੈਤਿਕਤਾ' ਵਿਸ਼ੇ 'ਤੇ ਆਪਣੇ ਵਿਚਾਰ ਬੜੇ ਸੁਚੱਜੇ ਤੇ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤੇ।ਇਸ ਮੁਕਾਬਲੇ ਵਿੱਚ 32 ਸਕੂਲਾਂ ਦੇ ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਕਾਰਨ ਮੁਕਾਬਲਾ ਬਹੁਤ ਹੀ ਕਠਿਨ ਹੋਣ ਦੇ ਨਾਲ-ਨਾਲ ਦਿਲਚਸਪ ਵੀ ਬਣ ਗਿਆ।ਅਵਲੀਨ ਕੌਰ ਨੇ ਆਪਣੇ ਬਿਹਤਰੀਨ ਪ੍ਰਦਰਸ਼ਨ ਨਾਲ ਸਭ ਨੂੰ ਪ੍ਰਭਾਵਿਤ ਕੀਤਾ ਤੇ ਉਸ ਦੀ ਮਿਹਨਤ ਦਾ ਫਲ ਉਸ ਨੂੰ ਟ੍ਰਾਫੀ, ਸਰਟੀਫਿਕੇਟ, ਕਿਤਾਬਾਂ ਤੇ ਨਕਦ ਇਨਾਮ ਰੂਪ ਵਿੱਚ ਪ੍ਰਾਪਤ ਹੋਇਆ।ਸਕੂਲ ਚੇਅਰਮੈਨ ਡਾ. ਅੰਮ੍ਰਿਤਪਾਲ ਸਿੰਘ ਕਾਲੇਕਾ ਤੇ ਸਕੂਲ ਪ੍ਰਿੰਸੀਪਲ ਡਾ. ਪਰਮਿੰਦਰ ਕੌਰ ਨੇ ਅਵਲੀਨ ਕੌਰ ਨੂੰ ਇਸ ਕਾਮਯਾਬੀ ਲਈ ਵਧਾਈ ਦਿੱਤੀ ਤੇ ਉਸ ਦੇ ਉੱਜਲੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਉਨ੍ਹਾਂ ਕਿਹਾ ਕਿ ਅਜਿਹੀਆਂ ਉਪਲਬਧੀਆਂ ਸਕੂਲ ਤੇ ਵਿਦਿਆਰਥੀਆਂ ਦੋਵਾਂ ਲਈ ਮਾਣ ਦਾ ਵਿਸ਼ਾ ਹੁੰਦੀਆਂ ਹਨ।ਉਨ੍ਹਾਂ ਅਧਿਆਪਕਾ ਜਸਵਿੰਦਰ ਕੌਰ ਦੀ ਮਿਹਨਤ ਦੀ ਸ਼ਲਾਘਾ ਕੀਤੀ।

ਸ਼ਨੀਵਾਰ, 9 ਮਈ, 2026

26 ਵਿਸਾਖ { ਨਾਨਕਸ਼ਾਹੀ 558 / ਬਿਕਰਮੀ 2083

ਜਿਲਦ/VOL. : 74

ਅੰਕ/NO. : 338

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • SATURDAY, 9 MAY, 2026

ਜਲੰਧਰ

| 'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਦੇਸ਼ ਭਗਤੀ ਦੇ ਸਰਟੀਫਿਕੇਟ ਵੰਡਣ ਤੋਂ ਪਹਿਲਾਂ ਭਾਜਪਾ ਆਪਣੀ ਪੀੜ੍ਹੀ ਹੇਠਾਂ ਸੋਟਾ ਫੇਰੇ : ਭਗਵੰਤ ਮਾਨ

**ਬਠਿੰਡਾ (ਪਰਵਿੰਦਰਜੀਤ ਸਿੰਘ)**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ਼ੁੱਕਰਵਾਰ ਨੂੰ ਬਠਿੰਡਾ ਵਿੱਚ ਆਪਣੀ 'ਸ਼ੁਕਰਾਨਾ ਯਾਤਰਾ' ਦੌਰਾਨ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਆਰ.ਐੱਸ.ਐੱਸ. 'ਤੇ ਤਿੱਖੇ ਸ਼ਬਦੀ ਹਮਲੇ ਕੀਤੇ। ਮਾਨ ਨੇ ਭਾਜਪਾ 'ਤੇ ਪੰਜਾਬ ਦੀ ਅਮਨ-ਸ਼ਾਂਤੀ ਭੰਗ ਕਰਨ ਅਤੇ ਲੋਕਾਂ ਨੂੰ ਫਿਰਕੂ ਲੀਹਾਂ 'ਤੇ ਵੰਡਣ ਦੇ ਦੋਸ਼ ਲਾਉਂਦਿਆਂ ਕਿਹਾ ਕਿ ਪੰਜਾਬ ਦੀ ਧਰਤੀ ਇੰਨੀ ਉਪਜਾਊ ਹੈ ਕਿ ਇੱਥੇ ਹਰ ਫ਼ਸਲ ਉੱਗ ਸਕਦੀ ਹੈ, ਪਰ ਨਫ਼ਰਤ ਦਾ ਬੀਜ ਇੱਥੇ ਕਦੇ ਨਹੀਂ ਪੁੰਗਰ ਸਕਦਾ। ਪੱਛਮੀ ਬੰਗਾਲ ਦੀ ਹਿੰਸਾ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਭਾਜਪਾ ਦੀ ਕਾਰਜਸ਼ੈਲੀ ਲੋਕਾਂ ਨੂੰ ਆਪਸ ਵਿੱਚ ਲੜਾਉਣ ਦੀ ਹੈ। ਉਨ੍ਹਾਂ 'ਤੇ ਦੇਸ਼ ਧਰੋਹ ਦਾ ਮਾਮਲਾ ਦਰਜ ਕਰਨ ਦੀ ਮੰਗ ਕਰਨ ਵਾਲੇ ਭਾਜਪਾ ਆਗੂਆਂ ਨੂੰ ਜਵਾਬ ਦਿੰਦਿਆਂ ਮਾਨ ਨੇ ਕਿਹਾ, "ਸੁਨੀਲ ਜਾਖੜ ਸਾਹਿਬ, ਤੁਸੀਂ ਤਜਰਬੇਕਾਰ ਹੋ, ਪਰ ਕੀ ਹੁਣ ਉਹ ਸਾਨੂੰ ਦੇਸ਼ ਭਗਤੀ ਦੇ ਸਰਟੀਫਿਕੇਟ ਵੰਡਣਗੇ, ਜਿਨ੍ਹਾਂ ਨੇ 52 ਸਾਲ ਆਪਣੇ ਨਾਗਪੁਰ ਵਾਲੇ ਹੈੱਡਕੁਆਰਟਰ 'ਤੇ ਤਿਰੰਗਾ ਨਹੀਂ ਲਹਿਰਾਇਆ?"



ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ। ਉਨ੍ਹਾਂ ਸਵਾਲ ਕੀਤਾ ਕਿ ਕੀ 1947 ਦੀ ਵੰਡ ਵੇਲੇ ਭਾਜਪਾ ਆਗੂਆਂ ਦਾ ਕੋਈ ਰਿਸ਼ਤੇਦਾਰ ਮਰਿਆ ਸੀ? ਉਨ੍ਹਾ ਕਿਹਾ ਕਿ ਉਸ ਵੇਲੇ ਮਰਨ ਵਾਲੇ 10 ਲੱਖ ਲੋਕ ਪੰਜਾਬੀਆਂ ਦੇ ਸਾਕ-ਸੰਬੰਧੀ ਸਨ, ਇਸ ਲਈ ਸਾਨੂੰ ਆਜ਼ਾਦੀ ਦੀ ਕੀਮਤ ਦਾ ਪਤਾ ਹੈ। ਉਨ੍ਹਾ ਕਿਹਾ ਕਿ ਵੰਡ-ਪਾਊ ਸਿਆਸਤ ਹੋਰਨਾਂ ਸੂਬਿਆਂ ਵਿੱਚ ਚੱਲ ਸਕਦੀ ਹੈ, ਪਰ ਪੰਜਾਬ ਵਿੱਚ ਸਭ ਭਾਈਚਾਰੇ ਗੁਰਪੁਰਬ, ਰਾਮ ਨੌਮੀ ਅਤੇ ਹਨੂੰਮਾਨ ਜਯੰਤੀ ਰਲ ਕੇ ਮਨਾਉਂਦੇ ਹਨ। ਮੁੱਖ ਮੰਤਰੀ ਨੇ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮ ਸਿੰਘ ਮਜੀਠੀਆ 'ਤੇ ਵੀ ਨਿਸ਼ਾਨਾ ਸਾਧਿਆ। ਉਨ੍ਹਾਂ ਆਪਣੀ ਮਸ਼ਹੂਰ 'ਕਿਕਲੀ' ਰਾਹੀਂ ਬਾਦਲ ਪਰਵਾਰ 'ਤੇ ਵਿਅੰਗ ਕੀਤੇ ਅਤੇ ਕਾਂਗਰਸ ਦੀ ਵੀ ਨਿਖੇਧੀ ਕੀਤੀ। ਇਹ ਯਾਤਰਾ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ' ਦੇ ਪਾਸ ਹੋਣ ਦੀ ਖ਼ੁਸ਼ੀ ਵਿੱਚ ਕੱਢੀ ਜਾ ਰਹੀ ਹੈ। ਬੀਤੇ ਦਿਨੀਂ ਅੰਮ੍ਰਿਤਸਰ ਵਿੱਚ ਅੰਮ੍ਰਿਤਪਾਲ ਸਿੰਘ ਦੀ ਮਾਤਾ ਵੱਲੋਂ ਮੁੱਖ ਮੰਤਰੀ ਦੇ ਕਾਫ਼ਲੇ ਨੂੰ ਰੋਕਣ ਦੀ ਕੋਸ਼ਿਸ਼ ਤੋਂ ਬਾਅਦ ਸ਼ੁੱਕਰਵਾਰ ਨੂੰ ਬਠਿੰਡਾ ਵਿੱਚ ਸੁਰੱਖਿਆ ਦੇ ਬੇਹੱਦ ਸਖ਼ਤ ਪ੍ਰਬੰਧ ਕੀਤੇ ਗਏ ਸਨ। ਇਸ ਦੌਰਾਨ ਬਰਨਾਲਾ ਵਿੱਚ ਕੁਝ ਪ੍ਰਦਰਸ਼ਨਕਾਰੀਆਂ ਨੂੰ ਪੁਲਸ ਨੇ ਹਿਰਾਸਤ ਵਿੱਚ ਵੀ ਲਿਆ। ਭਲਕੇ ਫ਼ਤਹਿਗੜ੍ਹ ਸਾਹਿਬ ਵਿਖੇ ਇਸ ਯਾਤਰਾ ਦੀ ਸਮਾਪਤੀ ਹੋਵੇਗੀ।

ਮੁੱਖ ਮੰਤਰੀ ਨੇ ਸ਼ੁੱਕਰਵਾਰ ਨੂੰ ਬਠਿੰਡਾ ਤੋਂ ਯਾਤਰਾ ਦੀ ਸ਼ੁਰੂਆਤ ਕੀਤੀ ਅਤੇ ਸ੍ਰੀ ਦਮਦਮਾ ਸਾਹਿਬ ਵਿਖੇ ਮੱਥਾ ਟੇਕਿਆ।ਤਲਵੰਡੀ ਸਾਬੋ, ਬਠਿੰਡਾ ਸ਼ਹਿਰ ਅਤੇ ਕੋਟਸ਼ਮੀਰ ਵਿਖੇ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਪੰਜਾਬੀਆਂ ਨੂੰ ਸੂਬੇ ਦੀ ਸ਼ਾਂਤੀ, ਭਾਈਚਾਰਕ ਸਾਂਝ ਅਤੇ ਸਦਭਾਵਨਾ ਲਈ ਘਾਤਕ ਫੁੱਟ-ਪਾਊ ਤਾਕਤਾਂ ਵਿਰੁੱਧ ਇੱਕਜੁੱਟ ਹੋਣ ਦਾ ਸੱਦਾ ਦਿੱਤਾ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਫਿਰਕੂ ਸਿਆਸਤ ਨੂੰ ਪੰਜਾਬ ਦੇ ਸਦੀਆਂ ਪੁਰਾਣੇ ਭਾਈਚਾਰੇ ਵਿੱਚ ਫੁੱਟ ਪਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। 'ਪੰਜਾਬ ਪੰਜਾਬੀਆਂ ਦਾ ਹੈ' ਦਾ ਨਾਅਰਾ ਲਾਉਂਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਜੋ ਲੋਕ ਭਾਈਚਾਰਕ ਸਾਂਝ ਨੂੰ ਸੱਟ ਮਾਰਨ ਦੀ ਕੋਸ਼ਿਸ਼ ਕਰ ਰਹੇ ਹਨ, ਉਹ ਪੰਜਾਬ ਦੇ ਦੁਸ਼ਮਣ ਹਨ। ਭਾਜਪਾ ਨੇ ਮਹਾਰਾਸ਼ਟਰ, ਹਰਿਆਣਾ, ਬਿਹਾਰ, ਉੱਤਰ ਪ੍ਰਦੇਸ਼ ਅਤੇ ਬੰਗਾਲ ਵਿੱਚ ਵੰਡ-ਪਾਊ ਰਾਜਨੀਤੀ ਰਾਹੀਂ ਸੱਤਾ ਹਾਸਲ ਕੀਤੀ ਹੈ, ਪਰ ਪੰਜਾਬ ਵਿੱਚ ਅਜਿਹੀਆਂ ਸਾਜ਼ਿਸ਼ਾਂ ਕਦੇ ਵੀ ਸਫਲ ਨਹੀਂ ਹੋਣਗੀਆਂ। ਪੱਛਮੀ ਬੰਗਾਲ ਦੀ ਮਿਸਾਲ ਦਿੰਦੇ ਹੋਏ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਜਪਾ ਦੇ ਸੱਤਾ ਵਿੱਚ ਆਉਣ ਤੋਂ ਬਾਅਦ ਉੱਥੇ ਹਾਲਾਤ ਬਦ ਤੋਂ ਬਦਤਰ ਹੋ ਗਏ ਹਨ ਅਤੇ ਲੋਕਾਂ ਦੇ ਘਰਾਂ ਨੂੰ ਅੱਗ ਲਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੱਛਮੀ ਬੰਗਾਲ ਵਿੱਚ ਹਰ ਪਾਸੇ ਡਰ ਦਾ ਮਾਹੌਲ ਪੈਦਾ ਹੋ ਗਿਆ ਹੈ। ਹੁਣ ਪੰਜਾਬ ਲਈ ਵੀ ਇਹੀ ਸਾਜ਼ਿਸ਼ ਰਚੀ ਜਾ ਰਹੀ ਹੈ। ਵਿਰੋਧੀ ਆਗੂਆਂ 'ਤੇ ਨਿਸ਼ਾਨਾ ਸਾਧਦੇ

• ਬਾਕੀ ਸਫਾ 10 'ਤੇ

# ਕਰੋੜਾਂ ਦੀ ਫਰਜ਼ੀ ਬਿਲਿੰਗ ਮਾਮਲੇ 'ਚ ਫਰਮ ਦਾ ਡਾਇਰੈਕਟਰ ਕਾਬੂ : ਚੀਮਾ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਵਿੱਤ, ਆਬਕਾਰੀ ਅਤੇ ਕਰ ਮੰਤਰੀ ਹਰਪਾਲ ਸਿੰਘ ਚੀਮਾ ਨੇ ਸ਼ੁੱਕਰਵਾਰ ਨੂੰ ਇੱਥੇ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟ ਦੁਆਰਾ ਹਾਸਲ ਕੀਤੀ ਗਈ ਇੱਕ ਵੱਡੀ ਸਫਲਤਾ ਦੇ ਵੇਰਵਿਆਂ ਦਾ ਖੁਲਾਸਾ ਕਰਦਿਆਂ ਕਿਹਾ ਕਿ ਕਰ ਵਿਭਾਗ ਨੇ ਇੱਕ ਬਹੁਤ ਹੀ ਸੰਗਠਤ ਫਰਜ਼ੀ ਬਿਲਿੰਗ ਨੈੱਟਵਰਕ ਨੂੰ ਸਫਲਤਾਪੂਰਵਕ ਨਾਕਾਮ ਕਰਦਿਆਂ ਮੈਸਰਜ਼ ਏ ਪੀ ਆਈ ਪਲਾਸਟਿਕ ਰੀਸਾਈਕਲਰਜ਼ ਪ੍ਰਾਈਵੇਟ ਲਿਮਿਟਡ, ਲੁਧਿਆਣਾ ਦੇ ਡਾਇਰੈਕਟਰ ਅਤੇ ਅਧਿਕਾਰਤ ਹਸਤਾਖਰਕਰਤਾ ਪਰਮਜੀਤ ਸਿੰਘ ਨੂੰ 85.4 ਕਰੋੜ ਰੁਪਏ ਦੇ ਜਾਲ੍ਹੀ ਲੈਣ-ਦੇਣ 'ਤੇ ਗਲਤ ਤਰੀਕੇ ਨਾਲ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ ਦਾ ਲਾਭ ਲੈਣ ਅਤੇ 15.56 ਕਰੋੜ ਰੁਪਏ ਦਾ ਵੱਡਾ ਜੀ.ਐੱਸ.ਟੀ. ਘੁਟਾਲਾ ਕਰਨ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤਾ ਗਿਆ ਹੈ। ਵਿੱਤ ਮੰਤਰੀ ਨੇ ਕਿਹਾ ਕਿ ਦੋਸ਼ੀ ਫਰਮ ਯੋਜਨਾਬੱਧ ਅਤੇ ਸੰਗਠਿਤ ਟੈਕਸ ਚੋਰੀ ਵਿੱਚ ਸ਼ਾਮਲ ਸੀ। ਉਨ੍ਹਾਂ ਨੇ ਬਿਨਾਂ ਅਸਲ ਵਿੱਚ ਮਾਲ ਪ੍ਰਾਪਤ ਕੀਤੇ, ਕਈ ਸੂਬਿਆਂ ਵਿੱਚ ਗੈਰ-ਮੌਜੂਦ ਅਤੇ ਧੋਖਾਧੜੀ ਵਾਲੀਆਂ ਫਰਮਾਂ ਦੁਆਰਾ ਜਾਰੀ ਕੀਤੇ ਗਏ ਜਾਅਲੀ ਚਲਾਨਾਂ (ਬਿੱਲਾਂ) ਦੇ ਅਧਾਰ 'ਤੇ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ ਦਾ ਲਾਭ ਲਿਆ। ਖੁਫ਼ੀਆ ਟੀਮਾਂ ਨੇ ਇਹ ਵੀ ਪਤਾ ਲਗਾਇਆ ਕਿ ਲੈਣ-ਦੇਣ ਵਿੱਚ ਸ਼ਾਮਲ ਕਈ ਸਪਲਾਇਰ ਫਰਮਾਂ ਨੂੰ ਸੰਬੰਧਤ ਜੀ.ਐੱਸ.ਟੀ. ਅਧਿਕਾਰੀਆਂ ਦੁਆਰਾ ਪਹਿਲਾਂ ਹੀ ਆਪਣੇ-ਆਪ ਰੱਦ, ਮੁਅੱਤਲ ਜਾਂ ਗੈਰ-ਕਾਰਜਸ਼ੀਲ ਪਾਇਆ ਜਾ ਚੁੱਕਾ ਸੀ। ਹੁਣ ਤੱਕ ਸਾਹਮਣੇ ਆਈ ਕੁੱਲ ਧੋਖਾਧੜੀ 15.56 ਕਰੋੜ ਰੁਪਏ ਦੀ ਹੈ ਅਤੇ ਇਹ ਅੰਕੜਾ ਹੋਰ ਵਧਣ ਦੀ ਸੰਭਾਵਨਾ ਹੈ। ਕਰ ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਈ-ਵੇਅ ਬਿੱਲਾਂ ਅਤੇ ਫਾਸਟੈਗ ਟੋਲ ਡੇਟਾ ਦੇ ਕੀਤੇ ਗਏ ਵਿਸਤ੍ਰਿਤ ਵਿਸ਼ਲੇਸ਼ਣ ਨੇ ਨਿਰਣਾਇਕ

• ਬਾਕੀ ਸਫਾ 2 'ਤੇ

# ਗੌਰਵ ਧੀਰ ਨਾਲ ਕੋਈ ਬਿਜ਼ਨੈੱਸ ਡੀਲ ਨਹੀਂ : ਅਮਨ ਅਰੋੜਾ

**ਚੰਡੀਗੜ੍ਹ/ਜਲੰਧਰ (ਗੁਰਜੀਤ ਬਿੱਲਾ/ ਸ਼ੈਲੀ ਐਲਬਰਟ)**



ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਨ ਅਰੋੜਾ ਨੇ ਸ਼ੁੱਕਰਵਾਰ ਨੂੰ ਈ ਡੀ ਨੂੰ ਚੁਣੌਤੀ ਦਿੰਦਿਆਂ ਸਪੱਸ਼ਟ ਕੀਤਾ ਹੈ ਕਿ ਉਨ੍ਹਾਂ ਦਾ ਮੈਸਰਜ਼ ਧੀਰ ਕੰਸਟਰੱਕਸ਼ਨ ਦੇ ਮਾਲਕ ਗੌਰਵ ਧੀਰ ਨਾਲ ਕੋਈ ਬਿਜ਼ਨੈੱਸ ਸੰਬੰਧ ਨਹੀਂ ਅਤੇ ਗੌਰਵ ਧੀਰ ਨਾਲ ਸਿਰਫ਼ ਦੋਸਤਾਨਾ ਰਿਸ਼ਤਾ ਹੈ। ਚੇਤੇ ਰਹੇ ਕਿ ਐਨਫੋਰਸਮੈਂਟ ਡਾਇਰੈਕਟੋਰੇਟ ਤਰਫ਼ੋਂ ਲੰਘੇ ਦਿਨ ਜਾਰੀ ਬਿਆਨ 'ਚ ਛਾਪੇਮਾਰੀ ਦੀ ਲਪੇਟ 'ਚ ਆਏ ਗੌਰਵ ਧੀਰ ਨੂੰ 'ਆਪ' ਨੇਤਾ ਅਮਨ ਅਰੋੜਾ ਦਾ ਕਰੀਬੀ ਦੱਸਿਆ ਗਿਆ ਸੀ। ਅਮਨ ਅਰੋੜਾ ਨੇ ਕਿਹਾ ਕਿ ਭਾਜਪਾ ਤਰਫ਼ੋਂ ਉਸ ਨੂੰ ਸਿਰਫ਼ ਬਦਨਾਮ ਕਰਨ ਵਾਸਤੇ ਟਾਰਗੇਟ ਕੀਤਾ ਜਾ ਰਿਹਾ ਹੈ ਪ੍ਰੰਤੂ ਉਹ ਕਿਸੇ ਵੀ ਤਰ੍ਹਾਂ ਝੁਕਣ ਵਾਲੇ ਨੇਤਾ ਨਹੀਂ ਹਨ। ਅਰੋੜਾ ਨੇ ਕਿਹਾ ਕਿ ਈ ਡੀ ਤਰਫ਼ੋਂ ਦੋ ਬਿਆਨ ਜਾਰੀ ਕੀਤੇ ਗਏ ਸਨ। ਪਹਿਲੇ ਜਾਰੀ ਬਿਆਨ 'ਚ ਨਾ ਤਾਂ ਗੌਰਵ ਧੀਰ ਦਾ ਨਾਂਅ ਸ਼ਾਮਲ ਸੀ ਅਤੇ ਨਾ ਉਨ੍ਹਾਂ ਦਾ ਨਾਂਅ ਕਿਧਰੇ ਸੀ। ਉਨ੍ਹਾ ਕਿਹਾ ਕਿ ਅੱਧੇ ਘੰਟੇ ਦੇ ਵਕਫ਼ੇ ਨਾਲ ਜਾਰੀ ਦੂਜੇ ਬਿਆਨ 'ਚ ਗੌਰਵ ਧੀਰ ਦਾ ਨਾਂਅ ਸ਼ਾਮਲ ਕਰਕੇ ਉਨ੍ਹਾਂ ਦਾ ਨਾਂਅ ਵੀ ਨਾਲ ਹੀ ਨਸ਼ਰ ਕਰ ਦਿੱਤਾ ਗਿਆ। ਅਰੋੜਾ ਨੇ ਕਿਹਾ ਕਿ ਉਹ 1991 ਤੋਂ ਸਿਆਸਤ 'ਚ ਹਨ ਅਤੇ ਇਸ ਅਰਸੇ ਦੌਰਾਨ ਕਿਤੇ ਵੀ ਕੋਈ ਗ਼ਲਤ ਕੰਮ ਸਾਬਤ ਹੋ ਜਾਵੇ ਤਾਂ ਉਹ ਰਾਜਨੀਤੀ ਛੱਡ ਦੇਣਗੇ। ਉਨ੍ਹਾਂ ਈ ਡੀ ਨੂੰ ਚੁਣੌਤੀ ਦਿੱਤੀ ਕਿ ਸੰਘੀ ਏਜੰਸੀ ਉਸ ਦੀ ਜਾਂਚ ਕਰੇ, ਉਹ ਖ਼ੁਦ ਵੀ ਜਾਂਚ ਲਈ ਤਿਆਰ ਹਨ ਅਤੇ ਫੋਰੈਂਸਿਕ ਜਾਂਚ ਲਈ ਆਪਣਾ ਮੋਬਾਈਲ ਫ਼ੋਨ ਵੀ ਈ ਡੀ ਹਵਾਲੇ ਕਰ ਦੇਣਗੇ। ਅਰੋੜਾ ਨੇ ਕਿਹਾ ਕਿ ਇਸ ਤਰ੍ਹਾਂ ਦੀ ਸਿਆਸਤ ਕਿੱਥੋਂ ਚੱਲਦੀ

• ਬਾਕੀ ਸਫਾ 10 'ਤੇ

# ਕਾਮਰੇਡ ਅਤਰ ਸਿੰਘ ਦੇ ਪੂਰਨਿਆਂ 'ਤੇ ਚੱਲਣ ਦੀ ਲੋੜ : ਨਿਰਮਲ ਧਾਲੀਵਾਲ

## ਵਿੱਤ ਮੰਤਰੀ ਚੀਮਾ ਤੇ ਹੋਰਾਂ ਵੱਲੋਂ ਭਰਪੂਰ ਸਿੰਘ ਨਮਿਤ ਅੰਤਿਮ ਅਰਦਾਸ ਮੌਕੇ ਸ਼ਰਧਾਂਜਲੀਆਂ



**ਦਿੜ੍ਹਬਾ (ਜਸਵੀਰ ਲਾਡੀ)**-ਕਿਸਾਨਾਂ-ਮਜ਼ਦੂਰਾਂ ਦੇ ਸੰਘਰਸ਼ਾਂ 'ਚ ਕਾਮਰੇਡ ਅਤਰ ਸਿੰਘ ਅਤੇ ਪਰਵਾਰ ਦੇ ਯੋਗਦਾਨ ਨੂੰ ਨਹੀਂ ਭੁਲਾਇਆ ਜਾ ਸਕਦਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਭਾਰਤੀ ਕਮਿਊਨਿਸਟ ਪਾਰਟੀ ਦੇ ਸੂਬਾ ਸਕੱਤਰ ਕਾ. ਨਿਰਮਲ ਸਿੰਘ ਧਾਲੀਵਾਲ ਅਤੇ ਕੁਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ ਨੇ ਮਰਹੂਮ ਕਾਮਰੇਡ ਅਤਰ ਸਿੰਘ ਸੰਗਤਪੁਰਾ ਦੇ ਵੱਡੇ ਸਪੁੱਤਰ ਕਾ. ਭਰਪੂਰ ਸਿੰਘ ਦੀ ਅੰਤਿਮ ਅਰਦਾਸ ਮੌਕੇ ਕੀਤਾ। ਉਹਨਾਂ ਕਿਹਾ ਕਿ ਕਾਮਰੇਡ ਅਤਰ ਸਿੰਘ ਨੇ ਲੋਕ ਲਹਿਰਾਂ ਵਿਚ ਹਮੇਸ਼ਾ ਅਗਵਾਈ ਕੀਤੀ। ਲੋਕ ਸਭਾ ਮੈਂਬਰ ਕਾਮਰੇਡ ਤੇਜਾ ਸਿੰਘ ਸੁਤੰਤਰ ਅਤੇ ਐੱਮ.ਐੱਲ.ਏ ਅਮਰ ਸਿੰਘ ਗਨੌਟਾ ਨਾਲ ਇਸ ਪਰਵਾਰ ਦੀ ਗੂੜ੍ਹੀ ਸਾਂਝ ਸੀ। ਅਤਰ ਸਿੰਘ ਦੀ ਸਮਾਜ ਸੇਵਾ ਪਿੱਛੇ ਵੱਡੇ ਸਪੁੱਤਰ ਕਾ. ਭਰਪੂਰ ਸਿੰਘ, ਛੋਟੇ

• ਬਾਕੀ ਸਫਾ 10 'ਤੇ

# ਭਾਰਤੀ ਖੇਤ ਮਜ਼ਦੂਰ ਯੂਨੀਅਨ ਦੀ ਮੀਟਿੰਗ ਆਂਧਰਾ ਦੇ ਅੰਗੋਲ 'ਚ 28 ਤੋਂ 30 ਮਈ ਤੱਕ



**ਸ਼ਾਹਕੋਟ (ਗਿਆਨ ਸੈਦਪੁਰੀ)**-ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਕਾਮਰੇਡ ਗੁਲਜ਼ਾਰ ਸਿੰਘ ਗੋਰੀਆ, ਪ੍ਰਧਾਨ ਐੱਨ ਪੇਰੀਆਸਾਮੀ (ਸਾਬਕਾ ਵਿਧਾਇਕ ਤਾਮਿਲਨਾਡੂ) ਅਤੇ ਵਿੱਤ ਸਕੱਤਰ ਦਰਿਆਓ ਸਿੰਘ ਕਸ਼ਯਪ ਨੇ 'ਨਵਾਂ ਜ਼ਮਾਨਾ' ਨੂੰ ਦੱਸਿਆ ਕਿ ਜੂਨੀਅਨ ਦੀ ਜਨਰਲ ਕੌਂਸਲ ਦੀ ਮੀਟਿੰਗ 28 ਤੋਂ 30 ਮਈ 2026 ਨੂੰ ਅੰਗੋਲ (ਆਂਧਰਾ ਪ੍ਰਦੇਸ਼) ਵਿੱਚ ਹੋਵੇਗੀ। ਅੰਗੋਲ ਆਂਧਰਾ ਦੇ ਮਸ਼ਹੂਰ ਸ਼ਹਿਰ

• ਬਾਕੀ ਸਫਾ 10 'ਤੇ

# ਤਾਮਿਲਨਾਡੂ ਵਿੱਚ ਸੀ ਪੀ ਆਈ ਵੱਲੋਂ ਟੀ ਵੀ ਕੇ ਨੂੰ ਸਮਰਥਨ

**ਲੁਧਿਆਣਾ (ਐਮ ਐਸ ਭਾਟੀਆ)**-ਨਵੀਂ ਦਿੱਲੀ ਤੋਂ ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਬਿਆਨ ਜਾਰੀ ਕੀਤਾ ਹੈ ਜਿਸ ਵਿੱਚ ਕਿਹਾ ਗਿਆ ਹੈ ਕਿ ਤਾਮਿਲਨਾਡੂ ਦੇ ਲੋਕਾਂ ਨੇ ਸੀ. ਜੋਸਫ਼ ਵਿਜੇ ਦੀ ਅਗਵਾਈ ਵਾਲੀ ਤਮਿਲਗਾ ਵੇਤਰੀ ਕਜ਼ਾਗਮ (ਟੀ ਵੀ ਕੇ) ਪਾਰਟੀ ਦੇ ਹੱਕ ਵਿੱਚ ਫੈਸਲਾ ਸੁਣਾਇਆ ਹੈ।ਇੱਕ ਸੰਸਦੀ ਲੋਕਤੰਤਰ ਵਿੱਚ, ਲੋਕਾਂ ਦੇ ਫਤਵੇ ਦਾ ਅੱਖਰ ਅਤੇ ਭਾਵਨਾ ਦੋਵਾਂ ਵਿੱਚ ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਭਾਜਪਾ ਦੁਆਰਾ ਸਰਕਾਰ ਬਣਾਉਣ ਅਤੇ ਵਿਧਾਨ ਸਭਾ ਦੇ ਫਲੋਰ 'ਤੇ ਆਪਣਾ ਬਹੁਮਤ ਸਾਬਤ ਕਰਨ ਲਈ ਸਭ ਤੋਂ ਵੱਡੀ ਪਾਰਟੀ ਨੂੰ ਸੱਦਾ ਦੇਣ ਦੀ ਬਜਾਏ, ਪਿਛਲੇ ਦਰਵਾਜ਼ੇ ਰਾਹੀਂ ਚਾਲਾਂ ਚੱਲ ਕੇ ਅਤੇ ਰਾਜਪਾਲ ਦੇ ਅਹੁਦੇ ਦੀ ਦੁਰਵਰਤੋਂ ਕਰਕੇ ਅਨਿਸ਼ਚਿਤਤਾ ਪੈਦਾ ਕਰਨ ਦੀ ਕੋਸ਼ਿਸ਼, ਬਹੁਤ ਹੀ ਗੈਰ-ਲੋਕਤੰਤਰੀ ਅਤੇ ਲੋਕਾਂ ਦਾ ਅਪਮਾਨ ਹੈ।

# ਜਥੇਦਾਰ ਵੱਲੋਂ ਸਰਕਾਰ ਨੂੰ 15 ਦਿਨਾਂ ਦਾ ਅਲਟੀਮੇਟਮ

**ਅੰਮ੍ਰਿਤਸਰ** : ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਪੇਸ਼ ਹੋਣ ਤੋਂ ਬਾਅਦ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸੋਧ ਐਕਟ' ਨੂੰ ਲੈ ਕੇ ਪੰਜਾਬ ਸਰਕਾਰ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰ ਲਿਆ ਹੈ। ਜਥੇਦਾਰ ਨੇ ਸਰਕਾਰ ਨੂੰ 15 ਦਿਨਾਂ ਦਾ ਅਲਟੀਮੇਟਮ ਦਿੰਦਿਆਂ ਮੰਗ ਕੀਤੀ ਹੈ ਕਿ ਵਿਸ਼ੇਸ਼ ਇਜਲਾਸ ਸੱਦ ਕੇ ਇਸ ਐਕਟ ਦੀਆਂ ਇਤਰਾਜ਼ਯੋਗ ਮੱਦਾਂ ਵਿੱਚ ਸੋਧ ਕੀਤੀ ਜਾਵੇ। ਉਨ੍ਹਾ ਕਿਹਾ ਕਿ

• ਬਾਕੀ ਸਫਾ 10 'ਤੇ

# ਹਾਈ ਕੋਰਟ ਵੱਲੋਂ ਵਿਕਾਸ ਅਥਾਰਟੀ ਨੂੰ 2500 ਕਰੋੜ ਦਾ ਕਰਜ਼ਾ ਲੈਣ ਲਈ ਹਰੀ ਝੰਡੀ

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਸਰਕਾਰ ਦੇ ਉਸ ਫ਼ੈਸਲੇ ਨੂੰ ਬਰਕਰਾਰ ਰੱਖਿਆ ਹੈ, ਜਿਸ ਤਹਿਤ ਪੰਜਾਬ ਸਟੇਟ ਅਰਬਨ ਪਲੈਨਿੰਗ ਐਂਡ ਡਿਵੈਲਪਮੈਂਟ ਅਥਾਰਟੀ (ਪੁੱਡਾ) ਨੂੰ ਵੱਖ-ਵੱਖ ਸਰੋਤਾਂ ਤੋਂ 2,500 ਕਰੋੜ ਰੁਪਏ ਦਾ ਕਰਜ਼ਾ ਲੈਣ ਦੀ ਇਜਾਜ਼ਤ ਦਿੱਤੀ ਗਈ ਸੀ। ਅਦਾਲਤ ਨੇ ਇਸ ਸੰਬੰਧੀ ਦਾਇਰ ਜਨਹਿਤ ਪਟੀਸ਼ਨ ਨੂੰ ਖਾਰਜ ਕਰਦਿਆਂ ਕਿਹਾ ਕਿ 'ਪੰਜਾਬ ਰੀਜਨਲ ਐਂਡ ਟਾਊਨ ਪਲੈਨਿੰਗ ਐਂਡ ਡਿਵੈਲਪਮੈਂਟ ਐਕਟ' ਅਥਾਰਟੀ ਨੂੰ ਵਿੱਤੀ ਸਰੋਤ ਜੁਟਾਉਣ ਦੇ ਪੂਰੇ ਅਧਿਕਾਰ ਦਿੰਦਾ ਹੈ। ਮੁੱਖ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੇ ਬੈਂਚ ਨੇ 1 ਅਪਰੈਲ ਨੂੰ ਸਰਕਾਰ ਵੱਲੋਂ ਜਾਰੀ ਕੀਤੇ ਗਏ ਪੱਤਰ ਵਿੱਚ ਦਖ਼ਲ ਦੇਣ ਤੋਂ ਇਨਕਾਰ ਕਰ ਦਿੱਤਾ। ਅਦਾਲਤ ਨੇ ਸਪੱਸ਼ਟ ਕੀਤਾ ਕਿ ਜਿੰਨਾ ਚਿਰ ਕਾਨੂੰਨੀ ਸੁਰੱਖਿਆ ਉਪਾਵਾਂ ਅਤੇ ਲਾਜ਼ਮੀ ਸ਼ਰਤਾਂ ਦੀ ਪਾਲਣਾ ਕੀਤੀ ਜਾਂਦੀ ਹੈ, ਉਦੋਂ ਤੱਕ ਇਸ ਪ੍ਰਕਿਰਿਆ ਨੂੰ ਐਕਟ ਦੀ ਉਲੰਘਣਾ ਨਹੀਂ

• ਬਾਕੀ ਸਫਾ 10 'ਤੇ

# ਅੱਜ-ਨਾਮਾ

ਰਹਿੰਦੜਾ ਪੌਣਾ ਕੁ ਸਾਲ ਆ ਚੋਣ ਤੀਕਰ,
ਸਾਰੇ ਈ ਲੀਡਰਾਂ ਨੂੰ ਕਾਹਲੀ ਪਈ ਬੇਲੀ।
ਉਨ੍ਹਾਂ ਪਿੰਡਾਂ ਵੱਲ ਗੇੜੇ ਆ ਲਾਉਣ ਲੱਗੇ,
ਜਿੱਧਰ ਅੱਖ ਨਹੀਂ ਚਿਰਾਂ ਦੀ ਗਈ ਬੇਲੀ।
ਸੂਚੀ ਉਨ੍ਹਾਂ ਵੱਲ ਜਾਵਣ ਦੀ ਬਣਨ ਲੱਗੀ,
ਚਿਰ ਦੇ ਜਿਹੜੇ ਨਾਰਾਜ਼ ਸਨ ਕਈ ਬੇਲੀ।
ਦਿਲ ਦੀ ਧੜਕਣ ਕੈਲੰਡਰ ਤੋਂ ਵਧੀ ਜਾਵੇ,
ਮਹੀਨਾ ਲੰਘ ਰਿਹਾ ਡਿੱਠਾ ਜਾਂ ਮਈ ਬੇਲੀ।
ਰੁੱਸੇ ਚਿਰਾਂ ਦੇ ਜਿਹੜੇ ਕਈ ਯਾਰ-ਮਿੱਤਰ,
ਲੀਡਰ ਵੇਖਣ ਤਾਂ ਜਾਂਦੇ ਆ ਖਿਸਕ ਬੇਲੀ।
ਲੀਡਰ ਲੱਗ ਪਏ ਦੱਸਿਆਂ ਬਿਨਾਂ ਪਹੁੰਚਣ,
ਬੰਦਾ ਖਿਸਕਣ ਦਾ ਲੈਣ ਨਾ ਰਿਸਕ ਬੇਲੀ।

-ਤੀਸ ਮਾਰ ਖਾਂ

# 10ਵੀਂ ਦਾ ਨਤੀਜਾ 11 ਤੇ 12ਵੀਂ ਦਾ 13 ਮਈ ਨੂੰ ਆਵੇਗਾ

**ਐੱਸ.ਏ.ਐੱਸ. ਨਗਰ (ਮੁਹਾਲੀ)** : ਪੰਜਾਬ ਸਕੂਲ ਸਿੱਖਿਆ ਬੋਰਡ (ਪੀ.ਐੱਸ.ਈ.ਬੀ.) ਵੱਲੋਂ ਮਾਰਚ 2026 ਵਿੱਚ ਲਈਆਂ ਗਈਆਂ 10ਵੀਂ ਅਤੇ 12ਵੀਂ ਸ਼੍ਰੇਣੀ ਦੀਆਂ ਸਾਲਾਨਾ ਪ੍ਰੀਖਿਆਵਾਂ ਦੇ ਨਤੀਜੇ ਐਲਾਨਣ ਦੀ ਉਡੀਕ ਖ਼ਤਮ ਹੋਣ ਵਾਲੀ ਹੈ।

ਬੋਰਡ ਪ੍ਰਸ਼ਾਸਨ ਨੇ ਸ਼ੁੱਕਰਵਾਰ ਨੂੰ ਅਧਿਕਾਰਤ ਤੌਰ 'ਤੇ ਨਤੀਜਿਆਂ ਦੀਆਂ ਤਰੀਕਾਂ ਸਪੱਸ਼ਟ ਕਰ ਦਿੱਤੀਆਂ ਹਨ। ਬੋਰਡ ਵੱਲੋਂ ਸਾਂਝੀ ਕੀਤੀ ਗਈ ਜਾਣਕਾਰੀ ਅਨੁਸਾਰ 10ਵੀਂ ਸ਼੍ਰੇਣੀ ਦਾ ਨਤੀਜਾ 11 ਮਈ ਨੂੰ ਐਲਾਨਿਆ ਜਾਵੇਗਾ, ਜਦੋਂ ਕਿ 12ਵੀਂ ਸ਼੍ਰੇਣੀ ਦਾ ਨਤੀਜਾ 13 ਮਈ ਨੂੰ ਜਾਰੀ ਹੋਵੇਗਾ। ਸਿੱਖਿਆ ਬੋਰਡ ਦੇ ਅਧਿਕਾਰੀਆਂ ਨੇ ਦੱਸਿਆ ਕਿ ਪ੍ਰੀਖਿਆਵਾਂ ਦੇ ਮੁਲਾਂਕਣ ਦਾ ਕੰਮ ਪਹਿਲਾਂ ਹੀ ਮੁਕੰਮਲ ਕਰ ਲਿਆ ਗਿਆ ਸੀ ਅਤੇ ਹੁਣ ਅੰਤਿਮ ਨਤੀਜੇ ਨੂੰ ਡਿਜੀਟਲ ਰੂਪ ਵਿੱਚ ਤਿਆਰ ਕਰ ਲਿਆ ਗਿਆ ਹੈ।



ਨਵਾਂ ਜ਼ਮਾਨਾ
ਸ਼ਨੀਵਾਰ, 9 ਮਈ 2026

# ਲੈਨਿਨ ਦੀ ਮੂਰਤੀ ਦਾ ਟੁੱਟਣਾ

ਬੰਗਾਲ ਦੀਆਂ ਵਿਧਾਨ ਸਭਾ ਚੋਣਾਂ ਦੇ ਨਤੀਜਿਆਂ ਵਿੱਚ ਜਿਵੇਂ ਹੀ ਭਾਜਪਾ ਦੀ ਜਿੱਤ ਦੀਆਂ ਖ਼ਬਰਾਂ ਆਉਣੀਆਂ ਸ਼ੁਰੂ ਹੋਈਆਂ, ਸਮੁੱਚੇ ਬੰਗਾਲ ਨੂੰ ਹਿੰਸਾ ਨੇ ਆਪਣੀ ਲਪੇਟ ਵਿੱਚ ਲੈ ਲਿਆ ਸੀ। 5 ਮਈ ਨੂੰ ਜਦੋਂ ਇਹ ਖ਼ਬਰਾਂ ਅਖ਼ਬਾਰਾਂ ਤੇ ਸੋਸ਼ਲ ਮੀਡੀਆ 'ਤੇ ਆਉਣੀਆਂ ਸ਼ੁਰੂ ਹੋਈਆਂ, ਆਪਣੇ ਨਾਲ ਮੌਤਾਂ ਦੇ ਅੰਕੜੇ ਵੀ ਲੈ ਕੇ ਆਈਆਂ। ਚੋਣ ਪ੍ਰਚਾਰ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਲਗਾਤਾਰ ਇਹ ਕਹਿੰਦੇ ਰਹੇ ਕਿ ਉਹ ਸੂਬੇ ਨੂੰ ਟੀ ਐੱਮ ਸੀ ਦੇ ਗੁੰਡਿਆਂ ਤੋਂ ਮੁਕਤ ਕਰ ਦੇਣਗੇ। ਚੋਣ ਨਤੀਜੇ ਆਉਣ ਦੌਰਾਨ ਇਹ ਕੰਮ ਭਾਜਪਾ ਦੇ ਗੁੰਡਿਆਂ ਨੇ ਆਪਣੇ ਹੱਥ ਲੈ ਲਿਆ। ਟੀ ਐੱਮ ਸੀ ਦੇ ਨੇਤਾਵਾਂ ਨੂੰ ਹੇਠਲੇ ਪੱਧਰ ਤੱਕ ਨਿਸ਼ਾਨਾ ਬਣਾਇਆ ਗਿਆ। ਇਹ ਉਦੋਂ ਹੋ ਰਿਹਾ ਸੀ, ਜਦੋਂ ਅਮਨ-ਕਾਨੂੰਨ ਬਣਾਈ ਰੱਖਣ ਲਈ ਚੋਣ ਕਮਿਸ਼ਨ ਵੱਲੋਂ ਪਿੰਡ ਪੱਧਰ ਤੱਕ ਢਾਈ ਲੱਖ ਸੁਰੱਖਿਆ ਬਲਾਂ ਦੀ ਤੈਨਾਤੀ ਕੀਤੀ ਗਈ, ਜੋ ਹਿੰਸਾ ਦੌਰਾਨ ਰੈਫਰੀ ਦਾ ਰੋਲ ਨਿਭਾਅ ਰਹੇ ਸਨ।

ਇਸੇ ਹਿੰਸਾ ਦੌਰਾਨ ਸੋਸ਼ਲ ਮੀਡੀਆ 'ਤੇ ਭਾਜਪਾਈ ਗੁੰਡਿਆਂ ਦੀ ਭੀੜ ਵੱਲੋਂ ਲੈਨਿਨ ਦੀ ਮੂਰਤੀ ਤੋੜੇ ਜਾਣ ਦੇ ਦ੍ਰਿਸ਼ ਦਿਖਾਈ ਦੇਣ ਲੱਗੇ ਸਨ। ਅਗਲੇ ਦਿਨ 5 ਮਈ ਨੂੰ ਇਹ ਖ਼ਬਰ ਅਖਬਾਰਾਂ ਵਿੱਚ ਫੋਟੋਆਂ ਸਮੇਤ ਛਪੀ। ਲੈਨਿਨ ਦੇ ਬੁੱਤ ਦਾ ਸਿਰ ਤੋੜ ਕੇ ਉਸ ਨੂੰ ਚਬੂਤਰੇ ਤੋਂ ਹੇਠਾਂ ਸੁੱਟ ਦਿੱਤਾ ਗਿਆ ਸੀ। 5 ਮਈ ਦਾ ਇਹ ਉਹੋ ਦਿਨ ਸੀ, ਜਦੋਂ ਦੁਨੀਆ ਭਰ ਵਿੱਚ ਮਜ਼ਦੂਰ ਜਮਾਤ ਵੱਲੋਂ ਕਾਰਲ ਮਾਰਕਸ ਦਾ ਜਨਮ ਦਿਨ ਮਨਾਇਆ ਜਾ ਰਿਹਾ ਸੀ। ਲੈਨਿਨ ਨੇ ਮਾਰਕਸ ਦੀ ਵਿਚਾਰਧਾਰਾ ਉੱਤੇ ਪਹਿਰਾ ਦੇ ਕੇ ਹੀ ਆਪਣੀ ਦੇਸ਼ ਰੂਸ ਵਿੱਚ ਕਮਿਊਨਿਸਟ ਪਾਰਟੀ ਦੀ ਨੀਂਹ ਰੱਖੀ ਸੀ। ਇਸੇ ਵਿਚਾਰਧਾਰਾ 'ਤੇ ਚਲਦਿਆਂ ਲੈਨਿਨ ਨੇ ਰੂਸ ਵਿੱਚ ਮਜ਼ਦੂਰਾਂ ਦੇ ਰਾਜ ਦੀ ਸਥਾਪਨਾ ਕੀਤੀ ਸੀ। ਰੂਸ ਵਿੱਚ 1917 ਵਿੱਚ ਹੋਏ ਇਸ ਇਨਕਲਾਬ ਨੇ ਸਾਰੀ ਦੁਨੀਆ ਨੂੰ ਇੱਕ ਨਵਾਂ ਰਾਹ ਦਿਖਾਇਆ ਸੀ। ਲੈਨਿਨ ਦੀ ਅਗਵਾਈ ਵਿੱਚ ਸੋਵੀਅਤ ਯੂਨੀਅਨ ਦੀ ਸਥਾਪਨਾ ਹੋਈ ਤਾਂ ਪੂੰਜੀਵਾਦੀ ਦੇਸ਼ਾਂ ਨੂੰ ਕੰਬਣੀ ਛਿੜ ਗਈ ਸੀ। ਸੋਵੀਅਤ ਰੂਸ ਨੂੰ ਖ਼ਤਮ ਕਰਨ ਲਈ ਚੌਤਰਫ਼ਾ ਹਮਲੇ ਕੀਤੇ ਗਏ। ਅਮਰੀਕਾ, ਬਰਤਾਨੀਆ ਤੇ ਫਰਾਂਸ ਵਰਗੇ ਦੇਸ਼ਾਂ ਵੱਲੋਂ ਜਰਮਨੀ ਦੀ ਸੱਤਾ 'ਤੇ ਬੈਠੇ ਹਿਟਲਰ ਨੂੰ ਉਕਸਾ ਕੇ ਦੂਜੀ ਸੰਸਾਰ ਜੰਗ ਭੜਕਾ ਦਿੱਤੀ ਗਈ। ਸਭ ਤੋਂ ਪਹਿਲਾਂ ਹਿਟਲਰ ਵੱਲੋਂ ਆਪਣੇ ਦੇਸ਼ ਵਿੱਚ ਕਮਿਊਨਿਸਟਾਂ ਨੂੰ ਚੁਣ-ਚੁਣ ਕੇ ਮੌਤ ਦੇ ਘਾਟ ਉਤਾਰ ਦਿੱਤਾ ਗਿਆ। ਆਖਰ ਜਦੋਂ ਹਿਟਲਰ ਨੇ ਸੋਵੀਅਤ ਰੂਸ ਉੱਤੇ ਹਮਲਾ ਕੀਤਾ ਤਾਂ ਉਸ ਨੂੰ ਮੂੰਹ ਦੀ ਖਾਣੀ ਪਈ ਸੀ। ਸੋਵੀਅਤ ਰੂਸ ਦੇ ਮਜ਼ਦੂਰਾਂ ਨੇ ਹਿਟਲਰ ਨੂੰ ਧੱਕ ਕੇ ਜਰਮਨ ਵਿੱਚ ਵਾੜ ਦਿੱਤਾ ਸੀ, ਜਿੱਥੇ ਉਹ ਖੁਦਕੁਸ਼ੀ ਕਰਕੇ ਮਰ ਗਿਆ।

ਭਾਰਤ ਵਿੱਚ ਆਰ ਐੱਸ ਐੱਸ ਨੇ ਹਿਟਲਰ ਦੀ ਸੋਚ ਨੂੰ ਅਪਣਾ ਕੇ ਰਾਜਨੀਤੀ ਵਿੱਚ ਪ੍ਰਵੇਸ਼ ਕੀਤਾ। ਉਸ ਨੇ ਉਸ ਵਾਂਗ ਹੀ ਆਪਣੀ ਵਰਦੀ ਸਿਲਾਈ ਤੇ ਸਵਾਸਤਿਕ ਨਿਸ਼ਾਨ ਨੂੰ ਅਪਣਾਇਆ।

ਆਰ ਐੱਸ ਐੱਸ ਸ਼ੁਰੂ ਵਿੱਚ ਕਮਜ਼ੋਰ ਰਿਹਾ, ਪਰ ਹੌਲੀ-ਹੌਲੀ ਉਸ ਨੇ ਗਰੀਬਾਂ, ਮਜ਼ਦੂਰਾਂ ਤੇ ਆਦਿਵਾਸੀਆਂ ਵਿੱਚ ਆਪਣੇ ਪੈਰ ਜਮਾਉਣੇ ਸ਼ੁਰੂ ਕਰ ਦਿੱਤੇ। ਆਪਣੇ ਸਿਆਸੀ ਸੰਗਠਨ ਪਹਿਲਾਂ ਜਨਸੰਘ ਤੇ ਫਿਰ ਭਾਜਪਾ ਰਾਹੀਂ ਉਹ ਰਾਜ-ਸੱਤਾ 'ਤੇ ਕਾਬਜ਼ ਹੋਣ ਵਿੱਚ ਕਾਮਯਾਬ ਹੋ ਗਿਆ । ਨਰਿੰਦਰ ਮੋਦੀ ਦੀ ਅਗਵਾਈ ਵਿੱਚ ਜਦੋਂ ਭਾਜਪਾ ਕੇਂਦਰ ਦੀ ਸੱਤਾ ਵਿੱਚ ਆਈ ਤਾਂ ਇਸ ਨੇ ਕਮਿਊਨਿਸਟਾਂ ਵਿਰੁੱਧ ਜੰਗ ਛੇੜ ਦਿੱਤੀ। ਬਹੁਤ ਸਾਰੇ ਬੁੱਧੀਜੀਵੀ ਕਮਿਊਨਿਸਟਾਂ ਨੂੰ ਕਤਲ ਕੀਤਾ ਗਿਆ। ਅਰਬਨ ਨਕਸਲ ਦਾ ਸ਼ਬਦ ਘੜ ਕੇ ਉਨ੍ਹਾਂ ਨੂੰ ਜੇਲ੍ਹਾਂ ਵਿੱਚ ਸੁੱਟਿਆ ਗਿਆ। ਇਸ ਲਈ ਲੈਨਿਨ ਦੀ ਮੂਰਤੀ ਤੋੜੇ ਜਾਣ ਤੋਂ ਸਾਨੂੰ ਕੋਈ ਹੈਰਾਨੀ ਨਹੀਂ ਹੋਈ। ਭਾਜਪਾ ਜਦੋਂ ਤ੍ਰਿਪੁਰਾ ਅੰਦਰ ਸੱਤਾ ਵਿੱਚ ਆਈ ਸੀ ਤਾਂ ਮੂਰਤੀਆਂ ਤੋੜਨ ਦਾ ਇਹ ਸਿਲਸਿਲਾ ਉੱਥੇ ਵੀ ਸ਼ੁਰੂ ਕੀਤਾ ਗਿਆ ਸੀ।

ਇਹ ਮੂਰਤੀਆਂ ਤੋੜਨ ਵਾਲੇ ਕੋਈ ਖਾਂਦੇ-ਪੀਂਦੇ ਘਰਾਂ ਦੇ ਮੁੰਡੇ ਨਹੀਂ ਸਨ, ਇਹ ਉਹੋ ਮਜ਼ਦੂਰ ਤੇ ਗਰੀਬ ਘਰਾਂ ਦੇ ਮੁੰਡੇ ਸਨ, ਜਿਹੜੇ ਦਿੱਲੀ, ਮੁੰਬਈ ਤੇ ਹੋਰ ਮਹਾਂਨਗਰਾਂ ਵਿੱਚ ਆ ਕੇ ਛੋਟੇ-ਮੋਟੇ ਕੰਮ ਕਰਕੇ ਘਰਾਂ ਦਾ ਗੁਜ਼ਾਰਾ ਚਲਾਉਂਦੇ ਹਨ। ਇਨ੍ਹਾਂ ਲੋਕਾਂ ਨੂੰ ਉਕਸਾਉਣ ਲਈ ਭਾਜਪਾ ਨੇ ਹਿੰਦੂ ਰਾਜਨੀਤੀ ਨੂੰ ਅੱਗੇ ਵਧਾਉਣ ਲਈ ਬੰਗਲਾਦੇਸ਼ੀ ਘੁਸਪੈਠੀਆਂ ਨੂੰ ਮੁੱਦਾ ਬਣਾਇਆ। ਇੱਕ ਵਿਸ਼ਾਲ ਗੁੰਡਾ ਸਮੂਹਾਂ, ਬੇਰੁਜ਼ਗਾਰਾਂ, ਛੋਟੇ-ਮੋਟੇ ਕੰਮ ਧੰਦੇ ਤੇ ਵਸੂਲੀ ਵਿੱਚ ਲੱਗੇ ਗਰੋਹਾਂ ਨੂੰ ਰਾਜਨੀਤੀ ਵਿੱਚ ਲਿਆ ਕੇ ਵਿਰੋਧੀਆਂ ਨੂੰ ਕੁਚਲਣ ਲਈ ਆਪਣੀ ਤਾਕਤ ਬਣਾਇਆ। ਇਹੋ ਕੰਮ ਪਹਿਲਾਂ ਟੀ ਐੱਮ ਸੀ ਨੇ ਖੱਬੇ ਮੋਰਚੇ ਨਾਲ ਕੀਤਾ ਸੀ ਤੇ ਹੁਣ ਭਾਜਪਾ ਨੇ ਟੀ ਐੱਮ ਸੀ ਨਾਲ ਕੀਤਾ ਹੈ।

ਫਾਸ਼ਿਸਟ ਸੱਤਾ ਲਈ ਜਨ ਸਮਰਥਨ ਜ਼ਰੂਰੀ ਨਹੀਂ ਹੈ। ਇਸ ਲਈ ਸੱਤਾ ਸੰਸਥਾਵਾਂ, ਜਿਵੇਂ ਚੋਣ ਕਮਿਸ਼ਨ, ਸੁਰੱਖਿਆ ਬਲ, ਨਿਆਂ ਪਾਲਿਕਾ ਤੇ ਕਾਰਜ ਪਾਲਿਕਾ ਆਦਿ ਦੀ ਮੁੱਖ ਭੂਮਿਕਾ ਹੁੰਦੀ ਹੈ। ਇਸ ਦੇ ਨਾਲ ਹੀ ਪੂੰਜੀਪਤੀਆਂ ਤੋਂ ਮਿਲ ਰਿਹਾ ਵਿੱਤੀ ਸਮਰਥਨ ਦਾ ਵੀ ਵੱਡਾ ਰੋਲ ਹੁੰਦਾ ਹੈ। ਇਹੋ ਕੰਮ ਜਰਮਨੀ ਵਿੱਚ ਹਿਟਲਰ ਨੇ ਕੀਤਾ ਸੀ ਤੇ ਨਰਿੰਦਰ ਮੋਦੀ-ਅਮਿਤ ਸ਼ਾਹ ਦੀ ਜੋੜੀ ਸਾਡੇ ਦੇਸ਼ ਵਿੱਚ ਕਰ ਰਹੇ ਹਨ।

ਸਾਨੂੰ ਇਹ ਗੱਲ ਸਮਝ ਲੈਣੀ ਚਾਹੀਦੀ ਹੈ ਕਿ ਵੋਟਾਂ ਰਾਹੀਂ ਫਾਸ਼ੀਵਾਦ ਸੱਤਾ ਹਥਿਆ ਸਕਦਾ ਹੈ, ਪਰ ਵੋਟਾਂ ਰਾਹੀਂ ਉਸ ਤੋਂ ਸੱਤਾ ਖੋਹੀ ਨਹੀਂ ਜਾ ਸਕਦੀ। ਬੰਗਾਲ ਦੀਆਂ ਚੋਣਾਂ ਫਾਸ਼ੀਵਾਦ ਦਾ ਸਿਖਰਲਾ ਦੌਰ ਹੈ। ਲੈਨਿਨ ਦੀ ਮੂਰਤੀ ਦਾ ਟੁੱਟਣਾ ਲੋਕਤੰਤਰੀ ਰਾਜਨੀਤੀ ਸਾਹਮਣੇ ਸਿੱਧੀ ਚੁਣੌਤੀ ਹੈ। ਬੰਗਾਲ ਇਨਕਲਾਬੀ ਰਾਜਨੀਤੀ ਦਾ ਕੇਂਦਰ ਰਿਹਾ ਹੈ। ਬੰਗਾਲ ਨੇ ਗੁਲਾਮੀ ਦੇ ਦੌਰ ਵਿੱਚ ਹਥਿਆਰਬੰਦ ਸੰਘਰਸ਼ਾਂ ਤੇ ਗੁਰੀਲਾ ਯੁੱਧਾਂ ਰਾਹੀਂ ਅਜ਼ਾਦੀ ਦੇ ਅੰਦੋਲਨ ਵਿੱਚ ਅਹਿਮ ਹਿੱਸਾ ਪਾਇਆ ਸੀ। ਪਹਿਲੀਆਂ ਟਰੇਡ ਯੂਨੀਅਨਾਂ ਤੇ ਕਿਸਾਨ ਅੰਦੋਲਨ ਦੀ ਨੀਂਹ ਰੱਖਣ ਵਿੱਚ ਵੀ ਬੰਗਾਲ ਦੀ ਅਹਿਮ ਭੂਮਿਕਾ ਰਹੀ ਸੀ।

ਅੱਜ ਜਿਸ ਤਰ੍ਹਾਂ ਨਫ਼ਰਤ ਫੈਲਾਈ ਜਾ ਰਹੀ ਹੈ। ਇਤਿਹਾਸ ਤੇ ਭੂਗੋਲ ਨੂੰ ਤੋੜਿਆ ਜਾ ਰਿਹਾ ਹੈ। ਲੈਨਿਨ ਦੀ ਮੂਰਤੀ ਦਾ ਟੁੱਟਣਾ ਮਿਹਨਤਕਸ਼ ਜਨਤਾ ਲਈ ਵੱਡੀ ਚਣੌਤੀ ਹੈ। ਅਸੀਂ ਆਸ ਕਰਦੇ ਹਾਂ ਕਿ ਮਿਹਨਤਕਸ਼ ਜਨਤਾ ਇਸ ਚੁਣੌਤੀ ਦਾ ਸਾਹਮਣਾ ਕਰਕੇ ਫਾਸ਼ੀਵਾਦੀ ਮਨਸੂਬਿਆਂ ਨੂੰ ਹਾਰ ਦੇਵੇਗੀ।

**- ਚੰਦ ਫਤਿਹਪੁਰੀ**

# ਪੰਜਾਬੀਆਂ ਨੂੰ ਭਾਜਪਾ ਦੇ ਮਨਸੂਬਿਆਂ ਤੋਂ ਸੁਚੇਤ ਹੋਣ ਦੀ ਲੋੜ


ਮੰਗਤ ਰਾਮ ਪਾਸਲਾ

ਪੰਜਾਬ ਦੇ ਜਾਇਆਂ ਨੇ ਜ਼ੁਲਮੀ ਸਥਾਪਤੀ ਤੇ ਜਾਬਰ ਹੁਕਮਰਾਨਾਂ ਨੂੰ ਸਦਾ ਅੱਖਾਂ 'ਚ ਅੱਖਾਂ ਪਾ ਕੇ ਵੰਗਾਰਿਆ ਹੈ। ਇੰਝ, ਨਾਬਰੀ ਦੇ ਆਪਣੇ ਸੁਭਾਅ ਸਦਕਾ, ਇਸ ਖਿੱਤੇ ਦੇ ਅਣਖੀ ਲੋਕਾਂ ਨੇ ਜਿੱਤਾਂ-ਹਾਰਾਂ ਦੇ ਬੇਸ਼ੁਮਾਰ ਕੌੜੇ-ਮਿੱਠੇ ਤਜਰਬੇ ਹੱਡੀਂ ਹੰਢਾਏ ਹਨ, ਪ੍ਰੰਤੂ ਇਨ੍ਹਾਂ ਨੇ ਜ਼ਾਲਮਾਂ ਸਾਹਮਣੇ ਕਦੀ ਵੀ ਗੋਡੇ ਨਹੀਂ ਟੇਕੇ। ਪੰਜਾਬੀਆਂ ਨੇ ਨਾ ਤਾਂ ਕਦੇ ਔਖੀਆਂ ਘੜੀਆਂ 'ਚ ਹਿੰਮਤ ਹਾਰੀ ਹੈ ਤੇ ਨਾ ਅਨਿਆਂ ਖਿਲਾਫ਼ ਜੂਝਣ ਦਾ ਆਪਣਾ ਜਜ਼ਬਾ ਹੀ ਕਦੀ ਮੱਠਾ ਪੈਣ ਦਿੱਤਾ ਹੈ। ਆਜ਼ਾਦੀ ਸੰਗਰਾਮ ਦੌਰਾਨ ਅੰਗਰੇਜ਼ ਸਾਮਰਾਜੀਆਂ ਵਿਰੁੱਧ ਜੂਝਣ ਦੀਆਂ ਇਨ੍ਹਾਂ ਦੀਆਂ ਮਾਣਮੱਤੀਆਂ ਮਿਸਾਲਾਂ ਤੋਂ ਉਕਤ ਸਾਰੇ ਗੁਣਾਂ ਦਾ ਪ੍ਰਮਾਣ ਬਾਖੂਬੀ ਮਿਲ ਜਾਂਦਾ ਹੈ। ਫਾਂਸੀ ਚੜ੍ਹਨ ਵਾਲੇ, ਬਸਤੀਵਾਦੀ ਅੰਗ੍ਰੇਜ਼ੀ ਹਾਕਮਾਂ ਦੀ ਫੌਜ-ਪੁਲਸ ਦੀਆਂ ਗੋਲੀਆਂ ਦੀ ਬੁਛਾੜ ਸਾਹਮਣੇ ਦੇਸ਼ ਪ੍ਰੇਮ ਦੇ ਨਾਅਰੇ ਬੁਲੰਦ ਕਰਦੇ ਹੋਏ ਹਿੱਕਾਂ ਡਾਹੁਣ ਤੇ ਜਾਨਾਂ ਵਾਰਨ ਵਾਲੇ, ਸਾਰੀ-ਸਾਰੀ ਉਮਰ ਜੇਲ੍ਹ ਦੀਆਂ ਕਾਲ-ਕੋਠੜੀਆਂ 'ਚ ਬਿਤਾਉਣ ਵਾਲੇ, ਜਾਇਦਾਦਾਂ ਕੁਰਕ ਕਰਾਉਣ ਵਾਲੇ ਤੇ ਹੋਰ ਹਰ ਤਰ੍ਹਾਂ ਦੇ ਤਸੀਹੇ ਝੱਲਣ ਵਾਲੇ ਪੰਜਾਬੀ ਯੋਧਿਆਂ ਦੇ ਨਾਵਾਂ ਦੀ ਅਮੁੱਕ ਸੂਚੀ ਹੈ। ਆਜ਼ਾਦੀ ਦੀ ਪ੍ਰਾਪਤੀ ਤੋਂ ਪਿੱਛੋਂ ਵੀ ਰੰਗ-ਬਿਰੰਗੀਆਂ ਕੇਂਦਰੀ ਤੇ ਪ੍ਰਾਂਤਕ ਸਰਕਾਰਾਂ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਖਾੜਕੂ ਘੋਲਾਂ ਦੀ ਅਗਵਾਈ ਕਰਦਿਆਂ ਸਿਰਜਿਆ ਗਿਆ ਮਾਣਮੱਤਾ ਇਤਿਹਾਸ ਸਾਰੇ ਪੰਜਾਬੀਆਂ ਦੀ ਸਾਂਝੀ ਮਲਕੀਅਤ ਹੈ। ਪੰਜਾਬੀ ਕਿਸਾਨਾਂ ਨੇ, ਦੇਸ਼ ਦੀ ਕਿਸਾਨੀ ਤੇ ਹੋਰ ਮਿਹਨਤੀ ਤਬਕਿਆਂ ਦੇ ਸਹਿਯੋਗ ਨਾਲ ਖੇਤੀ-ਕਿਸਾਨੀ ਨੂੰ ਦੇਸੀ-ਵਿਦੇਸ਼ੀ ਕਾਰਪੋਰੇਟਾਂ ਦੇ ਹਵਾਲੇ ਕਰਨ ਲਈ ਮੋਦੀ ਸਰਕਾਰ ਵੱਲੋਂ ਘੜੇ 'ਤਿੰਨ ਕਾਲੇ ਖੇਤੀ ਕਾਨੂੰਨ' ਰੱਦ ਕਰਾਉਣ ਲਈ ਦਿੱਲੀ ਦੀਆਂ ਬਰੂਹਾਂ 'ਤੇ ਇਕ ਸਾਲ ਤੋਂ ਵੀ ਜ਼ਿਆਦਾ ਸਮਾਂ ਸ਼ਾਂਤੀ-ਪੂਰਵਕ ਤੇ ਬਾਜ਼ਾਬਤਾ ਘੋਲ ਲੜਿਆ ਅਤੇ ਆਨ-ਬਾਨ-ਸ਼ਾਨ ਨਾਲ ਜਿੱਤਿਆ ਹੈ। ਇਸ ਜੇਤੂ ਘੋਲ ਨੇ ਉਕਤ ਜਨਤਕ ਸੰਘਰਸ਼ਾਂ ਦੀ ਖੂਬਸੂਰਤ ਮਾਲਾ 'ਚ ਇਕ ਖਿੱਚ ਪਾਊ ਨਗੀਨਾ ਹੋਰ ਜੜ ਦਿੱਤਾ ਹੈ।

ਐਪਰ, ਪੰਜਾਬੀਆਂ ਦੇ ਸੁਭਾਅ ਦਾ ਇਕ ਚਿੰਤਾਜਨਕ ਪਹਿਲੂ ਵੀ ਹੈ। ਪੰਜਾਬੀ, ਖਾਸ ਕਰਕੇ ਨੌਜਵਾਨ, ਕਈ ਵਾਰ ਸਿੱਖ ਧਰਮ ਪ੍ਰਤੀ ਅਥਾਹ ਸ਼ਰਧਾ ਤੇ ਆਪਣੀ ਉਪਭਾਵੁਕ ਸੋਚ ਕਾਰਨ, ਬਿਨਾਂ ਸੋਚ-ਵਿਚਾਰ ਕੀਤਿਆਂ ਹੀ ਹਾਕਮ ਜਮਾਤਾਂ ਦੇ ਚੱਕਰਵਿਊ 'ਚ ਫਸ ਜਾਂਦੇ ਹਨ। ਸਿੱਖ ਧਰਮ ਪ੍ਰਤੀ ਆਸਥਾ ਨਾਲ ਜੁੜੇ ਮੁੱਦਿਆਂ ਬਾਬਤ ਸਿੱਖ ਜਨ ਸਮੂਹ ਕੁਝ ਵਧੇਰੇ ਹੀ ਭਾਵੁਕ ਪ੍ਰਤੀਕ੍ਰਿਆ ਦਿੰਦੇ ਹਨ ਤੇ ਮਨਾਂ 'ਚ ਚਿਤਵੇ ਦੁਸ਼ਮਣ ਵਿਰੁੱਧ ਸੜਕਾਂ 'ਤੇ ਨਿਕਲ ਤੁਰਦੇ ਹਨ। ਇਸੇ ਕਰਕੇ ਸਰਕਾਰਾਂ ਤੇ ਇਨ੍ਹਾਂ ਦੀਆਂ ਸੂਹੀਆਂ ਏਜੰਸੀਆਂ ਸੂਰਮੇ ਪ੍ਰੰਤੂ ਭੋਲੇ-ਭਾਲੇ ਪੰਜਾਬੀਆਂ ਨੂੰ ਯੋਜਨਾਬੱਧ ਢੰਗ ਨਾਲ ਕੁਰਾਹੇ ਪਾਉਣ 'ਚ ਅਨੇਕਾਂ ਵਾਰ ਸਫਲ ਵੀ ਹੋਈਆਂ ਹਨ । ਇਸ ਜਜ਼ਬਾਤੀ ਪਹੁੰਚ ਦਾ ਸਾਰੇ ਪੰਜਾਬੀਆਂ, ਖਾਸ ਕਰਕੇ ਸਿੱਖ ਜਨ ਸਮੂਹਾਂ ਨੂੰ ਬੜਾ ਨੁਕਸਾਨ ਝੱਲਣਾ ਪਿਆ ਹੈ। ਪੰਜਾਬ ਦੇ ਕਾਲੇ ਦੌਰ ਚ ਜਦੋਂ ਕੋਈ ਬੇਗੁਨਾਹ ਨੌਜਵਾਨ ਪੁਲਸ ਦੀਆਂ ਗੋਲੀਆਂ ਨਾਲ ਮਾਰ-ਮੁਕਾਇਆ ਜਾਂਦਾ ਸੀ, ਤਾਂ ਸਮੁੱਚੇ ਪੰਜਾਬੀ ਸਮਾਜ ਅੰਦਰ ਪੀੜਾਂ ਦੀ ਤਿੱਖੀ ਝਰਨਾਟ ਛਿੜ ਜਾਂਦੀ ਸੀ । ਇਸ ਭਟਕਣ ਲਈ ਇਸ ਖਿੱਤੇ ਦੀਆਂ ਅਗਾਂਹਵਧੂ ਤੇ ਆਪਾਵਾਰੂ ਰਵਾਇਤਾਂ ਅਤੇ ਭਗਤੀ ਲਹਿਰ ਦੀਆਂ ਵੱਡਮੁੱਲੀਆਂ ਪ੍ਰੰਪਰਾਵਾਂ 'ਤੇ ਅਮਲ ਕਰਨ ਵਾਲੀ ਸਮੁੱਚੀ ਮਾਨਵਤਾ ਦੇ ਕਲਿਆਣ ਲਈ ਪ੍ਰਤੀਬੱਧ ਸਿਆਸੀ ਜਥੇਬੰਦੀ ਦੀ ਘਾਟ ਸਪਸ਼ਟ ਨਜ਼ਰ ਆਉਂਦੀ ਹੈ। ਨਾਲ ਹੀ ਸਪੱਸ਼ਟ ਨਿਸ਼ਾਨੇ ਦੀ ਪ੍ਰਾਪਤੀ ਲਈ ਸਮੇਂ ਦੀ ਹਾਣੀ ਤੇ ਦਰੁਸਤ ਯੁੱਧਨੀਤੀ ਅਤੇ ਦਾਅਪੇਚਾਂ ਦੀ ਅਣਹੋਂਦ ਕਾਰਨ ਵੀ ਹਕੂਮਤ ਦੇ ਹੱਥਠੋਕੇ ਸੁਆਰਥੀ ਤੱਤ ਆਮ ਲੋਕਾਂ ਦੇ ਵੱਡੇ ਹਿੱਸੇ ਨੂੰ ਗੁੰਮਰਾਹ ਕਰਕੇ ਕੁਰਾਹੇ ਪਾਉਣ 'ਚ ਅਕਸਰ ਹੀ ਸਫਲ ਹੋ ਜਾਂਦੇ ਹਨ। ਇਸੇ ਸਦਕਾ ਸਰਕਾਰੀ ਏਜੰਸੀਆਂ ਤੇ ਇਨ੍ਹਾਂ ਦੇ ਪਾਲੇ ਸੱਤਾ ਤੇ ਧਨ ਦੇ ਲੋਭੀ-ਲਾਲਚੀ ਅਨਸਰਾਂ ਦੀ ਖੱਚਰ-ਖੇਡ ਕਾਰਨ ਪੰਜਾਬੀਆਂ ਨੂੰ ਜਨਤਕ ਲਹਿਰਾਂ ਦੇ ਬਲਬੂਤੇ ਜਿੱਤਾਂ ਦਾ ਮੂੰਹ ਦੇਖਣਾ ਨਸੀਬ ਨਹੀਂ ਹੁੰਦਾ। ਨਿਮਰਤਾ, ਤਿਆਗ ਤੇ ਹਰ ਸਮੇਂ ਕੁਝ ਨਾ ਕੁਝ ਸਿੱਖਣ ਦੀ ਤਾਂਘ ਦੀ ਥਾਂ ਆਪਣੇ ਆਪ ਨੂੰ ਸਰਵਕਲਾ ਸੰਪੂਰਨ ਸਮਝਣ ਦੀ ਭੁੱਲ ਕਰਨ ਵਾਲੇ ਅਤੇ ਵੱਖੋ-ਵੱਖ ਧਰਮਾਂ ਨੂੰ ਮੰਨਣ ਵਾਲੇ ਪੰਜਾਬੀਆਂ ਦਰਮਿਆਨ ਇਕ-ਦੂਜੇ ਪ੍ਰਤੀ ਬੇਵਿਸਾਹੀ ਪੈਦਾ ਕਰਨ ਵਾਲੇ ਲੋਕ ਵੀ ਅਤੀਤ 'ਚ ਪੰਜਾਬੀਆਂ ਨਾਲ ਵਾਪਰੇ ਡੂੰਘੇ ਦੁਖਾਂਤਾਂ ਦੇ ਦੋਸ਼ੀ ਹਨ।

ਜੇਕਰ ਆਪ-ਮੁਹਾਰੇ ਜਾਂ ਅਣਜਾਣਪੁਣੇ 'ਚ ਬੀਤੇ ਦੀਆਂ ਗਲਤੀਆਂ ਨੂੰ ਇਕ ਪਾਸੇ ਵੀ ਰੱਖ ਦੇਈਏ ਤਾਂ ਵੀ ਸੂਬੇ ਦੀ ਅਜੋਕੀ ਗੰਭੀਰ ਸਥਿਤੀ ਦਾ ਪੂਰਾ ਅਹਿਸਾਸ ਅਜੇ ਤਾਈਂ ਨਾ ਤਾਂ ਪ੍ਰਾਂਤ ਦੇ ਸਿਆਸੀ ਦਲਾਂ ਨੂੰ ਹੈ ਤੇ ਨਾ ਹੀ ਸਭਨਾਂ ਪੰਜਾਬੀਆਂ ਨੂੰ। ਪੰਜਾਬ ਵਿਰੋਧੀ ਸ਼ਕਤੀਆਂ, ਜਿਵੇਂ ਇਸ ਧਰਤੀ ਦੀ ਵਿਲੱਖਣ ਪਛਾਣ ਬਣ ਚੁੱਕੀ ਸ੍ਰੀ ਗੁਰੂ ਗ੍ਰੰਥ ਸਾਹਿਬ 'ਚ ਦਰਜ ਮਾਨਵੀ ਸਰੋਤਾਂ ਨਾਲ ਭਰਪੂਰ ਬਾਣੀ, ਭਗਤੀ ਲਹਿਰ ਦੇ ਮਹਾਪੁਰਖ਼ਾਂ ਦੀਆਂ ਮੁੱਲਵਾਨ ਸਿੱਖਿਆਵਾਂ ਤੇ ਆਜ਼ਾਦੀ ਸੰਗਰਾਮ ਦੇ ਯੋਧਿਆਂ ਵੱਲੋਂ ਸਿਰਜੇ ਕੁਰਬਾਨੀਆਂ ਭਰੇ ਇਤਿਹਾਸ ਨਾਲ ਖਿਲਵਾੜ ਕਰਨ ਲਈ ਬਜ਼ਿਦ ਹਨ, ਉਹ ਸਾਡੇ ਸਭਨਾਂ ਲਈ ਡਾਢੀ ਚਿੰਤਾ ਦਾ ਵਿਸ਼ਾ ਹੈ । ਆਰ ਐੱਸ ਐੱਸ ਦੀ ਕਠਪੁਤਲੀ ਭਾਜਪਾ ਪੰਜਾਬ ਦੀ ਰਾਜਸੱਤਾ 'ਤੇ ਕਬਜ਼ਾ ਕਰਨ ਲਈ ਸਾਮ-ਦਾਮ-ਦੰਡ-ਭੇਦ ਦੇ ਨਖਿੱਧ ਫਾਰਮੂਲੇ ਸਮੇਤ ਹਰ ਨਾਪਾਕ ਹਰਬਾ ਵਰਤ ਰਹੀ ਹੈ। ਮੋਦੀ ਸਰਕਾਰ ਨੇ ਇਨਕਮ ਟੈਕਸ ਵਿਭਾਗ ਅਤੇ ਈ ਡੀ ਤੇ ਸੀ ਬੀ ਆਈ ਆਦਿ ਕੇਂਦਰੀ ਏਜੰਸੀਆਂ ਦੀ ਵਿਰੋਧੀ ਧਿਰਾਂ ਖਿਲਾਫ ਦੁਰਵਰਤੋਂ ਦੇ ਪਿਛਲੇ ਸਾਰੇ ਰਿਕਾਰਡ ਮਾਤ ਪਾ ਦਿੱਤੇ ਹਨ । ਏਜੰਸੀਆਂ ਦਾ ਡਰਾਵਾ ਦੇ ਕੇ ਭਾਜਪਾ ਦਾ ਪੱਲਾ ਫੜਨ ਲਈ ਮਜਬੂਰ ਕੀਤੇ ਜਾਣ ਜਾਂ ਝੂਠੇ ਕੇਸਾਂ ਅਧੀਨ ਜੇਲ੍ਹੀਂ ਡੱਕੇ ਜਾਣ ਦਾ ਅਸਾਧਾਰਨ ਸਿਲਸਿਲਾ ਹੁਣ ਬਹੁਤ ਹੀ ਸਧਾਰਨ ਵਰਤਾਰਾ ਬਣ ਗਿਆ ਹੈ। ਸੱਤਾ ਤੇ ਧਨ ਦੇ ਲੋਭ-ਲਾਲਚ ਨਾਲ ਦਲ-ਬਦਲੀ ਕਰਾਉਣਾ ਭਾਜਪਾ ਦੀ 'ਨਿਵੇਕਲੀ ਪਛਾਣ' ਬਣ ਗਿਆ ਹੈ।

ਪੰਜਾਬ ਦੇ ਡੇਰਿਆਂ ਤੇ ਹੋਰ ਧਾਰਮਿਕ ਸੰਪਰਦਾਵਾਂ ਦੇ ਮੁਖੀਆਂ, ਇੱਥੋਂ ਤੱਕ ਕਿ ਸਿੱਖਾਂ ਦੇ ਸਰਵ ਉਚ ਧਾਰਮਿਕ ਤੇ ਸਿਆਸੀ ਮੁਕਾਮ ਸ੍ਰੀ ਅਕਾਲ ਤਖਤ ਸਾਹਿਬ ਦੇ ਕੰਮ-ਕਾਜ ਤੇ ਕਾਰਜਸ਼ੈਲੀ 'ਚ ਵੀ ਆਰ ਐੱਸ ਐੱਸ ਤੇ ਮੋਦੀ ਸਰਕਾਰ ਦੀ ਦਖ਼ਲਅੰਦਾਜ਼ੀ ਹੁਣ ਸਪੱਸ਼ਟ ਨਜ਼ਰ ਆਉਣ ਲੱਗ ਪਈ ਹੈ। 'ਆਪ' ਦੇ ਸੱਤ ਰਾਜ ਸਭਾ ਮੈਂਬਰਾਂ, ਜਿਨ੍ਹਾਂ 'ਚੋਂ ਛੇ ਅਨੈਤਿਕ ਢੰਗਾ ਨਾਲ ਪੰਜਾਬ ਚੋਂ ਚੁਣੇ ਗਏ ਸਨ, ਨੇ ਜਿਵੇਂ ਰਾਤੋ-ਰਾਤ ਪਾਲਾ ਬਦਲ ਕੇ ਭਾਜਪਾ ਦਾ ਪੱਲਾ ਫੜਿਆ ਹੈ, ਉਹ ਹੈਰਾਨਕੁੰਨ ਤਾਂ ਹੈ ਹੀ , ਭਾਰਤੀ ਰਾਜਨੀਤੀ 'ਚ ਆਈ ਸਿਰੇ ਦੀ ਗਿਰਾਵਟ ਦਾ ਭੱਦਾ ਪ੍ਰਗਟਾਵਾ ਵੀ ਹੈ। ਉਂਝ ਨਾ ਤਾਂ ਉਹ ਸਾਂਸਦ 'ਆਪ' 'ਚ ਰਹਿੰਦਿਆਂ ਹੀ ਕਦੀ ਲੋਕਾਂ ਦੇ ਸੇਵਾਦਾਰਾਂ ਵਜੋਂ ਵਿਚਰੇ ਸਨ ਤੇ ਨਾ ਹੀ ਭਾਜਪਾ ਦਾ ਮੁਕਟ ਪਹਿਨ ਕੇ ਉਨ੍ਹਾਂ ਹੁਣ ਜਨ-ਸੇਵਾ ਕਰਨ ਪੱਖੋਂ ਕੋਈ ਵੱਡੀ ਮੱਲ ਮਾਰਨੀ ਹੈ।

ਪਿਛਾਖੜੀ ਸਨਾਤਨੀ ਵਿਚਾਰਧਾਰਾ, ਜਾਤੀਵਾਦੀ ਤੇ ਲਿੰਗਕ ਜਬਰ-ਵਿਤਕਰੇ ਨੂੰ ਸੰਸਥਾਗਤ ਬਣਾਉਂਦੀ ਮਨੂੰਵਾਦੀ ਸਮਾਜ ਵਿਵਸਥਾ ਅਤੇ ਆਰਥਿਕ ਨਾ-ਬਰਾਬਰੀ ਦੇ ਲੋਟੂ ਸਿਧਾਂਤ ਦੀ ਆਲੰਬਰਦਾਰ ਅਤੇ ਭਾਰਤੀ ਸੰਵਿਧਾਨ ਤੇ ਦੇਸ਼ ਦੇ ਜਮਹੂਰੀ, ਧਰਮ ਨਿਰਪੱਖ, ਫੈਡਰਲ ਢਾਂਚੇ ਦਾ ਭੋਗ ਪਾਉਣ ਲਈ ਤਿਆਰ-ਬਰ-ਤਿਆਰ ਬੈਠੀ ਭਾਜਪਾ ਦੇ ਹਕੀਕੀ ਕਿਰਦਾਰ ਤੇ ਇਸ ਦੇ ਫਿਰਕੂ-ਫਾਸ਼ੀ ਏਜੰਡੇ ਬਾਰੇ ਜ਼ਿਆਦਾਤਰ ਕਾਂਗਰਸੀ ਨੇਤਾਵਾਂ, ਅਕਾਲੀ ਦਲ ਦੇ ਵੱਖੋ-ਵੱਖ ਧੜਿਆਂ ਤੇ 'ਆਪ' ਦੇ ਆਗੂਆਂ ਦੇ ਮਨਾਂ 'ਚੋਂ ਕੋਈ ਨਫ਼ਰਤ ਜਾਂ ਵਿਰੋਧ ਉੱਕਾ ਹੀ ਨਹੀਂ ਦਿੱਸਦਾ। ਇਨ੍ਹਾਂ ਰਾਜਸੀ ਦਲਾਂ ਦੇ ਬਹੁਤੇ ਆਗੂ ਤਾਂ ਭਾਜਪਾ 'ਚ ਸ਼ਾਮਿਲ ਹੋਣ ਲਈ ਸਿਰਫ ਇਕ ਸਤਰ ਦੀ ਚਿੱਠੀ ਹੀ ਉਡੀਕ ਰਹੇ ਹਨ, ਤਾਂ ਜੋ ਉਹ ਬਿਨਾਂ ਦੇਰੀ ਛੜੱਪਾ ਮਾਰ ਕੇ 'ਭਗਵਾਧਾਰੀ ਕੁਕਰਮੀਆਂ' ਦੇ ਟੋਲੇ 'ਚ ਜਾ ਰਲਣ। ਦੇਸ਼ ਤੇ ਪੰਜਾਬ 'ਚ ਭਾਜਪਾ ਦਾ ਵਿਰੋਧ ਕਰਨ ਵਾਲੀ ਸਭ ਤੋਂ ਵੱਡੀ ਰਾਜਸੀ ਧਿਰ ਕਾਂਗਰਸ ਆਰ ਐੱਸ ਐੱਸ ਦਾ ਵਿਚਾਰਧਾਰਕ ਵਿਰੋਧ ਕਰਨ ਪੱਖੋਂ ਬੜੀ ਹੀ ਅਵੇਸਲੀ ਤੇ ਲਾਪਰਵਾਹ ਦਿਸ ਰਹੀ ਹੈ। ਪਾਰਟੀ ਅੰਦਰਲੀ ਭਿਅੰਕਰ ਧੜੇਬੰਦੀ ਕਾਂਗਰਸ ਦੀ ਵੱਡੀ ਤੇ ਗੰਭੀਰ ਕਮਜ਼ੋਰੀ ਬਣ ਚੁੱਕੀ ਹੈ। ਕਾਂਗਰਸੀ ਨੇਤਾ, ਭਾਜਪਾ ਨੇਤਾਵਾਂ ਦੇ ਵਿਰੁੱਧ ਸਿਰਫ ਨਿੱਜੀ ਹਮਲਿਆਂ ਤੱਕ ਹੀ ਸੀਮਤ ਹਨ । ਇਹ ਭੱਦਰ ਪੁਰਸ਼ ਸੰਘ-ਭਾਜਪਾ ਦੇ ਵਿਚਾਰਧਾਰਕ ਵਿਰੋਧ ਦਾ ਖਤਰਾ ਸਹੇੜ ਕੇ ਸ਼ਾਇਦ ਭਾਜਪਾ ਚ ਸ਼ਾਮਲ ਹੋਣ ਦਾ 'ਸੁਨਹਿਰੀ ਮੌਕਾ' ਹੱਥੋਂ ਨਾ ਹੀ ਗੁਆਉਣਾ ਚਾਹੁੰਦੇ ਹੋਣ!

ਸਿੱਖ ਵਿਦਵਾਨਾਂ ਤੇ ਪੰਜਾਬ ਦੇ ਬੁੱਧੀਜੀਵੀਆਂ ਦਾ ਚੋਖਾ ਹਿੱਸਾ ਵੀ ਸਿਧਾਂਤਕ ਪੇਤਲੇ ਪਣ ਕਰਕੇ ਜਾਂ ਕਿਸੇ ਲਾਲਚ ਅਧੀਨ ਆਰ.ਐਸ.ਐਸ.-ਭਾਜਪਾ ਦਾ ਸਿੱਧਾ-ਅਸਿੱਧਾ ਹਮਾਇਤੀ ਬਣਿਆ ਬੈਠਾ ਹੈ ਅਤੇ ਵਿਚਾਰਧਾਰਕ ਪੱਖ ਤੋਂ ਸੰਘ ਵੱਲੋਂ ਦਰਪੇਸ਼ ਖਤਰਿਆਂ ਤੋਂ ਜਨ ਸਮੂਹਾਂ ਨੂੰ ਖ਼ਬਰਦਾਰ ਨਹੀਂ ਕਰ ਰਿਹਾ । ਜੇਕਰ ਅਸੀਂ ਪੰਜਾਬ ਦਾ ਭਲਾ ਚਾਹੁੰਦੇ ਹਾਂ ਤਾਂ ਸਾਰੇ ਗੈਰ-ਭਾਜਪਾ ਦਲਾਂ ਨੂੰ ਇਕਜੁੱਟ ਹੋ ਕੇ ਫਿਰਕੂ-ਫਾਸ਼ੀ ਤਾਕਤਾਂ ਨੂੰ ਭਾਂਜ ਦੇਣ ਲਈ ਲੋਕ ਘੋਲਾਂ ਦੇ ਮੈਦਾਨ 'ਚ ਨਿੱਤਰਨਾ ਹੋਵੇਗਾ। ਇਸ ਕਾਰਜ ਦੀ ਸਫਲਤਾ ਲਈ 2014 ਤੋਂ ਪਹਿਲਾਂ ਦੀਆਂ ਕਾਂਗਰਸੀ ਜਾਂ ਹੋਰਨਾਂ ਸਰਕਾਰਾਂ ਦੇ ਪੋਤੜੇ ਫਰੋਲਣ ਦਾ ਸਮਾਂ ਹੁਣ ਨਹੀਂ ਰਿਹਾ। ਨਾ ਹੀ ਇਸ ਪਰਖ-ਪੜਤਾਲ ਦੇ ਆਧਾਰ 'ਤੇ ਨੀਤੀ-ਪੈਂਤੜਾ ਘੜਨ ਦਾ ਅੱਜ ਕੋਈ ਲਾਭ ਹੋਵੇਗਾ । ਪੰਜਾਬ ਅੰਦਰ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਦੇ ਮਿਸ਼ਨਰੀ ਪੈਰੋਕਾਰਾਂ ਦੀ ਬੜੀ ਵੱਡੀ ਗਿਣਤੀ ਹੈ, ਪ੍ਰੰਤੂ ਅਫਸੋਸ ਇਸ ਗੱਲ ਦਾ ਹੈ ਕਿ ਚੰਦ ਕੁ ਆਗੂਆਂ ਤੇ ਸੋਚਵਾਨ ਦਾਨਿਸ਼ਮੰਦਾਂ ਨੂੰ ਛੱਡ ਕੇ ਦਲਿਤ ਵਰਗ ਨਾਲ ਸੰਬੰਧਤ ਜ਼ਿਆਦਾਤਰ ਨੇਤਾਵਾਂ ਤੇ ਬਾਬਾ ਸਾਹਿਬ ਦੇ ਪੈਰੋਕਾਰਾਂ ਦੇ ਮਨਾਂ ਚ ਆਰ ਐੱਸ ਐੱਸ. ਦੀ ਪਿਛਾਖੜੀ ਸਨਾਤਨੀ ਵਿਚਾਰਧਾਰਾ ਤੇ ਇਸ ਦੇ ਮਨੂੰਵਾਦੀ-ਹਿੰਦੂਤਵੀ ਰਾਸ਼ਟਰ ਕਾਇਮ ਕਰਨ ਦੇ ਘਾਤਕ ਏਜੰਡੇ ਦੇ ਗੰਭੀਰ ਖਤਰਿਆਂ ਬਾਰੇ ਲੋੜੀਂਦੀ ਚੇਤਨਾ ਦੀ ਬੜੀ ਰੜਕਵੀਂ ਘਾਟ ਹੈ। ਉਹ ਸੰਘ-ਭਾਜਪਾ ਦੀ ਪੰਜਾਬ 'ਚ ਸੱਤਾਧਾਰੀ ਬਣਨ ਦੀ ਯੋਜਨਾ ਫੇਲ੍ਹ ਕਰਨ ਲਈ ਲੋੜੀਂਦੀ ਚੌਕਸੀ ਤੇ ਤਤਪਰਤਾ ਨਹੀਂ ਦਿਖਾ ਰਹੇ। ਬਸਪਾ ਦੇ ਇਕੱਲਿਆਂ ਚੋਣ ਲੜ ਕੇ ਸੂਬੇ 'ਚ ਸੱਤਾਧਾਰੀ ਬਣਨ ਦੇ ਹਵਾਈ ਦਾਅਵੇ ਭਾਜਪਾ ਵਿਰੋਧੀ ਪੈਂਤੜੇ ਪੱਖੋਂ ਇਸ ਦੀ ਸਿਰੇ ਦੀ ਗੈਰ-ਸੰਜੀਦਗੀ ਨੂੰ ਹੀ ਰੂਪਮਾਨ ਕਰਦੇ ਹਨ । ਡਾਕਟਰ ਅੰਬੇਡਕਰ ਦੀ ਸਮਾਨਤਾਵਾਦੀ ਸੋਚ, ਸ਼ਹੀਦ-ਇ-ਆਜ਼ਮ ਭਗਤ ਸਿੰਘ ਤੇ ਸਾਥੀਆਂ ਦੀ ਇਨਕਲਾਬੀ ਵਿਚਾਰਧਾਰਾ ਅਸਾਥੋਂ ਇਹ ਮੰਗ ਕਰਦੀ ਹੈ ਕਿ ਪੰਜਾਬ ਦੇ ਅਜੋਕੇ ਸਿਆਸੀ ਮਾਹੌਲ ਅੰਦਰ ਆਰ ਐੱਸ ਐੱਸ ਦੇ ਸਿਆਸੀ ਵਿੰਗ ਭਾਜਪਾ ਨੂੰ ਕੇਂਦਰੀ ਸੱਤਾ ਤੋਂ ਲਾਂਭੇ ਕੀਤਾ ਜਾਵੇ ਤੇ ਇਸ ਨੂੰ ਪੰਜਾਬ 'ਚ ਪੈਰ ਨਾ ਪਸਾਰਨ ਦਾ ਮੌਕਾ ਹਰਗਿਜ਼ ਨਾ ਦਿੱਤਾ ਜਾਵੇ । ਭਾਜਪਾ ਜੇਕਰ ਇਕ ਵਾਰ ਪੰਜਾਬ ਦੀ ਸੱਤਾ 'ਤੇ ਕਾਬਜ਼ ਹੋ ਗਈ ਤਾਂ ਸਾਡੇ ਪ੍ਰਾਂਤ ਦੀਆਂ ਮਾਨਵੀ ਪ੍ਰੰਪਰਾਵਾਂ ਤੇ ਕੁਰਬਾਨੀਆਂ ਭਰੀ ਵਿਰਾਸਤ ਲਾਜ਼ਮੀ ਵੱਡੇ ਖਤਰਿਆਂ 'ਚ ਘਿਰ ਜਾਵੇਗੀ। ਪੱਛਮੀ ਬੰਗਾਲ 'ਚ ਟੀ ਐੱਮ ਸੀ ਤੇ ਖੱਬੇ ਪੱਖੀਆਂ ਨੂੰ ਹਰਾਉਣ ਪਿੱਛੋਂ ਭਾਜਪਾਈਆਂ ਦਾ ਅਗਲਾ ਨਿਸ਼ਾਨਾ ਹੁਣ ਪੰਜਾਬ ਨੂੰ ਸਰ ਕਰਨਾ ਹੈ।

ਕੇਂਦਰੀ ਏਜੰਸੀਆਂ ਤੇ ਇਨ੍ਹਾਂ ਦੇ ਸ਼ਿਸ਼ਕਾਰੇ ਕੱਟੜਪੰਥੀ ਤੇ ਸ਼ਰਾਰਤੀ ਤੱਤ ਵੱਖੋ-ਵੱਖ ਹਿੰਸਕ ਕਾਰਵਾਈਆਂ ਤੇ ਭੜਕਾਊ ਐਲਾਨਾਂ-ਬਿਆਨਾਂ ਰਾਹੀਂ 'ਖਾਲਿਸਤਾਨ' ਕਾਇਮ ਕਰਨ ਦਾ ਖਤਰਨਾਕ ਬਿਰਤਾਂਤ ਸਿਰਜ ਰਹੇ ਹਨ। ਇਹ ਖਰੂਦੀ ਗਰੋਹ ਦਰਅਸਲ ਆਪਣੇ ਇਸ ਸ਼ੱਕੀ ਕਾਰ-ਵਿਹਾਰ ਤੇ ਨਫਰਤੀ ਬੋਲ-ਬਾਣੀ ਰਾਹੀਂ 'ਹਿੰਦੂ ਰਾਸ਼ਟਰ' ਕਾਇਮ ਕਰਨ ਦੇ ਆਰ ਐੱਸ ਐੱਸ ਦੇ ਕੋਝੇ ਨਿਸ਼ਾਨੇ ਦੀ ਪੂਰਤੀ 'ਚ ਸਹਾਈ ਬਣ ਰਹੇ ਹਨ। ਕਿਸੇ ਵੀ ਕਿਸਮ ਦੇ ਲੋਭ-ਲਾਲਚ ਤੋਂ ਮੁਕਤ ਅਨੇਕਾਂ ਭਾਵੁਕ ਤੇ ਇਮਾਨਦਾਰ ਲੋਕ ਨਿਰਅਧਾਰ ਪ੍ਰਚਾਰ ਦੇ ਪ੍ਰਭਾਵ ਹੇਠ ਹੀ ਉਪਰੋਕਤ ਕੁਕਰਮਾਂ ਦੇ ਭਾਗੀਦਾਰ ਵੀ ਬਣ ਜਾਂਦੇ ਹਨ। ਬੇਸ਼ੁਮਾਰ ਲੋਕ ਅਜਿਹੇ ਵੀ ਹਨ, ਜੋ ਅਨੇਕ ਕਿਸਮਾਂ ਦੇ ਲਾਲਚਾਂ ਤਹਿਤ ਇਸ ਖਤਰਨਾਕ ਛੜਯੰਤਰ ਦੇ ਸਹਿਭਾਗੀ ਬਣ ਜਾਂਦੇ ਹਨ। ਪੰਜਾਬ ਦੇ ਨੌਜਵਾਨਾਂ ਨੂੰ ਅਪੀਲ ਹੈ ਕਿ ਉਹ ਕੁਰਾਹੇ ਪੈ ਕੇ ਬੇਲੋੜਾ ਪੁਲਸ ਜਬਰ ਸਹਿਣ ਨਾਲੋਂ ਸ੍ਰੀ ਗੁਰੂ ਨਾਨਕ ਦੇਵ ਜੀ, ਸ੍ਰੀ ਗੁਰੂ ਗੋਬਿੰਦ ਸਿੰਘ ਜੀ, ਸਤਿਗੁਰੂ ਸ੍ਰੀ ਰਵਿਦਾਸ ਜੀ ਤੇ ਹੋਰ ਅਨੇਕਾਂ ਕ੍ਰਾਂਤੀਕਾਰੀਆਂ ਵੱਲੋਂ ਦਿਖਾਏ ਸੱਚ ਦੇ ਮਾਰਗ 'ਤੇ ਤੁਰਦਿਆਂ ਇਸ ਤੋਂ ਕਿਤੇ ਘੱਟ ਕੁਰਬਾਨੀਆਂ ਨਾਲ ਵੀ ਸਮਾਜਿਕ ਤਬਦੀਲੀ ਦੀ ਲਹਿਰ ਨੂੰ ਮਜ਼ਬੂਤ ਕਰਦੇ ਹੋਏ ਲੁੱਟੀ-ਲਤਾੜੀ ਲੋਕਾਈ ਦੀ ਕਿਤੇ ਵਧੇਰੇ ਸਾਰਥਕ ਸੇਵਾ ਕਰ ਸਕਦੇ ਹਨ। ਅਸੀਂ ਆਪਣੇ-ਆਪ ਨੂੰ ਕਦੀ ਵੀ ਵਿਦਵਾਨ ਜਾਂ ਲੋਕਾਂ ਨੂੰ ਰਾਹ ਦਿਖਾਉਣ ਵਾਲੇ ਰਹਿਬਰ ਨਹੀਂ ਸਮਝਦੇ ਤੇ ਨਾ ਅਜਿਹਾ ਦਾਅਵਾ ਕਿਸੇ ਹਕੀਕਤ ਨਾਲ ਮੇਲ ਖਾਂਦਾ ਹੈ । ਪੁਰਾਣੇ ਜ਼ਖ਼ਮ ਛੇੜਨ ਨਾਲੋਂ ਆਪਸੀ ਸੰਵਾਦ ਰਚਾਉਣ ਤੇ ਮਿਲ-ਬੈਠ ਕੇ ਭਵਿੱਖ ਸੰਵਾਰਨ ਵਾਲੀ ਯੋਜਨਾਬੰਦੀ ਕਰਨ ਨਾਲ ਮੌਜੂਦਾ ਦੁਖਦਾਈ ਸਥਿਤੀਆਂ ਤੋਂ ਮੁਕਤੀ ਹਾਸਲ ਕੀਤੀ ਜਾ ਸਕਦੀ ਹੈ। ਪੰਜਾਬ ਨੂੰ ਮੌਜੂਦਾ ਖਤਰਨਾਕ ਸਥਿਤੀ ਤੋਂ ਬਾਹਰ ਕੱਢਣ ਦਾ ਇਹੋ ਇਕ-ਇਕ ਰਾਹ ਹੈ।

**# ਸੰਪਰਕ : 98141-82998**

# ਸਾਈਲੈਂਟ .ਫਰਟੀਲਿਟੀ ਸੰਕਟ ਬਾਰੇ ਵਿਗਿਆਨਕਾਂ ਦੀ ਚੇਤਾਵਨੀ


ਵਿਸ਼ਵਾ ਮਿੱਤਰ

ਸਾਈਲੈਂਟ ਫ਼ਰਟੀਲੀਟੀ ਸੰਕਟ ਤੋਂ ਭਾਵ ਉਹ ਸੰਕਟ ਹੈ, ਜਿਸ ਦਾ ਸਾਨੂੰ ਪਤਾ ਨਹੀਂ ਲਗਦਾ, ਪਰ ਇਸ ਨਾਲ ਇਨਸਾਨੀ ਅਤੇ ਦੂਜੇ ਜੀਵਾਂ ਦੇ ਬੱਚੇ ਪੈਦਾ ਹੋਣੇ ਘਟਣੇ ਸ਼ੁਰੂ ਹੋ ਜਾਣਗੇ ਅਤੇ ਘਟਦੇ-ਘਟਦੇ ਐਨੇ ਘਟ ਜਾਣਗੇ ਕਿ ਬੱਚੇ ਪੈਦਾ ਹੋਣੇ ਹੀ ਰੁਕ ਜਾਣਗੇ, ਜਿਸ ਬਾਰੇ ਵਿਗਿਆਨੀ ਲਗਾਤਾਰ ਚੇਤਾਵਨੀ ਦੇ ਰਹੇ ਹਨ। ਨਸਲਾਂ ਖਤਮ ਹੋ ਜਾਣਗੀਆਂ । ਇਹ ਕਿਸੇ ਹੋਰ ਡਰਾਵਣੀ ਪਿਕਚਰ ਦੀ ਕਹਾਣੀ ਨਹੀਂ, ਬਲਕਿ ਜੇਕਰ ਵੇਲੇ ਸਿਰ ਨਾ ਸੰਭਲਿਆ ਗਿਆ ਤਾਂ ਅਸਲੀਅਤ ਹੋਵੇਗੀ।

ਵਿਗਿਆਨਕਾਂ ਨੇ ਚੇਤਾਵਨੀ ਦਿੱਤੀ ਹੈ ਕਿ ਕੀੜੇਮਾਰ ਦਵਾਈਆਂ, ਪਲਾਸਟਿਕ ਅਤੇ 'ਪੀ ਐੱਫ ਏ ਐੱਸ' ਵਰਗੇ ਰਸਾਇਣ ਮਿਲ ਕੇ ਇਨਸਾਨਾਂ ਅਤੇ ਜਾਨਵਰਾਂ ਦੀ ਪ੍ਰਜਣਨ ਸਮਰਥਾ ਨੂੰ ਚੁੱਪ-ਚੁਪੀਤੇ ਨਸ਼ਟ ਕਰ ਰਹੇ ਹਨ। ਜੰਗਲੀ ਜਾਨਵਰਾਂ ਦੀ ਆਬਾਦੀ ਤੇਜ਼ੀ ਨਾਲ ਘਟ ਰਹੀ ਹੈ ਅਤੇ ਔਰਤਾਂ ਵਿਚ ਵੀ ਬਾਂਝਪਨ ਵਧ ਰਿਹਾ ਹੈ। ਸੰਸਾਰ ਵਿੱਚ ਹਜ਼ਾਰਾਂ ਕਿਸਮਾਂ ਦੀਆਂ ਕੀੜੇਮਾਰ ਦਵਾਈਆਂ, ਪਲਾਸਟਿਕ ਅਤੇ ਗੈਸਾਂ ਸਾਡੀ ਪ੍ਰਜਣਨ ਸਮਰਥਾ ਨੂੰ ਚੁੱਪ-ਚਾਪ ਘਟਾ ਰਹੇ ਹਨ ਅਤੇ ਪੀ ਐੱਫ ਏ ਐੱਸ ਪ੍ਰਜਣਨ ਸਮਰਥਾ ਘਟਾਉਣ ਦੇ ਨਾਲ-ਨਾਲ ਕੈਂਸਰ ਦਾ ਕਾਰਨ ਵੀ ਬਣ ਰਹੇ ਹਨ। ਅਸੀ ਘਰਾਂ ਵਿੱਚ ਜਿਹੜੇ ਨਾਨ-ਸਟਿੱਕ ਬਰਤਨ ਬੜੀ ਸ਼ਾਨ ਅਤੇ ਚਾਅ ਨਾਲ ਵਰਤ ਰਹੇ ਹਾਂ, ਉਨ੍ਹਾਂ ਵਿੱਚ ਨਾਨ-ਸਟਿੱਕ ਦੀ ਪਰਤ ਨੂੰ ਪੋਲੀ ਫਲੋਰੋਸ ਏਲਕਾਈਲ ਸਬਸਟਾਂਸ ਕਹਿੰਦੇ ਹਨ, ਜਿਹਨਾਂ ਨੂੰ ਸ਼ੁਰੂ ਵਿਚ ਪੀ ਐੱਫ ਏ ਐੱਸ ਲਿਖਿਆ ਗਿਆ ਹੈ ਅਤੇ ਇਹ ਸੱਤਰ ਲੱਖ ਪ੍ਰਕਾਰ ਦੇ ਹੁੰਦੇ ਹਨ। ਇਹਨਾਂ 'ਤੇ ਪਾਣੀ ਅਤੇ ਗਰਮੀ ਦਾ ਕੋਈ ਅਸਰ ਨਹੀਂ ਹੁੰਦਾ, ਛੇਤੀ ਕੋਈ ਝਰੀਟ ਨਹੀਂ ਪੈਂਦੀ ਅਤੇ ਵਾਤਾਵਰਨ ਵਿਚ ਇਹਨਾਂ ਦੇ ਅਣੂ ਛੇਤੀ ਨਹੀਂ ਟੁੱਟਦੇ। ਇਹ ਹੌਲੀ-ਹੌਲੀ ਸਾਡੇ ਸਰੀਰ ਵਿੱਚ ਜਮ੍ਹਾਂ ਹੁੰਦੇ ਰਹਿੰਦੇ ਹਨ, ਕੈਂਸਰ ਪੈਦਾ ਕਰ ਸਕਦੇ ਹਨ, ਸਾਡੀ ਰੋਗ ਪ੍ਰਤੀਰੋਧਕ ਸਮਰਥਾ ਨੂੰ ਨੁਕਸਾਨ ਪੁਚਾ ਸਕਦੇ ਹਨ ਅਤੇ ਸਾਡੇ ਹਾਰਮੋਨ ਵਿਚ ਗੜਬੜ ਪੈਦਾ ਕਰ ਸਕਦੇ ਹਨ।

ਵੈਸੈ ਪਲਾਸਟਿਕ ਜਾਂ ਪੋਲੀਥੀਨ ਵੀ ਘੱਟ ਖਤਰਾ ਪੈਦਾ ਨਹੀਂ ਕਰ ਰਹੇ। ਪੋਲੀਥੀਨ ਲਿਫਾਫਿਆਂ ਵਿਚ ਲਿਆਂਦਾ ਕਰਿਆਨਾ, ਸਬਜ਼ੀ ਅਤੇ ਪਲਾਸਟਿਕ ਦੀਆਂ ਬੋਤਲਾਂ ਵਿੱਚ ਪੀਣ ਵਾਲੇ ਪਦਾਰਥਾਂ ਰਾਹੀਂ ਥੋੜ੍ਹਾ-ਥੋੜ੍ਹਾ ਪਲਾਸਟਿਕ ਸਾਡੇ ਅੰਦਰ ਜਾਂਦਾ ਰਹਿੰਦਾ ਹੈ। ਹੋਰ ਤਾਂ ਹੋਰ ਅਸੀਂ ਘਰਾਂ ਵਿੱਚ ਜਿਹੜੀਆਂ ਚਾਹ-ਪੁਣਨੀਆਂ ਰੋਜ਼ਾਨਾ ਚਾਹ ਪੁਣਨ ਲਈ ਵਰਤਦੇ ਹਾਂ, ਉਹਨਾਂ ਦੀ ਜਾਲੀ ਵੀ ਪਲਾਸਟਿਕ ਦੀ ਹੁੰਦੀ ਹੈ ਅਤੇ ਇਹ ਪਲਾਸਟਿਕ ਥੋੜ੍ਹਾ-ਥੋੜ੍ਹਾ ( ਭਾਵੇਂ ਨਿਗੂਣਾ ਜਿਹਾ ਹੁੰਦਾ ਹੈ ) ਸਾਡੇ ਅੰਦਰ ਜਾਂਦਾ ਰਹਿੰਦਾ ਹੈ। ਹਰ ਸੋਮੇ ਤੋਂ ਸਾਡੇ ਅੰਦਰ ਗਏ ਪਲਾਸਟਿਕ ਦਾ ਨਤੀਜਾ ਵਿਗਿਆਨੀਆਂ ਨੇ ਸਾਹਮਣੇ ਲੈ ਆਂਦਾ , ਹੈ ਜਿਸ ਅਨੁਸਾਰ ਮਾਵਾਂ ਦੇ ਦੁੱਧ ਵਿੱਚ ਵੀ ਪਲਾਸਟਿਕ ਦੇ ਅੰਸ਼ ਪਾਏ ਗਏ।

ਅੱਜ ਬਾਜ਼ਾਰ ਵਿੱਚ 1,000 ਤੋਂ ਵੱਧ ਅਜਿਹੇ ਰਸਾਇਣ ਹਨ, ਜੋ ਸਾਡੇ ਸਰੀਰ ਦੇ ਕੁਦਰਤੀ ਹਾਰਮੋਨਾਂ ਦੀ ਨਕਲ ਕਰਦੇ ਹਨ ਜਾਂ ਉਨ੍ਹਾਂ ਨੂੰ ਰੋਕਦੇ ਹਨ। ਹਾਰਮੋਨ ਅਸੰਤੁਲਨ ਪੈਦਾ ਕਰਨ ਵਾਲੇ ਮੁੱਖ ਰਸਾਇਣ ਅਤੇ ਉਨ੍ਹਾਂ ਦੇ ਸਰੋਤ ਪਲਾਸਟਿਕ ਅਤੇ ਭੋਜਨ ਪੈਕਜਿੰਗ: ਬਿਸਫੇਨੋਲ ਏ (ਬੀ ਪੀ ਏ) ਅਤੇ ਇਸ ਦੇ ਬਦਲ, ਫਥਾਲੇਟਸ ਦੇ ਨਾਲ ਡੱਬਾਬੰਦ ਭੋਜਨ ਦੀ ਅੰਦਰਲੀ ਪਰਤ, ਪਲਾਸਟਿਕ ਦੀਆਂ ਬੋਤਲਾਂ, ਭੋਜਨ ਸਟੋਰੇਜ ਕੰਟੇਨਰਾਂ ਅਤੇ ਲਪੇਟਣ ਲਈ ਪਲਾਸਟਿਕ ਵਿੱਚ ਆਮ ਹਨ। ਨਿੱਜੀ ਦੇਖਭਾਲ ਅਤੇ ਖਪਤਕਾਰ ਉਤਪਾਦਾਂ ਵਿਚ ਫਥਾਲੇਟਸ, ਪੈਰਾਬੇਨ ਅਤੇ ਟ੍ਰਾਈਕਲੋਸਨ ਕਾਸਮੈਟਿਕਸ, ਸਾਬਣ, ਲੋਸ਼ਨ, ਸ਼ੈਂਪੂ ਅਤੇ ਖੁਸ਼ਬੂਆਂ ਵਿੱਚ ਪਾਏ ਜਾਂਦੇ ਹਨ।

ਹਾਰਮੋਨ 'ਚ ਵਿਘਨ ਪਾਉਣ ਵਾਲੇ ਰਸਾਇਣਾਂ ਤੋਂ ਬਚਣ ਲਈ ਪਲਾਸਟਿਕ ਦੀ ਬਜਾਏ ਕੱਚ ਜਾਂ ਸਟੀਲ ਦੇ ਡੱਬਿਆਂ ਦੀ ਵਰਤੋਂ ਕਰੋ। ਹਾਰਮੋਨ-ਵਿਘਨ ਪਾਉਣ ਵਾਲੇ ਰਸੈਨਿਕਾਂ ਤੋਂ ਮੁਕਤ ਨਿੱਜੀ ਦੇਖਭਾਲ ਉਤਪਾਦ ਚੁਣੋ। ਪੈਰਾਬੇਨ ਅਤੇ ਫਥਾਲੇਟ ਤੋਂ ਮੁਕਤ ਨਿੱਜੀ ਦੇਖਭਾਲ ਉਤਪਾਦ ਚੁਣੋ। ਕਈ ਵਾਰ ਨਿੱਜੀ ਦੇਖਭਾਲ ਦੇ ਉਤਪਾਦਾਂ ਉੱਤੇ ਪੈਰਾਬੇਨ ਅਤੇ ਫਥਾਲੇਟ ਲਿਖਿਆ ਨਹੀਂ ਹੁੰਦਾ, ਪਰ ਤੁਸੀ ਗੂਗਲ 'ਤੇ ਸਰਚ ਕਰਕੇ ਇਸ ਦੀ ਸੰਰਚਨਾ ਪਤਾ ਕਰ ਸਕਦੇ ਹੋ। ਡੱਬਾਬੰਦ ਭੋਜਨ ਦਾ ਸੇਵਨ ਸੀਮਤ ਕਰੋ। ਚਾਹ ਪੁਣਨ ਲਈ ਚਾਹ ਛਾਣਨੀ ਪਲਾਸਟਿਕ ਦੀ ਬਜਾਏ ਸਟੀਲ ਦੀ ਵਰਤੋ। ਲੋੜ ਤੋਂ ਵੱਧ ਸਰੀਰ ਨੂੰ ਸੁਗੰਧਿਤ ਕਰਨ ਵਾਲੇ ਰਸਾਇਣ ਨਾ ਵਰਤੇ ਜਾਣ ਵੈਸੇ ਤਾਂ ਵਰਤੇ ਹੀ ਨਾ ਜਾਣ । ਮੱਖੀ-ਮੱਛਰ ਮਾਰਨ ਜਾਂ ਭਜਾਉਣ ਲਈ ਰਸਾਇਣ ਨਾ ਵਰਤੇ ਜਾਣ, ਕਿਉਂਕਿ ਇਹਨਾਂ ਵਿੱਚ ਵੀ ਹਾਰਮੋਨ-ਵਿਘਨ ਪਾਉਣ ਵਾਲੇ ਰਸਾਇਨਿਕ ਹੁੰਦੇ ਹਨ, ਇਸ ਦੀ ਬਜਾਏ ਸਫਾਈ 'ਤੇ ਜ਼ਿਆਦਾ ਧਿਆਨ ਦਿੱਤਾ ਜਾਵੇ ਜਾਂ ਮੱਖੀ-ਮੱਛਰ ਨੂੰ ਮਾਰਨ ਵਾਲੇ ਬਿਜਲਈ ਝਟਕਾ ਦੇਣ ਵਾਲੇ ਯੰਤਰ ਵਰਤੇ ਜਾਣ।

**# ਸੰਪਰਕ : 94176-32228**

# ਏ ਆਈ ਭਵਿੱਖ 'ਚ ਹੋਵੇਗਾ ਫਾਇਦੇਮੰਦ ਜਾਂ ਨੁਕਸਾਨਦਾਇਕ


ਸੰਦੀਪ ਕੁਮਾਰ

ਆਰਟੀਫੀਸ਼ੀਅਲ ਇੰਟੈਲੀਜੈਂਸ ਆਧੁਨਿਕ ਯੁੱਗ ਦੀ ਸਭ ਤੋਂ ਵੱਡੀ ਤਕਨੀਕੀ ਤਰੱਕੀ ਹੈ, ਜਿਸ ਨੇ ਮਨੁੱਖੀ ਜੀਵਨ ਦੇ ਹਰ ਖੇਤਰ ਨੂੰ ਪ੍ਰਭਾਵਿਤ ਕੀਤਾ ਹੈ। ਭਵਿੱਖ ਵਿੱਚ ਇਸ ਦਾ ਰੋਲ ਇੱਕ ਵੱਡਾ ਸਵਾਲ ਬਣਿਆ ਹੋਇਆ ਹੈ ਕਿ ਇਹ ਫਾਇਦੇਮੰਦ ਸਾਬਤ ਹੋਵੇਗਾ ਜਾਂ ਨੁਕਸਾਨਦਾਇਕ। ਇਸ ਲੇਖ ਵਿੱਚ ਇਸ ਗੱਲ ਨੂੰ ਦਲੀਲਾਂ ਨਾਲ ਜਸਟੀਫਾਈ ਕੀਤਾ ਜਾਵੇਗਾ ਕਿ ਏ ਆਈ ਭਵਿੱਖ ਵਿੱਚ ਨੁਕਸਾਨਦਾਇਕ ਤੋਂ ਫਾਇਦੇਮੰਦ ਵਧੇਰੇ ਹੋਵੇਗਾ, ਬਸ਼ਰਤੇ ਕਿ ਇਸ ਨੂੰ ਜ਼ਿੰਮੇਵਾਰੀ ਨਾਲ ਵਿਕਸਤ ਅਤੇ ਵਰਤਿਆ ਜਾਵੇ।

ਆਰਟੀਫੀਸ਼ੀਅਲ ਇੰਟੈਲੀਜੈਂਸ ਦੇ ਫਾਇਦਿਆਂ ਨੂੰ ਸਮਝਣ ਲਈ ਸਭ ਤੋਂ ਪਹਿਲਾਂ ਇਸ ਦੀ ਉਤਪਾਦਕਤਾ ਵਧਾਉਣ ਵਾਲੀ ਤਾਕਤ ਨੂੰ ਵੇਖਣਾ ਲਾਜ਼ਮੀ ਹੈ। ਵਰਤਮਾਨ ਸਮੇਂ ਵਿੱਚ ਏ ਆਈ ਰੁਟੀਨ ਕੰਮਾਂ ਨੂੰ ਆਟੋਮੇਟ ਕਰਕੇ ਮਨੁੱਖੀ ਸੰਸਾਧਨਾਂ ਨੂੰ ਮੁਕਤ ਕਰਦਾ ਹੈ, ਜਿਸ ਨਾਲ ਲੋਕ ਵਧੇਰੇ ਰਚਨਾਤਮਕ ਅਤੇ ਉੱਚ ਪੱਧਰੀ ਗਤੀਵਿਧੀਆਂ 'ਤੇ ਧਿਆਨ ਕੇਂਦਰਤ ਕਰ ਸਕਦੇ ਹਨ। ਉਦਾਹਰਣ ਵਜੋਂ ਹੈੱਲਥਕੇਅਰ ਖੇਤਰ ਵਿੱਚ ਏ ਆਈ ਡਾਇਗਨੋਸਿਸ ਨੂੰ ਤੇਜ਼ ਅਤੇ ਸਟੀਕ ਬਣਾਉਂਦਾ ਹੈ, ਜਿਸ ਨਾਲ ਬੀਮਾਰੀਆਂ ਦੀ ਜਲਦੀ ਪਛਾਣ ਹੋ ਸਕਦੀ ਹੈ ਅਤੇ ਲੱਖਾਂ ਜੀਵਨ ਬਚਾਏ ਜਾ ਸਕਦੇ ਹਨ। ਇਸ ਤੋਂ ਇਲਾਵਾ ਖੋਜ ਅਤੇ ਵਿਕਾਸ ਵਿੱਚ ਏ ਆਈ ਡਾਟਾ ਵਿਸ਼ਲੇਸ਼ਣ ਰਾਹੀਂ ਨਵੀਂਆਂ ਦਵਾਈਆਂ ਖੋਜਣ ਵਿੱਚ ਮਦਦ ਕਰਦਾ ਹੈ, ਜੋ ਪਹਿਲਾਂ ਸਾਲਾਂ ਲੈਂਦੀ ਸੀ, ਉਸ ਨੂੰ ਮਹੀਨਿਆਂ ਵਿੱਚ ਘਟਾ ਦਿੰਦਾ ਹੈ। ਇਸ ਤਰ੍ਹਾਂ ਏ ਆਈ ਨਾ ਸਿਰਫ਼ ਡਾਕਟਰਾਂ ਦੀ ਮਦਦ ਕਰਦਾ ਹੈ, ਬਲਕਿ ਗਰੀਬ ਇਲਾਕਿਆਂ ਵਿੱਚ ਵੀ ਬਿਹਤਰ ਸਿਹਤ ਸੇਵਾਵਾਂ ਪਹੁੰਚਾਉਣ ਵਿੱਚ ਯੋਗਦਾਨ ਪਾਉਂਦਾ ਹੈ। ਇਸੇ ਤਰ੍ਹਾਂ ਖੇਤੀਬਾੜੀ ਵਿੱਚ ਏ ਆਈ ਮੌਸਮ ਦੀ ਭਵਿੱਖਬਾਣੀ, ਫਸਲਾਂ ਦੀ ਨਿਗਰਾਨੀ ਅਤੇ ਪਾਣੀ ਦੀ ਵਰਤੋਂ ਨੂੰ ਅਨੁਕੂਲ ਬਣਾਉਂਦਾ ਹੈ, ਜਿਸ ਨਾਲ ਭੋਜਨ ਸੁਰੱਖਿਆ ਵਧਦੀ ਹੈ ਅਤੇ ਵਾਤਾਵਰਣੀ ਨੁਕਸਾਨ ਘਟਦਾ ਹੈ। ਇਹ ਲਾਭ ਖਾਸ ਕਰਕੇ ਵਿਕਾਸਸ਼ੀਲ ਦੇਸ਼ਾਂ ਲਈ ਮਹੱਤਵਪੂਰਨ ਹਨ, ਜਿੱਥੇ ਸੰਸਾਧਨ ਸੀਮਤ ਹਨ।

ਆਰਥਿਕ ਖੇਤਰ ਵਿੱਚ ਏ ਆਈ ਦਾ ਯੋਗਦਾਨ ਅਣਮਿਥਿਆ ਹੈ। ਇਹ ਉਦਯੋਗਾਂ ਵਿੱਚ ਉਤਪਾਦਕਤਾ ਵਧਾਉਂਦਾ ਹੈ ਅਤੇ ਨਵੀਆਂ ਨੌਕਰੀਆਂ ਰਚਦਾ ਹੈ, ਭਾਵੇਂ ਕਿ ਕੁਝ ਰਵਾਇਤੀ ਨੌਕਰੀਆਂ ਬਦਲ ਜਾਣ। ਉਦਾਹਰਣ ਵਜੋਂ, ਪ੍ਰੋਗਰਾਮਿੰਗ ਅਤੇ ਕਸਟਮਰ ਸਰਵਿਸ ਵਰਗੇ ਖੇਤਰਾਂ ਵਿੱਚ ਏ ਆਈ ਟੂਲਜ਼ ਕੰਮ ਨੂੰ ਤੇਜ਼ ਕਰਦੇ ਹਨ, ਜਿਸ ਨਾਲ ਕੰਪਨੀਆਂ ਵਧੇਰੇ ਲਾਭ ਕਮਾਉਂਦੀਆਂ ਹਨ ਅਤੇ ਇਸ ਲਾਭ ਨੂੰ ਨਵੀਆਂ ਤਕਨੀਕਾਂ ਵਿੱਚ ਲਗਾਉਂਦੀਆਂ ਹਨ। ਇਸ ਨਾਲ ਗਲੋਬਲ ਆਰਥਿਕ ਵਾਧਾ ਹੁੰਦਾ ਹੈ ਅਤੇ ਲੋਕਾਂ ਦੀ ਆਮਦਨ ਵਧਦੀ ਹੈ।

ਇੱਕ ਰਿਪੋਰਟ ਅਨੁਸਾਰ ਏ ਆਈ ਆਉਣ ਵਾਲੇ ਸਾਲਾਂ ਵਿੱਚ ਟ੍ਰਿਲੀਅਨ ਡਾਲਰ ਦਾ ਯੋਗਦਾਨ ਪਾ ਸਕਦਾ ਹੈ। ਇਸ ਤੋਂ ਇਲਾਵਾ ਏ ਆਈ ਛੋਟੇ ਕਾਰੋਬਾਰਾਂ ਨੂੰ ਵੀ ਮਜ਼ਬੂਤ ਬਣਾਉਂਦਾ ਹੈ, ਤਾਂ ਜੋ ਉਹ ਵੱਡੀਆਂ ਕੰਪਨੀਆਂ ਨਾਲ ਮੁਕਾਬਲਾ ਕਰ ਸਕਣ। ਇਹ ਆਰਥਿਕ ਅਸਮਾਨਤਾ ਘਟਾਉਣ ਵਿੱਚ ਵੀ ਮਦਦਗਾਰ ਸਾਬਤ ਹੋ ਸਕਦਾ ਹੈ, ਜੇਕਰ ਇਸ ਦੀ ਪਹੁੰਚ ਸਾਰਿਆਂ ਤੱਕ ਹੋਵੇ। ਭਵਿੱਖ ਵਿੱਚ ਏ ਆਈ ਏਜੰਟਸ ਰਾਹੀਂ ਵਧੇਰੇ ਆਟੋਨੋਮਸ ਵਰਕਫਲੋ ਬਣਨਗੇ, ਜਿਸ ਨਾਲ ਲੋਕ ਵਧੇਰੇ ਮੀਨਿੰਗਫੁਲ ਕੰਮਾਂ ਉੱਤੇ ਧਿਆਨ ਦੇ ਸਕਣਗੇ।

ਪਰ ਏ ਆਈ ਦੇ ਨੁਕਸਾਨਾਂ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਇੱਕ ਵੱਡੀ ਚਿੰਤਾ ਨੌਕਰੀਆਂ ਦਾ ਘਾਟਾ ਹੈ, ਖਾਸ ਕਰਕੇ ਵ੍ਹਾਈਟ-ਕਾਲਰ ਜੌਬਜ਼ ਵਿੱਚ। ਆਟੋਮੇਸ਼ਨ ਕਾਰਨ ਕੁਝ ਰੋਲਜ਼ ਘਟ ਸਕਦੇ ਹਨ, ਜਿਸ ਨਾਲ ਬੇਰੁਜ਼ਗਾਰੀ ਵਧਣ ਦਾ ਖਤਰਾ ਹੈ। ਇਸ ਤੋਂ ਇਲਾਵਾ ਡਾਟਾ ਪ੍ਰਾਈਵੇਸੀ ਅਤੇ ਬਾਇਸ ਇੱਕ ਵੱਡੀ ਸਮੱਸਿਆ ਹੈ। ਏ ਆਈ ਸਿਸਟਮਜ਼ ਉਨ੍ਹਾਂ ਡਾਟਾ ਉੱਤੇ ਟ੍ਰੇਨ ਹੁੰਦੇ ਹਨ, ਜਿਨ੍ਹਾਂ ਵਿੱਚ ਮਨੁੱਖੀ ਪੱਖਪਾਤ ਸ਼ਾਮਲ ਹੋ ਸਕਦਾ ਹੈ, ਜਿਸ ਨਾਲ ਫੈਸਲੇ ਅਨੁਚਿਤ ਹੋ ਸਕਦੇ ਹਨ। ਡੀਪਫੇਕ ਵੀਡੀਓਜ਼ ਅਤੇ ਫੇਕ ਨਿਊਜ਼ ਰਾਹੀਂ ਸਮਾਜਿਕ ਭਰਮ ਪੈਦਾ ਹੋਣ ਦਾ ਖਤਰਾ ਵੀ ਮੌਜੂਦ ਹੈ। ਇਸ ਤੋਂ ਇਲਾਵਾ ਏ ਆਈ ਦੀ ਵਰਤੋਂ ਰਾਹੀਂ ਸਾਈਬਰ ਅਟੈਕ ਜਾਂ ਫਰਾਡ ਵਧ ਸਕਦੇ ਹਨ। ਵਾਤਾਵਰਣੀ ਨੁਕਸਾਨ ਵੀ ਇੱਕ ਚਿੰਤਾ ਹੈ, ਕਿਉਂਕਿ ਡਾਟਾ ਸੈਂਟਰਜ਼ ਵੱਡੀ ਮਾਤਰਾ ਵਿੱਚ ਊਰਜਾ ਖਰਚ ਕਰਦੇ ਹਨ। ਇਹ ਸਭ ਨੁਕਸਾਨ ਏ ਆਈ ਨੂੰ ਨੁਕਸਾਨਦਾਇਕ ਬਣਾ ਸਕਦੇ ਹਨ, ਜੇਕਰ ਇਨ੍ਹਾਂ ਨੂੰ ਅਣਦੇਖਿਆ ਕੀਤਾ ਗਿਆ।

ਫਿਰ ਵੀ ਇਹ ਨੁਕਸਾਨ ਏ ਆਈ ਦੇ ਫਾਇਦਿਆਂ ਤੋਂ ਵਧੇਰੇ ਨਹੀਂ ਹਨ ਅਤੇ ਇਨ੍ਹਾਂ ਨੂੰ ਪ੍ਰਬੰਧਿਤ ਕੀਤਾ ਜਾ ਸਕਦਾ ਹੈ। ਇਤਿਹਾਸ ਗਵਾਹ ਹੈ ਕਿ ਹਰ ਨਵੀਂ ਤਕਨਾਲੋਜੀ ਜਿਵੇਂ ਇੰਟਰਨੈੱਟ ਜਾਂ ਇਲੈਕਟ੍ਰੀਸਿਟੀ ਨੇ ਸ਼ੁਰੂ ਵਿੱਚ ਚੁਣੌਤੀਆਂ ਪੇਸ਼ ਕੀਤੀਆਂ ਸਨ, ਪਰ ਲੰਮੇ ਸਮੇਂ ਬਾਅਦ ਫਾਇਦੇਮੰਦ ਸਾਬਤ ਹੋਈਆਂ।ਭਵਿੱਖ ਵਿੱਚ ਏ ਆਈ ਨੂੰ ਹਿਊਮਨ-ਇਨ- ਦੀ ਲੂਪ ਰੱਖ ਕੇ ਇਸ ਨੂੰ ਵਧੇਰੇ ਸੁਰੱਖਿਅਤ ਬਣਾਇਆ ਜਾ ਸਕਦਾ ਹੈ। ਏ ਆਈ ਦੀਆਂ ਐਗਜ਼ਿਸਟੈਂਸ਼ੀਅਲ ਰਿਸਕਜ਼ ਬਾਰੇ ਵੀ ਚਰਚਾ ਹੋਈ ਹੈ, ਜਿਵੇਂ ਕਿ ਸੁਪਰ-ਇੰਟੈਲੀਜੈਂਟ ਏ ਆਈ ਦਾ ਮਨੁੱਖੀ ਨਿਯੰਤਰਣ ਤੋਂ ਬਾਹਰ ਹੋਣਾ। ਇਹ ਖਤਰਾ ਅਸਲ ਵਿੱਚ ਮੌਜੂਦ ਹੈ, ਪਰ ਇਸ ਨੂੰ ਓਵਰਐਸਟੀਮੇਟ ਨਹੀਂ ਕਰਨਾ ਚਾਹੀਦਾ। ਏ ਆਈ ਐਲਾਈਨਮੈਂਟ ਰਿਸਰਚ ਇਸ ਖਤਰੇ ਨੂੰ ਘਟਾਉਣ ਲਈ ਕੰਮ ਕਰ ਰਿਹਾ ਹੈ ਅਤੇ ਇਸ ਨੂੰ ਘਟਾਇਆ ਜਾ ਸਕਦਾ ਹੈ। ਇਸ ਲਈ ਏ ਆਈ ਨੂੰ ਰੋਕਣਾ ਨਹੀਂ, ਬਲਕਿ ਇਸ ਨੂੰ ਸੁਰੱਖਿਅਤ ਢੰਗ ਨਾਲ ਵਿਕਸਤ ਕਰਨਾ ਲਾਜ਼ਮੀ ਹੈ।

ਏ ਆਈ ਭਵਿੱਖ ਵਿੱਚ ਫਾਇਦੇਮੰਦ ਹੋਵੇਗਾ, ਕਿਉਂਕਿ ਇਸ ਦੀਆਂ ਤਾਕਤਾਂ ਮਨੁੱਖੀ ਤਰੱਕੀ ਨੂੰ ਤੇਜ਼ ਕਰਨ ਵਾਲੀਆਂ ਹਨ। ਇਹ ਸਿਹਤ, ਆਰਥਿਕਤਾ, ਵਾਤਾਵਰਣ ਅਤੇ ਵਿਗਿਆਨ ਵਿੱਚ ਇੱਕ ਟ੍ਰਾਂਸਫਾਰਮੇਟਿਵ ਟੂਲ ਬਣ ਸਕਦਾ ਹੈ। ਨੁਕਸਾਨ ਮੌਜੂਦ ਹਨ, ਪਰ ਉਹ ਏਨੇ ਜ਼ਿਆਦਾ ਨਹੀਂ ਹਨ ਅਤੇ ਉਚਿਤ ਪ੍ਰਬੰਧਨ ਰਾਹੀਂ ਘਟਾਏ ਜਾ ਸਕਦੇ ਹਨ। ਸਮਾਜ, ਸਰਕਾਰਾਂ ਅਤੇ ਟੈਕ ਕੰਪਨੀਆਂ ਨੂੰ ਏਥਿਕਲ ਗਵਰਨੈਂਸ, ਰੈਗੂਲੇਸ਼ਨ ਅਤੇ ਐਜੂਕੇਸ਼ਨ ਉੱਤੇ ਧਿਆਨ ਦੇਣਾ ਚਾਹੀਦਾ ਹੈ, ਤਾਂ ਜੋ ਏ ਆਈ ਦਾ ਲਾਭ ਸਾਰਿਆਂ ਤੱਕ ਪਹੁੰਚੇ। ਜੇਕਰ ਅਸੀਂ ਇਸ ਨੂੰ ਜ਼ਿੰਮੇਵਾਰੀ ਨਾਲ ਅਪਣਾਉਂਦੇ ਹਾਂ ਤਾਂ ਏ ਆਈ ਇੱਕ ਫਾਇਦੇਮੰਦ ਤਕਨੀਕ ਬਣ ਕੇ ਮਨੁੱਖਤਾ ਨੂੰ ਇੱਕ ਨਵੀਂ ਉਚਾਈ ਤੱਕ ਲੈ ਜਾਵੇਗਾ, ਨਾ ਕਿ ਨੁਕਸਾਨਦਾਇਕ ਬਣਾਏਗਾ।

**# ਸੰਪਰਕ : 70098-07121**

# ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਇਤਿਹਾਸਕ ਕਦਮ, ਦੋਸ਼ੀਆਂ ਨੂੰ ਹੁਣ ਮਿਲੇਗੀ ਉਮਰ ਕੈਦ : ਭਗਵੰਤ ਮਾਨ

## ਫ਼ਰੀਦਕੋਟ ਤੇ ਕੋਟਕਪੂਰਾ ਵਿਖੇ 'ਸ਼ੁਕਰਾਨਾ ਯਾਤਰਾ' ਦੌਰਾਨ ਮੁੱਖ ਮੰਤਰੀ ਦਾ ਜ਼ੋਰਦਾਰ ਸਵਾਗਤ



**ਫ਼ਰੀਦਕੋਟ/ਕੋਟਕਪੂਰਾ (ਐਲਿਗਜੈਂਡਰ ਡਿਸੂਜਾ/ਰਛਪਾਲ ਭੁੱਲਰ)**

ਸਾਲ 2016 ਦੇ ਬੇਅਦਬੀ ਕਾਂਡ ਤੇ ਬਹਿਬਲ ਕਲਾਂ-ਕੋਟਕਪੂਰਾ ਗੋਲੀਕਾਂਡ ਦੀ ਗਵਾਹ ਰਹੀ ਫ਼ਰੀਦਕੋਟ ਦੀ ਧਰਤੀ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ 'ਸ਼ੁਕਰਾਨਾ ਯਾਤਰਾ' ਦੌਰਾਨ ਲੋਕਾਂ ਦਾ ਸੈਲਾਬ ਉਮੜ ਆਇਆ। ਬੇਅਦਬੀ ਵਿਰੁੱਧ ਸਖ਼ਤ ਕਾਨੂੰਨ ਪਾਸ ਹੋਣ ਦੀ ਖ਼ੁਸ਼ੀ ਵਿੱਚ ਕਰਵਾਏ ਗਏ ਇਸ ਸਮਾਗਮ ਦੌਰਾਨ ਮੁੱਖ ਮੰਤਰੀ ਨੇ ਵਿਰੋਧੀਆਂ 'ਤੇ ਤਿੱਖੇ ਹਮਲੇ ਕੀਤੇ ਤੇ ਨਵੇਂ ਕਾਨੂੰਨ ਨੂੰ ਸਿੱਖ ਪੰਥ ਦੀਆਂ ਭਾਵਨਾਵਾਂ ਦੀ ਜਿੱਤ ਕਰਾਰ ਦਿੱਤਾ।ਸਪੀਕਰ ਕੁਲਤਾਰ ਸਿੰਘ ਸੰਧਵਾਂ ਦੀ ਮੌਜੂਦਗੀ ਵਿੱਚ ਇਕੱਠ ਨੂੰ ਸੰਬੋਧਨ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਧਰਤੀ ਅਕਾਲੀਆਂ ਦੁਆਰਾ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਤੇ ਸਿੱਖ ਪੰਥ ਪ੍ਰਤੀ ਦਿਖਾਈ ਗਈ ਨਿਰਾਦਰੀ ਦੀ ਹਮੇਸ਼ਾ ਗਵਾਹ ਰਹੇਗੀ।ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਰਾਜਨੀਤਕ ਇੱਛਾ ਸ਼ਕਤੀ ਦੀ ਘਾਟ ਸੀ ਤੇ ਉਹ ਜਾਣ-ਬੁੱਝ ਕੇ ਦੋਸ਼ੀਆਂ ਨੂੰ ਬਚਾਉਂਦੀਆਂ ਰਹੀਆਂ। ਉਨ੍ਹਾਂ ਕਿਹਾ ਕਿ ਪਹਿਲਾਂ ਦੋਸ਼ੀ ਮਾਨਸਿਕ ਸੰਤੁਲਨ ਦਾ ਬਹਾਨਾ ਬਣਾ ਕੇ ਬਚ ਜਾਂਦੇ ਸਨ, ਪਰ ਹੁਣ ਅਜਿਹਾ ਨਹੀਂ ਹੋਵੇਗਾ।ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ-2026 ਤਹਿਤ ਬੇਅਦਬੀ ਦੇ ਦੋਸ਼ੀਆਂ ਲਈ ਹੁਣ ਸਖ਼ਤ ਤੋਂ ਸਖ਼ਤ ਸਜ਼ਾ ਯਕੀਨੀ ਬਣਾਈ ਗਈ ਹੈ।ਜੇਕਰ ਕਿਸੇ ਥਾਂ ਬੇਅਦਬੀ ਹੁੰਦੀ ਹੈ, ਤਾਂ ਉੱਥੋਂ ਦੇ ਜ਼ਿੰਮੇਵਾਰ ਕਸਟੋਡੀਅਨ ਵਿਰੁੱਧ ਵੀ ਮੁਕੱਦਮਾ ਚੱਲੇਗਾ।ਮੁੱਖ ਮੰਤਰੀ ਨੇ ਕਿਹਾ ਕਿ ਇਸ ਕਾਨੂੰਨ ਨਾਲ ਭਵਿੱਖ ਵਿੱਚ ਕੋਈ ਵੀ ਅਜਿਹਾ ਘਿਨਾਉਣਾ ਅਪਰਾਧ ਕਰਨ ਦੀ ਹਿੰਮਤ ਨਹੀਂ ਕਰੇਗਾ।ਲੋਕ ਭਲਾਈ ਸਕੀਮਾਂ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ 1,000 ਤੋਂ 1,500 ਰੁਪਏ ਮਹੀਨਾਵਾਰ ਸਹਾਇਤਾ ਦਿੱਤੀ ਜਾ ਰਹੀ ਹੈ, ਜਿਸ ਲਈ 9,300 ਕਰੋੜ ਰੁਪਏ ਰਾਖਵੇਂ ਰੱਖੇ ਗਏ ਹਨ।'ਮੁੱਖ ਮੰਤਰੀ ਸਿਹਤ ਯੋਜਨਾ' ਤਹਿਤ 65 ਲੱਖ ਪਰਵਾਰਾਂ ਨੂੰ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਲਈ ਸਿਹਤ ਕਾਰਡ ਜਾਰੀ ਕੀਤੇ ਜਾ ਰਹੇ ਹਨ।ਸਿੰਚਾਈ ਲਈ ਨਹਿਰੀ ਪਾਣੀ ਦੀ ਵਰਤੋਂ 21% ਤੋਂ ਵਧਾ ਕੇ 68% ਕਰ ਦਿੱਤੀ ਗਈ ਹੈ, ਜਿਸ ਨੂੰ 85% ਤੱਕ ਲਿਜਾਣ ਦਾ ਟੀਚਾ ਹੈ।ਉਨ੍ਹਾ ਕਿਹਾ ਕਿ 65,000 ਤੋਂ ਵੱਧ ਨੌਜਵਾਨਾਂ ਨੂੰ ਬਿਨਾਂ ਰਿਸ਼ਵਤ ਨੌਕਰੀਆਂ ਦਿੱਤੀਆਂ ਗਈਆਂ ਤੇ 90% ਘਰਾਂ ਦਾ ਬਿਜਲੀ ਬਿੱਲ ਜ਼ੀਰੋ ਆ ਰਿਹਾ ਹੈ।ਮੁੱਖ ਮੰਤਰੀ ਨੇ ਅਖੀਰ ਵਿੱਚ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪਿੰਡਾਂ ਵਿੱਚ ਜਾ ਕੇ ਨਵੇਂ ਬੇਅਦਬੀ ਵਿਰੋਧੀ ਕਾਨੂੰਨ ਬਾਰੇ ਜਾਗਰੂਕਤਾ ਫੈਲਾਉਣ ਤਾਂ ਜੋ ਸਮਾਜ ਵਿਰੋਧੀ ਅਨਸਰਾਂ ਦੇ ਮਨਾਂ ਵਿੱਚ ਕਾਨੂੰਨ ਦਾ ਡਰ ਪੈਦਾ ਹੋ ਸਕੇ।ਇਸ ਮੌਕੇ ਇਲਾਕੇ ਦੇ ਕਈ ਪ੍ਰਮੁੱਖ ਆਗੂ ਤੇ ਭਾਰੀ ਗਿਣਤੀ ਵਿੱਚ ਸੰਗਤ ਹਾਜ਼ਰ ਸੀ।

# ਮੋਗਾ ਫੋਟੋਗ੍ਰਾਫਰ ਐਸੋਸੀਏਸ਼ਨ ਵੱਲੋਂ ਨਵੀਂ ਕਾਰਜਕਾਰਨੀ ਦੀ ਲਿਸਟ ਜਾਰੀ




**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਫੋਟੋਗ੍ਰਾਫਰ ਐਸੋਸੀਏਸ਼ਨ ਦੇ ਪ੍ਰਧਾਨ ਰਾਕੇਸ਼ ਸਿੰਗਲਾ ਤੇ ਜਨਰਲ ਸਕੱਤਰ ਰਜਨੀਸ਼ ਕੁਮਾਰ ਖੁਰਾਨਾ (ਡਿੰਪਲ) ਨੇ ਦੱਸਿਆ ਕਿ ਐਸੋਸੀਏਸ਼ਨ ਦੀ ਸਾਲ 2026-27 ਲਈ ਨਵੀਂ ਕਾਰਜਕਾਰਨੀ ਫਾਈਨਲ ਕਰ ਲਈ ਗਈ ਹੈ।ਉਨ੍ਹਾਂ ਦੱਸਿਆ ਕਿ ਐਸੋਸੀਏਸ਼ਨ ਦੀ ਤਰੱਕੀ, ਫੋਟੋਗ੍ਰਾਫਰ ਭਾਈਚਾਰੇ ਦੀ ਮਜ਼ਬੂਤੀ ਤੇ ਸਾਰੇ ਮੈਂਬਰਾਂ ਦੇ ਹਿੱਤਾਂ ਨੂੰ ਧਿਆਨ ਵਿੱਚ ਰੱਖਦਿਆਂ ਇਹ ਟੀਮ ਬਣਾਈ ਗਈ ਹੈ।ਨਵੀਂ ਕਾਰਜਕਾਰਨੀ ਦੇ ਅਹੁਦੇਦਾਰਾਂ ਪ੍ਰਧਾਨ ਰਾਕੇਸ਼ ਸਿੰਗਲਾ, ਜਨਰਲ ਸਕੱਤਰ ਰਜਨੀਸ਼ ਕੁਮਾਰ ਖੁਰਾਨਾ (ਡਿੰਪਲ), ਕੈਸ਼ੀਅਰ ਹਰਜਸਪ੍ਰੀਤ ਸਿੰਘ, ਸੀਨੀਅਰ ਵਾਈਸ ਪ੍ਰੈਜ਼ੀਡੈਂਟ ਸੰਜੀਵ ਸ਼ਰਮਾ, ਵਾਈਸ ਪ੍ਰੈਜ਼ੀਡੈਂਟ ਰੋਹਿਤ ਸ਼ਰਮਾ, ਵਾਈਸ ਪ੍ਰੈਜ਼ੀਡੈਂਟ ਸਤਨਾਮ ਸਿੰਘ, ਪੀ.ਆਰ.ਓ. ਜਸਵਿੰਦਰ ਸਿੰਘ (ਜੱਸਾ), ਜਾਇੰਟ ਸਕੱਤਰ ਅਮਿਤ ਮਿੱਤਲ, ਜੋਇੰਟ ਸਕੱਤਰ ਅਮਨ, ਡੈਲੀਗੇਟ ਰਮਨ ਕੋਸ਼ਿਸ਼, ਡੈਲੀਗੇਟ ਸੁਰਿੰਦਰ ਸਿੰਗਲਾ, ਡੈਲੀਗੇਟ ਰਾਜ ਸੇਠੀ, ਡੈਲੀਗੇਟ ਅਮਿਤ ਅਰੋੜਾ, ਪ੍ਰਧਾਨ ਰਾਕੇਸ਼ ਸਿੰਗਲਾ ਤੇ ਜਨਰਲ ਸਕੱਤਰ ਰਜਨੀਸ਼ ਕੁਮਾਰ ਖੁਰਾਨਾ (ਡਿੰਪਲ) ਨੇ ਕਿਹਾ ਕਿ ਨਵੀਂ ਕਾਰਜਕਾਰਨੀ ਪੂਰੀ ਲਗਨ, ਇਮਾਨਦਾਰੀ ਤੇ ਇਕਜੁੱਟਤਾ ਨਾਲ ਐਸੋਸੀਏਸ਼ਨ ਨੂੰ ਹੋਰ ਉਚਾਈਆਂ 'ਤੇ ਲਿਜਾਣ ਲਈ ਕੰਮ ਕਰੇਗੀ। ਉਨ੍ਹਾਂ ਸਾਰੇ ਮੈਂਬਰ ਸਾਹਿਬਾਨ ਨੂੰ ਬੇਨਤੀ ਕੀਤੀ ਕਿ ਉਹ ਨਵੀਂ ਕਾਰਜਕਾਰਨੀ ਨੂੰ ਪੂਰਾ ਸਹਿਯੋਗ ਦੇਣ, ਤਾਂ ਜੋ ਐਸੋਸੀਏਸ਼ਨ ਨੂੰ ਹੋਰ ਮਜ਼ਬੂਤ ਤੇ ਸਫਲ ਬਣਾਇਆ ਜਾ ਸਕੇ।ਉਨ੍ਹਾਂ ਦੱਸਿਆ ਕਿ ਜਲਦ ਹੀ ਇੱਕ ਵਿਸ਼ੇਸ਼ ਸਮਾਗਮ ਕਰਵਾ ਕੇ ਨਵੀਂ ਕਾਰਜਕਾਰਨੀ ਦਾ ਰਸਮੀ ਤੌਰ 'ਤੇ ਸਨਮਾਨ/ਤਾਜਪੋਸ਼ੀ ਸਮਾਰੋਹ ਕੀਤਾ ਜਾਵੇਗਾ।

# ਏ ਆਈ ਐੱਸ ਐੱਫ ਦੀ ਅਗਵਾਈ 'ਚ ਵਫ਼ਦ ਡਾਇਰੈਕਟਰ ਉੱਚ ਸਿੱਖਿਆ ਨੂੰ ਮਿਲਿਆ, ਦਿੱਤਾ ਮੰਗ ਪੱਤਰ

## ਕਾਲਜ ਦੀ ਮਾਨਤਾ ਨੂੰ ਬਚਾਉਣ ਲਈ ਵੱਡੇ ਸੰਘਰਸ਼ ਲਈ ਏ ਆਈ ਐੱਸ ਐੱਫ ਤਿਆਰ : ਛਾਂਗਾਰਾਏ, ਸੰਜਨਾ ਢਾਬਾਂ



**ਜਲਾਲਾਬਾਦ (ਬਲਵਿੰਦਰ ਸਿੰਘ)**-ਸਥਾਨਕ ਸਰਕਾਰੀ ਲੜਕੀਆਂ ਦੇ ਕਾਲਜ ਦੀ ਖੇਡ ਗਰਾਊਂਡ ਵਾਲੀ ਜਗ੍ਹਾ ਵਿੱਚੋਂ ਨਜਾਇਜ਼ ਤੌਰ 'ਤੇ ਧੱਕੇ ਨਾਲ ਰਸਤਾ ਕੱਢਣ ਨੂੰ ਲੈ ਕੇ ਭਾਵੇਂ ਕਾਲਜ ਪ੍ਰਸ਼ਾਸਨ ਵੱਲੋਂ ਕਾਲਜ ਦੀ ਜ਼ਮੀਨ ਦੇਣ ਤੋਂ ਸਿੱਧਾ ਜਵਾਬ ਦਿੱਤਾ ਜਾ ਚੁੱਕਿਆ ਹੈ, ਇਸ ਦੇ ਬਾਵਜੂਦ ਸੱਤਾ ਧਿਰ ਦੇ ਆਗੂਆਂ ਦੇ ਦਬਾਅ ਹੇਠ ਪ੍ਰਸ਼ਾਸਨ ਰਸਤਾ ਕਢਵਾਉਣ ਲਈ ਅੜਿਆ ਹੋਇਆ ਹੈ। ਇਸ ਦੇ ਸਬੰਧ ਵਿੱਚ ਅੱਜ ਵਿਸ਼ੇਸ਼ ਤੌਰ 'ਤੇ ਇਸ ਕਾਲਜ ਦਾ ਨਿਰੀਖਣ ਕਰਨ ਪਹੁੰਚੇ ਡਾਇਰੈਕਟਰ ਹਰਸ਼ਵਿੰਦਰ ਸਿੰਘ ਬਰਾੜ, ਉੱਚ ਸਿੱਖਿਆ ਪੰਜਾਬ ਨੂੰ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਮੰਗ ਪੱਤਰ ਸੌਂਪਿਆ ਗਿਆ।ਕਾਲਜ ਦੀ ਅਸਥਾਈ ਮਾਨਤਾ ਨੂੰ ਬਚਾਉਣ ਲਈ ਵਫ਼ਦ ਵੱਲੋਂ ਡਾਇਰੈਕਟਰ ਉੱਚ ਸਿੱਖਿਆ ਨੂੰ ਕਾਲਜ ਦੇ ਵਿਦਿਆਰਥੀਆਂ ਨੂੰ ਆ ਰਹੀਆਂ ਮੁਸ਼ਕਲਾਂ ਬਾਰੇ ਜਾਣੂ ਕਰਵਾਉਂਦਿਆਂ ਗੱਲਬਾਤ ਕੀਤੀ ਗਈ।ਏ ਆਈ ਐੱਸ ਐੱਫ ਨੇ ਸਰਕਾਰੀ ਕਾਲਜ ਲੜਕੀਆਂ ਨੂੰ ਸਥਾਈ ਮਾਨਤਾ ਦਿਵਾਉਣ ਉੱਤੇ ਖ਼ਾਸ ਧਿਆਨ ਦਿਵਾਉਂਦਿਆਂ ਜਾਣੂ ਕਰਵਾਇਆ ਗਿਆ ਕਿ ਜ਼ਿਲ੍ਹਾ ਫਾਜ਼ਿਲਕਾ ਵਿੱਚ ਇੱਕੋ ਇੱਕ ਸਰਕਾਰੀ ਲੜਕੀਆਂ ਦਾ ਕਾਲਜ ਹੈ।ਮੰਗ ਪੱਤਰ ਦੀਆਂ ਮੁੱਖ ਮੰਗਾਂ, ਜਿਨ੍ਹਾਂ ਵਿੱਚ ਸਰਕਾਰੀ ਕਾਲਜ ਲੜਕੀਆਂ ਜਲਾਲਾਬਾਦ ਨੂੰ ਸਥਾਈ ਮਾਨਤਾ ਦਿੱਤੀ ਜਾਵੇ।ਸਰਕਾਰੀ ਕਾਲਜ ਵਿੱਚ ਸਾਰੇ ਗਰੁੱਪ (ਕਾਮਰਸ, ਮੈਡੀਕਲ, ਨਾਨ-ਮੈਡੀਕਲ ਤੇ ਪੋਸਟ ਗ੍ਰੈਜੂਏਸ਼ਨ) ਦੀ ਪੜ੍ਹਾਈ ਸ਼ੁਰੂ ਕਰਵਾਈ ਜਾਵੇ।ਕਾਲਜ ਦੀ ਬਿਲਡਿੰਗ ਵਿੱਚ ਵੱਖ ਵੱਖ ਵਿਭਾਗਾਂ ਵੱਲੋਂ ਚਲਾਏ ਜਾ ਰਹੇ ਦਫਤਰਾਂ ਨੂੰ ਤੁਰੰਤ ਖਾਲੀ ਕਰਕੇ ਉਨ੍ਹਾਂ ਵਿੱਚ ਕਲਾਸਾਂ ਲਗਾਉਣ ਦਾ ਪ੍ਰਬੰਧ ਕੀਤਾ ਜਾਵੇ।ਕਾਲਜ ਦੀ ਜ਼ਮੀਨ ਵਿੱਚੋਂ ਨਜਾਇਜ਼ ਤੌਰ 'ਤੇ ਕੋਈ ਵੀ ਰਸਤਾ ਕੱਢਣ ਦੀ ਇਜਾਜ਼ਤ ਨਾ ਦਿੱਤੀ ਜਾਵੇ।ਲੜਕੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ।ਕਾਲਜ ਦੀ ਬਣੀ ਚਾਰਦੀਵਾਰੀ ਨੂੰ ਕਾਲਜ ਦੇ ਪ੍ਰਸ਼ਾਸਨ ਦੀ ਮਨਜ਼ੂਰੀ ਤੋਂ ਬਿਨਾਂ ਢਾਹੁਣ, ਕਬਜ਼ਾ ਕਰਨ ਤੇ ਥਾਂ ਬਦਲੀ ਕਰਨ ਵਾਲੇ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਖਿਲਾਫ ਵਿਭਾਗੀ ਤੇ ਕਾਨੂੰਨੀ ਕਾਰਵਾਈ ਕੀਤੀ ਜਾਵੇ।ਇਸ ਮੌਕੇ ਏਆਈਐੱਸਐੱਫ ਦੇ ਸੂਬਾ ਖਜ਼ਾਨਚੀ ਸੰਜਨਾ ਢਾਬਾਂ, ਸਰਬ ਭਾਰਤ ਨੌਜਵਾਨ ਸਭਾ ਦੇ ਐਡਵੋਕੇਟ ਚਰਨਜੀਤ ਛਾਂਗਾਰਾਏ, ਬਲਾਕ ਜਲਾਲਾਬਾਦ ਮੀਤ ਪ੍ਰਧਾਨ ਸੋਨਾ ਧੁੰਨਕੀਆਂ, ਸਤੀਸ਼ ਛੱਪੜੀਵਾਲਾ, ਸੰਦੀਪ ਜੋਧਾ, ਧਰਮਿੰਦਰ ਮੁਰਕਵਾਲਾ ਤੋਂ ਇਲਾਵਾ ਹੋਰ ਵੀ ਮੌਜੂਦ ਸਨ।

## ਕਾਤਰਾਂ

### ਸੇਵਾ ਭਾਰਤੀ ਸੰਸਥਾ ਵੱਲੋਂ ਮੁਫ਼ਤ ਕੋਰਸ

**ਬੁਢਲਾਡਾ (ਅਸ਼ੋਕ ਲਾਕੜਾ)**-ਸੇਵਾ ਭਾਰਤੀ ਸੰਸਥਾ ਬਰਾਂਚ ਬੁਢਲਾਡਾ ਵੱਲੋਂ ਸਮਾਜ ਭਲਾਈ ਦੇ ਕੰਮਾਂ ਵਿੱਚ ਇਕ ਹੋਰ ਵਧੀਆ ਕਦਮ ਚੁੱਕਿਆ ਗਿਆ ਹੈ। ਸੰਸਥਾ ਵੱਲੋਂ 10+2 ਕਰ ਚੁੱਕੀਆਂ ਜਾਂ ਪਿਛਲੇ ਸਾਲ 10+2 ਪਾਸ ਕਰ ਚੁੱਕੀਆਂ ਲੜਕੀਆਂ ਲਈ ਮੁਫ਼ਤ ਕੋਰਸ ਸ਼ੁਰੂ ਕੀਤੇ ਜਾ ਰਹੇ ਹਨ।ਇਨ੍ਹਾਂ ਕੋਰਸਾਂ ਵਿੱਚ ਕੰਪਿਊਟਰ ਕੋਰਸ, ਸਿਲਾਈ-ਕਢਾਈ ਕੋਰਸ ਤੇ ਬਿਊਟੀ ਪਾਰਲਰ ਕੋਰਸ ਸ਼ਾਮਲ ਹਨ।ਇਹ ਸਾਰੇ ਕੋਰਸ ਜੀ ਐੱਮ ਆਈ ਟੀ ਕਾਲਜ ਦੇ ਸਹਿਯੋਗ ਨਾਲ ਕਰਵਾਏ ਜਾਣਗੇ।ਸੰਸਥਾ ਵੱਲੋਂ ਦੱਸਿਆ ਗਿਆ ਹੈ ਕਿ ਸੀਟਾਂ ਸੀਮਿਤ ਹਨ, ਇਸ ਲਈ ਇੱਛੁਕ ਲੜਕੀਆਂ ਨੂੰ ਜਲਦੀ ਤੋਂ ਜਲਦੀ ਰਜਿਸਟ੍ਰੇਸ਼ਨ ਕਰਵਾਉਣ ਲਈ ਅਪੀਲ ਕੀਤੀ ਗਈ ਹੈ।

### ਰੇਲ ਗੱਡੀ ਹੇਠਾਂ ਆਉਣ ਕਾਰਨ ਮੌਤ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਬੀਤੀ ਰਾਤ ਅੰਡਰ ਬ੍ਰਿਜ ਨੇੜੇ ਰਵੀ ਸ਼ਰਮਾ ਪੁੱਤਰ ਦਿਨੇਸ਼ ਕੁਮਾਰ ਸ਼ਰਮਾ ਵਾਸੀ ਨੇੜੇ ਗੁਰਦੁਆਰਾ ਕੋਕੋ ਮਾਜਰੀ ਸੁਨਾਮ ਉਮਰ ਕਰੀਬ 38 ਸਾਲਾ ਦੀ ਰੇਲਵੇ ਲਾਈਨਾਂ ਕ੍ਰੌਸ ਕਰਦੇ ਸਮੇਂ ਰੇਲ ਇੰਜਨ ਗੱਡੀ ਨੰਬਰ 22480 ਸਰਬੱਤ ਦਾ ਭਲਾ ਦੀ ਚਪੇਟ ਵਿੱਚ ਆ ਕੇ ਮੌਤ ਹੋ ਗਈ। ਏ ਐੱਸ ਆਈ ਅਜੇ ਕੁਮਾਰ ਨੇ ਦੱਸਿਆ ਕਿ ਪੋਸਟਮਾਰਟਮ ਤੋਂ ਬਾਅਦ ਲਾਸ਼ ਵਾਰਸਾਂ ਨੂੰ ਸੌਂਪ ਦਿੱਤੀ ਜਾਵੇਗੀ।

### ਨੈਸ਼ਨਲ ਲੋਕ ਅਦਾਲਤ ਅੱਜ

**ਮੋਗਾ (ਇਕਬਾਲ ਸਿੰਘ ਖਹਿਰਾ)**-ਨੈਸ਼ਨਲ ਲੀਗਲ ਸਰਵਿਸਜ਼ ਅਥਾਰਟੀ ਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ. ਨਗਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ 9 ਮਈ 2026 ਨੂੰ ਮੋਗਾ, ਨਿਹਾਲ ਸਿੰਘ ਵਾਲਾ ਤੇ ਬਾਘਾ ਪੁਰਾਣਾ ਦੀਆਂ ਅਦਾਲਤਾਂ ਤੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਮੋਗਾ ਵਿਖੇ ਨੈਸ਼ਨਲ ਲੋਕ ਅਦਾਲਤ ਲਗਾਈ ਜਾ ਰਹੀ ਹੈ।ਜ਼ਿਲ੍ਹਾ ਤੇ ਸੈਸ਼ਨ ਜੱਜ ਕਮ ਚੇਅਰਮੈਨ ਨੀਲਮ ਅਰੋੜਾ ਨੇ ਦੱਸਿਆ ਗਿਆ ਕਿ ਇਸ ਲੋਕ ਅਦਾਲਤ ਵਿੱਚ ਦੀਵਾਨੀ ਕੇਸ, ਘਰੇਲੂ ਝਗੜੇ, ਮੋਟਰ ਵਹੀਕਲ ਸੜਕ ਦੁਰਘਟਨਾਵਾਂ ਦੇ ਮੁਆਵਜ਼ੇ ਦੇ ਮਸਲੇ, ਜ਼ਮੀਨੀ ਝਗੜੇ ਦੇ ਮਸਲੇ, ਬਿਜਲੀ ਚੋਰੀ ਦੇ ਮਸਲੇ, ਚੈੱਕ ਬਾਊਂਸਿੰਗ ਦੇ ਮਸਲੇ, ਟ੍ਰੈਫਿਕ ਚਲਾਨ, ਰਿਕਵਰੀ ਸੂਟ, ਲੇਬਰ ਆਦਿ ਮਸਲੇ ਹੱਲ ਕੀਤੇ ਜਾਣਗੇ।ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਆਪਣੇ ਕੇਸਾਂ ਦਾ ਲੋਕ ਅਦਾਲਤ ਵਿੱਚ ਫੈਸਲਾ ਕਰਾ ਕੇ ਵੱਧ ਤੋਂ ਵੱਧ ਲਾਭ ਉਠਾਓ।

### ਸਰਬੱਤ ਦੇ ਭਲੇ ਲਈ ਸੁਖਮਨੀ ਸਾਹਿਬ ਦਾ ਪਾਠ ਕਰਾਇਆ

**ਸੰਗਰੂਰ (ਪ੍ਰਵੀਨ ਸਿੰਘ)**-ਸਰਬੱਤ ਦੇ ਭਲੇ ਲਈ ਆਲ ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਦੇ ਦਫਤਰ (ਡੀ. ਸੀ. ਕੰਪਲੈਕਸ) ਸੰਗਰੂਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਇਲਾਕੇ ਦੇ ਐੱਮ.ਐੱਲ.ਏ. ਸ੍ਰੀਮਤੀ ਨਰਿੰਦਰ ਕੌਰ ਭਰਾਜ ਸ਼ਾਮਲ ਹੋਏ। ਇਸ ਪ੍ਰੋਗਰਾਮ ਵਿੱਚ ਭਰਾਤਰੀ ਜਥੇਬੰਦੀ ਤੇ ਜ਼ਿਲ੍ਹਾ ਸੰਗਰੂਰ ਦੀਆਂ ਪੈਨਸ਼ਨਰ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ ਅਤੇ ਸਿਵਲ ਸਰਜਨ ਸ੍ਰੀਮਤੀ ਅਮਰਜੀਤ ਕੌਰ, ਖਜ਼ਾਨਾ ਅਫਸਰ ਤੇ ਵੱਖੋ ਵੱਖ ਬੈਂਕਾਂ ਦੇ ਅਧਿਕਾਰੀ ਹਾਜ਼ਰ ਹੋਏ।ਇਸ ਪ੍ਰੋਗਰਾਮ ਦੀ ਪ੍ਰਧਾਨਗੀ ਕਰਦਿਆਂ ਪ੍ਰਧਾਨ ਸੁਰਿੰਦਰ ਬਾਲੀਆਂ ਵੱਲੋਂ ਨਵੇਂ ਬਣੇ ਸ਼ੈੱਡ ਲਈ ਗੁਰੂ ਮਹਾਰਾਜ ਅੱਗੇ ਅਰਦਾਸ ਕੀਤੀ ਤੇ ਸ਼ੁਕਰਾਨਾ ਕੀਤਾ। ਡਿਪਟੀ ਕਮਿਸ਼ਨਰ ਸੰਗਰੂਰ ਸ਼੍ਰੀਮਤੀ ਪੂਨਮਦੀਪ ਕੌਰ, ਏ.ਡੀ.ਸੀ., ਐੱਸ.ਡੀ.ਐੱਮ. ਤੇ ਐਕਸੀਅਨ, ਬੀ ਐਂਡ ਆਰ ਦਾ ਪ੍ਰਸ਼ਾਸਨ ਦੇ ਸਹਿਯੋਗ ਲਈ ਧੰਨਵਾਦ ਕੀਤਾ।

# ਸਰਕਾਰ ਦੀ ਟਾਲਮਟੋਲ ਦੀ ਨੀਤੀ ਖਿਲਾਫ ਸੰਘਰਸ਼ ਵਿੱਢਿਆ ਜਾਵੇਗਾ : ਚਾਹਲ

**ਮੁੱਲਾਂਪੁਰ ਦਾਖਾਂ (ਪੱਤਰ ਪ੍ਰੇਰਕ)**-ਪੰਜਾਬ ਪੈਨਸ਼ਨਰ ਯੂਨੀਅਨ (ਰਜਿ.) ਏਟਕ ਬ੍ਰਾਂਚ ਜਗਰਾਓਂ ਦੀ ਭਰਵੀਂ ਮੀਟਿੰਗ ਸਵਰਨ ਸਿੰਘ ਹਠੂਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ, ਮੁੱਖ ਸਲਾਹਕਾਰ ਗੁਰਮੇਲ ਸਿੰਘ ਮੈਲਡੇ, ਵਰਕਿੰਗ ਚੇਅਰਮੈਨ ਅਵਤਾਰ ਸਿੰਘ ਗਗੜਾ ਨੇ ਸਬੰਧਨ ਕੀਤਾ।ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਕਿਹਾ ਕਿ ਪੰਜਾਬ ਸਰਕਾਰ ਪੈਨਸ਼ਰਾਂ ਤੇ ਮੁਲਾਜ਼ਮਾਂ ਦੀਆਂ ਮੰਗਾਂ ਮੰਨ ਕੇ ਲਾਗੂ ਕਰਨ ਦੀ ਬਜਾਏ ਟਾਲ ਮਟੋਲ ਦੀ ਨੀਤੀ 'ਤੇ ਚੱਲ ਰਹੀ ਹੈ।ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਮਹਿੰਗਾਈ ਭੱਤਾ ਦੇਣ ਸਬੰਧੀ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵੱਲੋਂ 8 ਅਪ੍ਰੈਲ ਨੂੰ ਇਨਸਾਫ ਕਰਦੇ ਹੋਏ ਮੁਲਾਜ਼ਮਾਂ ਤੇ ਪੈਨਸ਼ਰਾਂ ਦੇ ਹੱਕ ਵਿੱਚ ਕਰ ਦਿੱਤਾ ਗਿਆ, ਪਰ ਸਰਕਾਰ ਪੰਜਾਬ ਸਰਕਾਰ ਨੇ ਮਾਨਯੋਗ ਪੰਜਾਬ ਤੇ ਹਰਿਆਣਾ ਹਾਈਕੋਰਟ ਵਿਖੇ ਐੱਲ ਪੀ ਏ ਪਾ ਦਿੱਤੀ, ਇਹ ਵੀ ਸਰਕਾਰ ਦੀ ਲਕਟਾਊ ਨੀਤੀ ਦਾ ਹਿੱਸਾ ਹੈ। ਮੈਡੀਕਲ ਬਿੱਲਾਂ ਦੀ ਅਦਾਇਗੀ ਸਬੰਧੀ ਛੇ ਮਹੀਨੇ ਵਿੱਚ ਅਦਾਇਗੀ ਕਰਨ ਸਬੰਧੀ ਹੁਕਮ ਜਾਰੀ ਕੀਤੇ ਗਏ ਹਨ, ਪਰ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮੈਡੀਕਲ ਬਿੱਲ ਕਈ ਸਾਲ ਦਫ਼ਤਰਾਂ ਵਿੱਚ ਰੁਲਦੇ ਰਹਿੰਦੇ ਹਨ। ਸਾਥੀ ਚਾਹਲ ਨੇ ਕਿਹਾ ਕਿ ਸੈਕਟਰੀ ਟਰਾਂਸਪੋਰਟ ਪੰਜਾਬ ਨਾਲ 16 ਅਪ੍ਰੈਲ ਨੂੰ ਰੈਗੂਲਰ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਮੀਟਿੰਗ ਸਫਲ ਰਹੀ, ਮੰਗਾਂ ਪੂਰੀਆਂ ਕਰਨ ਦਾ ਭਰੋਸਾ ਦਿੱਤਾ।ਮੁਲਾਜ਼ਮਾਂ ਪੈਨਸ਼ਨਰਾਂ ਸਾਂਝਾ ਫਰੰਟ ਦੀ ਸੂਬਈ ਕਨਵੈਨਸ਼ਨ 17 ਮਈ ਨੂੰ ਜਲੰਧਰ ਵਿਖੇ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ। ਸੂਬਾ ਖਜ਼ਾਨਚੀ ਦਲਜੀਤ ਸਿੰਘ ਬਿੱਲਾ, ਨਿਰਮਲ ਸਿੰਘ ਨੂਰਪੁਰੀ ਨੇ ਸੰਬੋਧਨ ਕੀਤਾ।



# ਪੰਡੋਰੀ ਦੇ ਗੁਰਦੁਆਰਾ ਸਾਹਿਬ ਦੇ ਸਟੋਰ ਰੂਮ 'ਚ ਅੱਗ ਨਾਲ ਏ ਸੀ ਤੇ ਹੋਰ ਸਮਾਨ ਸੜਿਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗੁਰਦੁਆਰਾ ਸਾਹਿਬ ਪਿੰਡ ਪੰਡੋਰੀ ਵਿਖੇ ਸਟੋਰ ਰੂਮ ਵਿੱਚ ਅਚਾਨਕ ਅੱਗ ਲੱਗਣ ਕਾਰਨ 6 ਏ.ਸੀ ਹੋਰ ਕੀਮਤੀ ਸਮਾਨ ਸੜ ਜਾਣ ਨਾਲ ਕਰੀਬ 5 ਲੱਖ ਰੁਪਏ ਦਾ ਨੁਕਸਾਨ ਹੋਣ ਦਾ ਅਨੁਮਾਨ ਹੈ।ਇਸ ਸਬੰਧੀ ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਗਤਾਰ ਸਿੰਘ ਪੰਡੋਰੀ ਨੇ ਮੁਹਤਬਰਾਂ ਦੀ ਹਾਜ਼ਰੀ 'ਚ ਦੱਸਿਆ ਕਿ ਗੁਰੂ ਘਰ ਦੇ ਦਰਬਾਰ ਸਾਹਿਬ ਅੰਦਰ ਡਾਊਨ ਸੀਲਿੰਗ ਦਾ ਕੰਮ ਚੱਲ ਰਿਹਾ ਹੈ।ਇਸ ਕਰਕੇ ਦਰਬਾਰ ਸਾਹਿਬ 'ਚ ਲਾਉਣ ਲਈ ਲਿਆਂਦੇ 6 ਏ.ਸੀ ਤੇ ਹੋਰ ਨਵੇਂ ਸਮਾਨ ਨੂੰ ਸਟੋਰ ਰੂਮ ਵਿੱਚ ਰੱਖਿਆ ਗਿਆ ਸੀ।ਇਸ ਮੌਕੇ ਨਵੇਂ 6 ਏ.ਸੀ, ਚੁਗਾਠਾਂ, ਅਲਮਾਰੀ, ਗੇਟ ਆਦਿ ਅੱਗ ਦੀ ਲਪੇਟ ਵਿੱਚ ਆ ਕੇ ਸੜ ਗਏ।ਪ੍ਰਧਾਨ ਜਗਤਾਰ ਸਿੰਘ ਦੱਸਿਆ ਕਿ ਦੁਪਹਿਰ ਸਾਢੇ ਤਿੰਨ ਕੁ ਵਜੇ ਦੇ ਕਰੀਬ ਅਚਾਨਕ ਸਟੋਰ ਰੂਮ 'ਚੋਂ ਧੂੰਆਂ ਨਿਕਲਦਾ ਵਿਖਾਈ ਦਿੱਤਾ।ਇਸ ਘਟਨਾ ਸਬੰਧੀ ਹੈੱਡ ਗ੍ਰੰਥੀ ਨੇ ਤੁਰੰਤ ਗੁਰੂ ਘਰ ਦੇ ਲਾਊਡ ਸਪੀਕਰ ਰਾਹੀਂ ਪਿੰਡ ਵਾਸੀਆਂ ਨੂੰ ਸੂਚਿਤ ਕੀਤਾ।ਤੁਰੰਤ ਇਕੱਠੇ ਹੋਏ ਨੌਜਵਾਨਾਂ, ਸੰਗਤਾਂ ਨੇ ਪਾਣੀ ਅਤੇ ਹੋਰ ਵੱਖ ਵੱਖ ਸਾਧਨਾਂ ਦੀ ਮਦਦ ਨਾਲ ਸਖਤ ਮਿਹਨਤ ਕਰਦੇ ਹੋਏ ਅੱਗ 'ਤੇ ਕਾਬੂ ਪਾ ਕੇ ਆਲੇ ਦੁਆਲੇ ਦਾ ਹੋਰ ਵੱਡਾ ਨੁਕਸਾਨ ਹੋਣੋਂ ਬਚਾਅ ਲਿਆ।

# ਜਨਗਣਨਾ ਫਾਰਮ 'ਚ ਐੱਸ ਸੀ ਸਮਾਜ ਪ੍ਰਤੀ ਅਪਮਾਨਜਨਕ ਸ਼ਬਦ ਲਿਖਣ ਖਿਲਾਫ ਰੋਸ ਪ੍ਰਦਰਸ਼ਨ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਜਾਤੀ ਜਨਗਣਨਾ ਦੇ ਫ਼ਾਰਮ ਵਿੱਚ ਐੱਸ ਸੀ ਸਮਾਜ ਪ੍ਰਤੀ ਅਪਮਾਨਜਨਕ ਸ਼ਬਦ ਚੂਹੜਾ, ਭੰਗੀ ਲਿਖਣ ਖਿਲਾਫ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਪੰਜਾਬ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਦੀ ਅਰਥੀ ਸਾੜ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਸੰਬੋਧਨ ਕਰਦੇ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ ਦੇ ਸੂਬਾ ਜਨਰਲ ਸਕੱਤਰ ਹਰਵਿੰਦਰ ਸਿੰਘ ਸੇਮਾ ਤੇ ਜ਼ਿਲ੍ਹਾ ਪ੍ਰਧਾਨ ਜਸਵੰਤ ਸਿੰਘ ਖਾਲਸਾ ਪੂਹਲੀ ਨੇ ਮੰਗ ਕੀਤੀ ਕਿ ਪ੍ਰੋਫਾਰਮਾ ਛਪਵਾਉਣ ਵਾਲੇ ਅਧਿਕਾਰੀਆਂ ਉੱਪਰ ਐੱਸ ਸੀ/ਐੱਸ ਟੀ ਐਕਟ ਤਹਿਤ ਪਰਚਾ ਦਰਜ ਕੀਤਾ ਜਾਵੇ ਤੇ ਮੁੱਖ ਮੰਤਰੀ ਭਗਵੰਤ ਮਾਨ ਪੰਜਾਬ ਦੇ ਐੱਸ ਸੀ ਸਮਾਜ ਤੋਂ ਮਾਫ਼ੀ ਮੰਗਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਨਗਣਨਾ 2026 ਦੇ ਜਾਰੀ ਕੀਤੇ ਫ਼ਾਰਮ ਵਿੱਚ ਜਾਤੀ ਕਾਲਮ ਭਰਨ ਲਈ ਅਨੁਸੂਚਿਤ ਜਾਤੀਆਂ ਨੂੰ ਅਪਮਾਨਤ ਕਰਨ ਵਾਲੇ ਤੇ ਦੇਸ਼ ਦੀ ਮਾਨਯੋਗ ਸੁਪਰੀਮ ਕੋਰਟ ਵੱਲੋਂ ਬੈਨ ਕੀਤੇ ਹੋਏ ਸ਼ਬਦ ਦਰਜ ਕਰਕੇ ਮਜ਼ਬੀ ਸਿੱਖ ਤੇ ਵਾਲਮੀਕ ਸਮਾਜ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਦਸਤਾਵੇਜ਼ਾਂ ਵਿੱਚੋਂ ਅਜਿਹੇ ਸ਼ਬਦਾਂ ਦੀ ਵਰਤੋਂ ਸੱਤਾਧਾਰੀ ਹਾਕਮਾਂ ਤੇ ਉੱਚ ਅਧਿਕਾਰੀਆਂ ਦੀ ਜਾਤੀਵਾਦੀ ਮਾਨਸਿਕਤਾ ਨੂੰ ਉਜਾਗਰ ਕਰਦੀ ਹੈ। ਜਾਤੀ ਜਨਗਣਨਾ ਤੋਂ ਬਾਅਦ ਅਬਾਦੀ ਦੇ ਹਿਸਾਬ ਨਾਲ ਹੱਕ ਮਿਲਣਾ ਤਾਂ ਦੂਰ, ਪੰਜਾਬ ਸਰਕਾਰ ਪਹਿਲਾਂ ਹੀ ਅਨੁਸੂਚਿਤ ਜਾਤੀਆਂ ਨੂੰ ਅਪਮਾਨਤ ਕਰ ਰਹੀ ਹੈ। ਸਰਕਾਰੀ ਮਸ਼ੀਨਰੀ ਦੇ ਕਾਗਜ਼ਾਂ ਵਿੱਚ ਸ਼ਰੇਆਮ ਅਪਮਾਨਤ ਸ਼ਬਦ ਲਿਖ ਕੇ ਦਲਿਤ ਸਮਾਜ ਨੂੰ ਜਲੀਲ ਕਰਨ ਦੇ ਮੁੱਦੇ 'ਤੇ ਵਿਰੋਧੀ ਸਿਆਸੀ ਪਾਰਟੀਆਂ ਦੇ ਲੀਡਰਾਂ ਦੀ ਜ਼ੁਬਾਨ ਵੀ ਬੰਦ ਹੈ।

ਉਨ੍ਹਾਂ ਦੱਸਿਆ ਕਿ ਮਾਨਸਾ, ਬਰਨਾਲਾ, ਗੁਰਦਾਸਪੁਰ, ਬਠਿੰਡਾ, ਮੁਕਤਸਰ ਸਾਹਿਬ, ਸੰਗਰੂਰ, ਫਰੀਦਕੋਟ ਤੇ ਫਿਰੋਜ਼ਪੁਰ ਆਦਿ ਜ਼ਿਲ੍ਹਿਆਂ ਦੇ ਪਿੰਡਾਂ ਅੰਦਰ ਅਰਥੀ ਫੂਕ ਪ੍ਰਦਰਸ਼ਨ ਕੀਤੇ ਗਏ ਤੇ ਇਸ ਮੁੱਦੇ 'ਤੇ ਜਲਦ ਹੀ ਪੰਜਾਬ ਦੀਆਂ ਦਲਿਤ ਭਾਈਚਾਰੇ ਦੀਆਂ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਕਰਕੇ ਸਰਕਾਰ ਖ਼ਿਲਾਫ਼ ਤਿੱਖੇ ਅੰਦੋਲਨ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਆਗੂ ਰਾਜ ਸਿੰਘ ਪੂਹਲੀ, ਜਗਜੀਤ ਸਿੰਘ, ਹੰਸਾ ਸਿੰਘ, ਨਿੱਕਾ ਸਿੰਘ ਪੂਹਲਾ, ਬਲਵਿੰਦਰ ਸਿੰਘ ਨਥਾਣਾ, ਕੁਲਵਿੰਦਰ ਕੌਰ, ਰਮਨਦੀਪ ਕੌਰ ਸੇਮਾ, ਨਸੀਬ ਕੌਰ ਤੇ ਰੂਪ ਸਿੰਘ ਆਦਿ ਸਮੇਤ ਵੱਡੀ ਗਿਣਤੀ ਔਰਤਾਂ ਸ਼ਾਮਲ ਸਨ।

# ਮ੍ਰਿਤਕ ਗਗਨਦੀਪ ਬਿੱਲਾ ਦੇ ਪਰਵਾਰ ਨਾਲ ਸਿਮਰਨਜੀਤ ਸਿੰਘ ਮਾਨ ਵੱਲੋਂ ਦੁੱਖ ਦਾ ਪ੍ਰਗਟਾਵਾ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਪਿੰਡ ਹੇਡੋਂ ਬੇਟ ਵਿਖੇ ਪੁੱਜ ਕੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਕੌਮੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਵੱਲੋਂ ਖੂਨੀ ਝੜਪ ਦੌਰਾਨ ਕਤਲ ਹੋਏ ਮ੍ਰਿਤਕ ਗਗਨਦੀਪ ਸਿੰਘ ਦੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਮ੍ਰਿਤਕ ਦੇ ਪਿਤਾ ਸੁਰਿੰਦਰ ਸਿੰਘ ਨਾਲ ਦੁੱਖ ਪ੍ਰਗਟ ਕਰਦਿਆਂ ਕਿਹਾ ਕਿ ਮ੍ਰਿਤਕ ਗਗਨਦੀਪ ਸਿੰਘ ਉਰਫ਼ ਬਿੱਲਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦਾ ਜੁਝਾਰੂ ਵਰਕਰ ਸੀ, ਜਿਸ ਨੇ ਯੂਥ ਵਿੰਗ ਦਾ ਪ੍ਰਧਾਨ ਰਹਿੰਦਿਆਂ ਪਾਰਟੀ ਲਈ ਤਨਦੇਹੀ ਨਾਲ ਕੰਮ ਕੀਤਾ। ਉਨ੍ਹਾਂ ਕਿਹਾ ਕਿ ਗਗਨਦੀਪ ਬਿੱਲਾ ਹਰੇਕ ਕਿਸਾਨੀ ਮੋਰਚੇ, ਪਾਰਟੀ ਵੱਲੋਂ ਵਿੱਢੇ ਜਾਂਦੇ ਸੰਘਰਸ਼ਾਂ ਵਿੱਚ ਸ਼ਮੂਲੀਅਤ ਕਰਦਾ ਸੀ, ਜਿਸ ਦੇ ਜਾਣ ਕਾਰਨ ਪਰਵਾਰ ਤੇ ਪਾਰਟੀ ਨੂੰ ਬਹੁਤ ਵੱਡਾ ਘਾਟਾ ਪਿਆ ਹੈ। ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਕਿਹਾ ਕਿ ਇਸ ਦੁੱਖ ਦੀ ਘੜੀ 'ਚ ਅਕਾਲੀ ਦਲ ਅੰਮ੍ਰਿਤਸਰ ਪਰਵਾਰ ਨਾਲ ਹਰ ਸਮੇਂ ਖੜ੍ਹਾ ਹੈ। ਇਸ ਮੌਕੇ ਲਾਲੀ ਲੁਬਾਣਗੜ੍ਹ, ਹਲਕਾ ਪ੍ਰਧਾਨ ਚਰਨਜੀਤ ਸਿੰਘ ਵੀ ਮੌਜੂਦ ਸਨ।



# ਭਾਜਪਾ ਪੱਛਮੀ ਬੰਗਾਲ ਵਾਂਗ ਪੰਜਾਬ 'ਚ ਵੀ ਹੂੰਝਾਫੇਰ ਜਿੱਤ ਦਰਜ ਕਰੇਗੀ : ਹਰਪਾਲਪੁਰ

## ਪੱਛਮੀ ਬੰਗਾਲ ਜਿੱਤ ਦੀ ਖ਼ੁਸ਼ੀ 'ਚ ਘਨੌਰ ਵਿਖੇ ਪੈਦਲ ਰੈਲੀ



**ਘਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਭਾਰਤੀ ਜਨਤਾ ਪਾਰਟੀ ਵੱਲੋਂ ਪੱਛਮੀ ਬੰਗਾਲ, ਅਸਾਮ ਤੇ ਪੁੱਡੂਚੇਰੀ ਵਿੱਚ ਮਿਲੀ ਸ਼ਾਨਦਾਰ ਜਿੱਤ ਨੂੰ ਲੈ ਕੇ ਹਲਕਾ ਘਨੌਰ ਦੇ ਵਾਸੀਆਂ ਨਾਲ ਖ਼ੁਸ਼ੀ ਸਾਂਝੀ ਕਰਦੇ ਹੋਏ ਭਾਜਪਾ ਦੇ ਸੀਨੀਅਰ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਦੀ ਅਗਵਾਈ ਹੇਠ ਘਨੌਰ ਬਜ਼ਾਰ ਵਿੱਚ ਪੈਦਲ ਰੈਲੀ ਕੱਢੀ ਗਈ। ਇਸ ਰੈਲੀ ਨੂੰ ਫ਼ਤਿਹ ਮਾਰਚ ਦਾ ਨਾਮ ਦਿੱਤਾ ਗਿਆ। ਇਸ ਮਾਰਚ ਵਿੱਚ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਜਸਪਾਲ ਸਿੰਘ ਗੰਗਰੋਲੀ, ਹਰਦੀਪ ਸਿੰਘ ਸਨੌਰ ਤੇ ਘਨੌਰ ਦੇ ਵੱਖ-ਵੱਖ ਪਿੰਡਾਂ ਤੋਂ ਵੱਡੀ ਗਿਣਤੀ ਵਿੱਚ ਭਾਜਪਾ ਵਰਕਰਾਂ ਤੇ ਨੌਜਵਾਨਾਂ ਨੇ ਸ਼ਮੂਲੀਅਤ ਕੀਤੀ। ਇਹ ਰੈਲੀ ਘਨੌਰ ਦਾਨਾ ਮੰਡੀ ਤੋਂ ਸ਼ੁਰੂ ਹੁੰਦੀ ਹੋਈ ਬਾਜ਼ਾਰ ਵਿੱਚੋਂ ਦੁਕਾਨਦਾਰਾਂ ਨੂੰ ਲੱਡੂ ਵੰਡਦੇ ਤੇ ਜਸ਼ਨ ਮਨਾਉਂਦੇ ਹੋਏ ਸਮਾਪਤ ਹੋਈ।ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਹਰਵਿੰਦਰ ਸਿੰਘ ਹਰਪਾਲਪੁਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਅਸਾਮ, ਪੁੱਡੂਚੇਰੀ ਤੇ ਪੱਛਮੀ ਬੰਗਾਲ 'ਚ ਭਾਜਪਾ ਨੇ ਭਾਰੀ ਬਹੁਮਤ ਨਾਲ ਇਤਿਹਾਸਕ ਜਿੱਤ ਹਾਸਲ ਕੀਤੀ ਹੈ।ਉਨ੍ਹਾਂ ਕਿਹਾ ਕਿ ਇਸ ਜਿੱਤ ਦਾ ਧੂਮਧਾਮ ਨਾਲ ਜਸ਼ਨ ਹਲਕਾ ਘਨੌਰ ਦੇ ਵਰਕਰਾਂ ਵੱਲੋਂ ਮਨਾਇਆ ਗਿਆ।ਉਨ੍ਹਾਂ ਕਿਹਾ ਕਿ ਇਹ ਜਿੱਤ ਭਾਜਪਾ ਦੀਆਂ ਨੀਤੀਆਂ ਤੇ ਮਜ਼ਬੂਤ ਨੇਤ੍ਰਿਤਵ ਤੇ ਲੋਕਾਂ ਦੇ ਭਰੋਸੇ ਦੀ ਪ੍ਰਤੀਕ ਹੈ।ਉਨ੍ਹਾਂ ਪ੍ਰਧਾਨ ਮੰਤਰੀ ਦੇ ਵਿਕਾਸ ਕਾਰਜਾਂ ਤੇ ਗਰੀਬ-ਕਲਿਆਣ ਯੋਜਨਾਵਾਂ ਨੂੰ ਮਿਲ ਰਹੇ ਭਰਪੂਰ ਸਮਰਥਨ ਦੀ ਗੱਲ ਕੀਤੀ ਹੈ।ਉਨ੍ਹਾਂ ਕਿਹਾ ਕਿ ਹੁਣ ਪੰਜਾਬ ਅੰਦਰ 2027 ਦੀਆਂ ਵਿਧਾਨ ਸਭਾ ਚੋਣਾਂ ਦੌਰਾਨ ਭਾਜਪਾ ਵੱਡਾ ਬਹੁਮਤ ਹਾਸਲ ਕਰੇਗੀ।

ਇਸ ਮੌਕੇ ਸਰਪੰਚ ਬਲਜਿੰਦਰ ਸਿੰਘ ਮਾੜੂ, ਗੁਰਦਰਸ਼ਨ ਸਿੰਘ ਹੈਪੀ ਨਨਹੇੜੀ, ਸੁਰਿੰਦਰ ਸਿੰਘ ਕਾਮੀ, ਸੁਖਬੀਰ ਸਿੰਘ ਵੜੈਚ, ਜਸਵੰਤ ਸਿੰਘ ਸਰਪੰਚ ਨਸੀਰਪੁਰ, ਸੁਲੱਖਣ ਸਿੰਘ ਭੰਗੂ, ਦਲਵੀਰ ਸਿੰਘ ਭੰਗੂ, ਨਾਗਰ ਸਿੰਘ ਕੁੱਥਾਖੇੜੀ, ਕੁਲਵੰਤ ਸਿੰਘ ਸਰਦਾਰਗੜ੍ਹ, ਬਿਕਰਮ ਸਿੰਘ ਬੰਸੀ, ਦਰਸ਼ਨ ਸਿੰਘ ਪੱਬਰੀ, ਸ੍ਰੀ ਸਾਹਿਲ ਸੂਦ ਘਨੌਰ, ਰਾਜਵੀਰ ਸਿੰਘ ਚੱਪੜ, ਬਨਾਰਸੀ ਸਿੰਘ ਸੇਖੂਪੁਰ, ਤੇਜ਼ੀ ਸਿਆਲੂ, ਸਖਵਿੰਦਰ ਸਿੰਘ ਭੋਲਾ ਸਮੇਤ ਹੋਰ ਆਗੂ ਹਾਜ਼ਰ ਸਨ।

# ਹੱਕੀ ਮੰਗਾਂ ਨੂੰ ਲੈ ਕੇ ਮਿਊਂਸਪਲ ਇੰਪਲਾਈਜ਼ ਫੈਡਰੇਸ਼ਨ ਵੱਲੋਂ ਰੋਸ ਪ੍ਰਦਰਸ਼ਨ

## ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਵਿੱਢਿਆ ਜਾਵੇਗਾ ਤਿੱਖਾ ਸੰਘਰਸ਼ : ਜਸਵੀਰ ਸਿੰਘ, ਸਤਪਾਲ ਅੰਜਾਨ



**ਮੋਗਾ (ਇਕਬਾਲ ਸਿੰਘ ਖਹਿਰਾ)**-ਮਿਊਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਤੇ ਸਫ਼ਾਈ ਸੇਵਕ ਯੂਨੀਅਨ ਪੰਜਾਬ ਵੱਲੋਂ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਵਾਉਣ ਸਬੰਧੀ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕਰਨਾ, ਠੇਕੇਦਾਰੀ ਪ੍ਰਥਾ ਬੰਦ ਕਰਨਾ ਤੇ ਹੋਰ ਵੱਖ-ਵੱਖ ਕੈਟਾਗਰੀਆਂ ਦੇ ਮੁਲਾਜ਼ਮਾਂ ਨੂੰ ਕੰਟ੍ਰੈਕਟ 'ਤੇ ਕਰਨਾ ਆਦਿ ਮੰਗਾਂ ਨੂੰ ਲੈ ਨਗਰ ਨਿਗਮ ਮੋਗਾ ਤੀਜੇ ਦਿਨ ਵੀ ਮਿਊਂਸਪਲ ਇੰਪਲਾਈਜ਼ ਫ਼ੈਡਰੇਸ਼ਨ ਵੱਲੋਂ ਨਗਰ ਨਿਗਮ ਮੋਗਾ ਵਿਖੇ ਰੋਸ ਧਰਨਾ ਲਗਾਇਆ ਗਿਆ, ਜਿਸ ਵਿੱਚ ਸਮੂਹ ਯੂਨੀਅਨਾਂ ਦੇ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।ਦਫ਼ਤਰ ਨਗਰ ਨਿਗਮ ਵਿਖੇ ਇਕੱਠੇ ਹੋਏ ਇਸ ਮੌਕੇ ਵੱਖ-ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪੂਰੇ ਪੰਜਾਬ ਵਿੱਚ ਅੱਜ ਤੀਜਾ ਦਿਨ ਹੜਤਾਲ ਨੂੰ ਹੋ ਗਿਆ ਹੈ, ਪਰ ਸਰਕਾਰ ਵੱਲੋਂ ਕਿਸੇ ਵੀ ਤਰ੍ਹਾਂ ਦੀ ਗੱਲਬਾਤ ਲਈ ਪੰਜਾਬ ਜਥੇਬੰਦੀ ਨੂੰ ਕੋਈ ਵੀ ਸੱਦਾ ਪੱਤਰ ਅਜੇ ਤੱਕ ਨਹੀਂ ਮਿਲਿਆ ਹੈ, ਜਿਸ ਕਾਰਨ ਸਮੂਹ ਮੁਲਾਜ਼ਮਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਧਾਨ ਜਸਵੀਰ ਗਿੱਲ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਜਲਦੀ ਹੀ ਪੰਜਾਬ ਜਥੇਬੰਦੀ ਨਾਲ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਕੋਈ ਫ਼ੈਸਲਾ ਨਹੀਂ ਲਿਆ ਜਾਂਦਾ ਤਾਂ ਆਉਣ ਵਾਲੇ ਸਮੇਂ ਵਿੱਚ ਇਹ ਸੰਘਰਸ਼ ਹੋਰ ਤਿੱਖਾ ਹੋ ਜਾਵੇਗਾ।ਉਨ੍ਹਾਂ ਕਿਹਾ ਕਿ ਅੱਜ ਹੜਤਾਲ ਨੂੰ ਸ਼ਹਿਰ ਦੀਆਂ ਜਥੇਬੰਦੀਆਂ ਵੀ ਸਮਰਥਨ ਦੇ ਰਹੀਆਂ ਹਨ, ਜਿਸ ਵਿੱਚ ਨੌਜਵਾਨ ਭਾਰਤ ਸਭਾ ਤੋਂ ਕਰਮਜੀਤ ਸਿੰਘ ਮਾਣੂੰਕੇ, ਕਿਰਤੀ ਕਿਸਾਨ ਯੂਨੀਅਨ ਤੇ ਸੂਬਾ ਪ੍ਰਧਾਨ ਨਿਰਭੈ ਸਿੰਘ ਢੁੱਡੀਕੇ, ਸਟੂਡੈਂਟ ਯੂਨੀਅਨ, ਪੇਂਡੂ ਮਜ਼ਦੂਰ ਯੂਨੀਅਨ, ਈ-ਰਿਕਸ਼ਾ ਯੂਨੀਅਨ, ਵਾਲਮੀਕਿ ਮਜ਼ਬੀ ਸਿੰਘ ਸਭਾ ਦੇ ਪ੍ਰਧਾਨ ਬਲਜਿੰਦਰ ਸਿੰਘ ਧਾਲੀਵਾਲ, ਜਗਤਾਰ ਸਿੰਘ ਮਖੂ, ਮਜ਼ਦੂਰ ਆਗੂ ਮੰਗਾ ਸਿੰਘ ਵੈਰੋਕੇ, ਵਾਲਮੀਕਿ ਸਭਾ ਦੇ ਪ੍ਰਧਾਨ ਹੈਪੀ ਚੌਬੜ ਨੇ ਵੀ ਹਿੱਸਾ ਲਿਆ।ਧਰਨੇ ਦੇ ਅੰਤ ਵਿੱਚ ਸਮੁੱਚੇ ਮੁਲਾਜ਼ਮਾਂ ਤੇ ਆਗੂਆਂ ਵੱਲੋਂ ਸ਼ਹਿਰ ਵਿੱਚ ਰੋਸ ਮਾਰਚ ਕਰਦਿਆਂ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਦਿਆਂ ਮਹਿਲਾ ਮੁਲਾਜ਼ਮਾਂ ਨੇ ਪਿੱਟ ਸਿਆਪਾ ਕੀਤਾ।ਉਪਰੰਤ ਵਾਪਸ ਨਗਰ ਨਿਗਮ ਵਿਖੇ ਆ ਕੇ ਇਹ ਰੋਸ ਮਾਰਚ ਸਮਾਪਤ ਹੋਇਆ। ਧਰਨੇ 'ਚ ਮਿਉਂਸਪਲ ਇੰਪਲਾਈਜ਼ ਫ਼ੈਡਰੇਸ਼ਨ ਦੇ ਜਨਰਲ ਸਕੱਤਰ ਵਿੱਕੀ ਬੋਹਤ, ਚੀਫ਼ ਸਕੱਤਰ ਨਿਰੋਤਮ ਬੋਹਤ, ਕੈਸ਼ੀਅਰ ਜੋਗਿੰਦਰ ਭੁੱਲਰ, ਸਫ਼ਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੌਬੜ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਗੰਗੂ, ਚੀਫ਼ ਸਕੱਤਰ ਰਵੀ ਸਾਰਵਾਨ, ਆਫ਼ਿਸਰ ਯੂਨੀਅਨ ਤੋਂ ਰਵੀ ਚਾਂਵਰੀਆ, ਬੇਲਦਾਰ ਯੂਨੀਅਨ ਤੋਂ ਪ੍ਰਵੀਨ ਕੁਮਾਰ, ਫ਼ਾਇਰ ਬ੍ਰਿਗੇਡ ਯੂਨੀਅਨ ਜਗਤਾਰ ਸਿੰਘ, ਸੀਵਰੇਜ ਯੂਨੀਅਨ ਦੇ ਪ੍ਰਧਾਨ ਮੰਗਤ ਰਾਮ, ਦਫ਼ਤਰੀ ਯੂਨੀਅਨ ਦੇ ਪ੍ਰਧਾਨ ਸੁਖਪਾਲ ਸੌਂਦਾ, ਰਿਟਾਇਰਮੈਂਟ ਯੂਨੀਅਨ ਤੋਂ ਹਰਕਿਸ਼ਨ ਬੋਹਤ, ਸੀਨੀਅਰ ਆਗੂ ਮਦਨ ਲਾਲ ਬੋਹਤ, ਸਤਪਾਲ ਅੰਜਾਨ ਤੇ ਭਾਰੀ ਸੰਖਿਆ ਵਿੱਚ ਮਹਿਲਾਵਾਂ ਤੇ ਮੁਲਾਜ਼ਮ ਸਾਥੀ ਮੌਜੂਦ ਸਨ।

# ਐੱਸ ਐੱਸ ਪੀ ਚਹਿਲ ਨੂੰ ਬਦਲੀ ਉਪਰੰਤ ਨਿੱਘੀ ਵਿਦਾਇਗੀ

**ਧੂਰੀ/ਸੰਗਰੂਰ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ/ਪ੍ਰਵੀਨ ਸਿੰਘ)**-ਜ਼ਿਲ੍ਹਾ ਸੰਗਰੂਰ ਵਿੱਚ ਬਤੌਰ ਐੱਸ ਐੱਸ ਪੀ ਇੱਕ ਲੰਬਾ ਤੇ ਸਫ਼ਲ ਕਾਰਜਕਾਲ ਪੂਰਾ ਕਰਨ ਉਪਰੰਤ ਆਈ.ਪੀ.ਐੱਸ. ਅਧਿਕਾਰੀ ਸ੍ਰੀ ਸਰਤਾਜ ਸਿੰਘ ਚਹਿਲ ਦਾ ਬੀਤੇ ਦਿਨੀਂ ਮੋਗਾ ਵਿਖੇ ਤਬਾਦਲਾ ਹੋ ਗਿਆ।ਇਸ ਮੌਕੇ ਜ਼ਿਲ੍ਹਾ ਪੁਲਸ ਲਾਈਨ ਤੇ ਹੈੱਡਕੁਆਰਟਰ ਵਿਖੇ ਇੱਕ ਬੇਹੱਦ ਭਾਵੁਕ ਤੇ ਪ੍ਰਭਾਵਸ਼ਾਲੀ ਵਿਦਾਇਗੀ ਸਮਾਰੋਹ ਕੀਤਾ ਗਿਆ, ਜਿੱਥੇ ਪੁਲਸ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਆਪਣੇ ਹਰਮਨਪਿਆਰੇ ਅਧਿਕਾਰੀ 'ਤੇ ਫੁੱਲਾਂ ਦੀ ਵਰਖਾ ਕਰਕੇ ਉਨ੍ਹਾਂ ਨੂੰ ਨਵੀਂ ਨਿਯੁਕਤੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਵਿਦਾਇਗੀ ਮੌਕੇ ਭਾਵੁਕ ਹੁੰਦਿਆਂ ਸ੍ਰੀ ਚਹਿਲ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸੰਗਰੂਰ ਜ਼ਿਲ੍ਹੇ ਵਿੱਚ ਨਿਭਾਈ ਗਈ ਸੇਵਾ ਉਨ੍ਹਾਂ ਦੇ ਜੀਵਨ ਦਾ ਇੱਕ ਅਹਿਮ ਹਿੱਸਾ ਰਹੇਗੀ।ਉਨ੍ਹਾਂ ਕਿਹਾ, 'ਮੈਂ ਕਦੇ ਵੀ ਜ਼ਿਲ੍ਹਾ ਪੁਲਸ ਦੇ ਜਵਾਨਾਂ ਨੂੰ ਸਿਰਫ਼ ਮੁਲਾਜ਼ਮ ਨਹੀਂ ਸਮਝਿਆ, ਸਗੋਂ ਅਸੀਂ ਇੱਕ ਪਰਿਵਾਰ ਵਾਂਗ ਕੰਮ ਕੀਤਾ ਹੈ।ਉਨ੍ਹਾਂ ਕਿਹਾ ਕਿ ਇੱਕ ਮੁਖੀ ਵਜੋਂ ਉਨ੍ਹਾਂ ਦੀ ਸਫ਼ਲਤਾ ਪਿੱਛੇ ਪੂਰੀ ਟੀਮ ਦਾ ਦਿਨ-ਰਾਤ ਦਾ ਸਹਿਯੋਗ ਸੀ।

ਉਨ੍ਹਾਂ ਸਮੂਹ ਪੁਲਸ ਫੋਰਸ ਨੂੰ ਅਪੀਲ ਕੀਤੀ ਕਿ ਉਹ ਇਸੇ ਤਰ੍ਹਾਂ ਦ੍ਰਿੜ੍ਹਤਾ ਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਨਿਭਾਉਂਦੇ ਰਹਿਣ।ਵਿਦਾਇਗੀ ਮੌਕੇ ਪੁਲਸ ਕਰਮਚਾਰੀਆਂ ਦੀਆਂ ਅੱਖਾਂ ਵਿੱਚ ਨਮੀ ਤੇ ਚਿਹਰਿਆਂ 'ਤੇ ਸਤਿਕਾਰ ਸਾਫ਼ ਝਲਕ ਰਿਹਾ ਸੀ।ਅਧਿਕਾਰੀਆਂ ਨੇ ਕਿਹਾ ਕਿ ਸ੍ਰੀ ਚਹਿਲ ਵਰਗੇ ਮਿਹਨਤੀ ਤੇ ਮਿਲਣਸਾਰ ਅਧਿਕਾਰੀ ਦੀ ਘਾਟ ਜ਼ਿਲ੍ਹਾ ਪੁਲਸ ਨੂੰ ਹਮੇਸ਼ਾ ਮਹਿਸੂਸ ਹੋਵੇਗੀ।ਇਹ ਵਿਦਾਇਗੀ ਸਿਰਫ਼ ਇੱਕ ਰਸਮੀ ਪ੍ਰੋਗਰਾਮ ਨਹੀਂ ਸੀ, ਸਗੋਂ ਇੱਕ ਅਜਿਹੇ ਅਧਿਕਾਰੀ ਪ੍ਰਤੀ ਲੋਕਾਂ ਤੇ ਮਹਿਕਮੇ ਦਾ ਪਿਆਰ ਸੀ, ਜਿਸ ਨੇ ਡਿਊਟੀ ਨੂੰ ਸਿਰਫ਼ ਨੌਕਰੀ ਨਹੀਂ, ਸਗੋਂ ਇਬਾਦਤ ਸਮਝ ਕੇ ਨਿਭਾਇਆ।

# ਸਲੇਮਪੁਰਾ ਦੀ 20 ਏਕੜ ਪੰਚਾਇਤੀ ਜ਼ਮੀਨ ਤੋਂ ਨਜਾਇਜ਼ ਕਬਜ਼ਾ ਹਟਾਇਆ

## ਹਲਕਾ ਇੰਚਾਰਜ ਕੰਗ ਦੀ ਬਦੌਲਤ ਸਲੇਮਪੁਰਾ ਨੂੰ 20 ਏਕੜ ਜ਼ਮੀਨ ਮਿਲੀ : ਦਵਿੰਦਰ ਸਲੇਮਪੁਰੀ



**ਜਗਰਾਉਂ (ਸੰਜੀਵ ਅਰੋੜਾ)**-ਲਾਗਲੇ ਪਿੰਡ ਸਲੇਮਪੁਰਾ ਦੀ ਪੰਚਾਇਤੀ ਜ਼ਮੀਨ 'ਤੇ ਲੰਬੇ ਸਮੇਂ ਤੋਂ ਕਾਬਜ਼ ਪਰਵਾਰਾਂ ਤੋਂ ਜ਼ਮੀਨ ਦਾ ਕਬਜ਼ਾ ਛੁਡਵਾਇਆ ਗਿਆ। ਪਿੰਡ ਸਲੇਮਪੁਰਾ ਦੀ ਪੰਚਾਇਤੀ ਜ਼ਮੀਨ ਵਿੱਚ ਅਮਲੇ ਸਮੇਤ ਪਹੁੰਚੇ ਬੀ. ਡੀ. ਪੀ. ਓ. ਗੁਰਪ੍ਰੀਤ ਸਿੰਘ ਸਿੱਧਵਾਂ ਬੇਟ ਨੇ ਦੱਸਿਆ ਕਿ ਪਿੰਡ ਸਲੇਮਪੁਰਾ ਦੀ ਪੰਚਾਇਤੀ ਜ਼ਮੀਨ 'ਤੇ ਕੁਝ ਪਰਵਾਰਾਂ ਦਾ ਕਾਫੀ ਲੰਬੇ ਸਮੇਂ ਤੋਂ ਕਬਜ਼ਾ ਸੀ, ਜਿਸ ਦਾ ਅੱਜ ਗ੍ਰਾਮ ਪੰਚਾਇਤ, ਪੁਲਸ ਪ੍ਰਸ਼ਾਸਨ ਤੇ ਮਾਲ ਵਿਭਾਗ ਦੀ ਹਾਜ਼ਰੀ ਵਿੱਚ ਕਬਜ਼ਾ ਲਿਆ ਗਿਆ। ਪਿੰਡ ਦੀ ਕਰੀਬ 20 ਏਕੜ ਜ਼ਮੀਨ, ਜਿਸ ਦੀ ਮਾਲ ਵਿਭਾਗ ਵੱਲੋਂ ਮਿਣਤੀ ਕਰਵਾ ਕੇ ਸਿਰਿਆਂ 'ਤੇ ਬੁਰਜੀਆਂ ਲਗਾ ਦਿੱਤੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਜ਼ਮੀਨ 'ਤੇ ਨਜਾਇਜ਼ ਕਬਜ਼ੇ ਨੂੰ ਬਾ-ਅਦਾਲਤ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਲੁਧਿਆਣਾ ਦੇ ਹੁਕਮ ਦੇ ਅਧਾਰ 'ਤੇ ਹਟਾਇਆ ਗਿਆ ਹੈ। ਮੌਕੇ 'ਤੇ ਮੌਜੂਦ ਨਗਰ ਸਲੇਮਪੁਰਾ ਦੇ ਸਰਪੰਚ ਦਵਿੰਦਰ ਸਿੰਘ ਸਲੇਮਪੁਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਨਗਰ ਦੇ ਇਸ 20 ਏਕੜ ਰਕਬੇ ਤੇ ਕਈ ਦਹਾਕਿਆਂ ਤੋਂ ਕੁਝ ਪਰਵਾਰਾਂ ਨੇ ਕਬਜ਼ਾ ਜਮਾਇਆ ਹੋਇਆ ਸੀ। ਬਹੁਤ ਸਾਰੀਆਂ ਸਰਕਾਰਾਂ ਆਈਆਂ ਤੇ ਗਈਆਂ ਪਰ ਕਿਸੇ ਨੇ ਵੀ ਨਜਾਇਜ਼ ਕਬਜ਼ੇ ਛੁਡਾਉਣ ਵੱਲ ਧਿਆਨ ਨਹੀਂ ਦਿੱਤਾ। ਜਦੋਂ ਤੋਂ ਆਮ ਆਦਮੀ ਪਾਰਟੀ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਵਾਂਗਡੋਰ ਸੰਭਾਲੀ ਹੈ, ਉਦੋਂ ਤੋਂ ਹੀ ਪੰਚਾਇਤ ਜ਼ਮੀਨਾਂ ਤੋਂ ਨਜਾਇਜ਼ ਕਬਜ਼ਿਆਂ ਨੂੰ ਹਟਾਇਆ ਜਾ ਰਿਹਾ ਹੈ। ਹਲਕੇ ਦਾਖੇ ਅੰਦਰ ਹਲਕਾ ਇੰਚਾਰਜ ਡਾ. ਕੇ.ਐੱਨ.ਐੱਸ. ਕੰਗ ਵੱਲੋਂ ਵੀ ਕਈ ਪਿੰਡਾਂ ਦੀਆਂ ਪੰਚਾਇਤੀ ਜ਼ਮੀਨਾਂ ਤੋਂ ਨਜਾਇਜ਼ ਕਬਜ਼ੇ ਹਟਾਏ ਗਏ ਹਨ। ਅੱਜ ਹਲਕਾ ਇੰਚਾਰਜ ਕੰਗ ਦੀ ਬਦੌਲਤ ਪਿੰਡ ਸਲੇਮਪੁਰਾ ਨੂੰ ਕਰੀਬ 20 ਏਕੜ ਜ਼ਮੀਨ ਮਿਲੀ ਹੈ। ਜ਼ਮੀਨ ਮਿਲਣ ਨਾਲ ਪਿੰਡ ਦੀ ਕਮਾਈ ਵਿੱਚ ਸਾਲਾਨਾ ਵਾਧਾ ਹੋਇਆ ਹੈ, ਜਿਸ ਨਾਲ ਪਿੰਡ ਦਾ ਹੋਰ ਵੀ ਵਿਕਾਸ ਹੋਵੇਗਾ। ਇਸ ਸਮੇਂ ਥਾਣਾ ਸਿੱਧਵਾਂ ਬੇਟ ਦੇ ਮੁਖੀ ਅਮਰਜੀਤ ਸਿੰਘ ਪੁਲਸ ਪਾਰਟੀ ਸਮੇਤ ਹਾਜ਼ਰ ਸਨ।

# ਸ਼ੁਕਰਾਨਾ ਯਾਤਰਾ ਸਮੇਂ ਮੁੱਖ ਮੰਤਰੀ ਮਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਏ ਨਤਮਸਤਕ

## ਮਾਨ ਸਰਕਾਰ ਗੁਰੂ ਸਾਹਿਬ ਦੀ ਮਰਿਆਦਾ ਤੇ ਪੰਜਾਬ ਦੀ ਤਰੱਕੀ ਲਈ ਕਰ ਰਹੀ ਐ ਕੰਮ-ਚੇਅਰਮੈਨ ਮਾਨ



**ਬਠਿੰਡਾ (ਰਾਜੀਵ ਗੋਇਲ)**

'ਸ਼ੁਕਰਾਨਾ ਯਾਤਰਾ' ਦੇ ਤੀਜੇ ਦਿਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੀ ਪਵਿੱਤਰ ਧਰਤੀ ਉੱਪਰ ਪੰਜਾਬ ਦੇ ਮਾਨਯੋਗ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੇ ਨਤਮਸਤਕ ਹੋ ਕੇ ਗੁਰੂ ਘਰ ਦਾ ਅਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਪੁੱਜੀ ਸੰਗਤ ਤੇ ਲੋਕਾਂ ਦੇ ਅਥਾਹ ਪਿਆਰ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਅੱਜ ਵੀ ਇਮਾਨਦਾਰ ਤੇ ਲੋਕਪੱਖੀ ਸਰਕਾਰ ਦੇ ਨਾਲ ਡੱਟ ਕੇ ਖੜ੍ਹੇ ਹਨ। ਚੇਅਰਮੈਨ ਮਾਰਕਫੈੱਡ ਪੰਜਾਬ ਸ੍ਰ. ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਗੁਰੂਆਂ ਤੇ ਸ਼ਹੀਦਾਂ ਦੀ ਇਸ ਧਰਤੀ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਭਾਈਚਾਰਕ ਸਾਂਝ, ਤਰੱਕੀ ਤੇ ਗੁਰੂ ਸਾਹਿਬ ਦੀ ਮਰਿਆਦਾ ਦੀ ਰਾਖੀ ਲਈ ਆਪਣੀ ਵਚਨਬੱਧਤਾ ਨੂੰ ਦੁਹਰਾਇਆ ਹੈ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਵੱਲੋਂ ਬਣਾਇਆ ਗਿਆ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਐਕਟ' ਸਿੱਖ ਕੌਮ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਨ ਵਾਲਾ ਇਤਿਹਾਸਕ ਕਦਮ ਹੈ, ਜਿਸ ਤਹਿਤ ਹੁਣ ਬੇਅਦਬੀ ਕਰਨ ਵਾਲੇ ਕਿਸੇ ਵੀ ਹਾਲਤ ਵਿੱਚ ਕਾਨੂੰਨ ਤੋਂ ਨਹੀਂ ਬਚ ਸਕਣਗੇ। ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਪੰਜਾਬ ਨੂੰ ਲੁੱਟਣ ਤੇ ਲੋਕਾਂ ਨੂੰ ਵੰਡਣ ਦੀ ਰਾਜਨੀਤੀ ਕੀਤੀ, ਜਦਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਹਰ ਵਰਗ ਦੀ ਭਲਾਈ ਤੇ ਸਰਬੱਤ ਦੇ ਭਲੇ ਦੀ ਸੋਚ ਨਾਲ ਕੰਮ ਕਰ ਰਹੀ ਹੈ। ਚੇਅਰਮੈਨ ਨੇ ਕਿਹਾ ਕਿ 'ਮਾਨ ਸਰਕਾਰ' ਪੰਜਾਬ ਦੀ ਤਰੱਕੀ, ਨੌਜਵਾਨਾਂ ਦੇ ਭਵਿੱਖ, ਕਿਸਾਨਾਂ ਦੀ ਭਲਾਈ ਤੇ ਪੰਜਾਬ ਦੀ ਅਮਨ-ਸ਼ਾਂਤੀ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਲੋਕਾਂ ਦਾ ਮਿਲ ਰਿਹਾ ਪਿਆਰ ਇਸ ਗੱਲ ਦਾ ਸਬੂਤ ਹੈ ਕਿ ਪੰਜਾਬ ਦੇ ਲੋਕ ਬਦਲਾਅ ਦੀ ਇਸ ਰਾਜਨੀਤੀ ਨਾਲ ਮਜ਼ਬੂਤੀ ਨਾਲ ਜੁੜੇ ਹੋਏ ਹਨ। ਇਸ ਸਮੇਂ ਕੈਬਨਿਟ ਰੈਂਕ ਪ੍ਰੋਫੈਸਰ ਬਲਜਿੰਦਰ ਕੌਰ, ਵਿਧਾਇਕ ਸੁਖਵੀਰ ਸਿੰਘ ਮਾਈਸਰਖਾਨਾ, ਚੇਅਰਮੈਨ ਵਣ ਰਾਜ ਵਿਕਾਸ ਕਾਰਪੋਰੇਸ਼ਨ ਪੰਜਾਬ ਰਾਕੇਸ਼ ਕੁਮਾਰ ਪੁਰੀ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਐਡਵੋਕੇਟ ਹਰਦੀਪ ਸਿੰਘ ਸਰ੍ਹਾਂ, ਮਹਿਲਾ ਵਿੰਗ ਜ਼ੋਨ ਇੰਚਾਰਜ ਜਸਵਿੰਦਰ ਕੌਰ ਚੌਧਰੀ, ਸੋਸ਼ਲ ਮੀਡੀਆ ਜ਼ੋਨ ਸੈਕਟਰੀ ਸੁਖਵਿੰਦਰ ਸਿੰਘ ਜਵੰਧਾ, ਜ਼ਿਲ੍ਹਾ ਸੈਕਟਰੀ ਬਲਵਿੰਦਰ ਸਿੰਘ ਬੱਲ੍ਹੋ, ਯੂਥ ਵਿੰਗ ਜ਼ਿਲ੍ਹਾ ਇੰਚਾਰਜ ਐਡਵੋਕੇਟ ਰਮਨਦੀਪ ਸਿੰਘ, ਕਿਸਾਨ ਵਿੰਗ ਜ਼ਿਲ੍ਹਾ ਇੰਚਾਰਜ ਅਮਨਦੀਪ ਸਿੰਘ ਮੌੜ, ਚੇਅਰਮੈਨ ਮਾਰਕੀਟ ਕਮੇਟੀ ਰਾਮਾਂ ਗੁਰਪ੍ਰੀਤ ਕੌਰ ਸਿੱਧੂ, ਚੇਅਰਮੈਨ ਮਾਰਕੀਟ ਕਮੇਟੀ ਤਲਵੰਡੀ ਸਾਬੋ ਟੇਕ ਸਿੰਘ ਬੰਗੀ ਆਦਿ ਹਾਜ਼ਰ ਸਨ।

# ਆਰੀਅਨਜ਼ ਕਾਲਜ ਵੱਲੋਂ 'ਫਾਰਮਾ ਫਿਊਜ਼ਨ-2026' ਦਾ ਆਯੋਜਨ




**ਰਾਜਪੁਰਾ (ਰਮੇਸ਼ ਕਟਾਰੀਆ)**

ਆਰੀਅਨਜ਼ ਕਾਲਜ ਆਫ਼ ਫਾਰਮੇਸੀ ਰਾਜਪੁਰਾ ਨੇੜੇ ਚੰਡੀਗੜ੍ਹ ਨੇ 'ਫਾਰਮਾ ਫਿਊਜ਼ਨ 2026' ਦਾ ਆਯੋਜਨ ਕੀਤਾ। ਇਸ ਦੋ-ਰੋਜ਼ਾ ਅਕਾਦਮਿਕ ਤੇ ਰਚਨਾਤਮਕ ਪ੍ਰੋਗਰਾਮ ਵਿੱਚ ਫਾਰਮਾਸਿਊਟੀਕਲ ਕੁਇਜ਼ ਮੁਕਾਬਲਾ, ਵਿਗਿਆਨਕ ਪੋਸਟਰ ਪੇਸ਼ਕਾਰੀ, ਪੇਪਰ ਪੇਸ਼ਕਾਰੀ, ਰੀਲ ਮੁਕਾਬਲਾ ਤੇ ਸਕਿੱਟ ਮੁਕਾਬਲਾ ਸ਼ਾਮਲ ਸੀ।ਆਰੀਅਨਜ਼ ਸਟੂਡੈਂਟਸ ਇੰਸਿਡੈਂਟ ਐੱਮ. ਫਾਰਮੇਸੀ, ਬੀ ਫਾਰਮੇਸੀ ਤੇ ਡੀ ਫਾਰਮੇਸੀ ਨੇ ਡਰੱਗ ਸੇਫਟੀ, ਡਰੱਗ ਡਿਸਕਵਰੀ ਵਿੱਚ ਏ ਆਈ, ਐਂਟੀਬਾਇਓਟਿਕ ਪ੍ਰਤੀਰੋਧ, ਮਾਨਸਿਕ ਸਿਹਤ ਤੇ ਮਰੀਜ਼ ਸਲਾਹ ਸਮੇਤ ਥੀਮਾਂ 'ਤੇ ਅਧਾਰਤ ਵੱਖ-ਵੱਖ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਅਜਿਹੇ ਸੈਮੀਨਾਰ, ਮੁਕਾਬਲੇ ਤੇ ਨਵੀਨਤਾ-ਅਧਾਰਤ ਗਤੀਵਿਧੀਆਂ ਵਿਦਿਆਰਥੀਆਂ ਨੂੰ ਅਕਾਦਮਿਕ ਦੇ ਨਾਲ-ਨਾਲ ਵਿਹਾਰਕ ਐਕਸਪੋਜ਼ਰ, ਖੋਜ ਓਰੀਐਂਟੇਸ਼ਨ ਤੇ ਉਦਯੋਗ ਜਾਗਰੂਕਤਾ ਪ੍ਰਾਪਤ ਕਰਨ ਵਿੱਚ ਮਦਦ ਕਰਦੀਆਂ ਹਨ।ਉਨ੍ਹਾਂ ਕਿਹਾ ਕਿ ਆਰੀਅਨਜ਼ ਗਰੁੱਪ, ਜੋ ਕਿ 7 ਜੂਨ 2026 ਨੂੰ ਆਪਣੇ 20ਵੇਂ ਸਾਲ ਵਿੱਚ ਪ੍ਰਵੇਸ਼ ਕਰ ਰਿਹਾ ਹੈ, ਨੌਜਵਾਨਾਂ ਵਿੱਚ ਗੁਣਵੱਤਾ ਵਾਲੀ ਸਿੱਖਿਆ, ਨਵੀਨਤਾ ਤੇ ਹੁਨਰ ਵਿਕਾਸ ਨੂੰ ਉਤਸ਼ਾਹਤ ਕਰਨ ਲਈ ਵਚਨਬੱਧ ਹੈ।ਡਾ. ਸਤਵਿੰਦਰ ਸਿੰਘ ਐੱਮ ਡੀ ਫਾਰਮਾਕੋਲੋਜੀ ਨੇ ਵਿਦਿਆਰਥੀਆਂ ਨੂੰ ਡਰੱਗ ਡਿਸਕਵਰੀ ਵਿੱਚ ਹਾਲੀਆ ਤਰੱਕੀ, ਕਲੀਨਿਕਲ ਫਾਰਮਾਕੋਲੋਜੀ ਵਿੱਚ ਚੁਣੌਤੀਆਂ ਤੇ ਫਾਰਮਾਸਿਊਟੀਕਲ ਸੈਕਟਰ ਵਿੱਚ ਭਵਿੱਖ ਦੇ ਮੌਕਿਆਂ ਬਾਰੇ ਸੰਬੋਧਨ ਕੀਤਾ।'ਇਨੋਵੇਸ਼ਨਾਂ ਦੀ ਸੁਰੱਖਿਆ : ਆਈਪੀਆਰ ਨੂੰ ਸਮਝਣਾ ਤੇ ਸਟਾਰਟਅੱਪ ਈਕੋਸਿਸਟਮ ਵਿੱਚ ਉਨ੍ਹਾਂ ਦੀ ਭੂਮਿਕਾ' ਬਾਰੇ ਭਾਸ਼ਣ ਡਾ. ਇੰਦਰਬੀਰ ਸਿੰਘ ਪ੍ਰੋਫੈਸਰ ਤੇ ਮੁਖੀ (ਫਾਰਮਾਸਿਊਟਿਕਸ) ਅਤੇ ਸਹਾਇਕ ਡੀਨ (ਖੋਜ), ਚਿਤਕਾਰਾ ਕਾਲਜ ਆਫ਼ ਫਾਰਮੇਸੀ, ਚਿਤਕਾਰਾ ਯੂਨੀਵਰਸਿਟੀ ਪੰਜਾਬ ਵੱਲੋਂ ਦਿੱਤਾ ਗਿਆ।

# ਕਾਂਗਰਸ ਵੱਲੋਂ ਭਵਾਨੀਗੜ੍ਹ 'ਚ ਵਿਸ਼ੇਸ਼ ਸਮਾਗਮ, ਅਹੁਦੇਦਾਰ ਕੀਤੇ ਸਨਮਾਨਤ



**ਭਵਾਨੀਗੜ੍ਹ (ਰਾਜ ਖੁਰਮੀ)**-ਬਲਾਕ ਭਵਾਨੀਗੜ੍ਹ ਵਿੱਚ ਕਾਂਗਰਸ ਪਾਰਟੀ ਵੱਲੋਂ ਇਕ ਵਿਸ਼ੇਸ਼ ਸਮਾਗਮ ਕੀਤਾ ਗਿਆ, ਜਿਸ ਵਿੱਚ ਸੀਨੀਅਰ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਵਿਜੈਇੰਦਰ ਸਿੰਗਲਾ ਦੀ ਟੀਮ ਦੇ ਕਰੀਬੀ ਸਾਥੀ ਜਗਤਾਰ ਸਿੰਘ ਨਮਾਦਾ (ਓਐੱਸਡੀ) ਦੀ ਅਗਵਾਈ ਹੇਠ ਅਹੁਦੇਦਾਰਾਂ ਨੂੰ ਸਨਮਾਨਤ ਕੀਤਾ ਗਿਆ।ਇਸ ਮੌਕੇ ਬਲਾਕ ਪ੍ਰਧਾਨ ਗੁਰਦੀਪ ਸਿੰਘ ਤੇ ਐੱਸ.ਸੀ. ਵਿਭਾਗ ਪੰਜਾਬ ਦੇ ਜਨਰਲ ਸਕੱਤਰ ਸੰਜੀਵ ਲਾਲਕਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਆਗੂਆਂ ਨੇ ਪਾਰਟੀ ਪ੍ਰਤੀ ਉਨ੍ਹਾਂ ਦੇ ਯੋਗਦਾਨ ਤੇ ਨਿਭਾਈ ਜਾ ਰਹੀ ਜ਼ਿੰਮੇਵਾਰੀ ਦੀ ਭਰਪੂਰ ਪ੍ਰਸ਼ੰਸਾ ਕੀਤੀ।ਸਮਾਗਮ ਦੌਰਾਨ ਜਗਤਾਰ ਸਿੰਘ ਨਮਾਦਾ ਨੇ ਅਹੁਦੇਦਾਰਾਂ ਨੂੰ ਲੱਡੂ ਖਵਾ ਕੇ ਖੁਸ਼ੀ ਦਾ ਪ੍ਰਗਟਾਵਾ ਕੀਤਾ।ਇਸ ਦੌਰਾਨ ਆਗੂਆਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਪਾਰਟੀ ਨੂੰ ਮਜ਼ਬੂਤ ਕਰਨ ਲਈ ਸਾਰੇ ਵਰਕਰਾਂ ਨੂੰ ਇਕਜੁੱਟ ਹੋ ਕੇ ਕੰਮ ਕਰਨ ਦੀ ਲੋੜ ਹੈ ਤੇ ਆਉਣ ਵਾਲੇ ਸਮੇਂ ਵਿੱਚ ਲੋਕ ਸੇਵਾ ਨੂੰ ਹੋਰ ਤੀਵਰ ਕੀਤਾ ਜਾਵੇਗਾ।ਸਮਾਗਮ ਦੇ ਅੰਤ 'ਤੇ ਸਾਰੇ ਅਹੁਦੇਦਾਰਾਂ ਨੇ ਪਾਰਟੀ ਦੀ ਮਜ਼ਬੂਤੀ ਤੇ ਲੋਕ ਭਲਾਈ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਲਿਆ।ਇਸ ਮੌਕੇ ਰਣਜੀਤ ਸਿੰਘ ਤੂਰ (ਸਾਬਕਾ ਪ੍ਰਧਾਨ ਟਰੱਕ ਯੂਨੀਅਨ), ਹਰਦੀਪ ਸਿੰਘ ਤੂਰ (ਸਾਬਕਾ ਪ੍ਰਧਾਨ ਟਰੱਕ ਯੂਨੀਅਨ), ਮੰਗਤ ਸ਼ਰਮਾ, ਬਲਵਿੰਦਰ ਸਿੰਘ ਘਾਬਦੀਆ (ਸਾਬਕਾ ਨਗਰ ਕੌਂਸਲ ਪ੍ਰਧਾਨ), ਸੁਚੇਨ ਸਿੰਘ ਚੈਨੀ (ਰਾਮਪੁਰਾ), ਹੈਪੀ ਸ਼ਰਮਾ, ਗੁਰਤੇਜ ਸਿੰਘ ਤੇਜੀ (ਸਾਬਕਾ ਐੱਮ ਸੀ) ਸਮੇਤ ਹੋਰ ਆਗੂ ਹਾਜ਼ਰ ਸਨ।

# ਅਮਿਤ ਅਗਰਵਾਲ ਦੀ ਨਿਯੁਕਤੀ ਦਾ ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਸਵਾਗਤ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਰਤ ਵਿਕਾਸ ਪ੍ਰੀਸ਼ਦ ਦੇ ਅਹੁਦੇਦਾਰਾਂ ਵੱਲੋਂ ਉੱਘੇ ਸਮਾਜ ਸੇਵੀ ਤੇ ਕਾਨੂੰਨੀ ਮਾਹਰ ਐਡਵੋਕੇਟ ਅਮਿਤ ਅਗਰਵਾਲ ਨਾਲ ਇੱਕ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਹ ਮੁਲਾਕਾਤ ਉਸ ਸਮੇਂ ਹੋਈ ਜਦੋਂ ਹਾਲ ਹੀ ਵਿੱਚ ਅਮਿਤ ਅਗਰਵਾਲ ਨੂੰ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਆਰਟੀਆਈ ਸੈੱਲ ਦਾ ਸਹਿ-ਕਨਵੀਨਰ (ਕੋ-ਕਨਵੀਨਰ) ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਪ੍ਰੀਸ਼ਦ ਦੇ ਆਗੂਆਂ ਵੱਲੋਂ ਉਨ੍ਹਾਂ ਨੂੰ ਵਧਾਈ ਦੇਣ ਦੇ ਨਾਲ-ਨਾਲ ਉਨ੍ਹਾਂ ਦੇ ਉੱਜਵਲ ਸਿਆਸੀ ਭਵਿੱਖ ਲਈ ਸ਼ੁਭ-ਕਾਮਨਾਵਾਂ ਵੀ ਦਿੱਤੀਆਂ ਗਈਆਂ।ਇਸ ਮੌਕੇ ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਭੂਸ਼ਣ ਗੋਇਲ (ਰਿਟਾ. ਕਾਨੂੰਗੋ), ਸੰਜੂ ਮਿੱਤਲ ਤੇ ਸੈਕਟਰੀ ਦਵਿੰਦਰ ਬਾਂਸਲ ਨੇ ਐਡਵੋਕੇਟ ਅਮਿਤ ਅਗਰਵਾਲ ਨੂੰ ਫੁੱਲਾਂ ਦਾ ਗੁਲਦਸਤਾ ਭੇਟ ਕਰਕੇ ਸਨਮਾਨਤ ਕੀਤਾ।ਉਨ੍ਹਾਂ ਆਸ ਜਤਾਈ ਕਿ ਅਮਿਤ ਅਗਰਵਾਲ ਆਪਣੇ ਕੰਮ ਤੇ ਨਿਸ਼ਠਾ ਨਾਲ ਪਾਰਟੀ ਤੇ ਸਮਾਜ ਦੋਹਾਂ ਲਈ ਨਵੀਆਂ ਮਿਸਾਲਾਂ ਕਾਇਮ ਕਰਨਗੇ।ਉਨ੍ਹਾਂ ਵਿਸ਼ਵਾਸ ਜਤਾਇਆ ਕਿ ਉਹ ਆਪਣੀ ਯੋਗਤਾ ਤੇ ਅਨੁਭਵ ਨਾਲ ਲੋਕਾਂ ਦੇ ਹੱਕਾਂ ਦੀ ਰੱਖਿਆ ਲਈ ਅਹਿਮ ਭੂਮਿਕਾ ਨਿਭਾਉਣਗੇ।ਇਸ ਦੌਰਾਨ ਐਡਵੋਕੇਟ ਅਮਿਤ ਅਗਰਵਾਲ ਨੇ ਭਾਰਤ ਵਿਕਾਸ ਪ੍ਰੀਸ਼ਦ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਸੰਸਥਾ ਵੱਲੋਂ ਮਿਲਿਆ ਇਹ ਮਾਣ-ਸਤਿਕਾਰ ਉਨ੍ਹਾਂ ਲਈ ਪ੍ਰੇਰਨਾ ਦਾ ਸਰੋਤ ਹੈ ਤੇ ਉਹ ਇਸ ਨੂੰ ਸਦਾ ਯਾਦ ਰੱਖਣਗੇ।ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਪਾਰਟੀ ਵੱਲੋਂ ਦਿੱਤੀ ਗਈ ਨਵੀਂ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਹੋਰ ਵੀ ਕਈ ਮੈਂਬਰ ਮੌਜੂਦ ਸਨ, ਜਿਨ੍ਹਾਂ ਨੇ ਵੀ ਅਮਿਤ ਅਗਰਵਾਲ ਨੂੰ ਵਧਾਈ ਦਿੱਤੀ।

# ਪੰਜਾਬ ਕੋ-ਐਜੂਕੇਸ਼ਨ ਸਕੂਲ ਵਿਖੇ ਮਾਂ ਦਿਵਸ ਮਨਾਇਆ




**ਬਾਘਾ ਪੁਰਾਣਾ (ਮਨੀ ਸਿੰਗਲਾ)**-ਮੋਗਾ ਜ਼ਿਲ੍ਹੇ ਦੀ ਨਾਮਵਰ ਵਿੱਦਿਅਕ ਸੰਸਥਾ ਪੰਜਾਬ ਕੋ-ਐਜੂਕੇਸ਼ਨ ਸੀਨੀਅਰ ਸੈਕੰਡਰੀ ਸਕੂਲ ਬਾਘਾ ਪੁਰਾਣਾ, ਜੋ ਸਵਰਗੀ ਪ੍ਰਿੰਸੀਪਲ ਸ੍ਰ. ਗੁਰਦੇਵ ਸਿੰਘ ਦੇ ਅਸ਼ੀਰਵਾਦ ਨਾਲ ਅਤੇ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਦੀ ਸੁਚੱਜੀ ਤੇ ਯੋਗ ਅਗਵਾਈ ਵਿੱਚ ਪੜ੍ਹਾਈ ਦੇ ਨਾਲ-ਨਾਲ ਵਿਦਿਆਰਥੀਆਂ ਦੇ ਸਮਾਜਿਕ, ਨੈਤਿਕ ਤੇ ਮਾਨਸਿਕ ਵਿਕਾਸ ਲਈ ਹਮੇਸ਼ਾ ਵਚਨਬੱਧ ਹੈ, ਵਿਖੇ ਅੱਜ 'ਮਾਂ ਦਿਵਸ' ਬੜੇ ਹੀ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਦੀ ਸ਼ੁਰੂਆਤ ਮੈਡਮ ਸੁਖਜੀਤ ਕੌਰ ਵੱਲੋਂ ਕੀਤੀ ਗਈ।ਉਨ੍ਹਾਂ ਵਿਦਿਆਰਥੀਆਂ ਨੂੰ 'ਮਾਂ ਦਿਵਸ' ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ।ਇਸ ਤੋਂ ਬਾਅਦ ਏਕਨੂਰ ਕੌਰ ਨੇ ਮਾਂ ਪ੍ਰਤੀ ਸ਼ਰਧਾ ਪ੍ਰਗਟ ਕਰਦਿਆਂ ਸਪੀਚ, ਛੇਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਸ਼੍ਰੇਆ ਤੇ ਸਾਥਣਾਂ ਵੱਲੋਂ ਹਿੰਦੀ ਗੀਤ 'ਮਾਂ', 'ਗਿਆਰਵੀਂ' ਦੀ ਵਿਦਿਆਰਥਣ ਏਕਮਨੂਰ ਵੱਲੋਂ ਸਪੀਚ, ਛੇਵੀਂ ਤੋਂ ਦਸਵੀਂ ਸ਼੍ਰੇਣੀ ਦੀਆਂ ਵਿਦਿਆਰਥਣਾਂ ਵੱਲੋਂ ਨਾਟਕ ਪੇਸ਼ ਕੀਤਾ ਗਿਆ।ਬਾਰਵੀਂ ਸ਼੍ਰੇਣੀ ਦੀ ਜੈਸਮੀਨ ਵੱਲੋਂ ਪੰਜਾਬੀ ਗੀਤ 'ਤੁਰ ਜਾਵਣ ਇੱਕ ਵਾਰ...', ਛੇਵੀਂ ਸ਼੍ਰੇਣੀ ਦੀ ਮਨਸੀਰਤ ਕੌਰ ਤੇ ਕਰਮਜੋਤ ਵੱਲੋਂ ਸਪੀਚ ਦਿੱਤੀ ਗਈ।ਇਸ ਮੌਕੇ ਪ੍ਰਿੰਸੀਪਲ ਸੰਦੀਪ ਮਹਿਤਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ 'ਮਾਂ ਦਿਵਸ' ਬਾਰੇ ਵਿਸਥਾਰ ਪੂਰਵਕ ਦਸਦਿਆਂ ਕਿਹਾ ਕਿ ਇਹ ਦੁਨੀਆ ਭਰ ਦੀਆਂ ਮਾਵਾਂ ਦੇ ਨਿਸ਼ਕਾਮ ਪਿਆਰ, ਤਿਆਗ ਤੇ ਸਮਰਪਣ ਨੂੰ ਸਲਾਮ ਕਰਨ ਲਈ ਮਨਾਇਆ ਜਾਂਦਾ ਹੈ।ਇਸ ਮੌਕੇ ਪ੍ਰਿੰਸੀਪਲ ਮੈਡਮ ਪਰਮਿੰਦਰ ਕੌਰ, ਕਿਡਜ਼ੀ ਡਾਇਰੈਕਟਰ ਮੈਡਮ ਸੁਧਾ ਮਹਿਤਾ, ਕੋਆਰਡੀਨੇਟਰ ਮੁਕੇਸ਼ ਅਰੋੜਾ, ਮੈਡਮ ਖੁਸ਼ਪ੍ਰੀਤ ਕੌਰ ਅਤੇ ਸਕੂਲ ਦਾ ਸਮੁੱਚਾ ਸਟਾਫ਼ ਤੇ ਵਿਦਿਆਰਥੀ ਹਾਜ਼ਰ ਸਨ।

# ਪੁਲਸ ਇਲਾਕੇ 'ਚ ਅਮਨ-ਸ਼ਾਂਤੀ ਲਈ ਵਚਨਬੱਧ : ਐੱਸ ਐੱਚ ਓ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਥਾਣਾ ਨਿਹਾਲ ਸਿੰਘ ਵਾਲਾ ਦੇ ਐੱਸ ਐੱਚ ਓ ਜਤਿੰਦਰ ਸਿੰਘ ਵੱਲੋਂ ਪੱਤਰਕਾਰਾਂ ਨਾਲ ਇੱਕ ਵਿਸ਼ੇਸ਼ ਪ੍ਰੈੱਸ ਕਾਨਫਰੰਸ ਕੀਤੀ ਗਈ।ਇਸ ਮੌਕੇ ਉਨ੍ਹਾ ਇਲਾਕੇ ਦੀ ਕਾਨੂੰਨ ਵਿਵਸਥਾ, ਨਸ਼ਿਆਂ ਖ਼ਿਲਾਫ਼ ਚੱਲ ਰਹੀ ਕਾਰਵਾਈ, ਟ੍ਰੈਫਿਕ ਪ੍ਰਬੰਧਾਂ ਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਪੁਲਸ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।ਐੱਸ ਐੱਚ ਓ ਜਤਿੰਦਰ ਸਿੰਘ ਨਿਹਾਲ ਸਿੰਘ ਵਾਲਾ ਨੇ ਕਿਹਾ ਕਿ ਪੰਜਾਬ ਸਰਕਾਰ ਤੇ ਉੱਚ ਅਧਿਕਾਰੀਆਂ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੁਲਸ ਇਲਾਕੇ ਵਿੱਚ ਅਮਨ-ਸ਼ਾਂਤੀ ਬਣਾਈ ਰੱਖਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰਾਂ, ਗੈਰ-ਕਾਨੂੰਨੀ ਗਤੀਵਿਧੀਆਂ ਤੇ ਅਪਰਾਧਿਕ ਅਨਸਰਾਂ ਖ਼ਿਲਾਫ਼ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਪੱਤਰਕਾਰਾਂ ਵੱਲੋਂ ਪੁੱਛੇ ਗਏ ਵੱਖ-ਵੱਖ ਸਵਾਲਾਂ ਦੇ ਜਵਾਬ ਵੀ ਦਿੱਤੇ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਗਤੀਵਿਧੀ ਸਬੰਧੀ ਤੁਰੰਤ ਪੁਲਸ ਨੂੰ ਜਾਣਕਾਰੀ ਦਿੱਤੀ ਜਾਵੇ ਤਾਂ ਜੋ ਸਮੇਂ ਸਿਰ ਕਾਰਵਾਈ ਹੋ ਸਕੇ।ਪ੍ਰੈੱਸ ਕਾਨਫਰੰਸ ਦੌਰਾਨ ਐੱਸ ਐੱਚ ਓ ਜਤਿੰਦਰ ਸਿੰਘ ਨੇ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਅਪਰਾਧ ਤੇ ਨਸ਼ਿਆਂ 'ਤੇ ਕਾਬੂ ਪਾਇਆ ਜਾ ਸਕਦਾ ਹੈ।ਇਸ ਮੌਕੇ ਇਲਾਕੇ ਦੇ ਕਈ ਪੱਤਰਕਾਰ ਤੇ ਪੁਲਸ ਅਧਿਕਾਰੀ ਹਾਜ਼ਰ ਸਨ।

# ਜਨਗਣਨਾ ਦੌਰਾਨ ਮਜ਼੍ਹਬੀ ਸਿੱਖ ਤੇ ਵਾਲਮੀਕਿ ਭਾਈਚਾਰਾ ਆਪਣੀ ਪਛਾਣ ਸਹੀ ਦਰਜ ਕਰਵਾਏ : ਗੰਧੜ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ, ਪਰਮਜੀਤ ਸਿੰਘ)**-ਆਲ ਇੰਡੀਆ ਮਜ਼੍ਹਬੀ ਸਿੱਖ ਵੈੱਲਫੇਅਰ ਐਸੋਸੀਏਸ਼ਨ (ਰਾਜਨੀਤਕ ਵਿੰਗ) ਦੇ ਸੂਬਾ ਪ੍ਰਧਾਨ ਸੂਬੇਦਾਰ ਜਸਵਿੰਦਰ ਸਿੰਘ ਗੰਧੜ ਨੇ ਭਾਈਚਾਰੇ ਨੂੰ ਆਉਣ ਵਾਲੀ ਜਨਗਣਨਾ ਦੌਰਾਨ ਆਪਣੀ ਪਛਾਣ ਸਹੀ ਤਰੀਕੇ ਨਾਲ ਦਰਜ ਕਰਵਾਉਣ ਦੀ ਅਪੀਲ ਕੀਤੀ ਹੈ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਕਿਹਾ ਕਿ ਜਨਗਣਨਾ ਦੌਰਾਨ ਘਰ-ਘਰ ਜਾ ਕੇ ਭਰੇ ਜਾਣ ਵਾਲੇ ਫਾਰਮਾਂ ਵਿੱਚ ਮਜ਼੍ਹਬੀ ਸਿੱਖ ਭਾਈਚਾਰੇ ਦੇ ਲੋਕ ਆਪਣੇ ਕਾਲਮ ਵਿੱਚ ਸਪੱਸ਼ਟ ਤੌਰ 'ਤੇ ਮਜ਼੍ਹਬੀ ਸਿੱਖ ਤੇ ਵਾਲਮੀਕਿ ਭਾਈਚਾਰੇ ਦੇ ਲੋਕ ਵਾਲਮੀਕਿ ਹੀ ਦਰਜ ਕਰਵਾਉਣ।ਉਨ੍ਹਾਂ ਕਿਹਾ ਕਿ ਕਈ ਵਾਰ ਸਿਰਫ਼ ਮਜ਼੍ਹਬੀ ਲਿਖ ਦਿੱਤਾ ਜਾਂਦਾ ਹੈ, ਜੋ ਤਕਨੀਕੀ ਤੌਰ 'ਤੇ ਅਧੂਰਾ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਕਿਸੇ ਵੀ ਸਰਕਾਰੀ ਰਿਕਾਰਡ ਜਾਂ ਫਾਰਮ ਵਿੱਚ ਭਾਈਚਾਰੇ ਲਈ ਅਪਮਾਨਜਨਕ ਸ਼ਬਦਾਂ ਦੀ ਵਰਤੋਂ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਸੂਬੇਦਾਰ ਗੰਧੜ ਨੇ ਕਿਹਾ ਕਿ ਮਾਝਾ ਤੇ ਮਾਲਵਾ ਖੇਤਰ ਵਿੱਚ ਮਜ਼੍ਹਬੀ ਸਿੱਖ ਤੇ ਵਾਲਮੀਕਿ ਭਾਈਚਾਰੇ ਦੀ ਵੱਡੀ ਅਬਾਦੀ ਹੈ।ਜੇਕਰ ਜਨਗਣਨਾ ਦੌਰਾਨ ਸਹੀ ਜਾਣਕਾਰੀ ਦਰਜ ਹੋਵੇਗੀ ਤਾਂ ਭਾਈਚਾਰੇ ਦੀ ਅਸਲ ਗਿਣਤੀ ਸਾਹਮਣੇ ਆਵੇਗੀ, ਜਿਸ ਨਾਲ ਰਾਜਨੀਤਕ ਹਿੱਸੇਦਾਰੀ ਵੀ ਮਜ਼ਬੂਤ ਹੋਵੇਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਫਾਰਮ ਭਰਦੇ ਸਮੇਂ ਜਾਣਕਾਰੀ ਖੁਦ ਚੈੱਕ ਕਰਨ ਤੇ ਗਲਤ ਐਂਟਰੀ ਹੋਣ 'ਤੇ ਤੁਰੰਤ ਵਿਰੋਧ ਕਰਨ।ਉਨ੍ਹਾਂ ਕਿਹਾ ਕਿ ਜਿੰਨੀ ਜਿਸ ਦੀ ਹਿੱਸੇਦਾਰੀ, ਉਨੀ ਉਸ ਦੀ ਭਾਗੀਦਾਰੀ ਦੇ ਨਾਅਰੇ ਤਹਿਤ ਭਾਈਚਾਰੇ ਨੂੰ ਇਕੱਠੇ ਹੋਣ ਦੀ ਲੋੜ ਹੈ।

# ਨਰੇਗਾ ਵਰਕਰਾਂ ਨੂੰ ਬਿਨਾਂ ਕਿਸੇ ਵਿਤਕਰੇ ਤੁਰੰਤ ਕੰਮ ਦਿੱਤਾ ਜਾਵੇ : ਗੋਰਾ ਪਿਪਲੀ

## ਪਹਿਲੂਵਾਲਾ 'ਚ ਨਰੇਗਾ ਮਜ਼ਦੂਰਾਂ ਦੀ ਮੀਟਿੰਗ



**ਫਰੀਦਕੋਟ (ਐਲਿਗਜ਼ੈਂਡਰ ਡਿਸੂਜਾ)**

ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਵੱਲੋਂ ਹਰੇਕ ਨਰੇਗਾ ਵਰਕਰ ਨੂੰ ਕੰਮ ਦਿਵਾਉਣ ਲਈ ਵਿੱਢੀ ਮੁਹਿੰਮ ਤਹਿਤ ਬਲਾਕ ਫਰੀਦਕੋਟ ਦੇ ਪਿੰਡ ਪਹਿਲੂਵਾਲਾ ਵਿਖੇ ਮਜ਼ਦੂਰਾਂ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਵਰਕਰਾਂ ਦੀਆਂ ਮੁਸ਼ਕਲਾਂ ਸੁਣਨ ਲਈ ਯੂਨੀਅਨ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਗੋਰਾ ਸਿੰਘ ਪਿਪਲੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਇਸ ਮੌਕੇ ਇਕੱਠੇ ਹੋਏ ਨਰੇਗਾ ਵਰਕਰਾਂ ਨੇ ਪ੍ਰਸ਼ਾਸਨਕ ਮਿਲੀਭੁਗਤ 'ਤੇ ਸਵਾਲ ਚੁੱਕਦਿਆਂ ਦੱਸਿਆ ਕਿ ਪਿੰਡ ਵਿੱਚ ਸਿਰਫ਼ ਕੁਝ 'ਚਹੇਤੇ' ਮਜ਼ਦੂਰਾਂ ਨੂੰ ਹੀ ਕੰਮ ਦਿੱਤਾ ਜਾ ਰਿਹਾ ਹੈ, ਜਦਕਿ ਸੈਂਕੜੇ ਹੋਰ ਮਜ਼ਦੂਰ ਵਿਹਲੇ ਬੈਠੇ ਫਾਕੇ ਕੱਟਣ ਲਈ ਮਜਬੂਰ ਹਨ।ਵਰਕਰਾਂ ਨੇ ਰੋਸ ਜ਼ਾਹਰ ਕੀਤਾ ਕਿ ਸਿਰਫ਼ 10 ਕੁ ਮਜ਼ਦੂਰਾਂ ਨੂੰ ਕੰਮ ਦੇ ਕੇ ਬਾਕੀ ਸੈਂਕੜੇ ਮਜ਼ਦੂਰਾਂ ਨਾਲ ਵਿਤਕਰਾ ਕੀਤਾ ਜਾ ਰਿਹਾ ਹੈ।ਪਿਛਲੇ ਸਮੇਂ ਦੌਰਾਨ ਕੀਤੇ ਗਏ ਕੰਮਾਂ ਦੇ ਪੈਸੇ (ਬਕਾਇਆ) ਅਜੇ ਤੱਕ ਮਜ਼ਦੂਰਾਂ ਨੂੰ ਨਹੀਂ ਮਿਲੇ।ਇਕੱਠ ਨੂੰ ਸੰਬੋਧਨ ਕਰਦਿਆਂ ਕਾਮਰੇਡ ਗੋਰਾ ਸਿੰਘ ਪਿਪਲੀ ਨੇ ਕਿਹਾ ਕਿ ਪਿੰਡਾਂ ਵਿੱਚ ਨਰੇਗਾ ਬੰਦ ਹੋਣ ਦਾ ਬੇਬੁਨਿਆਦ ਪ੍ਰਚਾਰ ਕੀਤਾ ਜਾ ਰਿਹਾ ਹੈ।ਉਨ੍ਹਾਂ ਖੁਲਾਸਾ ਕੀਤਾ ਕਿ ਕੇਂਦਰ ਦੀ ਮੋਦੀ ਸਰਕਾਰ ਨਰੇਗਾ ਦੀ ਥਾਂ 'ਵਿਕਸਿਤ ਭਾਰਤ ਗ੍ਰਾਮ ਰੁਜ਼ਗਾਰ ਐਂਡ ਅਜੀਵਕਾ ਮਿਸ਼ਨ' ਵਰਗਾ ਨਵਾਂ ਕਾਨੂੰਨ ਲਿਆਉਣ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਜਿੰਨਾ ਚਿਰ ਨਵਾਂ ਕਾਨੂੰਨ ਲਾਗੂ ਨਹੀਂ ਹੁੰਦਾ, ਉਨੀ ਦੇਰ ਨਰੇਗਾ ਬੰਦ ਨਹੀਂ ਹੋ ਸਕਦਾ।ਉਨ੍ਹਾਂ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਮੌਜੂਦਾ ਕਾਨੂੰਨ ਤਹਿਤ ਆਪਣੇ ਕੰਮ ਦੀਆਂ ਅਰਜ਼ੀਆਂ ਭਰ ਕੇ ਦਫ਼ਤਰ ਵਿੱਚ ਜਮ੍ਹਾਂ ਕਰਵਾਉਣ।ਕਾਨੂੰਨ ਮੁਤਾਬਕ 15 ਦਿਨਾਂ ਦੇ ਅੰਦਰ ਕੰਮ ਮਿਲਣਾ ਲਾਜ਼ਮੀ ਹੈ, ਨਹੀਂ ਤਾਂ ਮਜ਼ਦੂਰ ਬੇਰੁਜ਼ਗਾਰੀ ਭੱਤੇ ਦੇ ਹੱਕਦਾਰ ਹੋਣਗੇ।ਇਸ ਮੌਕੇ ਯੂਨੀਅਨ ਆਗੂਆਂ ਨੇ ਸਰਕਾਰ ਤੇ ਪ੍ਰਸ਼ਾਸਨ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਨਰੇਗਾ ਮਜ਼ਦੂਰਾਂ ਨਾਲ ਵਿਤਕਰਾ ਬੰਦ ਨਾ ਹੋਇਆ ਤੇ ਸਾਰਿਆਂ ਨੂੰ ਕੰਮ ਨਾ ਮਿਲਿਆ, ਤਾਂ ਆਉਣ ਵਾਲੇ ਦਿਨਾਂ ਵਿੱਚ ਤਿੱਖਾ ਸੰਘਰਸ਼ ਵਿੱਢਿਆ ਜਾਵੇਗਾ।ਮੀਟਿੰਗ ਦੌਰਾਨ ਮਜ਼ਦੂਰਾਂ ਨੇ ਕੇਂਦਰ ਤੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ।ਇਸ ਮੌਕੇ ਹੀਰਾ ਸਿੰਘ, ਫੀਰਾ ਸਿੰਘ, ਪਾਲੋ ਕੌਰ ਤੇ ਹੋਰ ਨਰੇਗਾ ਵਰਕਰ ਆਗੂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਰਾਜ ਮਿਸਤਰੀ ਨੇ ਕੀਤੀ ਆਤਮ-ਹੱਤਿਆ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੀਤੀ ਦੇਰ ਸ਼ਾਮ ਸਥਾਨਕ ਬਲੀਬੇਗ ਬਸਤੀ ਵਿਖੇ ਇੱਕ ਵਿਅਕਤੀ ਮਿਤਲੇਸ਼ (40) ਨੇ ਗਲ-ਫਾਹਾ ਲੈ ਕੇ ਆਤਮ-ਹੱਤਿਆ ਕਰ ਲਈ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਮਿਤਲੇਸ਼ ਦੀ ਪਤਨੀ ਤੇ ਬੱਚੇ ਮਜ਼ਦੂਰੀ ਕਰਨ ਲਈ ਗਏ ਹੋਏ ਸਨ ਅਤੇ ਪਿੱਛੋਂ ਸ਼ਾਮ ਨੂੰ ਉਹ ਘਰ ਵਿੱਚ ਆਇਆ, ਜਿਸ ਨੇ ਪਤਨੀ ਦੀ ਸਾੜੀ ਦਾ ਗਲ-ਫਾਹਾ ਬਣਾ ਕੇ ਝੁੱਗੀ ਵਿੱਚ ਲੱਗੀ ਹੁੱਕ ਨਾਲ ਲਟਕ ਕੇ ਆਤਮ-ਹੱਤਿਆ ਕਰ ਲਈ। ਪਰਵਾਰ ਤੇ ਬੱਚੇ ਜਦੋਂ ਘਰ ਆਏ ਤਾਂ ਉਨ੍ਹਾਂ ਦੇਖਿਆ ਕਿ ਮਿਤਲੇਸ਼ ਗਲ ਫਾਹਾ ਲੈ ਕੇ ਲਟਕਿਆ ਹੋਇਆ ਸੀ ਤੇ ਜਦੋਂ ਉਸ ਨੂੰ ਹੇਠਾਂ ਉਤਾਰਿਆਂ ਤਾਂ ਉਸ ਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਸੂਚਨਾ ਮਿਲਦੇ ਹੀ ਪੁਲਸ ਵੀ ਮੌਕੇ 'ਤੇ ਪਹੁੰਚ ਗਈ, ਜਿਨ੍ਹਾਂ ਲਾਸ਼ ਨੂੰ ਕਬਜ਼ੇ 'ਚ ਲੈ ਕੇ ਪੋਸਟ ਮਾਰਟਮ ਲਈ ਭੇਜ ਦਿੱਤਾ। ਮ੍ਰਿਤਕ ਦੇ ਭਰਾ ਅਖਿਲੇਸ਼ ਕੁਮਾਰ ਨੇ ਦੱਸਿਆ ਕਿ ਮਿਤਲੇਸ਼ ਕੁਮਾਰ ਰਾਜ ਮਿਸਤਰੀ ਦਾ ਕੰਮ ਕਰਦਾ ਸੀ, ਜੋ ਪਿਛਲੇ 2 ਦਿਨਾਂ ਤੋਂ ਆਪਣੇ ਦੋਸਤਾਂ ਨਾਲ ਹੀ ਘੁੰਮਦਾ ਰਹਿੰਦਾ ਸੀ। ਉਨ੍ਹਾਂ ਦੋਸ਼ ਲਗਾਇਆ ਕਿ ਮ੍ਰਿਤਕ ਨਾਲ ਬਸਤੀ ਦੇ ਕੁਝ ਵਿਅਕਤੀ ਉਸ ਨਾਲ ਰੰਜਿਸ਼ ਰੱਖਦੇ ਸਨ ਤੇ ਧਮਕੀਆਂ ਦੇ ਕੇ ਪ੍ਰੇਸ਼ਾਨ ਕਰਦੇ ਸਨ। ਪਰਵਾਰ ਨੇ ਖਦਸ਼ਾ ਜ਼ਾਹਰ ਕੀਤਾ ਕਿ ਜਾਂ ਤਾਂ ਉਸ ਨੂੰ ਮਾਰ ਕੇ ਲਟਕਾ ਦਿੱਤਾ ਹੈ ਜਾਂ ਉਸ ਨੇ ਉਕਤ ਵਿਅਕਤੀਆਂ ਤੋਂ ਪ੍ਰੇਸ਼ਾਨ ਹੋ ਕੇ ਆਤਮ-ਹੱਤਿਆ ਕਰ ਲਈ, ਜਿਸ ਕਾਰਨ ਮਾਮਲੇ ਦੀ ਬਰੀਕੀ ਨਾਲ ਜਾਂਚ ਕੀਤੀ ਜਾਵੇ।

# ਪੂਨਮਦੀਪ ਕੌਰ ਨੇ ਡੀ ਸੀ ਵਜੋਂ ਅਹੁਦਾ ਸੰਭਾਲਿਆ

**ਸੰਗਰੂਰ/ਭਵਾਨੀਗੜ੍ਹ (ਪ੍ਰਵੀਨ/ਰਾਜ ਖੁਰਮੀ)**-ਪੂਨਮਦੀਪ ਕੌਰ ਆਈ.ਏ.ਐੱਸ. ਨੇ ਅੱਜ ਡੀ ਸੀ ਸੰਗਰੂਰ ਵਜੋਂ ਅਹੁਦਾ ਸੰਭਾਲਿਆ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ ਤੇ ਪੁਲਸ ਟੁਕੜੀ ਨੇ ਗਾਰਡ ਆਫ ਆਨਰ ਦਿੱਤਾ।ਪੂਨਮਦੀਪ ਕੌਰ ਆਈਏਐੱਸ ਨੇ ਕਿਹਾ ਕਿ ਉਹ ਜ਼ਿਲ੍ਹੇ ਦੇ ਸਰਬਪੱਖੀ ਵਿਕਾਸ ਤੇ ਲੋਕ ਸਹੂਲਤਾਂ ਲਈ ਯਤਨਸ਼ੀਲ ਰਹਿਣਗੇ ਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਆਮ ਲੋਕਾਂ ਨੂੰ ਸਕੀਮਾਂ ਤੇ ਸੇਵਾਵਾਂ ਦਾ ਲਾਭ ਲੈਣ 'ਚ ਕੋਈ ਮੁਸ਼ਕਲ ਪੇਸ਼ ਨਾ ਆਵੇ।


**Capital Small Finance Bank Ltd.**

HO:- MIDAS Corporate Park, 3rd Floor, 37, G.T. Road, Jalandhar-144001, Punjab, India

**ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਿਵੇਂ ਕਿ ਨਿਮਨਹਸਤਾਖਰੀ ਨੇ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ (ਪਹਿਲਾਂ ਕੈਪੀਟਲ ਲੋਕਲ ਏਰੀਆ ਬੈਂਕ ਲਿਮਟਿਡ) ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜ਼ੇਸ਼ਨ ਅਤੇ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਅਸੈੱਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ (ਐਕਟ, 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮਿਤੀ 28.01.2026 ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ 1. ਸ੍ਰੀ ਦੀਪ ਨਰਾਇਣ ਪੁੱਤਰ ਬੋਕੂ ਪ੍ਰਸਾਦ ਵਾਸੀ ਗਲੀ ਨੰ. 3 ਰਾਧਾ ਵਿਹਾਰ ਕਲੋਨੀ, ਭਾਮੀਆਂ ਕਲਾਂ, ਲੁਧਿਆਣਾ, ਪੰਜਾਬ-141015, 2. ਸ੍ਰੀ ਅਰੁਣ ਤਿਵਾੜੀ ਪੁੱਤਰ ਮਹਿੰਦਰ ਤਿਵਾੜੀ ਵਾਸੀ ਵਾਰਡ ਨੰ. 7, ਪੁਬਾਰੀ ਟੋਲਾ, ਮਹੇਸ਼ਖੁੰਟ, ਖਗਾਰੀਆ, ਬਿਹਾਰ-851213, 3. ਸ੍ਰੀਮਤੀ ਨਿਸ਼ਾ ਦੇਵੀ ਪਤਨੀ ਦੀਪ ਨਰਾਇਣ ਵਾਸੀ ਮਕਾਨ ਨੰ. 5, ਗਲੀ ਨੰ. 3, ਰਾਧਾ ਵਿਹਾਰ ਕਲੋਨੀ ਭਾਮੀਆਂ ਕਲਾਂ, ਲੁਧਿਆਣਾ, ਪੰਜਾਬ-141015 (ਇਸ ਤੋਂ ਬਾਅਦ ਕਰਜ਼ਦਾਰਾਂ ਵਜੋਂ ਹਵਾਲਾ) ਅਤੇ ਗਰੰਟਰ 4. ਸ੍ਰੀ ਬਬਲੂ ਯਾਦਵ ਪੁੱਤਰ ਰਾਮ ਪ੍ਰਸਾਦ ਯਾਦਵ, ਮਦਨ ਕਾ ਵੇਹੜਾ, ਦੁਰਗਾ ਕਲੋਨੀ, ਫੇਜ਼-7 ਫੋਕਲ ਪੁਆਇੰਟ ਲੁਧਿਆਣਾ, ਪੰਜਾਬ-141010, 5. ਸ੍ਰੀ ਪਲਵਿੰਦਰ ਸਿੰਘ ਪੁੱਤਰ ਸੋਹਣ ਸਿੰਘ ਵਾਸੀ ਮਕਾਨ ਨੰ. 57 ਗਲੀ ਨੰ. 1 ਭਾਮੀਆਂ ਰੋਡ ਐੱਮ ਜੀ ਸਿਟੀ, ਭਾਮੀਆਂ ਕਲਾਂ, ਲੁਧਿਆਣਾ, ਪੰਜਾਬ-141015 (ਇਸ ਤੋਂ ਬਾਅਦ ਗਰੰਟਰ ਵਜੋਂ ਹਵਾਲਾ) ਨੂੰ ਡਿਮਾਂਡ ਨੋਟਿਸ 'ਚ ਦਰਸਾਏ ਅਨੁਸਾਰ ਐੱਚ ਐੱਲ/07161000105 ਵਿੱਚ ਬਕਾਇਆ ਰਾਸ਼ੀ ਰੁਪਏ 14,03,718.23/- ਅਤੇ ਐੱਲ ਏ ਪੀ/071602000236 'ਚ ਰੁਪਏ 6,75,809.06/- ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਜਮ੍ਹਾਂ ਕਰਵਾਉਣ ਲਈ ਕਿਹਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ, ਇਸ ਲਈ ਕਰਜ਼ਦਾਰਾਂ, ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਨਿਯਮ 9 ਨਾਲ ਪੜ੍ਹੇ ਜਾਂਦੇ ਉਕਤ ਐਕਟ ਦੇ ਸੈਕਸ਼ਨ 13 (4) ਤਹਿਤ ਖੁਦ ਨੂੰ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦੱਸੀ ਜਾਇਦਾਦ ਦਾ ਸੰਕੇਤਕ ਕਬਜ਼ਾ ਲੈ ਲਿਆ ਹੈ। ਉਪਲੱਬਧ ਸਮੇਂ 'ਚ ਸਕਿਓਰਡ ਐਸੈਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਖਾਸ ਤੌਰ 'ਤੇ ਕਰਜ਼ਦਾਰਾਂ ਅਤੇ ਗਰੰਟਰ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਜਾਂਦਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦੀ ਸੂਰਤ 'ਚ ਕੈਪੀਟਲ ਸਮਾਲ ਫਾਇਨਾਂਸ ਬੈਂਕ ਲਿਮਟਿਡ ਵੱਲੋਂ ਐੱਚ ਐੱਲ/07161000105 ਵਿੱਚ ਬਕਾਇਆ ਰਾਸ਼ੀ ਰੁਪਏ 14,03,718.23/- ਅਤੇ ਐੱਲ ਏ ਪੀ/071602000236 'ਚ ਰੁਪਏ 6,75,809.06/- ਮਿਤੀ 01.01.2026 ਤੋਂ ਲਾਗੂ ਭਵਿੱਖੀ ਵਿਆਜ ਸਮੇਤ ਵਸੂਲੀ ਜਾਵੇਗੀ।

**ਅਚੱਲ ਜਾਇਦਾਦ ਦਾ ਵੇਰਵਾ**

ਅਚੱਲ ਜਾਇਦਾਦ ਦਾ ਉਚਿਤ ਗਿਰਵੀਨਾਮਾ : ਬੈਨਾਮਾ ਦਸਤਾਵੇਜ਼ ਨੰ. 2022/23/106/1/180 ਮਿਤੀ 05.04.2022 ਅਨੁਸਾਰ ਸ੍ਰੀ ਅਰੁਣ ਤਿਵਾੜੀ ਪੁੱਤਰ ਮਹਿੰਦਰ ਤਿਵਾੜੀ ਅਤੇ ਸ੍ਰੀਮਤੀ ਨਿਸ਼ਾ ਦੇਵੀ ਪਤਨੀ ਦੀਪ ਨਰਾਇਣ ਦੀ ਮਲਕੀਅਤ ਜਾਇਦਾਦ ਰਕਬਾ 100 ਵਰਗ ਗਜ਼, ਪਲਾਟ ਨੰ. 152 ਵਿਖੇ ਸਥਿਤ, ਭਾਮੀਆਂ ਕਲਾਂ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਹੱਦਬਸਤ ਨੰ. 181 ਨਾਲ ਸੰਬੰਧਤ ਸਭ ਕੁੱਝ।

ਮਿਤੀ : 06.05.2026, ਸਥਾਨ : ਲੁਧਿਆਣਾ (ਅਧਿਕਾਰਤ ਅਫਸਰ)


# ਰਾਜਪਾਲ ਨਿਵਾਸ ਵੱਲ ਮਾਰਚ 'ਚ ਵੱਧ ਚੜ੍ਹ ਕੇ ਹਿੱਸਾ ਲੈਣ ਦਾ ਫੈਸਲਾ

## ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ ਵੱਲੋਂ ਮੀਟਿੰਗ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਕ੍ਰਾਂਤੀਕਾਰੀ ਕਿਸਾਨ ਯੂਨੀਅਨ ਪੰਜਾਬ (ਬੁੱਟਰ) ਦੀ ਮੀਟਿੰਗ ਸ੍ਰੀ ਗੁਰਦੁਆਰਾ ਗੁਰੂ ਤੇਗ਼ ਬਹਾਦਰ ਸਾਹਿਬ ਪਾਤੜਾਂ ਵਿਖੇ ਸੀਨੀਆਰ ਮੀਤ ਪ੍ਰਧਾਨ ਲਾਭ ਸਿੰਘ ਦੁਗਾਲ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਜਥੇਬੰਦੀ ਦੇ ਕਨਵੀਨਰ ਹਰਭਜਨ ਸਿੰਘ ਬੁੱਟਰ ਤੇ ਸੂਬਾ ਕਮੇਟੀ ਮੈਂਬਰ ਹਰਭਜਨ ਸਿੰਘ ਧੂਹੜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਦਿਆਂ ਕਿਸਾਨੀ ਮਸਲਿਆਂ ਸੰਬੰਧੀ ਵਿਚਾਰ ਵਟਾਂਦਰਾ ਕਰਨ ਦੇ ਨਾਲ ਨਾਲ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਉੱਤੇ ਰਾਜਪਾਲ ਨਿਵਾਸ ਚੰਡੀਗੜ੍ਹ ਵੱਲ ਮਾਰਚ ਕੀਤੇ ਜਾਣ ਦੇ ਲਏ ਗਏ ਫੈਸਲੇ ਵਿੱਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਸਬੰਧੀ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਕਨਵੀਨਰ ਹਰਭਜਨ ਸਿੰਘ ਬੁੱਟਰ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਕਿਸਾਨ ਅੰਦੋਲਨ ਦੌਰਾਨ ਕਿਸਾਨਾਂ ਦੀਆਂ ਮੰਨੀਆਂ ਹੋਈਆਂ ਮੰਗਾ ਪੂਰੀਆਂ ਨਹੀਂ ਕੀਤੀਆਂ ਗਈਆਂ, ਸਗੋਂ ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਜਿਹੜੀ ਕਿਸਾਨਾਂ ਦਾ ਹਤਾਇਸ਼ੀ ਹੋਣ ਦੇ ਦਾਅਵੇ ਕਰਦੀ ਹੈ, ਉਹ ਵੀ ਭਾਜਪਾ ਦੀ ਕੇਂਦਰ ਸਰਕਾਰ ਦਾ ਹੱਥ ਠੋਕਾ ਬਣ ਕੇ ਕਿਸਾਨੀ ਸੰਘਰਸ਼ ਨੂੰ ਦਬਾਉਣ ਦੀਆਂ ਕੋਝੀਆਂ ਚਾਲਾਂ ਚੱਲ ਰਹੀ ਹੈ।ਉਨ੍ਹਾਂ ਕਿਹਾ ਕਿ ਕਾਰਪੋਰੇਟ ਘਰਾਣਿਆਂ ਤੋਂ ਖੇਤੀ ਖੇਤਰ ਨੂੰ ਬਚਾਉਣ ਲਈ ਐੱਸ ਕੇ ਐੱਮ ਦੀ ਅਗਵਾਈ ਵਿੱਚ ਕਿਸਾਨ ਜਥੇਬੰਦੀਆਂ ਵੱਲੋਂ ਸੰਘਰਸ਼ ਲਗਾਤਾਰ ਚਲਾਇਆ ਜਾ ਰਿਹਾ ਹੈ, ਜੇਕਰ ਸਰਕਾਰ ਨੇ ਕਿਸਾਨਾਂ ਦੀਆਂ ਮੰਗਾਂ ਦੀ ਪ੍ਰਵਾਹ ਨਾ ਕੀਤੀ ਤਾਂ ਸੰਘਰਸ਼ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਤੇਜ਼ ਕੀਤਾ ਜਾਵੇਗਾ।

# ਸਰਤਾਜ ਸਿੰਘ ਚਾਹਲ ਨੇ ਜ਼ਿਲ੍ਹਾ ਪੁਲਸ ਮੁਖੀ ਵਜੋਂ ਅਹੁਦਾ ਸੰਭਾਲਿਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਸਰਤਾਜ ਸਿੰਘ ਚਾਹਲ ਆਈਪੀਐੱਸ ਨੇ ਮੋਗਾ ਦੇ ਜ਼ਿਲ੍ਹਾ ਪੁਲਸ ਮੁਖੀ ਦਾ ਅਹੁਦਾ ਸੰਭਾਲਿਆ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚਾਹਲ ਨੇ ਦੱਸਿਆ ਕਿ ਪੁਲਸ ਨਸ਼ਾ ਤਸਕਰਾਂ ਤੇ ਗਲਤ ਅਨਸਰਾਂ ਦੇ ਖਿਲਾਫ ਆਪਣੀ ਮੁਹਿੰਮ ਜਾਰੀ ਰੱਖੇਗੀ ਤੇ ਉਨ੍ਹਾਂ ਨੂੰ ਬਿਲਕੁਲ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਕਿਸੇ ਖਬਰ ਪ੍ਰਤੀ ਕੋਈ ਸ਼ੰਕਾ ਹੋਵੇ ਤਾਂ ਮੋਗਾ ਪੁਲਸ ਨਾਲ ਜਦੋਂ ਚਾਹੇ ਸੰਪਰਕ ਕਰ ਸਕਦਾ ਹੈ। ਉਨ੍ਹਾ ਕਿਹਾ ਕਿ ਪੁਲਸ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਸੀਨੀਅਰ ਸਿਟੀਜ਼ਨ ਅਤੇ ਹਰ ਨਾਗਰਿਕ ਦਾ ਪੂਰੀ ਤਰ੍ਹਾਂ ਸਤਿਕਾਰ ਕਰਨ ਅਤੇ ਉਨ੍ਹਾਂ ਦੀ ਮੁਸ਼ਕਿਲ ਨੂੰ ਪਹਿਲ ਦੇ ਅਧਾਰ ਤੇ ਹੱਲ ਕਰਨ।ਉਨ੍ਹਾਂ ਕਿਹਾ ਕਿ ਸੋਸ਼ਲ ਮੀਡੀਆ 'ਤੇ ਅਫਵਾਹ ਨਹੀਂ ਫਲਾਉਣੀ ਚਾਹੀਦੀ, ਜਿਸ ਨਾਲ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਪੈਦਾ ਹੋਵੇ।ਉਨ੍ਹਾਂ ਲੋਕਾਂ ਨੂੰ ਬੇਨਤੀ ਕੀਤੀ ਕਿ ਉਹ ਨਸ਼ਾ ਤਸਕਰਾਂ ਅਤੇ ਮਾੜੇ ਅਨਸਰਾਂ ਦੇ ਖਿਲਾਫ ਮੋਗਾ ਪੁਲਸ ਵੱਲੋਂ ਚਲਾਈ ਜਾ ਰਹੀ ਮੁਹਿੰਮ ਵਿੱਚ ਆਪਣਾ ਪੂਰਾ ਸਹਿਯੋਗ ਦੇਣ ਤਾਂ ਕਿ ਅਮਨ-ਕਾਨੂੰਨ ਬਣਿਆ ਰਹੇ ਸਕੇ।

# ਆਪ ਸਰਕਾਰ ਹਰ ਵਰਗ ਦੀਆਂ ਮੁਸ਼ਕਲਾਂ ਦੇ ਹੱਲ ਲਈ ਯਤਨਸ਼ੀਲ : ਵਿਧਾਇਕ ਬਾਜ਼ੀਗਰ



**ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)**

ਸੂਬਾ ਸਰਕਾਰ ਵੱਲੋਂ ਵਪਾਰੀ ਵਰਗ ਦੀਆਂ ਮੁਸ਼ਕਲਾਂ ਸੁਣਨ ਲਈ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਅਨਾਜ ਮੰਡੀ ਪਾਤੜਾਂ ਵਿਖੇ ਆਮ ਆਦਮੀ ਪਾਰਟੀ ਟਰੇਡ ਸੈੱਲ ਦੇ ਚੇਅਰਮੈਨ ਡੀ ਡੀ ਸਿੰਗਲਾ ਦੀ ਅਗਵਾਈ ਵਿੱਚ ਵਪਾਰੀਆਂ ਦੀਆਂ ਮੁਸ਼ਕਲਾਂ ਸੁਣਨ ਲਈ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ, ਮਾਰਕੀਟ ਕਮੇਟੀ ਪਾਤੜਾਂ ਦੇ ਚੇਅਰਮੈਨ ਮਹਿੰਗਾ ਸਿੰਘ ਬਰਾੜ ਸਮੇਤ ਪ੍ਰਸ਼ਾਸਨ ਦੀ ਤਰਫੋਂ ਐੱਸ ਡੀ ਐੱਮ ਪਾਤੜਾਂ ਕਾਲਾ ਰਾਮ ਕਾਂਸਲ, ਨਾਇਬ ਤਹਿਸੀਲਦਾਰ ਕਰਮਜੀਤ ਸਿੰਘ, ਐੱਸ ਡੀ ਓ ਭਗਵਾਨ ਸ਼ਰਮਾ, ਸੀਮਾ ਰਾਣੀ ਲੇਬਰ ਵਿਭਾਗ, ਜੇ ਈ ਪੀ ਡਬਲਿਊ ਡੀ ਰਵੀ ਗੋਂਦਾਰਾ, ਖੇਤੀਬਾੜੀ ਵਿਭਾਗ ਤੋਂ ਗੁਰਵਿੰਦਰ ਸਿੰਘ, ਮਾਨਸਰੋਵਰ ਸਿੰਘ ਐਕਸਾਇਜ਼ ਤੇ ਟੈਕਸੇਸ਼ਨ ਵਿਭਾਗ, ਅਜੈ ਕੁਮਾਰ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਜ਼ਰੀਨ ਵਪਾਰੀਆਂ ਨੇ ਉਨ੍ਹਾਂ ਨੂੰ ਪੇਸ਼ ਆਉਂਦੀਆਂ ਮੁਸ਼ਕਲਾਂ ਦੱਸੀਆਂ। ਮੀਟਿੰਗ ਨੂੰ ਸੰਬੋਧਨ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਕਿਹਾ ਕਿ ਸੂਬੇ ਦੀ ਆਮ ਆਦਮੀ ਪਾਰਟੀ ਦੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹਰ ਵਰਗ ਦੀਆਂ ਮੁਸ਼ਕਲਾਂ ਨੂੰ ਹੱਲ ਕਰਨ ਲਈ ਲਗਾਤਾਰ ਯਤਨਸ਼ੀਲ ਹੈ, ਇਸੇ ਲੜੀ ਤਹਿਤ ਸਰਕਾਰ ਵੱਲੋਂ ਵਪਾਰੀ ਵਰਗ ਦੀਆਂ ਮੁਸ਼ਕਲਾਂ ਜਾਨਣ ਲਈ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੀਟਿੰਗਾਂ ਵਿੱਚ ਪ੍ਰਸ਼ਾਸਨਕ ਅਧਿਕਾਰੀ ਮੌਕੇ ਉੱਤੇ ਹਾਜ਼ਰ ਹੁੰਦੇ ਹਨ ਤਾਂ ਕਿ ਸਮੱਸਿਆਵਾਂ ਦਾ ਹੱਲ ਕੀਤਾ ਜਾ ਸਕੇ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਆੜ੍ਹਤੀਆ ਐਸੋਸੀਏਸ਼ਨ ਪਾਤੜਾਂ ਦੇ ਪ੍ਰਧਾਨ ਤੇਜਪਾਲ ਸ਼ਰਮਾ, ਪ੍ਰੇਮ ਚੰਦ ਗੁਪਤਾ ਸਾਬਕਾ ਪ੍ਰਧਾਨ ਨਗਰ ਕੌਂਸਲ ਪਾਤੜਾਂ, ਵਪਾਰੀ ਆਗੂ ਸੁਰਿੰਦਰ ਕੁਮਾਰ ਪੈਂਦ, ਕੰਬੋਜ ਵੈੱਲਫੇਅਰ ਬੋਰਡ ਦੇ ਮੈਂਬਰ ਕੁਲਦੀਪ ਸਿੰਘ ਥਿੰਦ, ਬਿੱਟੂ ਬੰਦੇਸ਼ਾ, ਸੁਖਬੀਰ ਸਿੰਘ ਖਾਲਸਾ, ਬਲਜੀਤ ਸਿੰਘ ਮੌਲਵੀਵਾਲਾ, ਪ੍ਰੀਤ ਗਿੱਲ, ਮਨਵੀਰ ਸਿੰਘ ਸੰਧੂ, ਸਾਬਕਾ ਐੱਮ ਸੀ ਭਗਵਤ ਦਿਆਲ ਨਿੱਕਾ, ਪ੍ਰਿਤਪਾਲ ਕਾਕੜਿਆ, ਆਪ ਆਗੂ ਸੋਨੂੰ ਗਰਗ, ਸਾਬਕਾ ਸਰਪੰਚ ਮੋਹਨ ਸਿੰਘ ਸਿੱਧੂ, ਸਮਾਜ ਸੇਵੀ ਵਿਜੈ ਪਤਲੀ, ਰਾਜ ਕੁਮਾਰ ਖੇਤਲਾ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਸੌਂਦ ਵੱਲੋਂ ਪਾਰਟੀ ਆਗੂਆਂ ਨਾਲ ਚੋਣ ਰਣਨੀਤੀ ਤੇ ਵਿਕਾਸ ਕਾਰਜਾਂ 'ਤੇ ਚਰਚਾ



**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਹਲਕਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਦੇ ਦਫ਼ਤਰ ਵਿਖੇ ਪਹੁੰਚੇ।ਇਸ ਮੌਕੇ ਉਨ੍ਹਾਂ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਮੁਲਾਕਾਤ ਕਰਕੇ ਇਲਾਕੇ ਦੇ ਵਿਕਾਸ ਕਾਰਜਾਂ ਤੇ ਆਉਣ ਵਾਲੀਆਂ ਚੋਣਾਂ ਸਬੰਧੀ ਰਣਨੀਤੀ 'ਤੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ। ਮੀਟਿੰਗ ਦੌਰਾਨ ਜ਼ਿਲ੍ਹਾ ਪ੍ਰਧਾਨ ਅਜੇ ਸਿੰਘ ਲਿਬੜਾ, ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ, ਚੇਅਰਮੈਨ ਮਾਰਕੀਟ ਕਮੇਟੀ ਚਰਨਾਥਲ ਕਲਾਂ ਰਸ਼ਪਿੰਦਰ ਸਿੰਘ ਰਾਜਾ ਤੇ ਹੋਰ ਪ੍ਰਮੁੱਖ ਸਾਥੀ ਹਾਜ਼ਰ ਸਨ। ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਫਤਿਹਗੜ੍ਹ ਸਾਹਿਬ ਹਲਕੇ ਦੇ ਚੱਲ ਰਹੇ ਵਿਕਾਸ ਪ੍ਰੋਜੈਕਟਾਂ ਨੂੰ ਸਮੇਂ ਸਿਰ ਪੂਰਾ ਕੀਤਾ ਜਾਵੇਗਾ ਤੇ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਆਉਣ ਵਾਲੀਆਂ ਚੋਣਾਂ ਨੂੰ ਲੈ ਕੇ ਵਰਕਰਾਂ ਨੂੰ ਲਾਮਬੰਦ ਕਰਨ ਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ 'ਤੇ ਜ਼ੋਰ ਦਿੱਤਾ ਗਿਆ।ਹਲਕੇ ਦੀਆਂ ਸੜਕਾਂ, ਪੀਣ ਵਾਲੇ ਪਾਣੀ ਤੇ ਹੋਰ ਬੁਨਿਆਦੀ ਢਾਂਚੇ ਦੇ ਸੁਧਾਰ ਲਈ ਚੱਲ ਰਹੀਆਂ ਯੋਜਨਾਵਾਂ ਦੀ ਸਮੀਖਿਆ ਕੀਤੀ ਗਈ।ਵਿਧਾਇਕ ਲਖਵੀਰ ਸਿੰਘ ਰਾਏ ਨੇ ਮੰਤਰੀ ਨੂੰ ਹਲਕੇ ਦੀਆਂ ਕੁਝ ਮੁੱਖ ਮੰਗਾਂ ਤੋਂ ਜਾਣੂ ਕਰਵਾਇਆ, ਜਿਨ੍ਹਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਮਿਲਿਆ।ਵਿਧਾਇਕ ਰਾਏ ਤੇ ਜ਼ਿਲ੍ਹਾ ਪ੍ਰਧਾਨ ਅਜੇ ਸਿੰਘ ਲਿਬੜਾ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੀਆਂ ਮੁਲਾਕਾਤਾਂ ਨਾਲ ਪਾਰਟੀ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਹੁੰਦਾ ਹੈ ਤੇ ਪ੍ਰਸ਼ਾਸਨਕ ਕੰਮਾਂ ਵਿੱਚ ਤੇਜ਼ੀ ਆਉਂਦੀ ਹੈ।


**ਉੱਤਰ ਰੇਲਵੇ**

**ਆਵੇਦਨ ਸੂਚਨਾ**

ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੇ ਦੁਆਰਾ ਤੋਂ ਫ਼ਿਰੋਜ਼ਪੁਰ ਮੰਡਲ ਦੇ ਹਾਲਟ ਸਟੇਸ਼ਨਾਂ ਉਤੇ ਟਿਕਟ ਵਿਤਰਣ ਕਰਨ ਲਈ ਹਾਲਟ ਠੇਕੇਦਾਰ ਦੀ ਨਿਯੁਕਤੀ ਲਈ ਆਵੇਦਨ ਪੱਤਰ ਮੰਗ ਕੀਤੇ ਜਾਂਦੇ ਹਨ :-

| | |
|---|---|
| 1 | **ਕੰਮ ਦਾ ਨਾਮ :** ਫ਼ਿਰੋਜ਼ਪੁਰ ਮੰਡਲ (1) ਬੋਲੀਨਾ ਦੋਆਬਾ (2) ਮਾਲੂਪੋਤਾ (3) ਘਲਲੂ (4) ਸ਼ਾਮ ਚੋਰਾਸੀ (5) ਜੈਜੋ ਦੋਆਬਾ (6) ਜਮਸ਼ੇਰ ਖਾਸ (7) ਜੜੋਕੇ (8) ਮਹਿਗਰਵਾਲ ਦੋਆਬਾ (9) ਖਟਕੜ ਕਲਾਂ ਭੰਡਾ ਜੀ (10) ਗੜ੍ਹਸ਼ੰਕਰ (11) ਸੈਲਾਖੁਰਦ, ਹਾਲਟ ਸਟੇਸ਼ਨ ਅੱਗਲੇ 5 ਸਾਲਾਂ ਦੇ ਲਈ ਠੇਕੇ ਦਾ ਅਲਾਟਮੈਂਟ। |
| 2 | **ਟੈਂਡਰ ਜਮਾਂ ਕਰਨ ਦੀ ਆਖਰੀ ਮਿਤੀ ਤੇ ਟੈਂਡਰ ਖੁਲਣ ਦਾ ਸਮਾਂ :** ਮਿਤੀ 15.06.2026 ਨੂੰ 15:00 ਵਜੇ ਤਕ (ਕਿਸੀ ਕਾਰਣ ਵਸ ਦਫਤਰ ਬੰਦ ਹੋਣ ਦੀ ਸਥਿਤੀ ਵਿਚ ਆਵੇਦਨ ਪੱਤਰ ਅਗਲੇ ਕੰਮ ਵਾਲੇ ਦਿਨ ਉਤੇ ਖੋਲੇ ਜਾਣਗੇ। |
| 3 | **ਦਫਤਰ ਦਾ ਪਤਾ ਅਤੇ ਮਿਤੀ ਜਿਥੋਂ ਤੋਂ ਆਵੇਦਨ ਪੱਤਰ ਪ੍ਰਾਪਤ ਕੀਤੇ ਜਾਂ ਸਕਦੇ ਹਨ :** ਸੀਨਅਰ ਮੰਡਲ ਵਾਣਿਜਯ ਪ੍ਰਬੰਧਕ, ਉੱਤਰ ਰੇਲਵੇ, ਫ਼ਿਰੋਜ਼ਪੁਰ ਮਿਤੀ 11.05.2026 – 15.06.2026 ਤਕ ਕਿਸੀ ਵੀ ਕੰਮ ਵਾਲੇ ਦਿਨ ਉਤੇ ਅਤੇ ਉੱਤਰ ਰੇਲਵੇ ਦੀ ਵੈੱਬ ਸਾਈਟ www.nr.indianrailways.gov.in ਤੋਂ ਡਾਊਨਲੋਡ ਕੀਤੇ ਜਾਂ ਸਕਦੇ ਹਨ। |

ਇਸ ਅਲਾਟਮੈਂਟ ਤੋਂ ਸਬੰਧਿਤ ਦਸਤਾਵੇਜ ਜਿਸਤਰ੍ਹਾਂ ਆਵੇਦਨ ਪੱਤਰ, ਅਨੁਦੇਸ਼, ਕਰਾਰਨਾਮਾ ਅਤੇ ਨਿਯਮ ਤੇ ਸ਼ਰਤਾਂ ਨੂੰ ਉੱਤਰ ਰੇਲਵੇ ਦੀ ਵੈੱਬਸਾਈਟ www.nr.indianrailways.gov.in 'ਤੇ ਤੋਂ ਡਾਊਨਲੋਡ ਕੀਤੇ ਜਾਂ ਸਕਦੇ ਹਨ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1540/2026



**ਪਬਲਿਕ ਨੋਟਿਸ**

**ICICI Bank** Registered Office: ICICI Bank Tower, Near Chakli Circle, Old Padra Road, Vadodara- 390007 Corporate Office: ICICI Bank Towers, Bandra-Kurla Complex Mumbai – 400051.

**ਸੋਨਾ ਨਿਲਾਮੀ ਅਤੇ ਸੱਦਾ ਨੋਟਿਸ**

ਹੇਠਾਂ ਦਸਰਾਏ ਕਰਜ਼ਦਾਰਾਂ ਨੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ ਤੋਂ ਸੋਨੇ ਦੇ ਗਹਿਣਿਆਂ ਬਦਲੇ ਕਰਜ਼ਾ ਸਹੂਲਤ ਪ੍ਰਾਪਤ ਕੀਤੀ ਸੀ, ਜਿਨ੍ਹਾਂ ਨੂੰ ਬਕਾਇਆ ਰਕਮ ਦਾ ਭੁਗਤਾਨ ਕਰਨ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

ਬਕਾਇਆ ਰਕਮ ਦਾ ਭੁਗਤਾਨ ਨਾ ਕਰਨ 'ਤੇ ਸੋਨੇ ਦੇ ਗਹਿਣਿਆਂ ਦੀ ਨਿਲਾਮੀ 08 ਜੂਨ 2026 ਨੂੰ ਹੋਵੇਗੀ। ਮ੍ਰਿਤਕ ਕਰਜ਼ਦਾਰਾਂ ਦੇ ਮਾਮਲੇ 'ਚ ਸਾਰੇ ਨਿਯਮ ਅਤੇ ਸ਼ਰਤਾਂ ਉਨ੍ਹਾਂ ਦੇ ਸੰਬੰਧਤ ਕਾਨੂੰਨੀ ਵਾਰਸਾਂ 'ਤੇ ਲਾਗੂ ਹੋਣਗੀਆਂ।

| ਕਰਜ਼ਾ ਖਾਤਾ ਨੰ. | ਕਰਜ਼ਦਾਰ ਦਾ ਨਾਂਅ | ਨਿਲਾਮੀ ਸ਼ਾਖਾ ਦਾ ਪਤਾ |
|---|---|---|
| ਬਰਾਂਚ ਦਾ ਨਾਂਅ : ਅਜਨਾਲਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਮੇਨ ਚੌਕ, ਅੰਮ੍ਰਿਤਸਰ ਰੋਡ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ, ਪੰਜਾਬ-143102 |
| 108362008784 | ਜਗਬੀਰ ਸਿੰਘ | |
| ਬਰਾਂਚ ਦਾ ਨਾਂਅ : ਅਰਨੀਵਾਲਾ ਸ਼ੇਖ ਸੁਭਾਨ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਮਲੋਟ-ਫਾਜ਼ਿਲਕਾ ਰੋਡ, ਸਾਹਮਣੇ, ਐੱਚ ਪੀ ਪੈਟਰੋਲ ਪੰਪ, ਅਰਨੀਵਾਲਾ ਸ਼ੇਖ ਸੁਭਾਨ, ਜ਼ਿਲ੍ਹਾ- ਫਿਰੋਜ਼ਪੁਰ, ਪੰਜਾਬ-152124 |
| 411962003685 | ਹਰਮਨਦੀਪ ਸਿੰਘ | |
| ਬਰਾਂਚ ਦਾ ਨਾਂਅ : ਅਟਾਰੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐਸ ਸੀ ਐਫ-25, ਅਟਾਰੀ ਮੰਡੀ, ਜੀ ਟੀ ਰੋਡ, ਜ਼ਿਲ੍ਹਾ ਅੰਮ੍ਰਿਤਸਰ, ਅਟਾਰੀ, ਪੰਜਾਬ-143001 |
| 390605000707 | ਕਵਲਜੀਤ ਕੌਰ | |
| ਬਰਾਂਚ ਦਾ ਨਾਂਅ : ਬਲਾਚੌਰ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਵਾਰਡ ਨੰ.1, ਗੜ੍ਹਸ਼ੰਕਰ ਰੋਡ, ਬਲਾਚੌਰ, ਪੰਜਾਬ-144521 |
| 357262000351 | ਮਨਜੀਤ ਕੌਰ | |
| ਬਰਾਂਚ ਦਾ ਨਾਂਅ : ਬਸੀ ਪਠਾਣਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਾਹਮਣੇ ਰਾਧਾ ਸੁਆਮੀ ਸਤਿਸੰਗ ਭਵਨ, ਬੱਸੀ ਪਠਾਣਾ, ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਪੰਜਾਬ-140412 |
| 383457000166 | ਨਵਜੀਵ ਸਿੰਘ | |
| ਬਰਾਂਚ ਦਾ ਨਾਂਅ : ਬਟਾਲਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪਲਾਟ ਨੰ. 10, ਨਾਲ ਲੱਗਦਾ ਵਿਸ਼ਾਲ ਮੈਗਾ ਮਾਰਟ, ਸ਼ਾਸਤਰੀ ਨਗਰ ਸਕੀਮ, ਜਲੰਧਰ ਰੋਡ, ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਪੰਜਾਬ-143505 |
| 129805002690 | ਕੇਵਲ ਸਿੰਘ ਗਿੱਲ | |
| ਬਰਾਂਚ ਦਾ ਨਾਂਅ : ਬਠਿੰਡਾ-ਸਿਵਲ ਲਾਈਨਜ਼ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 83/1, ਸੀ ਐਸ ਵਾਲਮੀਕੀ ਚੌਂਕ, ਸਿਵਲ ਲਾਈਨਜ਼, ਜੀ.ਟੀ. ਰੋਡ, ਬਠਿੰਡਾ, ਪੰਜਾਬ-151001 |
| 241662001351 | ਨਿਸ਼ਾ ਸਿੰਘ | |
| 241662001447 | ਨਿਸ਼ਾ ਸਿੰਘ | |
| ਬਰਾਂਚ ਦਾ ਨਾਂਅ : ਭਿੱਖੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸੁਨਾਮ ਰੋਡ, ਭੀਖੀ, ਜ਼ਿਲ੍ਹਾ ਮਾਨਸਾ, ਪੰਜਾਬ-151504 |
| 381962002714 | ਜੱਗਾ ਸਿੰਘ | |
| 381962002728 | ਜੱਗਾ ਸਿੰਘ | |
| 381962002709 | ਹਰਦੀਪ ਸਿੰਘ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 19 | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐਸ ਸੀ ਓ 28, ਸੈਕਟਰ 19 ਡੀ, ਚੰਡੀਗੜ੍ਹ-160019 |
| 134057000037 | ਅਜੇ ਸ਼ਰਮਾ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 28-ਡੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ 145, ਸੈਕਟਰ 28 ਡੀ, ਚੰਡੀਗੜ੍ਹ, ਪੰਜਾਬ-160028 |
| 096457000059 | ਨੇਹਾ ਧਵਨ | |
| ਬਰਾਂਚ ਦਾ ਨਾਂਅ : ਚੰਡੀਗੜ੍ਹ-ਸੈਕਟਰ 38-ਬੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ 319, ਸੈਕਟਰ 38/ਡੀ, ਚੰਡੀਗੜ੍ਹ-160036 |
| 078205001887 | ਰਵਿੰਦਰ ਸਿੰਘ ਰੰਧਾਵਾ | |
| ਬਰਾਂਚ ਦਾ ਨਾਂਅ : ਫਾਜ਼ਿਲਕਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 2388, ਡਾਬਰਾ ਸਟਰੀਟ, ਬੈਂਕ ਰੋਡ, ਫਾਜ਼ਿਲਕਾ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-152123 |
| 078562003830 | ਹਰਦੀਪ ਸਿੰਘ | |
| ਬਰਾਂਚ ਦਾ ਨਾਂਅ : ਗੁਰਦਾਸਪੁਰ-ਜੇਲ੍ਹ ਰੋਡ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐਸ ਸੀ ਓ ਨੰਬਰ 37, ਪੁੱਡਾ ਕੰਪਲੈਕਸ, ਪੁਰਾਣੀ ਜੇਲ੍ਹ ਸਾਈਟ, ਗੁਰਦਾਸਪੁਰ, ਪੰਜਾਬ-143521 |
| 562657000030 | ਮੋਹਿਤ ਅੱਗਰਵਾਲ | |
| ਬਰਾਂਚ ਦਾ ਨਾਂਅ : ਜਲੰਧਰ-ਰਾਮਾ ਮੰਡੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਗੁਰੂ ਨਾਨਕ ਕੰਪਲੈਕਸ, ਹੁਸ਼ਿਆਰਪੁਰ ਰੋਡ, ਰਾਮਾ ਮੰਡੀ, ਜਲੰਧਰ-144005 |
| 217605001083 | ਰੋਮਾ | |
| ਬਰਾਂਚ ਦਾ ਨਾਂਅ : ਜਲੰਧਰ-ਛੋਟੀ ਬਾਰਾਦਰੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਸ ਸੀ ਓ 3, ਕ੍ਰਿਸਟਲ ਪਲਾਜਾ, ਛੋਟੀ ਬਾਰਾਦਰੀ, ਜਲੰਧਰ, ਜ਼ਿਲ੍ਹਾ ਜਲੰਧਰ, ਪੰਜਾਬ-144002 |
| 151105002557 | ਰਿਸ਼ਵ ਜੈਨ | |
| ਬਰਾਂਚ ਦਾ ਨਾਂਅ : ਜਲੰਧਰ-ਨੂਰਮਹਿਲ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਮੰਡੀ ਰੋਡ, ਨੇੜੇ ਰੂਪ ਮੈਰਿਜ ਪੈਲੇਸ, ਨੂਰਮਹਿਲ, ਜਲੰਧਰ, ਪੰਜਾਬ-144039 |
| 007905002282 | ਜਗਦੀਪ ਕੌਰ | |
| ਬਰਾਂਚ ਦਾ ਨਾਂਅ : ਕਲਾਨੌਰ-ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਖਸਰਾ ਨੰ: 175/6/2/2, ਡੀ.ਬੀ.ਐਨ. ਰੋਡ, ਕਲਾਨੌਰ, ਜ਼ਿਲ੍ਹਾ ਗੁਰਦਾਸਪੁਰ, ਪੰਜਾਬ - 143512 |
| 357462003009 | ਗੁਰਪ੍ਰੀਤ ਸਿੰਘ | |
| 357457000215 | ਦਲਜੀਤ ਸਿੰਘ | |
| 357462004151 | ਦਲਜੀਤ ਸਿੰਘ | |
| ਬਰਾਂਚ ਦਾ ਨਾਂਅ : ਖਨੌਰੀ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਨੇੜੇ ਸਤਨਾਮ ਫਿਲਿੰਗ ਸਟੇਸ਼ਨ, ਨਰਵਾਣਾ ਰੋਡ, ਖਨੌਰੀ, ਜ਼ਿਲ੍ਹਾ-ਸੰਗਰੂਰ ਪੰਜਾਬ-148027 |
| 356162002158 | ਅਮਿਤ ਅਮਿਤ | |
| ਬਰਾਂਚ ਦਾ ਨਾਂਅ : ਲਹਿਰਾਗਾਗਾ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਵਾਰਡ ਨੰ. 1, ਨੇੜੇ ਟੈਲੀਫੋਨ ਐਕਸਚੇਂਜ, ਮਾਰਕੀਟ ਕਮੇਟੀ ਦਫ਼ਤਰ ਦੇ ਸਾਹਮਣੇ, ਲਹਿਰਾਗਾਗਾ, ਜ਼ਿਲ੍ਹਾ ਸੰਗਰੂਰ, ਪੰਜਾਬ-148031 |
| 358462000827 | ਜਗਤਾਰ ਸਿੰਘ | |
| ਬਰਾਂਚ ਦਾ ਨਾਂਅ : ਲੌਂਗੋਵਾਲ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 685/13, ਪੱਟੀ ਜੈਦ, ਬਡਬਰ ਰੋਡ, ਲੌਂਗੋਵਾਲ, ਜ਼ਿਲ੍ਹਾ ਸੰਗਰੂਰ, ਪੰਜਾਬ-148106 |
| 178157000150 | ਬਲਵਿੰਦਰ ਕੌਰ | |
| ਬਰਾਂਚ ਦਾ ਨਾਂਅ : ਲੁਧਿਆਣਾ-ਸ਼ਿੰਗਾਰ ਸਿਨੇਮਾ ਰੋਡ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬਾਬਾ ਥਾਨ ਸਿੰਘ ਚੌਕ, ਅੰਬੇਡਕਰ ਨਗਰ, ਨੇੜੇ ਮੁਹੱਲਾ ਫਤਿਹਗੰਜ, ਲੁਧਿਆਣਾ, ਪੰਜਾਬ-141008 |
| 366057000035 | ਬਿਮਲਾ ਦੇਵੀ | |
| ਬਰਾਂਚ ਦਾ ਨਾਂਅ : ਲੁਧਿਆਣਾ-ਫਿਰੋਜ਼ ਗਾਂਧੀ ਮਾਰਕਿਟ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਨਹਿਰੂ ਸਿਧਾਂਤ ਕੇਂਦਰ ਟਰੱਸਟ ਬਿਲਡਿੰਗ, ਫਿਰੋਜ਼ ਗਾਂਧੀ ਮਾਰਕਿਟ, ਲੁਧਿਆਣਾ, ਪੰਜਾਬ-141001 |
| 001757001561 | ਅਨਿਲ ਵਰਮਾ | |
| ਬਰਾਂਚ ਦਾ ਨਾਂਅ : ਮੱਖੂ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਵਾਰਡ ਨੰਬਰ 9, ਰੇਲਵੇ ਰੋਡ, ਮੱਖੂ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142044 |
| 377662001995 | ਬਲਵੰਤ ਸਿੰਘ | |
| ਬਰਾਂਚ ਦਾ ਨਾਂਅ : ਮਮਦੋਟ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਕੈਲਾਸ਼ ਮਾਰਕੀਟ, ਮੇਨ ਰੋਡ, ਮਮਦੋਟ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-152023 |
| 382162004352 | ਸੁਖਵਿੰਦਰ ਸਿੰਘ | |
| ਬਰਾਂਚ ਦਾ ਨਾਂਅ : ਮਾਨਸਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸ਼ਿਮਲਾ ਕੰਪਲੈਕਸ ਵਾਟਰ ਵਰਕਸ ਰੋਡ, ਮਾਨਸਾ, ਪੰਜਾਬ-151505 |
| 044662005399 | ਅਵਤਾਰ ਸਿੰਘ | |
| ਬਰਾਂਚ ਦਾ ਨਾਂਅ : ਮੁਹਾਲੀ-ਸੈਕਟਰ 91 | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸ਼ਾਪ ਨੰਬਰ 56, ਸੈਕਟਰ 91, ਮੋਹਾਲੀ, ਪੰਜਾਬ-140308 |
| 776005000271 | ਜਤਿੰਦਰ ਸਿੰਘ | |
| ਬਰਾਂਚ ਦਾ ਨਾਂਅ : ਮੂਨਕ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਚੰਡੀਗੜ੍ਹ ਰੋਡ, ਸਾਹਮਣੇ ਅਨਾਜ ਮੰਡੀ, ਮੂਨਕ, ਜ਼ਿਲ੍ਹਾ ਸੰਗਰੂਰ, ਪੰਜਾਬ-148033 |
| 355462002126 | ਬੂਟਾ ਸਿੰਘ | |
| ਬਰਾਂਚ ਦਾ ਨਾਂਅ : ਨਾਭਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਖਸਰਾ ਨੰਬਰ 665/20 (0-12), ਪਟਿਆਲਾ ਰੋਡ, ਜ਼ਿਲ੍ਹਾ ਪਟਿਆਲਾ, ਨਾਭਾ, ਪੰਜਾਬ-147201 |
| 078962002341 | ਅਮਰਜੀਤ ਸਿੰਘ | |
| ਬਰਾਂਚ ਦਾ ਨਾਂਅ : ਨਿਊ ਅੰਮ੍ਰਿਤਸਰ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐਸ ਸੀ ਐਫ-40, 340 ਏਕੜ, ਨਵਾਂ ਅੰਮ੍ਰਿਤਸਰ, ਅੰਮ੍ਰਿਤਸਰ, ਪੰਜਾਬ-143006 |
| 733557000033 | ਦਲਜੀਤ ਸਿੰਘ | |
| ਬਰਾਂਚ ਦਾ ਨਾਂਅ : ਪੱਟੀ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਗਰਾਊਂਡ ਫਲੋਰ, ਅੰਮ੍ਰਿਤਸਰ ਰੋਡ, ਪੱਟੀ, ਜ਼ਿਲ੍ਹਾ, ਤਰਨ ਤਾਰਨ, ਪੰਜਾਬ-143416 |
| 150557000357 | ਲਵਪ੍ਰੀਤ ਸਿੰਘ | |
| ਬਰਾਂਚ ਦਾ ਨਾਂਅ : ਰੋਪੜ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐੱਮ ਸੀ ਆਰ 3039/ਈ, ਬੇਲਾ ਚੌਕ, ਰੋਪੜ, ਪੰਜਾਬ 140001 |
| 055362002881 | ਨਿਰਵੈਰ ਸਿੰਘ | |
| 055362002890 | ਚੰਦਰ ਸ਼ੇਖਰ | |
| ਬਰਾਂਚ ਦਾ ਨਾਂਅ : ਸਾਦਿਕ, ਪੰਜਾਬ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬਿਸ਼ਨ ਲਾਲ ਕੰਪਲੈਕਸ, ਫਰੀਦਕੋਟ ਰੋਡ, ਸਾਦਿਕ, ਜ਼ਿਲ੍ਹਾ ਫਰੀਦਕੋਟ, ਪੰਜਾਬ-151212 |
| 357162005931 | ਸੁੰਦਰ ਸਿੰਘ | |
| ਬਰਾਂਚ ਦਾ ਨਾਂਅ : ਸਾਹਨੇਵਾਲ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਬੀ-228, ਜੀ.ਟੀ. ਰੋਡ, ਸਾਹਨੇਵਾਲ, ਲੁਧਿਆਣਾ, ਪੰਜਾਬ-141120 |
| 151757000125 | ਸਨੀ ਭਾਟੀਆ | |
| ਬਰਾਂਚ ਦਾ ਨਾਂਅ : ਤਲਵੰਡੀ ਭਾਈ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਪੁਰਾਣੀ ਅਨਾਜ ਮੰਡੀ, ਤਲਵੰਡੀ ਭਾਈ, ਜ਼ਿਲ੍ਹਾ ਫਿਰੋਜ਼ਪੁਰ-142050 |
| 283262002808 | ਗੁਰਲਾਭ ਸਿੰਘ | |
| ਬਰਾਂਚ ਦਾ ਨਾਂਅ : ਟਾਂਡਾ ਉੜਮੁੜ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਵਰਨ ਪੈਲੇਸ, ਨੇੜੇ ਰੇਲਵੇ ਚੌਕ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ-144203 |
| 087862003354 | ਰਾਜਿੰਦਰ ਕੌਰ | |
| 087862003377 | ਰਾਜਿੰਦਰ ਕੌਰ | |
| ਬਰਾਂਚ ਦਾ ਨਾਂਅ : ਤਰਨ ਤਾਰਨ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਸਰਹਾਲੀ ਰੋਡ, ਐਸ ਡੀ ਐਮ ਕੋਰਟ ਦੇ ਸਾਹਮਣੇ, ਤਰਨ ਤਾਰਨ, ਪੰਜਾਬ-143401 |
| 050562004617 | ਰਾਜਿੰਦਰ ਕੌਰ | |
| ਬਰਾਂਚ ਦਾ ਨਾਂਅ : ਜ਼ੀਰਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਨਿਊ ਤਲਵੰਡੀ ਰੋਡ, ਨੇੜੇ ਸਰਕਾਰੀ ਹਾਈ ਸਕੂਲ, ਜ਼ੀਰਾ, ਜ਼ਿਲ੍ਹਾ ਫਿਰੋਜ਼ਪੁਰ, ਪੰਜਾਬ-142047 |
| 199762003685 | ਰਮਨਦੀਪ ਸਿੰਘ | |
| ਬਰਾਂਚ ਦਾ ਨਾਂਅ : ਜ਼ੀਰਕਪੁਰ-ਵੀ ਆਈ ਪੀ ਰੋਡ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, ਐਸ ਸੀ ਓ-5, ਵੀਰ ਸ਼ਾਪਿੰਗ ਕੰਪਲੈਕਸ, ਵੀ ਆਈ ਪੀ ਰੋਡ, ਜ਼ੀਰਕਪੁਰ, ਜ਼ਿਲ੍ਹਾ ਐਸ.ਏ.ਐਸ. ਨਗਰ ਮੋਹਾਲੀ, ਪੰਜਾਬ-140603 |
| 548457000067 | ਪਰਵਿੰਦਰਜੀਤ ਸਿੰਘ | |
| ਬਰਾਂਚ ਦਾ ਨਾਂਅ : ਟੋਹਾਣਾ | | ਆਈ ਸੀ ਆਈ ਸੀ ਆਈ ਬੈਂਕ ਲਿਮਟਿਡ, 56ਸੀ/3, ਚੰਡੀਗੜ੍ਹ ਰੋਡ, ਟੋਹਾਣਾ, ਜ਼ਿਲ੍ਹਾ ਫਤਿਹਾਬਾਦ ਹਰਿਆਣਾ-125120 |
| 282857000103 | ਜੌਨੀ ਜੌਨੀ | |

ਨਿਲਾਮੀ ਉਕਤ ਦਰਸਾਈ ਸਾਰਣੀ 'ਚ ਪਤੇ ਅਤੇ ਮਿਤੀ ਨੂੰ ਹੋਵੇਗੀ। ਸਮਾਂ 3.00 ਵਜੇ ਤੋਂ ਬਾਅਦ ਦੁਪਹਿਰ 6.00 ਵਜੇ ਸ਼ਾਮ ਤੱਕ ਹੈ।

ਕਿਰਪਾ ਕਰਕੇ ਨੋਟ ਕੀਤਾ ਜਾਵੇ ਕਿ ਆਈ ਸੀ ਆਈ ਸੀ ਆਈ ਬੈਂਕ ਨੂੰ ਮਿਲਾਮੀ ਮਿਤੀ/ਸਥਾਨ, ਨਿਲਾਮੀ ਦਾ ਢੰਗ ਬਿਨਾਂ ਅਗਾਊਂ ਨੋਟਿਸ ਦਿੱਤਿਆਂ ਬਦਲਣ ਦਾ ਅਧਿਕਾਰ ਹੈ।

ਚਾਹਵਾਨ ਪਾਰਟੀਆਂ ਨਿਯਮ ਅਤੇ ਸ਼ਰਤਾਂ ਦੇ ਵੇਰਵਿਆਂ ਲਈ ਉਕਤ ਦਰਸਾਈਆਂ ਸ਼ਾਖਾਵਾਂ 'ਤੇ ਪਧਾਰਨ।

ਮਿਤੀ : 09.05.2026

ਸਥਾਨ : ਚੰਡੀਗੜ੍ਹ, ਲੁਧਿਆਣਾ, ਮਾਨਸਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਸੰਗਰੂਰ, ਅੰਮ੍ਰਿਤਸਰ, ਬਠਿੰਡਾ, ਫਾਜ਼ਿਲਕਾ, ਗੁਰਦਾਸਪੁਰ, ਜਲੰਧਰ, ਕਪੂਰਥਲਾ, ਤਰਨ ਤਾਰਨ, ਫਰੀਦਕੋਟ, ਫਿਰੋਜ਼ਪੁਰ, ਫਤਿਹਗੜ੍ਹ ਸਾਹਿਬ, ਹੁਸ਼ਿਆਰਪੁਰ, ਰੂਪਨਗਰ, ਪਟਿਆਲਾ, ਸ਼ਹੀਦ ਭਗਤ ਸਿੰਘ ਨਗਰ, ਸੰਗਰੂਰ

ਸ਼ੁੱਭਚਿੰਤਕ, ਸਹੀ/-ਅਧਿਕਾਰਤ ਹਸਤਾਖਰੀ ਵਾਸਤੇ ਆਈ ਸੀ ਆਈ ਸੀ ਆਈ ਬੈਂਕ ਲਿਮਟਿਡ



**ਉੱਤਰ ਰੇਲਵੇ**

**ਈ-ਨੀਲਾਮੀ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਸੀਨੀਅਰ ਮੰਡਲ ਵਾਣਿਜਯ ਪ੍ਰਬੰਧਕ/ਮਾਲਭਾੜਾ, ਉੱਤਰ ਰੇਲਵੇ, ਫ਼ਿਰੋਜ਼ਪੁਰ ਦੁਆਰਾ ਹੇਠਾ ਦਿਤੇ ਗਏ ਕੰਮ ਦੇ ਲਈ ਯੋਗ ਅਤੇ ਰਜਿਸਟਰਡ ਬੋਲੀਦਾਤਾਵਾਂ ਤੋਂ ਫਿਰੋਜ਼ਪੁਰ ਮੰਡਲ ਵਿਚ ਈ-ਨੀਲਾਮੀ ਮੰਗ ਕੀਤੀ ਜਾਂਦੀ ਹੈ।

| ਨੀਲਾਮੀ ਸੂਚੀ ਨੰ: | ਨੀਲਾਮੀ ਸ਼ੁਰੂ ਹੋਣ ਦਾ ਸਮਾਂ ਅਤੇ ਮਿਤੀ | ਕੰਮ ਦਾ ਨਾਮ |
|---|---|---|
| EAFZR-SLR26-23 | 25.05.2026 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ): 14622/F1, 19612/F1, 19326/F1, 22552/F1, 18104/F1, 15532/F1, 14682/F1, 14650/R1, 13308/F1 & 22446/F1. |
| EAFZR-PACKING44 | 25.05.2026 ਨੂੰ 11.00 ਵਜੇ | ਜਲੰਧਰ ਸਿਟੀ ਵਿਚ ਦੋ ਪਹੀਯਾ ਵਾਹਨਾਂ ਅਤੇ ਹੋਰ ਪਾਰਸਲ ਪੈਕੇਜਾਂ ਦੀ ਪੈਕਿੰਗ ਦੇ ਲਈ ਅਨੁਬੰਧ ਦਾ ਅਲਾਟਮੈਂਟ। |
| EAFZR-SLR26-24 | 27.05.2026 ਨੂੰ 11.00 ਵਜੇ | ਗੱਡੀਆਂ ਵਿਚ ਪਾਰਸਲ ਸਪੇਸ ਨੂੰ ਲੀਸ ਉਤੇ ਦੇਣ ਦਾ ਠੇਕਾ (ਟ੍ਰੇਨ ਨੰਬਰ/ਐਸਐਲਆਰ ਕੰਮਪਾਰਟਮੈਂਟ): 15212/F1, 15532/R1, 22480/F1, 14604/R1, 14618/F1, 14604/F1, 12422/F1 & 20424/F1. |

ਪੂਰੀ ਜਾਣਕਾਰੀ ਅਤੇ ਰਜਿਸਟਰੈਸ਼ਨ ਦੇ ਲਈ ਕ੍ਰਿਪਾ ਰੇਲਵੇ ਦੀ ਵੇਬਸਾਈਟ www.ireps.gov.in ਉਤੇ ਜਾਉ। 1551/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

ਉਪ ਮੁੱਖ ਇੰਜੀਨੀਅਰ/ਪੁਲ/ਕਾਰਜਸ਼ਾਲਾ, ਉਤਰ ਰੇਲਵੇ, ਜਲੰਧਰ ਛਾਉਣੀ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਓਪਨ ਈ-ਟੈਂਡਰ ਨੂੰ ਏਕਲ ਪੈਕੇਟ ਸਿਸਟਮ ਦੇ ਤਹਿਤ ਮੰਗ ਕੀਤੀ ਗਈ ਹੈ।

| ਲ. ਨੰ. | ਨਿਵਿਦਾ ਨੰ. | ਕੰਮ ਦਾ ਵੇਰਵਾ | ਅੰਦਾਜਨ ਲਾਗਤ (ਰੁਪਏ) | ਬਿਆਨਾ ਰਾਸ਼ੀ (ਰੁਪਏ) | ਖੁਲਣ ਦੀ ਮਿਤੀ | IREPS 'ਤੇ ਬੋਲੀ ਲਗਾਉਣ ਦੀ ਮਿਤੀ | ਟੈਂਡਰ ਫਾਰਮ ਦੀ ਲਾਗਤ (ਰੁਪਏ) | ਕੰਮ ਸਮਾਪਤੀ ਦਾ ਸਮਾਂ |
|---|---|---|---|---|---|---|---|---|
| 1. | OT-06-JRC-2026 | SSE/Br/M/UMB ਦੇ ਅਧਿਕਾਰ ਖੇਤਰ ਦੇ ਤਹਿਤ UMB-KLK ਸੈਕਸ਼ਨ ਉਤੇ ਸਥਿਤ ਪ੍ਰਮੁੱਖ ਸਟੀਲ ਗਡੂਰ ਪੁਲ ਨੰਬਰ 278UP/DN, 339 ਅਤੇ 346 ਤੇ ਸਾਈਡ ਪਾਥਵੇ ਅਤੇ ਨਿਰੀਖਣ ਵਿਵਸਥਬਾ ਦਾ ਪ੍ਰਾਵਧਾਨ ਕਰਨਾ। | 1,06,64,322.24 | 2,13,300.00 | 28.05.2026 | 14.05.2026 ਤੋਂ 28.05.2026 | 0 | 10 ਮਹੀਨੇ |
| 2. | OT-07-JRC-2026 | ਫਿਰੋਜਪੁਰ ਮੰਡਲ ਦੇ ਤਹਿਤ LDH-FZR ਸੈਕਸ਼ਨ ਵਿਚ ਸਥਿਤ ਪੁਲ ਨੰਬਰ 107-ਬੀ (6x12.2m + 1x24.2), ASR-KEMK ਸੈਕਸ਼ਨ ਦੇ ਪੁਲ ਨੰਬਰ 16 (1x17.23m) ਅਤੇ BTI-KKP ਸੈਕਸ਼ਨ ਦੇ ਪੁਲ ਨੰਬਰ 1 ਅਤੇ 2 NFL (1x6.30m + 1x17.23m) ਸਾਈਡ ਪਾਥਵੇ ਦਾ ਪ੍ਰਾਵਧਾਨ ਕਰਨਾ। | 57,55,204.73 | 1,15,100.00 | 28.05.2026 | 14.05.2026 ਤੋਂ 28.05.2026 | 0 | 08 ਮਹੀਨੇ |
| 3. | OT-08-JRC-2026 | SSE/Br/M/JUC ਦੇ ਅਧਿਕਾਰ ਖੇਤਰ ਦੇ ਤਹਿਤ ਫਿਰੋਜਪੁਰ ਮੰਡਲ ਦੇ 14 ਪੁਲਾਂ ਤੇ ਸਾਈਡ ਪਾਥਵੇ ਦਾ ਪ੍ਰਾਵਧਾਨ ਕਰਨਾ। | 1,76,02,082.03 | 3,52,100.00 | 28.05.2026 | 14.05.2026 ਤੋਂ 28.05.2026 | 0 | 12 ਮਹੀਨੇ |
| 4. | OT-09-JRC-2026 | BWS/JRC ਵਿਚ 9.15 ਮੀਟਰ ਸਪੈਨ ਦੇ ਪ੍ਰੀ-ਟੈਂਸ਼ਨ ਵਾਲੇ ਪੀ.ਐਸ. ਸੀ. ਸਲੈਬ ਦੀ ਕਾਸਟਿੰਗ ਦੇ ਲਈ ਥ੍ਰਸਟ ਬੇਡ ਦੀ ਉਸਾਰੀ ਕਰਨਾ। | 3,46,44,722.89 | 6,92,900.00 | 28.05.2026 | 14.05.2026 ਤੋਂ 28.05.2026 | 0 | 12 ਮਹੀਨੇ |

| | |
|---|---|
| ਨਿਵਿਦਾ ਪੇਸ਼ ਕਰਨ ਅਤੇ ਟੈਂਡਰ ਖੁਲਣ ਦੇ ਲਈ ਮਿਤੀ ਅਤੇ ਸਮਾਂ | ਹਰੇਕ ਦੇ ਖਿਲਾਫ ਦਿਖਾਈਆਂ ਗਈਆਂ ਮਿਤੀਆਂ ਤੇ 15:00 ਵਜੇ ਤਕ ਅਤੇ ਉਸੇ ਸਮੇਂ 15:00 ਵਜੇ ਦੇ ਬਾਅਦ। |
| ਵੈਬਸਾਈਟ ਵੇਰਵਾ ਜਿਥੋਂ ਟੈਂਡਰ ਦਾ ਪੂਰਾ ਵੇਰਵਾ ਦੇਖਿਆ ਜਾ ਸਕਦਾ ਹੈ ਅਤੇ ਡਾਊਨਲੋਡ ਕੀਤਾ ਜਾ ਸਕਦਾ ਹੈ। | ਵਿਸਤ੍ਰਿਤ ਈ-ਨਿਵਿਦਾ ਸੂਚਨਾ ਉਤਰੀ ਰੇਲਵੇ ਵੈਬ ਸਾਈਟ www.nr.indianrailways.gov.in ਤੇ ਉਪਲਬਧ ਹੈ ਅਤੇ ਨਿਵਿਦਾ ਦਸਤਾਵੇਜ www.ireps.gov.in ਤੇ ਉਪਲਬਧ ਹੈ। |

No. 80-W/30/Bridges/ Invitation Dated: 06.05.2026 1525/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਲੋਕ ਜਨਸ਼ਕਤੀ ਪਾਰਟੀ ਦੀ ਮੀਟਿੰਗ ਅੱਜ

**ਜਲੰਧਰ (ਲਖਵਿੰਦਰ ਸਿੰਘ ਆਧੀ)**- ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਚਿਰਾਗ ਪਾਸਵਾਨ ਦੀ ਅਗਵਾਈ ਹੇਠ ਰਾਸ਼ਟਰੀ ਪ੍ਰਧਾਨ ਲੋਕ ਜਨਸ਼ਕਤੀ ਪਾਰਟੀ (ਰਾਮ ਵਿਲਾਸ) ਕੇਂਦਰੀ ਫੂਡ ਪ੍ਰੋਸੈਸਿੰਗ ਇੰਡਸਟਰੀਜ਼ ਮੰਤਰੀ ਭਾਰਤ ਸਰਕਾਰ ਨਵੀਂ ਦਿੱਲੀ ਵੱਲੋਂ ਡਾ. ਬੀ.ਆਰ. ਅੰਬੇਡਕਰ ਦਾ 135ਵਾਂ




ਜਨਮ ਦਿਨ ਮਨਾਇਆ ਜਾ ਰਿਹਾ ਹੈ। ਪੰਜਾਬ ਪ੍ਰੈਸ ਕਲੱਬ ਜਲੰਧਰ ਵਿਖੇ ਲੋਕ ਜਨਸ਼ਕਤੀ ਪਾਰਟੀ ਦੇ ਜਨਰਲ ਸਕੱਤਰ ਡਾ. ਕੇ ਪੀ ਚੌਧਰੀ ਨੇ ਪੱਤਰਕਾਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਪੰਜਾਬ ਰਾਜ ਕਮੇਟੀ ਦੇ ਅਹੁਦੇਦਾਰਾਂ ਦੀ ਸਮੀਖਿਆ ਮੀਟਿੰਗ 9 ਮਈ ਨੂੰ ਸਵੇਰੇ 11:00 ਵਜੇ ਰੈੱਡ ਕਰਾਸ ਭਵਨ ਜਲੰਧਰ ਪੰਜਾਬ ਵਿਖੇ ਕੀਤੀ ਜਾ ਰਹੀ ਹੈ। ਪਾਰਟੀ ਨੇ ਆਉਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ 2027 ਵਿੱਚ ਲੜਨ ਦਾ ਫੈਸਲਾ ਕੀਤਾ ਹੈ। ਪਾਰਟੀ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਆਪਣੇ ਉਮੀਦਵਾਰ ਖੜ੍ਹੇ ਕਰੇਗੀ। ਉਨ੍ਹਾਂ ਕਿਹਾ ਕਿ ਪੰਜਾਬ ਰਾਜ ਕਨਵੈਨਸ਼ਨ 14 ਜੂਨ ਨੂੰ ਸ਼ਾਂਤੀ ਦੇਵੀ ਮਿੱਤਲ ਆਡੀਟੋਰੀਅਮ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਜਲੰਧਰ ਪੰਜਾਬ ਵਿੱਚ ਆਯੋਜਿਤ ਕੀਤੀ ਜਾਵੇਗੀ। ਜਿਸ ਵਿੱਚ ਪਾਰਟੀ ਦੇ ਰਾਸ਼ਟਰੀ ਪ੍ਰਧਾਨ ਚਿਰਾਗ ਪਾਸਵਾਨ, ਭਾਰਤ ਸਰਕਾਰ ਦੇ ਫੂਡ ਪ੍ਰੋਸੈਸਿੰਗ ਉਦਯੋਗਾਂ ਦੇ ਮਾਨਯੋਗ ਕੇਂਦਰੀ ਕੈਬਨਿਟ ਮੰਤਰੀ, ਪਾਰਟੀ ਦੇ ਰਾਜ ਕਨਵੈਨਸ਼ਨ ਨੂੰ ਮੁੱਖ ਮਹਿਮਾਨ ਵਜੋਂ ਸੰਬੋਧਨ ਕਰਨਗੇ ਤੇ 9 ਮਈ ਨੂੰ ਸਵੇਰੇ 9:00 ਵਜੇ ਸਾਰੇ ਭਾਗੀਦਾਰ ਦੇਵੀ ਤਾਲਾ ਮੰਦਰ ਸ਼ਕਤੀ ਪੀਠ ਜਲੰਧਰ ਵਿਖੇ ਇਕੱਠੇ ਹੋਣਗੇ ਅਤੇ ਸ਼ਕਤੀ ਪੀਠ ਦਾ ਆਸ਼ੀਰਵਾਦ ਲੈਣਗੇ। ਸਵੇਰੇ 9:30 ਵਜੇ ਪਾਰਟੀ ਦਾ 100 ਕਾਰਾਂ ਵਾਲਾ ਕਾਫ਼ਲਾ ਦੇਵੀ ਤਾਲਾ ਮੰਦਰ ਸ਼ਕਤੀਪੀਠ ਤੋਂ ਵਾਲਮੀਕਿ ਮੰਦਰ ਜੀ ਟੀ ਰੋਡ ਜਲੰਧਰ ਲਈ ਭਗਵਾਨ ਵਾਲਮੀਕਿ ਦੀ ਮੂਰਤੀ ਨੂੰ ਹਾਰ ਪਾਉਣ ਤੇ ਭਗਵਾਨ ਵਾਲਮੀਕਿ ਦਾ ਆਸ਼ੀਰਵਾਦ ਲੈਣ ਲਈ ਰਵਾਨਾ ਹੋਵੇਗਾ ਤੇ ਸਵੇਰੇ 10:00 ਵਜੇ ਡਾ. ਬੀ.ਆਰ. ਅੰਬੇਡਕਰ ਚੌਂਕ ਲਈ ਰਵਾਨਾ ਹੋਵੇਗਾ ਜਿੱਥੇ ਉਹ ਭਾਰਤ ਰਤਨ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਦੀ ਮੂਰਤੀ 'ਤੇ ਹਾਰ ਪਾ ਕੇ ਡਾ. ਬੀ.ਆਰ. ਅੰਬੇਡਕਰ ਦਾ ਆਸ਼ੀਰਵਾਦ ਲੈਣਗੇ ਤੇ ਸਵੇਰੇ 10:30 ਵਜੇ ਗੁਰੂ ਰਵਿਦਾਸ ਭਵਨ ਲਿੰਕ ਰੋਡ ਜਲੰਧਰ ਸ੍ਰੀ ਗੁਰੂ ਰਵਿਦਾਸ ਦਾ ਆਸ਼ੀਰਵਾਦ ਲੈਣ ਤੋਂ ਬਾਅਦ ਸਵੇਰੇ 11:00 ਵਜੇ ਰੈੱਡ ਕਰਾਸ ਭਵਨ ਜਲੰਧਰ ਪਹੁੰਚੇਗਾ।

# ਦੁਰਗੇਸ਼ ਜੰਡੀ ਸੁਪਰਡੈਂਟ ਨਿਯੁਕਤ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਪਿੰਡ ਜੰਡੀ ਦੇ ਮਸ਼ਹੂਰ ਸਮਾਜ ਸੇਵਕ ਦੁਰਗੇਸ਼ ਜੰਡੀ ਦੀ ਸੁਪਰਡੈਂਟ ਵਜੋਂ ਨਿਯੁਕਤੀ 'ਤੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਦੁਰਗੇਸ਼ ਜੰਡੀ ਨੂੰ ਵਧਾਈ ਦਿੱਤੀ ਤੇ ਮੁਬਾਰਕਬਾਦ ਦੇਣ ਲਈ ਉਹਨਾਂ ਦੇ ਗ੍ਰਹਿ ਵਿਖੇ ਆਏ ਅਤੇ ਉਹਨਾਂ ਦਾ ਤਰੱਕੀ ਹੋਣ ਤੇ ਮੂੰਹ ਮਿੱਠਾ ਕਰਵਾਇਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਖੰਨਾ ਨੇ ਕਿਹਾ ਕਿ ਇਮਾਨਦਾਰ ਅਤੇ ਮਿਹਨਤੀ ਲੋਕ ਸਫਲਤਾ ਪ੍ਰਾਪਤ ਕਰਦੇ ਹਨ। ਉਹ 1992 ਤੋਂ ਲੰਬੇ ਸਮੇਂ ਤੱਕ ਜਲੰਧਰ ਦੇ ਮੇਹਰ ਚੰਦ ਪੌਲੀਟੈਕਨਿਕ ਕਾਲਜ ਵਿੱਚ ਵਰਕਸ਼ਾਪ ਲੈਕਚਰਾਰ ਵਜੋਂ ਸੇਵਾ ਕਰਨ ਤੋਂ ਬਾਅਦ ਇਸ ਅਹੁਦੇ 'ਤੇ ਪਹੁੰਚੇ ਹਨ। ਦੁਰਗੇਸ਼ ਜੰਡੀ ਇਲਾਕੇ ਦੇ ਪਿੰਡਾਂ ਵਿੱਚ ਸਮਾਜ ਭਲਾਈ ਲਈ ਵੀ ਕੰਮ ਕਰਦੇ ਹਨ, ਕਈ ਕੈਂਪ ਲਗਾਉਂਦੇ ਹਨ ਅਤੇ ਬਹੁਤ ਸਾਰੇ ਲੋੜਵੰਦਾਂ ਅਤੇ ਗਰੀਬ ਲੋਕਾਂ ਨੂੰ ਰੁਜ਼ਗਾਰ ਪ੍ਰਦਾਨ ਕਰਦੇ ਹਨ। ਉਹ ਸਮਾਜ ਦੀ ਸੇਵਾ ਵੀ ਕਰਦੇ ਹਨ। ਪਤਰਕਾਰਾਂ ਨਾਲ ਗਲਬਾਤ ਕਰਦਿਆਂ ਜੰਡੀ ਨੇ ਕਿਹਾ ਕਿ ਮੈਂ ਆਉਣ ਵਾਲੇ ਸਮੇਂ ਵਿੱਚ ਕਾਲਜ ਵਲੋਂ ਸੌਂਪੀ ਗਈ ਇਸ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਣ ਲਈ ਪਾਬੰਦ ਰਹਾਂਗਾ। ਇਸ ਮੌਕੇ ਤੇ ਅਵਿਨਾਸ਼ ਰਾਏ ਖੰਨਾ ਸਾਬਕਾ ਸੰਸਦ ਮੈਂਬਰ, ਰਾਮ ਲਾਲ ਜੰਡੀ, ਹਰਮਿੰਦਰ ਸਿੰਘ ਰਿੰਕੂ ਸਾਬਕਾ ਚੇਅਰਮੈਨ ਸੜੋਆ



ਬਲਾਕ, ਕਮਲ ਸ਼ਰਮਾ ਭਾਜਪਾ ਲੀਡਰ , ਦੀਪਾਂਕਰ ਜੰਡੀ, ਠੇਕੇਦਾਰ ਭਜਨ ਲਾਲ ਗੜ੍ਹਸ਼ੰਕਰ, ਰਮਨ ਕੁਮਾਰ ਸਾਬਕਾ ਸਰਪੰਚ ਸਮੁੰਦੜਾ, ਸ਼ੰਕਰ ਦਾਸ ਸਾਬਕਾ ਸਰਪੰਚ ਜੰਡੀ, ਰਾਮ ਲਾਲ ਬਿੱਲੂ, ਜਤਿੰਦਰ ਬਾਂਠ, ਦਵਿੰਦਰ ਬਜਾੜ, ਸਾਬਕਾ ਸਰਪੰਚ, ਸੁਰਜੀਤ ਸਿੰਘ ਦੁਭਾਲੀ, ਰਾਮ ਸ਼ਾਹ ਭਾਟੀਆ ਸਾਬਕਾ ਸਰਪੰਚ ਉਧਨੋਵਾਲ, ਅਜੇ ਸਿੰਘ ਐਡਵੋਕੇਟ ਬਾਗੋਵਾਲ, ਠੇਕੇਦਾਰ ਚਰਨਜੀਤ ਕਟਾਰੀਆ ਨਿੱਘੀ, ਰਕੇਸ਼ ਕੁਮਾਰ ਹੈਪੀ ਭਾਟੀਆ, ਕਮਲਜੀਤ ਬਾਂਠ ਜੰਡੀ, ਬਲਰਾਮ ਚੌਧਰੀ ਕਾਕੂ ਚੌਧਰੀ ਸਵੀਟ ਚੌਧਰੀ ਸਵੀਟ ਸ਼ਾਪ ਹਾਜ਼ਰ ਸਨ।

# ਅਣਪਛਾਤੇ ਲੁਟੇਰਿਆਂ ਨੇ ਵਿਅਕਤੀ 'ਤੇ ਕੀਤਾ ਹਮਲਾ

**ਨਕੋਦਰ (ਰੀਨਾ ਸ਼ਰਮਾ)**- ਨਕੋਦਰ ਸਿਟੀ ਪੁਲਸ ਨੇ ਇਕ ਵਿਅਕਤੀ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਕੇ ਨਕਦੀ, ਮੋਬਾਈਲ ਫੋਨ ਤੇ ਮਹੱਤਵਪੂਰਨ ਦਸਤਾਵੇਜ਼ ਖੋਹਣ ਦੇ ਦੋਸ਼ ਹੇਠ ਅਣਪਛਾਤੇ ਮੋਟਰਸਾਈਕਲ ਸਵਾਰ ਲੁਟੇਰਿਆਂ ਵਿਰੁੱਧ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਪਿੰਡ ਸ਼ਰਕਪੁਰ ਦੇ ਵਸਨੀਕ ਕਸ਼ਮੀਰੀ ਲਾਲ ਨੇ ਦੱਸਿਆ ਕਿ ਉਹ ਨੈਸ਼ਨਲ ਕਾਲਜ ਨੇੜੇ ਮੌਜੂਦ ਸੀ, ਜਦੋਂ ਮੋਟਰਸਾਈਕਲ 'ਤੇ ਸਵਾਰ ਕੁਝ ਅਣਪਛਾਤੇ ਬਦਮਾਸ਼ਾਂ ਨੇ ਉਸ ਨੂੰ ਘੇਰ ਲਿਆ। ਮੁਲਜ਼ਮਾਂ ਨੇ ਉਸ 'ਤੇ ਤੇਜ਼ਧਾਰ ਹਥਿਆਰ ਨਾਲ ਹਮਲਾ ਕਰ ਦਿੱਤਾ ਤੇ ਉਸ ਕੋਲੋਂ ਕਰੀਬ 7 ਹਜ਼ਾਰ ਰੁਪਏ ਦੀ ਨਕਦੀ, ਇਕ ਮੋਬਾਈਲ ਫੋਨ ਤੇ ਹੋਰ ਜ਼ਰੂਰੀ ਦਸਤਾਵੇਜ਼ ਖੋਹ ਕੇ ਫਰਾਰ ਹੋ ਗਏ। ਜਾਂਚ ਅਧਿਕਾਰੀ ਰਾਜਿੰਦਰ ਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋਂ ਅਣਪਛਾਤੇ ਮੁਲਜ਼ਮਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ। ਇਲਾਕੇ ਦੇ ਸੀਸੀਟੀਵੀ ਕੈਮਰਿਆਂ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਮੁਲਜ਼ਮਾਂ ਦੀ ਭਾਲ ਲਈ ਛਾਪੇਮਾਰੀ ਜਾਰੀ ਹੈ।

# ਸਾਡੀ ਕਰਮ ਭੂਮੀ ਆਧੀ ਪਿੰਡ

**ਨਕਿ ਨਥ ਖਸਮ ਹਥ ਕਿਰਤੁ ਧਕੇ ਦੇ॥**
**ਜਹਾ ਦਾਣੇ ਤਹਾਂ ਖਾਣੇ ਨਾਨਕਾ ਸਚੁ ਹੇ॥**

ਇਸ ਮਹਾਂਵਾਕ ਅਨੁਸਾਰ ਸਪਸ਼ਟ ਹੈ ਕਿ ਆਪਣੇ-ਆਪਣੇ ਕਰਮਾਂ ਅਨੁਸਾਰ ਮਨੁੱਖ ਨੇ ਜਿੱਥੇ-ਜਿੱਥੇ ਉਸਦੇ ਦਾਣੇ ਖਿਲਰੇ ਹੁੰਦੇ ਹਨ, ਉਹ ਉਸ ਨੇ ਚੁਗਣੇ ਹੀ ਹੁੰਦੇ ਹਨ। ਪਰ ਕਈ ਵਾਰ ਚੰਗੇ ਕਰਮਾਂ ਸਦਕਾ ਪਰਮਾਤਮਾ ਮਨੁੱਖ ਦੇ ਦਾਣੇ ਇਹੋ ਜਿਹੇ ਇਲਾਕੇ ਵਿਚ ਖਲੇਰ ਦਿੰਦਾ ਹੈ ਕਿ ਉਹ ਇਲਾਕਾ ਉਸ ਲਈ ਸਵਰਗ ਹੋ ਨਿਬੜਦਾ ਹੈ। ਅਸੀਂ ਬੜੇ ਮਾਣ ਨਾਲ ਕਹਿ ਸਕਦੇ ਹਾਂ ਕਿ ਪਰਮਾਤਮਾ ਨੇ ਸਾਡੇ ਸਮੂਹ ਸਟਾਫ਼ ਦੇ ਦਾਣੇ ਇਸ ਇਲਾਕੇ ਵਿਚ ਖਲੇਰ ਕੇ ਸਾਡੇ ਉਪਰ ਬਹੁਤ ਹੀ ਪਉਪਕਾਰ ਕੀਤਾ ਹੈ। ਇਹ ਪਿੰਡ ਸਾਡਾ ਸਾਰਿਆਂ ਦਾ ਆਪਣਾ ਘਰ ਬਣ ਚੁੱਕਾ ਹੈ। ਇੱਥੇ ਵਿਚਰਦਿਆਂ ਸਾਨੂੰ ਇਕ ਆਪਣੇ



ਪਰਵਾਰ ਦੀ ਤਰ੍ਹਾਂ ਆਪਣਾਪਨ ਮਹਿਸੂਸ ਹੁੰਦਾ ਹੈ । ਸਮੂਹ ਪਿੰਡ ਵਲੋਂ, ਐਨ.ਆਰ. ਆਈਜ਼ ਵਲੋ ਸਕੂਲ ਨੂੰ ਜਿਸ ਤਰ੍ਹਾਂ ਪਿਆਰ ਸਤਿਕਾਰ ਦਿਤਾ ਜਾਦਾਂ ਹੈ, ਉਹ ਸਾਡੇ ਲਈ ਕਿਸੇ ਵੱਡੇ ਐਵਾਰਡ ਤੋ ਘੱਟ ਨਹੀਂ। ਇਸ ਪਿੰਡ, ਨਗਰ, ਇਲਾਕੇ ਦੇ ਸੁਝਵਾਨ ਲੋਕਾਂ ਵਾਸਤੇ ਧੁਰ ਅੰਦਰੋਂ ਸਦਾ ਦੁਆਵਾਂ ਹੀ ਨਿਕਲ ਦੀਆਂ ਹਨ। ਵਾਹਿਗੁਰੂ ਕਰੇ ਸਾਡਾ ਇਹ ਆਪਣਾ ਘਰ ਸਦਾ ਹੀ ਹੋਰ ਵਧੇ-ਫੁਲੇ। ਜਿਹੜਾ ਵੀ ਅਧਿਆਪਕ ਇਸ ਕਰਮੀ ਭੂਮੀ ਵਿੱਚ ਪੈਰ ਰੱਖਦਾ ਹੈ, ਉਹ ਇੱਥੋਂ ਦਾ ਹੀ ਹੋ ਕੇ ਰਹਿ ਜਾਦਾਂ ਹੈ। ਜਦੋਂ ਵੀਂ ਕੋਈ ਸਾਨੂੰ ਸਾਡੇ ਆਪਣੇ ਨਿੱਜੀ ਇਲਾਕੇ ਦੀ ਬਜਾਏ ਆਧੀ ਵਾਲੇ ਕਹਿ ਕੇ ਬੁਲਾਉਂਦੇ ਹਨ ਤਾਂ ਸਾਡਾ ਸੀਨਾ ਫ਼ਖਰ ਨਾਲ ਚੌੜਾ ਹੋ ਜਾਦਾਂ ਹੈ।

**-ਕੁਲਬੀਰ ਸਿੰਘ ਹੈੱਡਮਾਸਟਰ**

# ਸੰਤ ਨਿਰਮਲ ਦਾਸ ਬਾਬੇ ਜੌੜੇ ਵੱਲੋਂ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਕਾਨੂੰਨ ਬਣਾਉਣ ਦਾ ਸਵਾਗਤ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਸਰਕਾਰ ਵਲੋਂ ਜਾਗਤਜੋਤ ਆਦਿ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਬੇਅਦਬੀ ਦੀਆਂ ਘਟਨਾਵਾਂ ਨੂੰ ਰੋਕਣ ਲਈ ਵਿਧਾਨ ਸਭਾ ਵਿੱਚ ਪਾਸ ਕੀਤੇ ਸਖਤ ਕਾਨੂੰਨ ਦਾ ਸਵਾਗਤ



ਕਰਦਿਆਂ ਸੰਤ ਨਿਰਮਲ ਦਾਸ ਬਾਬੇਜੌੜੇ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਰਜਿ.ਪੰਜਾਬ, ਸੰਤ ਪ੍ਰਗਟ ਨਾਥ ਬਾਲਯੋਗੀ ਚੇਅਰਮੈਨ ਭਗਵਾਨ ਸ੍ਰੀ ਵਾਲਮੀਕ ਤੀਰਥ ਸ਼ਰਾਇਨ ਬੋਰਡ ਅਤੇ ਹੋਰ ਹਾਜ਼ਰ ਸੰਤਾਂ ਮਹਾਂਪੁਰਸ਼ਾਂ ਵਲੋਂ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦਾ ਜਲੰਧਰ ਫੇਰੀ ਦੌਰਾਨ ਨਿੱਘਾ ਸਵਾਗਤ ਕੀਤਾ ਅਤੇ ਉਨਾਂ ਨੂੰ ਵਿਸ਼ੇਸ਼ ਸਨਮਾਨਤ ਕੀਤਾ। ਇਸ ਮੌਕੇ ਸੰਤ ਨਿਰਮਲ ਦਾਸ ਬਾਬੇ ਜੌੜੇ, ਸੰਤ ਪ੍ਰਗਟ ਨਾਥ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਪਵਿੱਤਰ ਅਤੇ ਜੀਵੰਤ ਗੁਰੂ ਹਨ,ਜੋ ਅਧਿਆਤਮਕ ਮਾਰਗਦਰਸ਼ਨ ਦਾ ਸੋਮਾ ਹਨ। ਇਹ ਕੇਵਲ ਧਰਮ ਗ੍ਰੰਥ ਨਹੀਂ ਸਗੋਂ ਪੂਰੇ ਵਿਸ਼ਵ ਦੀਆਂ ਸੰਗਤਾਂ ਲਈ ਸਦੀਵੀ ਸ਼ਬਦ ਰੂਪੀ ਗੁਰੂ ਹਨ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਉਦੇਸ਼ ਮਨੁੱਖ ਨੂੰ ਅਕਾਲ ਪੁਰਖ, ਪਰਮਾਤਮਾ ਨਾਲ ਜੋੜਨਾ ਅਤੇ ਨਾਮ, ਸੇਵਾ,ਸਿਮਰਨ ਦੁਆਰਾ ਆਤਮਿਕ ਗਿਆਨ ਦੇਣਾ ਹੈ। ਉਨਾਂ ਕਿਹਾ ਗੁਰੂ ਸਾਹਿਬਾਨਾਂ ਨੇ ਨੂੰਸਭੈ ਸਾਂਝੀਵਾਲ ਸਦਾਇਨ ਕੋਇ ਨਾ ਦਿਸੈ ਬਾਹਰਾ ਜੀਓ' ਦਾ ਉਪਦੇਸ਼ ਦੇ ਕੇ ਸਮਾਨਤਾ ਅਤੇ ਭਾਈਚਾਰਾ, ਜਾਤ-ਪਾਤ, ਰੰਗ, ਭੇਦ ਅਤੇ ਧਰਮ ਦੇ ਭੇਦਭਾਵ ਨੂੰ ਮਿਟਾਕੇ ਮਨੁੱਖਤਾ ਵਿੱਚ ਬਰਾਬਰੀ, ਆਪਸੀ ਪਿਆਰ ਅਤੇ ਸਾਂਝੀਵਾਲਤਾ ਦਾ ਸੰਦੇਸ਼ ਦਿੱਤਾ ਹੈ। ਉਹਨਾਂ ਕਿਹਾ ਸਤਿਗੁਰਾਂ ਦੀ ਬਾਣੀ ਮਨੁੱਖਤਾ ਨੂੰ ਜੀਵਨ ਜਿਉਣ ਦੀ ਸਹੀ ਜਾਂਚ ਸਿਖਾਉਂਦੀ ਹੈ ਤੇ ਸਦਾਚਾਰੀ ਜੀਵਨ ਜਿਉਣ ਲਈ ਪ੍ਰੇਰਿਤ ਕਰਦੀ ਹੈ। ਸੰਤਾਂ, ਮਹਾਂਪੁਰਸ਼ਾਂ ਨੇ ਕਿਹਾ ਕਿ ਕੁੱਝ ਭੁਲੇ ਭਟਕੇ ਤੇ ਅਣਜਾਣ ਲੋਕ ਗਿਆਨ ਦੇ ਮਹਾਨ ਸੋਮੇ ਤੋਂ ਗਿਆਨ ਪ੍ਰਾਪਤ ਕਰਨ ਦੀ ਵਜਾਏ ਬੇਅਦਬੀ ਦੀਆਂ ਕੋਝੀਆਂ ਤੇ ਘਟੀਆ ਹਰਕਤਾਂ ਕਰਦੇ ਹਨ ਉਹ ਕਦੀ ਵੀ ਜੀਵਨ ਨੂੰ ਸਹੀ ਸੇਧ ਨਹੀਂ ਦੇ ਸਕਦੇ।ਇਸ ਮੌਕੇ ਭੈਣ ਸੰਤੋਸ਼ ਕੁਮਾਰੀ ਤੇ ਸੰਗਤਾਂ ਹਾਜ਼ਰ ਸਨ।

# ਜਾਗਰਣ ਅੱਜ

**ਨਕੋਦਰ, (ਰੀਨਾ ਸ਼ਰਮਾ)** : ਮਾਤਾ ਚਿੰਤਪੁਰਨੀ ਦਰਬਾਰ ਦੇ ਨੇੜੇ ਸਥਾਨਕ ਹੋਟਲ 'ਚ 9 ਮਈ ਨੂੰ ਜਗਰਾਤਾ ਕਰਵਾਇਆ ਜਾ ਰਿਹਾ ਹੈ। ਇਹ ਧਾਰਮਿਕ ਸਮਾਗਮ ਬਾਬਾ ਨਰੇਸ਼ ਇੱਛਾਧਾਰੀ ਗੁੱਗਾ ਜਾਹਿਰ ਮੰਦਰ ਅਤੇ ਦੇਸ਼-ਵਿਦੇਸ਼ ਵਿੱਚ ਰਹਿੰਦੀ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ। ਜਗਰਾਤੇ ਦੌਰਾਨ ਪ੍ਰਸਿੱਧ ਭਜਨ ਗਾਇਕ ਮਨੀ ਲਾਡਲਾ ਸੁਰੀਲੀ ਆਵਾਜ਼ ਨਾਲ ਮਾਤਾ ਦੇ ਭਜਨ ਪੇਸ਼ ਕਰਕੇ ਸੰਗਤ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਕਈ ਸਥਾਨਕ ਕਲਾਕਾਰ ਵੀ ਧਾਰਮਿਕ ਰਚਨਾਵਾਂ ਰਾਹੀਂ ਹਾਜ਼ਰੀ ਲਗਵਾਉਣਗੇ। ਪ੍ਰਬੰਧਕਾਂ ਵੱਲੋਂ ਸੰਗਤ ਲਈ ਬੈਠਣ ਦੀ ਸੁਚੱਜੀ ਵਿਵਸਥਾ, ਲੰਗਰ ਤੇ ਸੁਰੱਖਿਆ ਦੇ ਵਿਸ਼ੇਸ਼ ਪ੍ਰਬੰਧ ਕੀਤੇ ਗਏ ਹਨ। ਸਮੂਹ ਸੰਗਤ ਨੂੰ ਇਸ ਪਵਿੱਤਰ ਜਾਗਰਣ 'ਚ ਸ਼ਾਮਲ ਹੋ ਕੇ ਮਾਤਾ ਦਾ ਆਸ਼ੀਰਵਾਦ ਪ੍ਰਾਪਤ ਕਰਨ ਲਈ ਸੱਦਾ ਦਿੱਤਾ ਗਿਆ ਹੈ। ਬਾਬਾ ਨਰੇਸ਼ ਇੱਛਾਧਾਰੀ ਗੁੱਗਾ ਜਾਹਿਰ ਮੰਦਰ ਵੱਲੋਂ ਸਾਲ ਭਰ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ, ਜਿਨ੍ਹਾਂ ਵਿੱਚ ਜਗਰਾਤੇ, ਕੱਵਾਲੀਆਂ, ਸ਼ਿਵਰਾਤਰੀ ਸਮਾਗਮ, ਧਾਰਮਿਕ ਯਾਤਰਾਵਾਂ ਤੇ ਹੋਰ ਆਧਿਆਤਮਿਕ ਗਤੀਵਿਧੀਆਂ ਸ਼ਾਮਲ ਹੁੰਦੀਆਂ ਹਨ।

# ਆਰ ਬੀ ਯੂ ਵੱਲੋਂ ਖੇਤੀਬਾੜੀ ਵਿਗਿਆਨ 'ਚ ਨਵੀਆਂ ਤਕਨੀਕਾਂ 'ਤੇ ਚਰਚਾ

**ਚੰਡੀਗੜ੍ਹ (ਗੁਰਜੀਤ ਬਿੱਲਾ)** ਰਿਆਤ ਬਾਹਰਾ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ਼ ਐਗਰੀਕਲਚਰ ਸਾਇੰਸਿਜ਼ ਨੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ ਅਤੇ ਮਾਈਕ੍ਰੋਬਾਇਓਲੋਜਿਸਟਸ ਸੋਸਾਇਟੀ ਆਫ਼ ਇੰਡੀਆ ਦੇ ਸਹਿਯੋਗ ਨਾਲ 'ਐਡਵਾਂਸ ਇਨ ਐਗਰੀਕਲਚਰ ਸਾਇੰਸਜ਼ (ਆਈ ਸੀ ਏ ਏ ਐਸ-2026)' ਵਿਸ਼ੇ 'ਤੇ ਦੂਜੀ ਅੰਤਰਰਾਸ਼ਟਰੀ ਕਾਨਫਰੰਸ ਦਾ ਸਫਲਤਾਪੂਰਵਕ ਆਯੋਜਨ ਕੀਤਾ। ਹਾਈਬ੍ਰਿਡ ਮੋਡ ਵਿੱਚ ਆਯੋਜਿਤ ਕਾਨਫਰੰਸ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ 250 ਤੋਂ ਵੱਧ ਡੈਲੀਗੇਟਾਂ ਨੇ ਭਾਗ ਲਿਆ।

ਇਕੱਠ ਦਾ ਸਵਾਗਤ ਕਰਦੇ ਹੋਏ, ਡੀਨ, ਪ੍ਰੋ. (ਡਾ.) ਅਮਿਤਾ ਮਹਾਜਨ ਨੇ ਸਹਿਯੋਗੀ ਖੋਜ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਵਾਈਸ-ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਨੇ ਰਾਸ਼ਟਰੀ ਵਿਕਾਸ ਵਿੱਚ ਖੇਤੀਬਾੜੀ ਦੀ ਮਹੱਤਵਪੂਰਨ ਭੂਮਿਕਾ 'ਤੇ ਚਾਨਣਾ ਪਾਇਆ, ਜਦੋਂ ਕਿ ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਵੀ ਖੇਤੀਬਾੜੀ ਵਿਗਿਆਨ ਵਿੱਚ ਨਵੀਂ ਤਕਨੀਕਾਂ ਤੇ ਆਪਣੇ ਵਿਚਾਰ ਸਾਂਝੇ ਕੀਤੇ । ਮੁੱਖ ਮਹਿਮਾਨ, ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ, ਬਾਲ ਮੁਕੰਦ ਸ਼ਰਮਾ ਨੇ ਖੇਤੀਬਾੜੀ ਕਾਰੋਬਾਰ ਉੱਦਮਤਾ 'ਤੇ ਇੱਕ ਦਿਲਚਸਪ ਭਾਸ਼ਣ ਦਿੱਤਾ, ਜਿਸ ਵਿੱਚ ਵਿਦਿਆਰਥੀਆਂ ਨੇ ਭਾਰੀ ਦਿਲਚਸਪੀ ਦਿਖਾਈ। ਪ੍ਰਮੁੱਖ ਬੁਲਾਰਿਆਂ ਵਿੱਚ ਡਾ. ਪ੍ਰਿਤਪਾਲ ਸਿੰਘ, ਡਾ. ਰਵਨੀਤ ਕੌਰ ਅਤੇ ਡਾ. ਬਲਬੀਰ ਸਿੰਘ ਖੱਡਾ ਸ਼ਾਮਲ ਸਨ, ਜਿਨ੍ਹਾਂ ਨੇ



ਖੇਤੀਬਾੜੀ ਵਿਗਿਆਨ ਅਤੇ ਤਕਨਾਲੋਜੀ ਵਿੱਚ ਉੱਭਰ ਰਹੇ ਰੁਝਾਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਨਿਊਯਾਰਕ ਯੂਨੀਵਰਸਿਟੀ ਤੋਂ ਅੰਤਰਰਾਸ਼ਟਰੀ ਬੁਲਾਰੇ ਡਾ. ਸੁਭਾਸ਼ ਮਿੱਢਾ ਨੇ ਖੇਤੀਬਾੜੀ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ 'ਤੇ ਸੰਬੋਧਨ ਕੀਤਾ। ਕਾਨਫਰੰਸ ਵਿੱਚ ਪੇਪਰ ਪੇਸ਼ਕਾਰੀਆਂ, ਪੋਸਟਰ ਸੈਸ਼ਨ ਅਤੇ ਪ੍ਰੋਜੈਕਟ ਡਿਸਪਲੇ ਸ਼ਾਮਲ ਸਨ। ਇਸ ਸਮਾਗਮ ਦੇ ਸਮਾਪਤੀ ਸਮਾਰੋਹ ਦੌਰਾਨ ਪੁਰਸਕਾਰਾਂ ਦੀ ਵੰਡ ਕੀਤੀ ਗਈ ਤੇ ਡਾ. ਕੇ. ਐਸ. ਚੰਦੇਲ ਦੁਆਰਾ ਧੰਨਵਾਦ ਮਤਾ ਪੇਸ਼ ਕੀਤਾ ਗਿਆ।

# 'ਨੈਕਸਟ-ਜਨਰੇਸ਼ਨ ਮਲਟੀਲਿੰਗੁਅਲ ਹੈਜ਼ਰਡ ਅਲਰਟ ਸਿਸਟਮ' ਦੀ ਸਫਲ ਟੈਸਟਿੰਗ

**ਜਲੰਧਰ (ਸ਼ੈਲੀ ਐਲਬਰਟ)**- ਭਾਰਤ ਸਰਕਾਰ ਨੇ 2 ਮਈ ਨੂੰ ਦੇਸ਼ ਵਿੱਚ ਆਫ਼ਤ ਵਾਲੀਆਂ ਸਥਿਤੀਆਂ ਨਾਲ ਨਜਿੱਠਣ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਕਦਮ ਚੁੱਕਦਿਆਂ ਦੇਸ਼ ਦੇ ਨਾਗਰਿਕਾਂ ਦੇ ਮੋਬਾਈਲ ਫੋਨਾਂ 'ਤੇ ਐਮਰਜੈਂਸੀ ਅਲਰਟ ਸੰਦੇਸ਼ ਭੇਜਿਆ ਸੀ। ਜਾਣਕਾਰੀ ਮੁਤਾਬਕ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੀ ਅਗਵਾਈ ਹੇਠ ਆਯੋਜਿਤ ਦੂਰਸੰਚਾਰ ਵਿਭਾਗ ਅਤੇ ਰਾਸ਼ਟਰੀ ਆਫ਼ਤ ਪ੍ਰਬੰਧਨ ਅਥਾਰਟੀ ਦੀ ਮੀਟਿੰਗ ਵਿੱਚ ਰਾਜ ਸਭਾ ਮੈਂਬਰ ਡਾ. ਅਸ਼ੋਕ ਮਿੱਤਲ ਨੇ ਇਹ ਸੁਝਾਅ ਦਿੱਤਾ ਸੀ, ਜਿਸ ਤੋਂ ਬਾਅਦ ਇਸ ਪ੍ਰਣਾਲੀ ਨੂੰ ਲਾਗੂ ਕੀਤਾ ਗਿਆ।ਇਹ ਆਫ਼ਤ ਸੰਚਾਰ ਪ੍ਰਣਾਲੀ ਪਲੇਟਫਾਰਮ ਅਤੇ ਅਤਿਆਧੁਨਿਕ ਸੈੱਲ ਬਰੋਡਕਾਸਟ ਤਕਨਾਲੋਜੀ ਦੀ ਵਰਤੋਂ ਕਰਦੀ ਹੈ। ਇਹ ਪ੍ਰਣਾਲੀ ਬਾੜਾਂ, ਸੁਨਾਮੀ, ਭੂਚਾਲ ਅਤੇ ਰਸਾਇਣਕ ਦੁਰਘਟਨਾਵਾਂ ਵਰਗੀਆਂ ਆਫ਼ਤਾਂ ਦੌਰਾਨ ਨਾਗਰਿਕਾਂ ਤੱਕ ਤੁਰੰਤ ਅਤੇ ਖੇਤਰ-ਵਿਸ਼ੇਸ਼ ਚੇਤਾਵਨੀ ਭੇਜਣ ਵਿੱਚ ਬਹੁਤ ਮਦਦਗਾਰ ਸਾਬਤ ਹੋਵੇਗੀ।ਇਹ ਅਲਰਟ ਪ੍ਰਭਾਵਿਤ ਖੇਤਰ ਦੇ ਸਾਰੇ ਮੋਬਾਈਲ ਫੋਨਾਂ 'ਤੇ ਸਿੱਧੇ ਭੇਜੇ ਜਾਣਗੇ, ਜਿਸ ਨਾਲ ਐਮਰਜੈਂਸੀ ਹਾਲਾਤਾਂ ਵਿੱਚ ਨੈੱਟਵਰਕ 'ਤੇ ਵੱਧ ਦਬਾਅ ਨਹੀਂ ਪਵੇਗਾ। ਇਸ ਦੇ ਨਾਲ ਹੀ ਇਹ ਪ੍ਰਣਾਲੀ ਖੇਤਰੀ ਭਾਸ਼ਾਵਾਂ ਵਿੱਚ ਵੀ ਅਲਰਟ ਭੇਜੇਗੀ, ਤਾਂ ਜੋ ਸਥਾਨਕ ਲੋਕਾਂ ਤੱਕ ਜਾਣਕਾਰੀ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚ ਸਕੇ।

# ਨਗਰ ਕੌਂਸਲ ਕਰਮਚਾਰੀਆਂ ਵੱਲੋਂ ਤੀਜੇ ਦਿਨ ਵੀ ਮੁਕੰਮਲ ਹੜਤਾਲ

**ਨਵਾਂਸ਼ਹਿਰ (ਮਨੋਜ ਲਾਡੀ)** ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ ਉੱਤੇ ਨਗਰ ਕੌਂਸਲ ਨਵਾਂਸ਼ਹਿਰ ਦੇ ਕਰਮਚਾਰੀਆਂ ਨੇ ਤੀਜੇ ਦਿਨ ਵੀ ਮੁਕੰਮਲ ਹੜਤਾਲ ਕੀਤੀ। ਧਰਨੇ ਨੂੰ ਸੰਬੋਧਨ ਕਰਦਿਆਂ ਇਫਟੂ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਸੂਬਾ ਪ੍ਰੈੱਸ ਸਕੱਤਰ ਜਸਬੀਰ ਦੀਪ, ਕਰਮਚਾਰੀ ਸੰਗਠਨ ਦੇ



ਜ਼ਿਲ੍ਹਾ ਪ੍ਰਧਾਨ ਸੰਨੀ ਬਘਾਨੀਆ, ਨਵਾਂਸ਼ਹਿਰ ਦੇ ਪ੍ਰਧਾਨ ਸੂਰਜ ਖੋਸਲਾ, ਚੇਅਰਮੈਨ ਦੀਪਕ ਖੋਸਲਾ, ਭਾਵਾਧਸ ਦੇ ਪ੍ਰਧਾਨ ਵਿੱਕੀ ਗਿੱਲ ਨੇ ਸੰਬੋਧਨ ਕੀਤਾ। ਉਹਨਾਂ ਕਿਹਾ ਕਿ ਮਿਉਂਸਪਲ ਕਰਮਚਾਰੀਆਂ ਦੀ ਪੰਜਾਬ ਭਰ 'ਚ ਤੀਜੇ ਦਿਨ ਵੀ ਮੁਕੰਮਲ ਹੜਤਾਲ ਰਹੀ।ਪੰਜਾਬ ਭਰ ਚ ਸਫਾਈ ਕੰਮ ਦਾ ਮੁਕੰਮਲ ਬਾਈਕਾਟ ਰਿਹਾ।ਕੱਚੇ ਕਾਮੇ ਪੱਕੇ ਕਰਨ, ਘੱਟੋ ਘੱਟ ਉਜਰਤ 40 ਹਜ਼ਾਰ ਕਰਨ ਸਮੇਤ ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ ਤੇ ਹੋਰ ਮੰਗਾਂ ਨੂੰ ਲੈਕੇ ਪੰਜਾਬ ਭਰ ਦੇ ਨਿਗਮਾ,ਨਗਰ ਕੌਂਸਲਾਂ ਤੇ ਨਗਰ ਪੰਚਾਇਤਾਂ ਦੇ ਅਧੀਨ 150 ਤੋਂ ਵਧ ਸਟੇਸ਼ਨਾ ਤੇ ਸਫਾਈ ਸੇਵਕਾਂ ਨੇ ਮੁਕੰਮਲ ਹੜਤਾਲ ਕਰ ਦਿੱਤੀ ਹੈ ਜੋ ਮੰਗਾਂ ਦੀ ਪੂਰਤੀ ਤਕ ਜਾਰੀ ਰਹੇਗੀ।

# ਖਿਡਾਰੀਆਂ ਨੂੰ ਫਲ ਵੰਡੇ

**ਬੰਗਾ (ਅਵਤਾਰ ਕਲੇਰ)**- ਬੰਗਾ ਬਲਾਕ ਦੇ ਪਿੰਡ ਸਰਹਾਲ ਕਾਜ਼ੀਆਂ ਵਿਖੇ ਖੇਡਾਂ ਵਿਚ ਹਿੱਸਾ ਦੇ ਰਹੇ ਪਿੰਡ ਦੇ ਖਿਡਾਰੀਆਂ ਨੂੰ ਫੱਲ ਵੰਡੇ ਗਏ । ਪਿੰਡ ਦੇ ਅਗਾਂਹਵਧੂ ਪੰਚ ਰਣਜੀਤ ਸਿੰਘ ਨੇ ਖਿਡਾਰੀਆਂ



ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖੇਡਣ ਨਾਲ ਸਰੀਰ ਤੰਦਰੁਸਤ ਰਹਿੰਦਾ ਹੈ ਸਾਡੀ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਸ਼ੇ ਵਰਗੀਆਂ ਭੈੜੀਆਂ ਅਲਾਮਤਾਂ ਤੋਂ ਦੂਰ ਰੱਖਦੀਆਂ ਹਨ। ਖੇਡਾਂ ਦੇ ਨਾਲ ਨਾਲ ਸਾਨੂੰ ਪੜ੍ਹਾਈ ਵੱਲ ਵੀ ਵਿਸ਼ੇਸ਼ ਧਿਆਨ ਦੇਣ ਦੀ ਲੋੜ ਹੈ। ਪਿੰਡਾ ਵਿੱਚ ਸਾਨੂੰ ਵਧੀਆ ਖੇਡ ਮੈਦਾਨ ਬਣਾਉਣੇ ਚਾਹੀਦੇ ਹਨ ਜਿੱਥੇ ਖਿਡਾਰੀ ਆਪਣੀ ਪ੍ਰੈਕਟਸ ਕਰ ਸਕਣ। ਇਸ ਮੌਕੇ ਰਣਜੀਤ ਸਿੰਘ ਪੰਚ, ਪਾਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਪਰਮਜੀਤ ਸਿੰਘ ਪ੍ਰਧਾਨ ਬਾਬਾ ਬਾਲਾ ਪੀਰ ਕਮੇਟੀ, ਪਲਵਿੰਦਰ ਸਿੰਘ ਬੀਸਲਾ, ਖੁਸ਼ੀਆਂ ਰਾਮ ਮਹੇ, ਸੋਮ ਰਾਮ ਭਾਟੀਆ, ਪ੍ਰਭਜੋਤ ਸਿੰਘ ਕਲੇਰ, ਸਰਬਜੀਤ ਸਿੰਘ ਕਲੇਰ, ਸੰਦੀਪ ਸਿੰਘ, ਹਰੀ ਰਾਮ ਭਾਟੀਆ ਤੇ ਖਿਡਾਰੀ ਸ਼ਾਮਲ ਸਨ।

# ਕੰਵਰ ਉਦੈ ਸਿੰਘ ਰਾਠੌੜ 'ਆਪ' 'ਚ ਸ਼ਾਮਲ

**ਚੰਡੀਗੜ੍ਹ (ਗੁਰਜੀਤ ਬਿੱਲਾ, ਕ੍ਰਿਸ਼ਨ ਗਰਗ)** ਆਮ ਆਦਮੀ ਪਾਰਟੀ ਪੰਜਾਬ ਵਿੱਚ ਲਗਾਤਾਰ ਮਜ਼ਬੂਤ ਹੁੰਦੀ ਜਾ ਰਹੀ ਹੈ। ਦੂਜੇ ਪਾਸੇ ਕਾਂਗਰਸ ਨੂੰ ਵੱਡਾ ਝਟਕਾ ਲੱਗਾ ਹੈ। ਕਾਂਗਰਸ ਦੇ ਸਾਬਕਾ ਰਾਸ਼ਟਰੀ ਟਰੇਡ ਯੂਨੀਅਨ ਦੇ ਜਨਰਲ ਸਕੱਤਰ ਤੇ ਕੰਵਰ ਉਦੈ ਸਿੰਘ



ਰਾਠੌੜ ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਰੰਧਾਵਾ ਦੀ ਮੌਜੂਦਗੀ ਵਿੱਚ ਆਪਣੇ ਸਾਥੀਆਂ ਸਮੇਤ ਕਾਂਗਰਸ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਗਏ।ਮੰਤਰੀ ਅਮਨ ਅਰੋੜਾ ਨੇ ਕੰਵਰ ਉਦੈ ਸਿੰਘ ਰਾਠੌੜ ਦਾ ਸਿਰੋਪਾਓ ਭੇਟ ਕਰਕੇ ਪਾਰਟੀ ਵਿੱਚ ਰਸਮੀ ਤੌਰ 'ਤੇ ਸਵਾਗਤ ਕੀਤਾ।ਕੰਵਰ ਉਦੈ ਸਿੰਘ ਰਾਠੌੜ ਦਾ ਸਿਆਸੀ ਸਫ਼ਰ ਕਾਫੀ ਪ੍ਰਭਾਵਸ਼ਾਲੀ ਰਿਹਾ ਹੈ।ਉਨ੍ਹਾਂ ਦੇ 'ਆਪ' ਵਿੱਚ ਆਉਣ ਨਾਲ ਖੇਤਰ ਵਿੱਚ ਪਾਰਟੀ ਨੂੰ ਕਾਫੀ ਮਜ਼ਬੂਤੀ ਮਿਲੇਗੀ।

# ਪਰਮਜੀਤ ਸਿੰਘ ਸਾਬੀ ਨਮਿੱਤ ਸਮਾਗਮ ਦੌਰਾਨ ਪੱਤਰਕਾਰ ਤੇ ਰਾਜਨੀਤਕ ਆਗੂਆਂ ਵੱਲੋਂ ਸ਼ਰਧਾਂਜਲੀ ਭੇਟ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਕਪੂਰ ਪਿੰਡ ਤੋਂ ਪੱਤਰਕਾਰ ਪਰਮਜੀਤ ਸਿੰਘ ਸਾਬੀ ਜੋ ਬੀਤੇ ਦਿਨੀ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ, ਉਹਨਾਂ ਦੀ ਆਤਮਿਕ ਸ਼ਾਂਤੀ ਲਈ ਪਿੰਡ ਦੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਇਸ ਮੌਕੇ ਅਵਤਾਰ ਸਿੰਘ ਜਨਰਲ ਸਕੱਤਰ ਦੀ ਵਰਕਿੰਗ ਰਿਪੋਟਰਜ ਐਸੋਸੀਏਸ਼ਨ ਜਲੰਧਰ ਅਤੇ ਸਮੂਹ ਪੱਤਰਕਾਰਾ ਭਾਈਚਾਰੇ ਵੱਲੋਂ ਪ੍ਰਵਾਰ ਦੇ ਮੈਂਬਰਾਂ ਨਾਲ ਦੁੱਖ ਸਾਂਝਾ ਕੀਤਾ ਗਿਆ ਗਿਆ। ਸਮੂੰਹ ਭਾਈਚਾਰੇ ਵੱਲੋ ਪ੍ਰਵਾਰ ਦੀ ਮਾਲੀ ਮਦਦ



ਕੀਤੀ ਗਈ ਤੇ ਪ੍ਰਵਾਰ ਦੇ ਮੈਂਬਰ ਰਾਜਵੀਰ ਸਿੰਘ ਪੁੱਤਰ ਪਰਮਜੀਤ ਸਾਬੀ ਨੂੰ ਸਿਰੋਪਾਓ ਦਿੱਤਾ ਗਿਆ। ਵੱਖ-ਵੱਖ ਰਾਜਨੀਤਿਕ ਸ਼ਖ਼ਸ਼ੀਅਤਾਂ, ਰਿਸ਼ਤੇਦਾਰਾਂ ਅਤੇ ਪੱਤਰਕਾਰ ਭਾਈਚਾਰੇ ਨੇ ਵੱਡੀ ਗਿਣਤੀ ਵਿੱਚ ਪਹੁੰਚ ਕੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਪੱਤਰਕਾਰ ਭਾਈਚਾਰੇ ਨੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਪਰਮਜੀਤ ਸਾਬੀ ਦੇ ਜਾਣ ਨਾਲ ਪੱਤਰਕਾਰੀ ਦੇ ਖੇਤਰ ਵਿੱਚ ਜੋ ਖਲਾਅ ਪੈਦਾ ਹੋਇਆ ਹੈ, ਉਹ ਕਦੇ ਭਰਿਆ ਨਹੀਂ ਜਾ ਸਕਦਾ। ਪਰਵਾਰ ਨੂੰ ਮਾਲੀ ਸਹਾਇਤਾ ਵੀ ਪ੍ਰਦਾਨ ਕੀਤੀ ਗਈ। ਇਸ ਮੌਕੇ ਬਲਵਿੰਦਰ ਕੁਮਾਰ ਹਲਕਾ ਇੰਚਾਰਜ ਬਸਪਾ, ਸੁੱਖਵਿੰਦਰ ਸਿੰਘ ਕੋਟਲੀ, ਪੱਤਰਕਾਰ ਕੁਲਵੀਰ ਸਿੰਘ ਘੁੜਿਆਲ, ਪੱਤਰਕਾਰ ਮੋਹਣ ਸਿੰਘ ਡਾਂਡੀਆਂ, ਪੱਤਰਕਾਰ ਦਲਜੀਤ ਸਿੰਘ ਕਲਸੀ, ਪੱਤਰਕਾਰ ਅਵਤਾਰ ਸਿੰਘ ਮਾਧੋਪੁਰੀ, ਸਰਪੰਚ ਅਸ਼ੋਕ ਕੁਮਾਰ ਅਤੇ ਸਾਬਕਾ ਸਰਪੰਚ ਚਮਨ ਲਾਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਮੌਕੇ ਮਾਤਾ ਹਰਬੰਸ ਕੌਰ, ਜੋਗਿੰਦਰ ਕੁਮਾਰ, ਸੁਨੀਤਾ ਰਾਣੀ, ਰਾਜਵੀਰ ਸਿੰਘ, ਵੰਦਨਾ, ਅਵਿਨਾਸ਼ ਕੁਮਾਰ, ਅਭੀ, ਕੁਲਵਿੰਦਰ ਕੌਰ, ਰਾਮ ਲੁਭਾਇਆ, ਲਵਪ੍ਰੀਤ, ਜੈਸਮੀਨ, ਮਨੋਜ ਕੁਮਾਰ, ਰੀਨਾ, ਖੁਸ਼ੀ, ਸਲੋਨੀ ਅਤੇ ਬਾਨੀ ਸਮੇਤ ਸਮੂੰਹ ਨਗਰ ਨਿਵਾਸੀਆਂ ਨੇ ਨਮ ਅੱਖਾਂ ਨਾਲ ਸਾਬੀ ਨੂੰ ਯਾਦ ਕੀਤਾ।

# ਪੈਨਸ਼ਨ ਜਾਰੀ ਨਾ ਕਰਨ ਵਿਰੁੱਧ ਰੋਸ ਪ੍ਰਦਰਸ਼ਨ

**ਨਵਾਂਸ਼ਹਿਰ (ਮਨੋਜ ਲਾਡੀ)**-ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਮਹੀਨਾਵਾਰ ਮੀਟਿੰਗ ਸੋਮ ਲਾਲ ਥੋਪੀਆ ਦੀ ਪ੍ਰਧਾਨਗੀ ਹੇਠ ਡਿਪਟੀ ਕਮਿਸ਼ਨਰ ਦਫਤਰ ਦੇ ਮੀਟਿੰਗ ਹਾਲ ਵਿੱਚ ਹੋਈ। ਮੀਟਿੰਗ ਵਿੱਚ ਰਾਮ ਸਿੰਘ ਸਾਬਕਾ ਬੀਪੀਈਓ ਅਤੇ ਕਿਰਨ ਖੰਨਾ ਦੇ ਸਦੀਵੀ ਵਿਛੋੜੇ ਤੇ ਦੋ ਮਿੰਟ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਇਸ ਸਮੇਂ ਪੈਨਸ਼ਨਰਾਂ ਨੇ ਅਪ੍ਰੈਲ ਮਹੀਨੇ ਦੀਆਂ ਪੈਨਸ਼ਨਾਂ ਜਾਰੀ ਨਾ ਕਰਨ ਦੇ ਵਿਰੋਧ ਵਿੱਚ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਅਤੇ ਮੁੱਖ ਮੰਤਰੀ ਦੇ ਨਾਂਅ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਕੁਲਦੀਪ ਸਿੰਘ ਦੌੜਕਾ, ਜੀਤ ਲਾਲ ਗੋਹਲੜੋਂ, ਕਰਨੈਲ ਸਿੰਘ ਰਾਹੋਂ, ਅਸ਼ੋਕ ਕੁਮਾਰ ਵਿੱਤ ਸਕੱਤਰ, ਕਰਨੈਲ ਸਿੰਘ ਰਾਹੋਂ, ਭਲਵਿੰਦਰ ਪਾਲ, ਸੋਹਣ ਸਿੰਘ ਸੁੱਜੋਂਵਾਲ, ਜਸਬੀਰ ਸਿੰਘ ਮੰਗੂਵਾਲ, ਪ੍ਰਿੰ. ਇਕਬਾਲ ਸਿੰਘ, ਜਸਵੀਰ ਮੋਰੋਂ, ਰਾਮ ਪਾਲ, ਹਰੀ ਬਿਲਾਸ, ਰੇਸ਼ਮ ਲਾਲ, ਸੁੱਚਾ ਰਾਮ, ਐੱਚ ਐੱਸ ਭਾਵੜਾ, ਪ੍ਰਿੰ. ਧਰਮ ਪਾਲ, ਸਰਵਣ ਰਾਮ, ਪ੍ਰਿੰ. ਜਸਵੀਰ ਸਿੰਘ, ਜੋਗਾ ਸਿੰਘ ਨੇ ਕਿਹਾ ਕਿ ਸਰਕਾਰ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦਾ ਪਿਛਲੀਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ




ਦਾ ਬਕਾਇਆ, ਦਸੰਬਰ 2025 ਤੱਕ 16 ਫੀਸਦੀ ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ, ਤਨਖਾਹ ਕਮਿਸ਼ਨ ਦੇ ਬਕਾਏ, ਪੈਨਸ਼ਨਰਾਂ 'ਤੇ 2.59 ਦਾ ਗੁਣਾਂਕ ਲਾਗੂ ਕਰਨ ਸਮੇਤ ਸਮੁੱਚੀਆਂ ਮੰਗਾਂ ਦਾ ਹੱਲ ਕਰਨ ਬਾਰੇ ਕੋਈ ਬਿਆਨ ਨਹੀਂ ਦੇ ਰਹੀ। ਆਗੂਆਂ ਨੇ ਦੇਸ਼ ਦੇ ਪੰਜ ਰਾਜਾਂ ਵਿੱਚ ਹੋਈਆਂ ਵਿਧਾਨ ਸਭਾਵਾਂ ਦੀਆਂ ਚੋਣਾਂ ਦੌਰਾਨ ਕੇਂਦਰ ਸਰਕਾਰ ਤੇ ਚੋਣ ਕਮਿਸ਼ਨ ਵੱਲੋਂ ਲੋਕਤੰਤਰ ਦੀ ਹੱਤਿਆ ਕਰਨ ਅਤੇ ਬੰਗਾਲ ਵਿੱਚ ਹਿੰਸਾ ਭੜਕਾਉਣ ਦੀ ਪੁਰਜ਼ੋਰ ਸ਼ਬਦਾਂ ਵਿੱਚ ਨਿਖੇਧੀ ਕੀਤੀ।ਮੀਟਿੰਗ ਵਿੱਚ ਅਵਤਾਰ ਸਿੰਘ, ਹਰਦਿਆਲ ਸਿੰਘ, ਤੇਜਾ ਸਿੰਘ, ਅਜਮੇਰ ਸਿੰਘ, ਹਰਬੰਸ ਸਿੰਘ, ਸਰੂਪ ਲਾਲ, ਧੰਨਾ ਰਾਮ, ਹੁਸਨ ਲਾਲ, ਅਮਰਜੀਤ ਲਾਲ, ਹਰਵਿੰਦਰ ਸਿੰਘ, ਚਰਨਜੀਤ, ਅਜੀਤ ਸਿੰਘ, ਰਜਿੰਦਰ ਸਿੰਘ ਦੇਹਲ, ਵਿਜੈ ਕੁਮਾਰ, ਅਮਰਜੀਤ ਸਿੰਘ, ਬਲਵਿੰਦਰ ਰਾਮ, ਤਰਸੇਮ ਸਿੰਘ, ਅਵਤਾਰ ਸਿੰਘ, ਹਰਭਜਨ ਸਿੰਘ, ਦੇਸ ਰਾਜ ਬੱਜੋਂ, ਬਿਕਰਮਜੀਤ ਸਿੰਘ, ਸੰਤੋਖ ਸਿੰਘ, ਚਰਨਜੀਤ, ਚਰਨ ਦਾਸ, ਜਸਬੀਰ ਸਿੰਘ, ਪ੍ਰੇਮ ਕੁਮਾਰ, ਹਰਦੇਵ ਕੁਮਾਰ, ਹਰਮੇਸ਼ ਲਾਲ, ਹਰਭਜਨ ਸਿੰਘ, ਸੋਖੀ ਰਾਮ, ਰਾਵਲ ਸਿੰਘ, ਸੁਰਜੀਤ ਰਾਮ, ਮਨਜੀਤ ਰਾਮ, ਧਰਮ ਪਾਲ, ਰਾਜ ਕੁਮਾਰ ਆਦਿ ਹਾਜ਼ਰ ਸਨ।

# ਫਾਲਕਨ ਇੰਟਰਨੈਸ਼ਨਲ ਸਕੂਲ 'ਚ ਮਦਰ ਡੇ ਸੰਬੰਧੀ ਸਮਾਗਮ

**ਸੁਲਤਾਨਪੁਰ ਲੋਧੀ (ਹਨੀ)**- ਫਾਲਕਨ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ 'ਚ ਮਦਰ ਡੇ ਸਬੰਧੀ ਸਮਾਗਮ ਦਾ ਆਯੋਜਨ ਕੀਤਾ ਗਿਆ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਸਮਾਗਮ 'ਚ ਬਤੌਰ ਮੁੱਖ ਮਹਿਮਾਨ ਵੱਜੋਂ ਸ਼ਾਮਲ ਹੋਏ। ਸਮਾਗਮ ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਅਤੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਦੀ ਦੇਖਰੇਖ ਹੇਠ ਸੁਚੱਜੇ ਢੰਗ ਨਾਲ ਆਯੋਜਿਤ ਕੀਤਾ ਗਿਆ, ਜਿਸ ਦਾ ਮੁੱਖ ਉਦੇਸ਼ ਵੱਖ ਵੱਖ ਗਤੀਵਿਧੀਆਂ ਅਤੇ ਐਕਟੀਵਿਟੀਆਂ ਰਾਹੀਂ ਵਿਦਿਆਰਥੀਆਂ ਵਿੱਚ ਮਾਂ



ਪ੍ਰਤੀ ਪਿਆਰ ਅਤੇ ਸਤਿਕਾਰ ਦੀ ਭਾਵਨਾ ਪੈਦਾ ਕਰਨਾ ਸੀ। ਇਸ ਦੌਰਾਨ ਨਰਸਰੀ ਤੋਂ ਦੂਜੀ ਜਮਾਤ ਦੇ ਵਿਦਿਆਰਥੀਆਂ ਨੇ ਮਾਂ ਦਿਵਸ ਸਬੰਧੀ ਕਾਰਡ ਬਣਾਏ, ਤੀਜੀ ਤੋਂ ਪੰਜਵੀਂ ਜਮਾਤ ਦੇ ਵਿਦਿਆਰਥੀਆਂ ਵੱਲੋਂ ਮੇਰੀ ਮਾਂ ਵਿਸ਼ੇ 'ਤੇ ਕਵਿਤਾ ਅਤੇ ਗੀਤ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਅੰਗਰੇਜ਼ੀ, ਹਿੰਦੀ ਅਤੇ ਪੰਜਾਬੀ ਭਾਸ਼ਾਵਾਂ ਵਿੱਚ ਆਪਣੀਆਂ ਭਾਵਨਾਵਾਂ ਪੇਸ਼ ਕੀਤੀਆਂ। ਛੇਵੀਂ ਤੋਂ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਮਾਈ ਮਦਰ ਵਿਸ਼ੇ 'ਤੇ ਅੰਗਰੇਜ਼ੀ ਭਾਸ਼ਾ ਵਿੱਚ ਲੇਖ ਲਿਖਣ ਦੇ ਮੁਕਾਬਲੇ ਵਿੱਚ ਭਾਗ ਲਿਆ। ਇਸ ਤੋਂ ਇਲਾਵਾ ਨੌਵੀਂ ਤੋਂ ਗਿਆਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਨੇ ਮਦਰਜ਼ ਡੇ ਥੀਮ 'ਤੇ ਪੋਸਟਰ ਅਤੇ ਰੰਗੋਲੀ ਮੇਕਿੰਗ ਮੁਕਾਬਲੇ 'ਚ ਭਾਗ ਲਿਆ ।ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਅਤੇ ਮੈਨੇਜਿੰਗ ਡਾਇਰੈਕਟਰ ਨਵਦੀਪ ਕੌਰ ਢਿੱਲੋਂ ਨੇ ਵਿਦਿਆਰਥੀਆਂ ਵੱਲੋਂ ਦਿਖਾਈ ਪ੍ਰਤਿਭਾ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਬੱਚਿਆਂ ਅੰਦਰ ਸੰਸਕਾਰਾਂ ਅਤੇ ਪਰਵਾਰਕ ਮੁੱਲਾਂ ਨੂੰ ਮਜ਼ਬੂਤ ਕਰਦੀਆਂ ਹਨ। ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਨੇ ਵੀ ਆਪਣੇ ਵਿਚਾਰਾਂ ਰਾਹੀਂ ਮਾਂ ਦੀ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ। ਇਸ ਮੌਕੇ ਸਮੂਹ ਸਟਾਫ ਮੈਂਬਰ ਅਤੇ ਵੱਡੀ ਗਿਣਤੀ 'ਚ ਵਿਦਿਆਰਥੀ ਹਾਜ਼ਰ ਸਨ।

# ਕੇਂਦਰ ਸਰਕਾਰ ਮਨਰੇਗਾ ਦਾ ਸਰੂਪ ਬਦਲ ਕੇ ਇਸ ਨੂੰ ਖਤਮ ਕਰਨਾ ਚਾਹੁੰਦੀ : ਸੇਖੋਂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੀ ਪੀ ਆਈ ਐਮ ਜ਼ਿਲ੍ਹਾ ਹੁਸ਼ਿਆਰਪੁਰ ਦੀ ਜਨਰਲ ਬਾਡੀ ਮੀਟਿੰਗ ਕਾਮਰੇਡ ਸੁਭਾਸ਼ ਮੱਟੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਨੂੰ ਪਾਰਟੀ ਦੇ ਸੂਬਾ ਸਕੱਤਰ ਕਾਮਰੇਡ ਸੁਖਵਿੰਦਰ ਸਿੰਘ ਸੇਖੋਂ ਨੇ ਸੰਬੋਧਨ ਕਰਦਿਆਂ ਕਿਹਾ ਕਿ 29 ਮਈ ਨੂੰ ਕਿਸਾਨਾਂ ਤੇ ਖੇਤ ਮਜ਼ਦੂਰਾਂ ਦੀਆਂ ਭਖਦੀਆਂ ਮੰਗਾਂ ਨੂੰ ਲੈ ਕੇ ਜਲੰਧਰ ਵਿਖੇ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ। ਜਿਸ ਵਿੱਚ ਹੁਸ਼ਿਆਰਪੁਰ ਤੋਂ ਵੀ ਵੱਡੀ ਗਿਣਤੀ ਵਿੱਚ ਕਿਸਾਨ ਤੇ ਮਜ਼ਦੂਰ ਸ਼ਾਮਿਲ ਹੋਣਗੇ। ਉਨ੍ਹਾਂ ਨੇ ਬੋਲਦਿਆਂ ਕਿਹਾ ਕਿ ਕੇਂਦਰ ਸਰਕਾਰ ਮਨਰੇਗਾ ਦਾ ਸਰੂਪ ਬਦਲ ਕੇ ਇਸ ਨੂੰ ਖਤਮ ਕਰਨਾ ਚਾਹੁੰਦੀ ਹੈ, ਬਿਜਲੀ ਐਕਟ 2025 ਲਾਗੂ ਕਰਕੇ ਲੋਕਾਂ ਨੂੰ ਮਿਲ ਰਹੀਆਂ ਬਿਜਲੀ ਸਹੂਲਤਾਂ ਖਤਮ ਕਰ ਦਿੱਤੀਆਂ ਜਾਣਗੀਆਂ, ਬੀਜ ਸੀਡ ਬਿੱਲ ਲਾਗੂ ਕਰਕੇ ਖੇਤੀ ਨੂੰ ਕਾਰਪੋਰੇਟਾਂ ਦੇ ਹਵਾਲੇ ਕਰ ਦਿੱਤਾ ਜਾਵੇਗਾ, 8 ਘੰਟੇ ਦੀ ਥਾਂ ਦਿਹਾੜੀ 12 ਘੰਟੇ ਦੀ ਕਰ ਦਿੱਤੀ ਜਾਵੇਗੀ, ਇੰਨਾਂ ਬਿੱਲਾਂ ਦੇ ਵਿਰੋਧ ਵਿੱਚ ਲੜਾਈ ਤਿੱਖੀ ਕਰਨ ਦੀ ਲੋੜ ਹੈ। ਇਸ ਮੌਕੇ ਪਾਰਟੀ ਦੇ ਜ਼ਿਲ੍ਹਾ ਸਕੱਤਰ ਤੇ ਸੂਬਾ ਸਕੱਤਰੇਤ ਮੈਂਬਰ ਕਾਮਰੇਡ ਗੁਰਨੇਕ ਸਿੰਘ ਭੱਜਲ ਨੇ ਕਿਹਾ ਕਿ ਪਾਰਟੀ ਮਜ਼ਬੂਤੀ ਲਈ ਭਰਪੂਰ ਉਪਰਾਲੇ ਕਰਨ ਦੀ ਅਪੀਲ ਕੀਤੀ।



ਇਸ ਮੌਕੇ ਪਾਰਟੀ ਦੇ ਸੂਬਾ ਕਮੇਟੀ ਮੈਂਬਰ ਕਾਮਰੇਡ ਦਰਸ਼ਨ ਸਿੰਘ ਮੱਟੂ, ਮਹਿੰਦਰ ਕੁਮਾਰ ਬਡੋਆਣ, ਗੁਰਮੇਸ ਸਿੰਘ, ਰਨਜੀਤ ਸਿੰਘ, ਆਸਾ ਨੰਦ, ਨੀਲਮ ਬਡੋਆਣ, ਸੁਲਿਦਰ ਚੰਬਰ, ਕਮਲਜੀਤ ਸਿੰਘ, ਪ੍ਰੇਮ ਲੱਤਾਂ, ਸਮਸ਼ੇਰ ਸਿੰਘ, ਹਰਬੰਸ ਸਿੰਘ ਧੂਤ, ਸੰਤੋਖ ਸਿੰਘ, ਇੰਦਰਪਾਲ ਸਿੰਘ, ਵਿਜੇ ਸਿੰਘ, ਸਤਨਾਮ ਸਿੰਘ, ਬਲਦੇਵ ਰਾਜ ਆਦਿ ਹਾਜ਼ਰ ਸਨ।

# ਡਾ. ਅੰਬੇਡਕਰ ਦੇ ਲਿਖੇ ਸੰਵਿਧਾਨ ਕਰਕੇ ਅਸੀਂ ਬਰਾਬਰਤਾ ਦਾ ਨਿੱਘ ਮਾਣ ਰਹੇ : ਖੋਸਲਾ

**ਕਪੂਰਥਲਾ (ਮਨਜੀਤ ਮਾਨ)**- ਭਗਵਾਨ ਵਾਲਮੀਕਿ ਸਤਿਕਾਰ ਕਮੇਟੀ (ਭਾਰਤ) ਅਤੇ ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਵਲੋਂ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ ਕ੍ਰਾਂਤੀਕਾਰੀ ਸਮਾਗਮ ਪਿੰਡ ਸਰਾਏ ਖਾਸ ਮੁਹੱਲਾ ਨਵੀ ਕੋਠੀ ਜ਼ਿਲ੍ਹਾ ਜਲੰਧਰ ਵਿਖੇ ਬਹੁਤ ਹੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਬੁੱਤ ਵੀ ਸਥਾਪਿਤ ਕੀਤਾ ਗਿਆ। ਇਸ ਕ੍ਰਾਂਤੀਕਾਰੀ ਸਮਾਗਮ ਵਿੱਚ ਉਚੇਚੇ ਤੌਰ ਤੇ ਸੰਤ ਬਾਬਾ ਬਾਲ ਯੋਗੀ ਪ੍ਰਗਟ ਨਾਥ ਡੇਰਾ ਰਹੀਮਪੁਰ ਜ਼ਿਲ੍ਹਾ ਜਲੰਧਰ ਚੇਅਰਮੈਨ ਸ਼ਰਾਈਨ ਬੋਰਡ ਐਡਵਾਈਜਰੀ ਕਮੇਟੀ ਪੰਜਾਬ, ਕਿਸ਼ਨ ਲਾਲ ਜੈਦੀਆ ਸਾਬਕਾ ਰਾਜ ਮੰਤਰੀ ਚੇਅਰਮੈਨ ਸਫਾਈ ਕਰਮਚਾਰੀ ਅਯੋਗ ਜੈਪੁਰ ਰਾਜਸਥਾਨ, ਰਿਟਾਇਰਡ ਐੱਸ ਐੱਸ ਪੀ ਰਜਿੰਦਰ ਸਿੰਘ ਇੰਚਾਰਜ ਵਿਧਾਨ ਸਭਾ ਹਲਕਾ ਕਰਤਾਰਪੁਰ, ਸੰਤ ਬਾਬਾ ਚਰਨ ਦਾਸ ਨੂਰਪੁਰ ਵਾਲੇ ਤੇ ਵਿਸ਼ਵ ਪ੍ਰਸਿੱਧ ਸ਼੍ਰੋਮਣੀ ਕੀਰਤਨੀ ਜਥਾ ਭਾਈ





ਸਤਨਾਮ ਸਿੰਘ ਹੁਸੈਨਪੁਰ ਵਾਲਿਆ ਵਲੋਂ ਡੈਮੋਕ੍ਰੇਟਿਕ ਭਾਰਤੀਯ ਲੋਕ ਦਲ ਦੇ ਰਾਸ਼ਟਰੀ ਪ੍ਰਧਾਨ ਗੁਰਮੁਖ ਸਿੰਘ ਖੋਸਲਾ ਨਾਲ ਮਿਲ ਕੇ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ ਨੂੰ ਸਥਾਪਿਤ ਕੀਤਾ ਗਿਆ। ਡੈਮੋਕ੍ਰੇਟਿਕ ਭਾਰਤੀ ਲੋਕ ਦੇ ਰਾਸ਼ਟਰੀ ਪ੍ਰਧਾਨ ਗੁਰਮੁੱਖ ਸਿੰਘ ਖੋਸਲਾ ਨੇ ਆਈਆਂ ਹੋਈਆਂ ਸੰਗਤਾਂ ਤੇ ਮਹਾਂਪੁਰਸ਼ਾਂ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਅਸੀਂ ਉਸ ਮਹਾਨ ਰਹਿਬਰ ਯੁਗ ਪੁਰਸ਼ ਡਾ.ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾ ਰਹੇ ਹਾਂ ਜਿਨਾਂ ਨੇ ਭਾਰਤ ਦੇਸ਼ ਨੂੰ ਬਹੁਤ ਸੋਹਣਾ ਸੰਵਿਧਾਨ ਲਿਖ ਕੇ ਦਿੱਤਾ ਅਤੇ ਸੰਵਿਧਾਨ ਦੇ ਮਧਿਅਮ ਰਾਹੀਂ ਐਸ. ਸੀਂ ਸਮਾਜ ਦੇ ਨਾਲ ਨਾਲ ਹਰੇਕ ਵਰਗ ਦੇ ਲੋਕਾਂ ਨੂੰ ਉਹਨਾਂ ਦੇ ਹੱਕ ਅਧਿਕਾਰ ਲੈ ਕੇ ਦਿੱਤੇ। ਹੋਰਨਾਂ ਤੋਂ ਇਲਾਵਾ ਡੈਮੋਕ੍ਰੇਟਿਕ ਭਾਰਤੀਯ ਲੋਕਾਂ ਦੇ ਰਾਸ਼ਟਰੀ ਸਕੱਤਰ ਮੰਗਤ ਰਾਮ ਕਲਿਆਨ, ਹਰਬਿੰਦਰ ਮਾਨ ਉਹ ਪ੍ਰਧਾਨ ਪੰਜਾਬ, ਰਣਜੀਤ ਸਿੰਘ ਜੈਮਲ ਵਾਲਾ ਜਨਰਲ ਸਕੱਤਰ ਪੰਜਾਬ, ਨਿਰਮਲ ਸਿੰਘ ਭੇਖੇ ਪ੍ਰਧਾਨ ਪੰਜਾਬ ਮਨਰੇਗਾ ਵਿੰਗ, ਬਾਬਾ ਇੰਦਰਜੀਤ ਸਿੰਘ ਮਨਾ ਤਲਵੰਡੀ ਜਨਰਲ ਸਕੱਤਰ ਪੰਜਾਬ,ਨੀਲਮ ਗਿਲ ਜਨਰਲ ਸਕੱਤਰ ਮਹਿਲਾ ਵਿੰਗ ਪੰਜਾਬ, ਸਤਨਾਮ ਸਿੰਘ ਬੁੱਲੋਵਾਲ ਪ੍ਰਧਾਨ ਜ਼ਿਲ੍ਹਾ ਜਲੰਧਰ, ਨਿੰਦਰ ਸਿੰਘ ਪ੍ਰਧਾਨ ਜ਼ਿਲ੍ਹਾ ਮੁਕਤਸਰ ਆਦਿ ਮੌਜੂਦ ਸਨ।

# ਖਾਦਾਂ ਦੀ ਸੰਤੁਲਿਤ ਵਰਤੋਂ ਸੰਬੰਧੀ ਜਾਗਰੂਕਤਾ ਕੈਂਪ

**ਨਵਾਂਸ਼ਹਿਰ (ਮਨੋਜ ਲਾਡੀ)**- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਭਾਰਤੀ ਖੇਤੀ ਖੋਜ ਸੰਸਥਾ-ਅਟਾਰੀ, ਜੋਨ-1, ਲੁਧਿਆਣਾ ਦੀ ਅਗਵਾਈ ਹੇਠ,




ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਪਿੰਡ ਧਰਮਕੋਟ ਵਿਖੇ 'ਖਾਦਾਂ ਦੀ ਸੰਤੁਲਿਤ ਵਰਤੋਂ' ਮੁਹਿੰਮ ਅਧੀਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ । ਇਸ ਪ੍ਰੋਗਰਾਮ ਵਿੱਚ 48 ਕਿਸਾਨਾਂ ਨੇ ਹਿੱਸਾ ਲਿਆ। ਇਸ ਦੌਰਾਨ ਡਾ. ਪ੍ਰਦੀਪ ਕੁਮਾਰ, ਡਿਪਟੀ ਡਾਇਰੈਕਟਰ, ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ ਨੇ ਮਿੱਟੀ ਦੀ ਸਿਹਤ ਨੂੰ ਬਰਕਰਾਰ ਰੱਖਣ ਲਈ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਨੇ ਕਿਸਾਨਾਂ ਨੂੰ ਹਰੀ ਖਾਦ ਵਾਲੀਆਂ ਫ਼ਸਲਾਂ ਅਤੇ ਜੀਵਾਣੂੰ ਖਾਦਾਂ ਦੀ ਵਰਤੋਂ ਬਾਰੇ ਵੀ ਜਾਗਰੂਕ ਕੀਤਾ। ਉਨ੍ਹਾਂ ਨੇ ਕਿਸਾਨਾਂ ਨੂੰ ਕੇ ਵੀ ਕੇ ਤੋਂ ਪੀ ਏ ਯੂ ਵੱਲੋਂ ਸਿਫਾਰਸ਼ ਕੀਤੀਆਂ ਸਾਉਣੀ ਦੀਆਂ ਫਸਲਾਂ ਦੇ ਸੁਧਰੇ ਪ੍ਰਮਾਣਿਤ ਬੀਜ ਖਰੀਦਣ ਦੀ ਅਪੀਲ ਕੀਤੀ। ਤਕਨੀਕੀ ਸੈਸ਼ਨਾਂ ਨੂੰ ਜਾਰੀ ਰੱਖਦੇ ਹੋਏ, ਡਾ. ਜਸਵਿੰਦਰ ਕੁਮਾਰ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਕਿਸਾਨਾਂ ਨੂੰ ਸਾਉਣੀ ਦੀਆਂ ਫ਼ਸਲਾਂ ਦੀਆਂ ਉੱਨਤ ਕਿਸਮਾਂ, ਕਾਸ਼ਤ ਦੀਆਂ ਸੁਧਰੀਆਂ ਤਕਨੀਕਾਂ ਅਤੇ ਪੀ ਏ ਯੂ ਵੱਲੋਂ ਸਿਫਾਰਸ਼ ਝੋਨੇ ਦੀਆਂ ਕਿਸਮਾਂ ਜਿਵੇਂ ਕਿ ਪੀ ਆਰ 121, ਪੀ ਆਰ 126, ਪੀ ਆਰ 128, ਪੀ ਆਰ 133 ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਪ੍ਰੋਗਰਾਮ ਬਹਾਦਰ ਸਿੰਘ ਉੱਘੇ ਕਿਸਾਨ ਵਾਸੀ ਪਿੰਡ ਧਰਮਕੋਟ ਦੁਆਰਾ ਦਿੱਤੇ ਧੰਨਵਾਦ ਦੇ ਨਾਲ ਸਮਾਪਤ ਹੋਇਆ, ਜਿਨ੍ਹਾਂ ਨੇ ਕੈਂਪ ਦੌਰਾਨ ਕਿਸਾਨਾਂ ਦੀ ਡੂੰਘੀ ਦਿਲਚਸਪੀ ਅਤੇ ਸ਼ਮੂਲੀਅਤ ਲਈ ਪ੍ਰਸ਼ੰਸਾ ਕੀਤੀ।

# ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕਫੋਰਸ ਦਾ ਗਠਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਸਬਸਿਡੀਸ਼ੁਦਾ ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਅਤੇ ਡਾਇਵਰਜ਼ਨ ਨੂੰ ਰੋਕਣ ਲਈ ਜ਼ਿਲ੍ਹਾ ਪੱਧਰੀ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਹੈ। ਇਸ ਟਾਸਕ ਫੋਰਸ ਵਿੱਚ ਮੁੱਖ ਖੇਤੀਬਾੜੀ ਅਫਸਰ, ਜਨਰਲ ਮੈਨੇਜਰ, ਜ਼ਿਲ੍ਹਾ ਉਦਯੋਗ ਕੇਂਦਰ ਅਤੇ ਐਸ.ਪੀ. ਹੈਡਕੁਆਰਟਰ ਨੂੰ ਸ਼ਾਮਲ ਕੀਤਾ ਗਿਆ ਹੈ। ਇਸ ਸਬੰਧੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ



ਇਸ ਟਾਸਕਫੋਰਸ ਦਾ ਮੁੱਖ ਉਦੇਸ਼ ਖੇਤੀਬਾੜੀ ਲਈ ਦਿੱਤੀ ਜਾਣ ਵਾਲੀ ਸਬਸਿਡੀਸ਼ੁਦਾ ਯੂਰੀਆ ਖਾਦ ਦੀ ਗੈਰ-ਖੇਤੀਬਾੜੀ ਕੰਮਾਂ ਵਿੱਚ ਹੋ ਰਹੀ ਵਰਤੋਂ 'ਤੇ ਨਿਗਰਾਨੀ ਰੱਖਣਾ ਅਤੇ ਇਸ ਨੂੰ ਪੂਰੀ ਤਰ੍ਹਾਂ ਰੋਕਣਾ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਕਿਸਾਨਾਂ ਨੂੰ ਵਾਜਬ ਕੀਮਤ 'ਤੇ ਯੂਰੀਆ ਉਪਲਬੱਧ ਕਰਵਾਉਣ ਲਈ ਵੱਡੇ ਪੱਧਰ 'ਤੇ ਸਬਸਿਡੀ ਦਿੱਤੀ ਜਾਂਦੀ ਹੈ, ਪਰ ਕੁਝ ਉਦਯੋਗਿਕ ਇਕਾਈਆਂ ਅਤੇ ਫੈਕਟਰੀਆਂ ਵੱਲੋਂ ਇਸ ਦੀ ਗਲਤ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਯੂਰੀਆ ਖਾਦ ਦੀ ਵਰਤੋਂ ਫੀਡ ਤਿਆਰ ਕਰਨ, ਰੇਜ਼ਿਨ ਬਣਾਉਣ, ਪਲਾਈਵੁੱਡ ਫੈਕਟਰੀਆਂ ਅਤੇ ਹੋਰ ਗੈਰ-ਖੇਤੀਬਾੜੀ ਕੰਮਾਂ ਵਿੱਚ ਕੀਤੇ ਜਾਣ ਕਾਰਨ ਸਰਕਾਰ ਨੂੰ ਆਰਥਿਕ ਨੁਕਸਾਨ ਝੱਲਣਾ ਪੈਂਦਾ ਹੈ ਅਤੇ ਕਿਸਾਨਾਂ ਲਈ ਖਾਦ ਦੀ ਉਪਲਬਧਤਾ ਪ੍ਰਭਾਵਿਤ ਹੁੰਦੀ ਹੈ। ਮੁੱਖ ਖੇਤੀਬਾੜੀ ਅਫਸਰ ਡਾ. ਦਪਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਟਾਸਕਫੋਰਸ ਵੱਲੋਂ ਜ਼ਿਲ੍ਹੇ ਵਿੱਚ ਯੂਰੀਆ ਖਾਦ ਦੀ ਸਪਲਾਈ, ਸਟੋਰੇਜ ਅਤੇ ਵਰਤੋਂ 'ਤੇ ਲਗਾਤਾਰ ਨਿਗਰਾਨੀ ਰੱਖੀ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਨੂੰ ਯੂਰੀਆ ਖਾਦ ਦੀ ਅਣ-ਅਧਿਕਾਰਤ ਵਰਤੋਂ ਸਬੰਧੀ ਕੋਈ ਜਾਣਕਾਰੀ ਜਾਂ ਸ਼ਿਕਾਇਤ ਹੋਵੇ ਤਾਂ ਉਹ ਖੇਤੀਬਾੜੀ ਵਿਭਾਗ ਦੇ ਸਬੰਧਤ ਬਲਾਕ ਦਫ਼ਤਰ ਵਿਖੇ ਸੰਪਰਕ ਕਰ ਸਕਦਾ ਹੈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਦੋਸ਼ੀਆਂ ਖਿਲਾਫ ਫਰਟੀਲਾਇਜ਼ਰ ਕੰਟਰੋਲ ਆਰਡਰ 1985 ਤਹਿਤ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

# ਵੋਟਾਂ ਦੀ ਸੁਧਾਈ ਦੌਰਾਨ ਗੜਬੜੀਆਂ ਦੀ ਸ਼ਿਕਾਇਤ ਲੈ ਕੇ ਕਾਂਗਰਸੀ ਆਗੂਆਂ ਦਾ ਵਫਦ ਐੱਸ ਡੀ ਐੱਮ ਨੂੰ ਮਿਲਿਆ

**ਅੱਡਾ ਸਰਾਂ/ ਟਾਂਡਾ ਉੜਮੁੜ (ਜਸਵੀਰ ਕਾਜਲ , ਉਂਕਾਰ ਸਿੰਘ)**- ਨਗਰ ਕੌਂਸਲ ਦੀਆਂ ਸੰਭਾਵਿਤ ਚੋਣਾਂ ਦੇ ਮੱਦੇਨਜ਼ਰ ਹੋ ਰਹੀ ਵੋਟਾਂ ਦੀ ਸੁਧਾਈ ਪ੍ਰਕਿਰਿਆ ਦੌਰਾਨ ਹੋ ਰਹੀਆਂ ਕਥਿਤ ਗੜਬੜੀਆਂ ਅਤੇ ਧਾਂਦਲੀਆਂ ਦਾ ਹਵਾਲਾ ਦਿੰਦੇ ਹੋਏ ਇਸ ਨੂੰ ਠੀਕ ਕਰਨ ਦੀ ਮੰਗ ਨੂੰ ਲੈ ਕੇ ਕਾਂਗਰਸੀ ਆਗੂਆਂ, ਸਾਬਕਾ ਕੌਂਸਲਰਾਂ ਦਾ ਵਫਦ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਐਡਵੋਕੇਟ ਦਲਜੀਤ ਸਿੰਘ ਗਿਲਜੀਆਂ ਦੀ ਅਗਵਾਈ ਵਿਚ ਐੱਸ. ਡੀ. ਐੱਮ. ਟਾਂਡਾ ਲਵਪ੍ਰੀਤ ਸਿੰਘ ਔਲਖ ਨੂੰ ਮਿਲਿਆ। ਉਨ੍ਹਾਂ ਆਪਣੇ ਇਤਰਾਜ਼ ਅਤੇ ਸਬੂਤ ਅਧਿਕਾਰੀ ਦੇ ਸਾਹਮਣੇ ਰੱਖੇ । ਇਸ ਦੌਰਾਨ ਵਫਦ ਦੀ ਅਗਵਾਈ ਕਰਨ ਵਾਲੇ ਐਡਵੋਕੇਟ ਗਿਲਜੀਆਂ ਨੇ ਐੱਸ. ਡੀ. ਐੱਮ. ਔਲਖ ਨੂੰ ਦੱਸਿਆ ਕਿ ਇਸ ਪ੍ਰਕਿਰਿਆ ਦੌਰਾਨ ਜਦੋਂ ਹੁਣ ਫਾਈਨਲ ਵੋਟਰ ਸੂਚੀਆਂ ਸਾਹਮਣੇ ਆਈਆਂ ਹਨ ਉਸ ਵਿਚ ਵਾਰਡਾਂ ਦੀਆਂ ਟੋਟਲ ਵੋਟਾਂ ਵਿਚ ਲਗਭਗ 450 ਵੋਟਾਂ ਦਾ ਫਰਕ ਹੈ ।ਇਸ ਨਾਲ ਹੀ ਜੋ ਡਰਾਫਟ ਸੂਚੀ ਆਈ ਸੀ ਉਸ ਵਿਚ ਜੋ ਇਕ ਪਰਿਵਾਰ ਦੀਆਂ ਵੋਟਾ ਵੰਡ ਕੇ ਵੱਖ ਵੱਖ ਵਾਰਡਾਂ ਵਿਚ ਪਾਉਣ ਸੰਬੰਧੀ ਜੋ ਉਨ੍ਹਾਂ ਵੱਲੋਂ ਇਤਰਾਜ ਲਾਇਆ ਗਿਆ ਸੀ ਉਸ ਦੇ ਵਿਪਰੀਤ ਕੋਈ ਵੀ ਨਿਯਮ ਮੁਤਾਬਿਕ ਕਾਰਵਾਈ ਨਹੀਂ ਹੋਈ ਉਲਟੇ ਦਾਰਾਪੁਰ ਅਤੇ ਹੋਰਨਾਂ ਇਲਾਕਿਆਂ ਵਿਚ ਇਕ ਪਰਵਾਰ ਦੀਆਂ ਵੋਟਾ ਨੂੰ ਦੋ



ਦੋ ਵਾਰਡਾਂ ਵਿਚ ਵੰਡ ਦਿੱਤਾ ਗਿਆ ਹੈ ਅਤੇ ਹਾਸੋਹੀਣੀ ਅਤੇ ਨਲਾਇਕੀ ਵਾਲੀ ਗੱਲ ਹੈ ਕਿ ਸਥਾਨਕ ਵਿਧਾਇਕ ਵਾਰਡ ਨੰਬਰ 7 ਵਾਸੀ ਹੈ ਅਤੇ ਉਸ ਦੀ ਵੋਟ 8 ਨੰਬਰ ਵਾਰਡ ਵਿਚ ਪਾ ਦਿੱਤੀ ਗਈ ਹੈ। ਇਸ ਦੇ ਨਾਲ ਉਨ੍ਹਾਂ ਵੱਲੋਂ ਬੇਹੱਦ ਗੰਭੀਰ ਜਾਅਲੀ ਵੋਟਾਂ ਬਣਾਉਣ ਦੇ ਵਰਤਾਰੇ ਬਾਰੇ ਜੋ ਇਤਰਾਜ਼ ਸਬੂਤਾਂ ਸਮੇਤ ਦਿੱਤੇ ਗਏ ਸਨ, ਉਨ੍ਹਾਂ ਨੂੰ ਵੀ ਦਰਕਿਨਾਰ ਕਰਕੇ ਉਹ ਵੋਟਾਂ ਬਣਾਈਆਂ ਗਈਆਂ ਹਨ, ਜਲੰਧਰ ਬਟਾਲਾ ਰਹਿੰਦੇ ਲੋਕਾਂ ਦੇ ਜਾਅਲੀ ਅਧਾਰ ਕਾਰਡ ਦੇ ਅਧਾਰ 'ਤੇ ਬਣੀਆਂ ਹਨ। ਅੱਜ ਫਿਰ ਕਾਂਗਰਸ ਟੀਮ ਵੱਲੋਂ ਸਬੂਤਾਂ ਦੇ ਅਧਾਰ 'ਤੇ ਐੱਸ ਡੀ ਐੱਮ ਟਾਂਡਾ ਨੂੰ ਇਕ ਵਾਰ ਫਿਰ ਨਿਯਮਾਂ ਮੁਤਾਬਿਕ ਪਾਰਦਰਸ਼ੀ ਤਰੀਕੇ ਨਾਲ ਵੋਟਾਂ ਬਣਾਉਣ ਕੰਮ ਕਰਨ ਦੀ ਅਪੀਲ ਕੀਤੀ ਗਈ । ਉਨ੍ਹਾਂ ਆਖਿਆ ਕਿ ਜੇਕਰ ਉਨ੍ਹਾਂ ਦੀ ਸੁਣਵਾਈ ਨਹੀਂ ਹੋਈ ਤਾਂ ਉਹ ਇਸ ਪ੍ਰਕਿਰਿਆ ਵਿਚ ਸ਼ਾਮਲ ਕਰਮਚਾਰੀਆਂ ਅਤੇ ਅਧਿਕਾਰੀਆਂ ਦੇ ਖਿਲਾਫ ਹਾਈਕੋਰਟ ਵਿਚ ਜਾਣਗੇ ਅਤੇ ਇਨਸਾਫ ਦੀ ਮੰਗ ਕਰਨਗੇ । ਇਸ ਬਾਰੇ ਐੱਸ ਡੀ ਐੱਮ ਟਾਂਡਾ ਲਵਪ੍ਰੀਤ ਸਿੰਘ ਔਲਖ ਨੇ ਆਖਿਆ ਕਿ ਕਾਂਗਰਸ ਪਾਰਟੀ ਦਾ ਵਫਦ ਉਨ੍ਹਾਂ ਨੂੰ ਮਿਲਿਆ ਹੈ ਜੋ ਇਤਰਾਜ਼ ਉਨ੍ਹਾਂ ਵੱਲੋਂ ਪ੍ਰਗਟਾਏ ਗਏ ਹਨ ਉਨ੍ਹਾਂ ਦੀ ਜਾਂਚ ਕਰਦੇ ਹੋਏ ਕਾਨੂੰਨ ਮੁਤਾਬਿਕ ਕਾਰਵਾਈ ਕੀਤੀ ਜਾਵੇਗੀ ।ਇਸ ਮੌਕੇ ਸੀਨੀਅਰ ਆਗੂ ਜਗਦੀਸ਼ ਸੈਣੀ, ਜਸਵੰਤ ਸਿੰਘ, ਕਰਨੈਲ ਸਿੰਘ ਮਾਲਵਾ, ਗੁਰਸੇਵਕ ਮਾਰਸ਼ਲ, ਦੇਸ ਰਾਜ ਡੋਗਰਾ, ਰਾਜੇਸ਼ ਲਾਡੀ, ਪੰਕਜ ਸਚਦੇਵਾ, ਕ੍ਰਿਸ਼ਨ ਬਿੱਟੂ, ਜਸਵਿੰਦਰ ਕਾਕਾ, ਦਵਿੰਦਰ ਬਿੱਲੂ, ਸੁੰਦਰੀ ਟਾਂਡਾ, ਆਸ਼ੂ ਵੈਦ, ਡਾ.ਬਲਦੇਵ ਰਾਜ ਮੌਜੂਦ ਸਨ।

# .ਗੈਰ-ਕਾਨੂੰਨੀ ਖਾਦ ਤੇ ਕੀਟਨਾਸ਼ਕ ਯੂਨਿਟ ਦਾ ਪਰਦਾਫ਼ਾਸ਼, ਐੱਫ ਆਈ ਆਰ ਦਰਜ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸੂਬੇ ਵਿੱਚ ਨਕਲੀ ਖੇਤੀ ਉਤਪਾਦਾਂ 'ਤੇ ਵੱਡੀ ਕਾਰਵਾਈ ਕਰਦਿਆਂ ਪੰਜਾਬ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਫ਼ਰੀਦਕੋਟ ਦੀ ਇੱਕ ਰਿਹਾਇਸ਼ੀ ਜਾਇਦਾਦ 'ਤੇ ਛਾਪਾ ਮਾਰਿਆ ਤੇ ਬਿਨਾਂ ਕਿਸੇ ਲਾਇਸੈਂਸ ਜਾਂ ਕਾਨੂੰਨੀ ਪ੍ਰਵਾਨਗੀ ਤੋਂ ਚੱਲ ਰਹੀ ਗੈਰ-ਕਾਨੂੰਨੀ ਖਾਦ ਅਤੇ ਕੀਟਨਾਸ਼ਕ ਪੈਕੇਜਿੰਗ ਯੂਨਿਟ ਦਾ ਪਰਦਾਫ਼ਾਸ਼ ਕੀਤਾ।ਸਿਟੀ ਪੁਲਿਸ ਸਟੇਸ਼ਨ, ਫ਼ਰੀਦਕੋਟ ਵਿਖੇ ਉਸ ਮਕਾਨ ਦੇ ਮਾਲਕ ਰਾਜਿੰਦਰ ਸੇਠੀ ਵਿਰੁੱਧ ਐੱਫ ਆਈ ਆਰ ਦਰਜ ਕੀਤੀ ਗਈ ਹੈ, ਜਿੱਥੋਂ ਗੈਰ-ਕਾਨੂੰਨੀ ਅਤੇ ਮਿਆਦ ਪੁੱਗੀਆਂ ਖੇਤੀ ਵਸਤਾਂ ਬਰਾਮਦ ਹੋਈਆਂ ਹਨ। ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਪੰਜਾਬ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਭਰੋਸੇਯੋਗ ਸੂਤਰਾਂ ਤੋਂ ਮਿਲੀ ਪੁਖ਼ਤਾ ਇਤਲਾਹ 'ਤੇ ਕਾਰਵਾਈ ਕਰਦੇ ਹੋਏ ਖੇਤੀਬਾੜੀ ਵਿਭਾਗ ਦੀ ਟੀਮ ਨੇ ਸਥਾਨਕ ਪੁਲਿਸ ਦੀ ਮੌਜੂਦਗੀ ਵਿੱਚ ਮਕਾਨ ਨੰਬਰ: 87, ਗਲੀ ਨੰਬਰ 2, ਨਰਾਇਣ ਨਗਰ, ਫ਼ਰੀਦਕੋਟ ਵਿਖੇ ਛਾਪੇਮਾਰੀ ਕੀਤੀ। ਉਕਤ ਜਾਇਦਾਦ ਦੇ ਮਾਲਕ ਦੀ ਪਛਾਣ ਰਾਜਿੰਦਰ ਸੇਠੀ ਵਜੋਂ ਹੋਈ ਹੈ, ਜੋ ਕਥਿਤ ਤੌਰ 'ਤੇ ਗ਼ੈਰ-ਕਾਨੂੰਨੀ ਖਾਦ ਅਤੇ



ਕੀਟਨਾਸ਼ਕ ਪੈਕੇਜਿੰਗ ਯੂਨਿਟ ਚਲਾ ਰਿਹਾ ਸੀ।ਇਹ ਨਕਲੀ ਅਤੇ ਹਲਕੀ ਗੁਣਵੱਤਾ ਵਾਲੇ ਖੇਤੀ ਪਦਾਰਥ ਉਹ ਮੈਸਰਜ਼ ਅਮਰਾਵਤੀ ਐਗਰੋ ਕਾਰਪੋਰੇਸ਼ਨ, ਨਾਲਾਗੜ੍ਹ, ਸੋਲਨ, ਹਿਮਾਚਲ ਪ੍ਰਦੇਸ਼ ਤੋਂ ਪ੍ਰਾਪਤ ਕਰਦਾ ਸੀ । ਬਰਾਮਦ ਕੀਤੇ ਖੇਤੀ ਉਤਪਾਦਾਂ ਦੀ ਵਿਭਾਗ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਹੋਰ ਜਾਂਚ ਤੋਂ ਪਤਾ ਲੱਗਾ ਕਿ ਸੇਠੀ ਦੇ ਜ਼ਿਲ੍ਹਾ ਫ਼ਰੀਦਕੋਟ ਵੱਲੋਂ ਜਾਰੀ ਕੀਤੇ ਪ੍ਰਚੂਨ ਖਾਦ ਲਾਇਸੈਂਸ ਦੀ ਮਿਆਦ ਪੁੱਗ ਚੁੱਕੀ ਸੀ, ਫਿਰ ਵੀ ਉਹ, ਖਾਦ ਕੰਟਰੋਲ ਆਰਡਰ, 1985 ਦੀ ਉਲੰਘਣਾ ਕਰਕੇ ਵਪਾਰਕ ਗਤੀਵਿਧੀਆਂ ਚਲਾ ਰਿਹਾ ਸੀ। ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਦੀ ਟੀਮ ਨੇ ਲੈਬਾਰਟ੍ਰੀ ਜਾਂਚ ਲਈ ਇਸ ਮਕਾਨ ਤੋਂ ਨਕਲੀ ਖਾਦ ਦੇ 18 ਨਮੂਨੇ ਇਕੱਠੇ ਕੀਤੇ ਹਨ। ਇਸ ਤੋਂ ਇਲਾਵਾ ਮੌਕੇ ਤੋਂ ਮਿਆਦ ਪੁੱਗ ਚੁੱਕੀ ਖਾਦ ਦੇ ਦੋ ਬੈਚ ਅਤੇ ਅੱਠ ਮਿਆਦ ਪੁੱਗੇ ਕੀਟਨਾਸ਼ਕ ਵੀ ਜ਼ਬਤ ਕੀਤੇ ਗਏ ਹਨ। ਟੀਮ ਨੇ ਇਹ ਵੀ ਪਾਇਆ ਕਿ ਰਾਜਿੰਦਰ ਸੇਠੀ ਆਪਣੀ ਰਿਹਾਇਸ਼ ਤੋਂ, ਬਿਨਾਂ ਕਿਸੇ ਕਾਨੂੰਨੀ ਪ੍ਰਵਾਨਗੀ ਜਾਂ ਲਾਇਸੈਂਸ ਦੇ ਇੱਕ ਗੈਰ-ਕਾਨੂੰਨੀ ਪੈਕੇਜਿੰਗ ਯੂਨਿਟ ਚਲਾ ਰਿਹਾ ਸੀ।

# ਲੌਂਗੋਵਾਲ ਪੌਲੀਟੈਕਨਿਕ ਕਾਲਜ ਵਿਖੇ ਫੇਅਰਵੈੱਲ ਪਾਰਟੀ ਕਰਵਾਈ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਲੌਂਗੋਵਾਲ ਗਰੁੱਪ ਆਫ਼ ਕਾਲਜਿਜ਼ ਦੀ ਸਰਪ੍ਰਸਤੀ ਹੇਠ ਚੱਲ ਰਹੇ ਲੌਂਗੋਵਾਲ ਪੌਲੀਟੈਕਨਿਕ ਤੇ ਫਾਰਮੇਸੀ ਕਾਲਜ (ਐੱਲ ਪੀ ਪੀ ਸੀ ), ਡੇਰਾਬੱਸੀ ਵਿਖੇ ਅੰਤਿਮ ਸਾਲ ਦੇ ਇੰਜੀਨੀਅਰਿੰਗ




ਵਿਦਿਆਰਥੀਆਂ ਨੂੰ ਨਿੱਘੀ ਵਿਦਾਇਗੀ ਦੇਣ ਲਈ ਇਕ ਸ਼ਾਨਦਾਰ ਸਮਾਗਮ ਏ ਨਿਊ ਹੋਰਾਈਜ਼ਨਜ਼-ਫੇਅਰਵੈਲ ਪਾਰਟੀ 2026 ਦਾ ਆਯੋਜਨ ਕੀਤਾ ਗਿਆ। ਇਸ ਰੰਗਾਰੰਗ ਪ੍ਰੋਗਰਾਮ ਦੌਰਾਨ ਜਿੱਥੇ ਵਿਦਿਆਰਥੀਆਂ ਨੇ ਆਪਣੀ ਕਲਾ ਦੇ ਜੌਹਰ ਵਿਖਾਏ, ਉੱਥੇ ਹੀ ਅਧਿਆਪਕਾਂ ਅਤੇ ਪ੍ਰਬੰਧਕਾਂ ਨੇ ਆਉਣ ਵਾਲੇ ਭਵਿੱਖ ਲਈ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਸਮਾਗਮ ਦੀ ਸ਼ੁਰੂਆਤ ਮੁੱਖ ਮਹਿਮਾਨਾਂ ਵੱਲੋਂ ਸ਼ਮਾਂ ਰੌਸ਼ਨ ਕਰਕੇ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਚੇਅਰਪਰਸਨ ਸ੍ਰੀਮਤੀ ਕਾਂਤਾ ਕਾਤਿਆਲ, ਵਾਈਸ ਚੇਅਰਮੈਨ ਡਾ. ਕਪਿਲ ਕਾਤਿਆਲ, ਪ੍ਰਿੰਸੀਪਲ (ਐੱਲ ਪੀ ਪੀ ਸੀ ) ਡਾ. ਰੋਜ਼ੀ ਕਾਤਿਆਲ ਅਤੇ ਐਡਮਿਸ਼ਨ ਡਾਇਰੈਕਟਰ ਤੇ ਪ੍ਰਿੰਸੀਪਲ (ਐੱਲ ਏ ਸੀ) ਡਾ. ਵਿਨੋਦ ਕਾਤਿਆਲ ਹਾਜ਼ਰ ਹੋਏ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਡਾ. ਕਪਿਲ ਕਾਤਿਆਲ ਅਤੇ ਡਾ. ਰੋਜ਼ੀ ਕਾਤਿਆਲ ਨੇ ਕਿਹਾ ਕਿ ਵਿਦਾਇਗੀ ਇਕ ਪੜਾਅ ਦਾ ਅੰਤ ਨਹੀਂ, ਸਗੋਂ ਨਵੀਆਂ ਉਚਾਈਆਂ ਨੂੰ ਛੂਹਣ ਦੀ ਸ਼ੁਰੂਆਤ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਅਨੁਸ਼ਾਸਨ ਅਤੇ ਸਖ਼ਤ ਮਿਹਨਤ ਨਾਲ ਦੇਸ਼ ਅਤੇ ਕਾਲਜ ਦਾ ਨਾਂਅ ਰੋਸ਼ਨ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਵਿਦਿਆਰਥੀਆਂ ਵੱਲੋਂ ਪੇਸ਼ ਕੀਤੇ ਗਏ ਗਿੱਧੇ, ਭੰਗੜੇ ਅਤੇ ਸੰਗੀਤਕ ਪੇਸ਼ਕਾਰੀਆਂ ਨੇ ਸਭ ਦਾ ਮਨ ਮੋਹ ਲਿਆ। ਸਟੇਜ 'ਤੇ ਹੋਏ ਕੈਟਵਾਕ ਅਤੇ ਟੈਲੇਂਟ ਹੰਟ ਮੁਕਾਬਲਿਆਂ ਦੇ ਆਧਾਰ 'ਤੇ ਵੱਖ-ਵੱਖ ਖਿਤਾਬ ਦਿੱਤੇ ਗਏ। ਕਾਲਜ ਮੈਨੇਜਮੈਂਟ ਵੱਲੋਂ ਮਕੈਨੀਕਲ ਵਿਭਾਗ ਦੇ ਵਿਦਿਆਰਥੀ ਸਤਿਅਮ ਰਾਣਾ ਨੂੰ ਉਸ ਦੀ ਸਖ਼ਤ ਮਿਹਨਤ ਅਤੇ ਸਮਰਪਣ ਲਈ 5100/- ਰੁਪਏ ਦਾ ਨਕਦ ਇਨਾਮ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

# ਮਨਰੇਗਾ ਵਰਕਰਜ਼ ਯੂਨੀਅਨ ਨੇ ਬੀ ਡੀ ਪੀ ਓ ਨੂੰ ਦਿੱਤਾ ਮੰਗ ਪੱਤਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਮਨਰੇਗਾ ਵਰਕਰਜ਼ ਮਨਰੇਗਾ ਯੂਨੀਅਨ ਬਲਾਕ ਦਸੂਹਾ ਵੱਲੋ ਆਪਣੀਆਂ ਮੰਗਾਂ ਨੂੰ ਲੈਕੇ ਇੱਕ ਮੰਗ ਪੱਤਰ ਬੀ ਡੀ ਪੀ ਓ ਦਸੂਹਾ ਨੂੰ ਸੌਂਪਿਆ ਗਿਆ। ਇਸ ਤੋਂ ਪਹਿਲਾਂ ਮਨਰੇਗਾ ਵਰਕਰ ਸਥਾਨਕ ਪਾਂਡਵ




ਸਰੋਵਰ ਵਿਖੇ ਬਲਾਕ ਪ੍ਰਧਾਨ ਕਮਲੇਸ਼ ਕੌਰ ਦੀ ਪ੍ਰਧਾਨਗੀ ਹੇਠ ਮੀਟਿੰਗ ਕੀਤੀ ਜਿਸ ਵਿੱਚ ਜ਼ਿਲ੍ਹਾ ਪ੍ਰਧਾਨ ਪਰਮਜੀਤ ਕੌਰ ਬਡਾਲੀਆਂ ਅਤੇ ਸੂਬਾ ਕਨਵੀਨਰ ਦੀਪਕ ਤਲਵਾੜਾ ਵੀ ਸ਼ਾਮਲ ਹੋਏ। ਵਰਕਰਾਂ ਨੇ ਦੱਸਿਆ ਕਿ ਉਨ੍ਹਾਂ ਨੂੰ ਜਨਵਰੀ ਮਹੀਨੇ ਤੋਂ ਕੀਤੇ ਕੰਮ ਦਾ ਮਿਹਨਤਾਨਾ ਨਹੀਂ ਮਿਲਿਆ, ਉੱਥੇ ਹੀ ਵਿਤੀ ਸਾਲ 2026 ਵਿੱਚ ਉਨ੍ਹਾਂ ਨੂੰ ਕੰਮ ਨਹੀਂ ਮਿਲ ਰਿਹਾ, ਪਿੰਡਾਂ ਵਿੱਚ ਵਿਕਾਸ ਕੰਮ ਠੱਪ ਹਨ, ਅਤੇ ਕੰਮ ਨਾ ਮਿਲਣ ਕਰਕੇ ਉਨ੍ਹਾਂ ਦੇ ਚੁੱਲ੍ਹੇ ਠੰਢੇ ਹਨ। ਇਹ ਪਹਿਲੀ ਦਫ਼ਾ ਹੈ ਕਿ ਇਸ ਵਰ੍ਹੇ ਅਪ੍ਰੈਲ ਮਹੀਨੇ ਮਨਰੇਗਾ ਵਰਕਰਾਂ ਦੀ ਦਿਹਾੜੀ ਵਿੱਚ ਸਰਕਾਰ ਨੇ ਕੋਈ ਵਾਧਾ ਨਹੀਂ ਕੀਤਾ। ਪੰਚਾਇਤਾਂ ਨੂੰ ਮਨਰੇਗਾ ਤਹਿਤ ਪਹਿਲਾਂ ਕੀਤੇ ਕੰਮ ਦੇ ਮਟੀਰਿਅਲ ਦੀ ਅਦਾਇਗੀ ਨਾ ਹੋਣ ਕਾਰਨ ਪੰਚਾਇਤਾਂ ਨੇ ਮਨਰੇਗਾ ਅਧੀਨ ਕੰਮ ਕਰਵਾਉਣ ਤੋਂ ਹੱਥ ਪਿਛਾਂਹ ਖਿੱਚ ਲਏ ਹਨ, ਜਿਸ ਨਾਲ ਮਨਰੇਗਾ ਵਰਕਰਾਂ ਦੇ ਕੰਮ ਤੇ ਤਲਵਾਰ ਲਟਕ ਗਈ ਹੈ, ਮਨਰੇਗਾ ਮੇਟਾਂ ਨੇ ਪਿਛਲੇ ਸਮੇ ਵਿੱਚ ਕੀਤੇ ਹਰ ਤਰ੍ਹਾਂ ਦੇ ਸਰਵੇ ਦਾ ਭੱਤਾ ਦੇਣ, ਆਨਲਾਈਨ ਹਾਜ਼ਰੀ ਲਾਉਣ ਲਈ ਮੋਬਾਈਲ ਫੋਨ ਅਤੇ ਮੋਬਾਈਲ ਭੱਤਾ ਦੇਣ, ਮੇਟਾਂ ਨੂੰ ਬੱਝਵਾਂ ਮਾਨ ਭੱਤਾ ਅਤੇ ਦਫ਼ਤਰ ਆਉਣ ਜਾਣ ਦਾ ਭੱਤਾ ਦੇਣ, ਗ੍ਰਾਮ ਰੁਜ਼ਗਾਰ ਸਹਾਇਕ ਦੀ ਭਰਤੀ ਵਿੱਚ ਮਨਰੇਗਾ ਮੇਟਾਂ ਨੂੰ ਪਹਿਲ ਦੇਣ ਦੀ ਮੰਗ ਕੀਤੀ। ਇਸ ਦੌਰਾਨ ਵਰਕਰਾਂ ਨੇ ਪਿਛਲੇ 6 ਮਹੀਨੇ ਤੋਂ ਤਨਖਾਹ ਨਾ ਮਿਲਣ ਦੇ ਵਿਰੋਧ ਵਿੱਚ ਕੰਮ ਰੋਕ ਹੜਤਾਲ 'ਤੇ ਗਏ ਮਨਰੇਗਾ ਮੁਲਾਜ਼ਮਾਂ ਦੇ ਸੰਘਰਸ਼ ਦੀ ਹਮਾਇਤ ਕੀਤੀ। ਇਸ ਮੌਕੇ ਚੇਅਰਮੈਨ ਰਕਸ਼ਾ ਦੇਵੀ, ਸਕੱਤਰ ਕਮਲਾ ਦਸੂਹਾ, ਵਿਜੇ ਸਿਪਰੀਆਂ, ਰਾਮ ਸਰੂਪ ਆਸਪੁਰ, ਸੁਸ਼ਮਾ ਧਾਰ, ਜੋਤੀ ਰੌਲੀ, ਨਰੇਸ਼ ਕੁਮਾਰੀ, ਪਰਮਜੀਤ ਕੌਰ ਭੰਬੋਤਾੜ, ਸੁਰਿੰਦਰ ਕੌਰ ਗੇਰਾ, ਕੁਲਬੀਰ ਸਿੰਘ ਗੱਗ ਸੁਲਤਾਨ, ਸੁਨੀਲ ਕੁਮਾਰ ਆਦਿ ਨੇ ਵੀ ਸੰਬੋਧਨ ਕੀਤਾ।

# ਉਰਦੂ ਸਿਖਲਾਈ ਕੋਰਸ ਪਾਸ ਕਰਨ ਵਾਲੇ ਸਿਖਿਆਰਥੀਆਂ ਨੂੰ ਵੰਡੇ ਸਰਟੀਫਿਕੇਟ



**ਨਵਾਂਸ਼ਹਿਰ (ਮਨੋਜ ਲਾਡੀ)**- ਭਾਸ਼ਾ ਦਫ਼ਤਰ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਚਲਾਏ ਜਾ ਰਹੇ ਉਰਦੂ ਸਿਖਲਾਈ ਕੋਰਸ ਦੇ ਪਾਸ ਹੋਏ ਸਿਖਿਆਰਥੀਆਂ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਵੱਲੋਂ ਸਰਟੀਫ਼ਿਕੇਟ ਵੰਡੇ ਗਏ। ਇਸ ਮੌਕੇ 'ਤੇ ਉਨ੍ਹਾਂ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਪੀ ਸੀ ਐੱਸ ਵੀ ਹਾਜ਼ਰ ਸਨ।ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਸਿਖਿਆਰਥੀਆਂ ਨੂੰ ਸਿਖਲਾਈ ਕੋਰਸ ਪੂਰਾ ਕਰਨ 'ਤੇ ਵਧਾਈ ਦਿੱਤੀ ਅਤੇ ਕਿਹਾ ਕਿ ਉਹ ਵੱਧ ਤੋਂ ਵੱਧ ਮਿਹਨਤ ਕਰਕੇ ਚੰਗਾ ਮੁਕਾਮ ਹਾਸਲ ਕਰਨ। ਇਸ ਮੌਕੇ ਪਾਸ ਹੋਏ ਛੇ ਸਿਖਿਆਰਥੀ ਮਿਸ ਸਵਰਨਜੀਤ ਕੌਰ, ਪਰਨੀਤ ਕੌਰ, ਜਤਿੰਦਰ ਕੁਮਾਰ, ਪ੍ਰਭਦੀਪ ਕੌਰ, ਸਿਮਰਜੀਤ ਕੌਰ, ਮਨਜੀਤ ਕੌਰ ਆਪਣੇ ਉਰਦੂ ਉਸਤਾਦ ਸਨੀ ਸਿੰਘ ਨਾਲ ਹਾਜ਼ਰ ਸਨ। ਜਿਕਰਯੋਗ ਹੈ ਕਿ ਭਾਸ਼ਾ ਵਿਭਾਗ ਵੱਲੋਂ ਉਰਦੂ ਸਿਖਲਾਈ ਦੀ ਇਹ ਕਲਾਸ ਹਰ ਸਾਲ ਦੋ ਵਾਰ ਜਨਵਰੀ ਤੋਂ ਜੂਨ ਅਤੇ ਜੁਲਾਈ ਤੋਂ ਦਸੰਬਰ ਤੱਕ ਸਕੂਲ ਆਫ਼ ਐਮੀਨੈਂਸ ਨਵਾਂਸ਼ਹਿਰ ਵਿਖੇ ਕਰਵਾਇਆ ਜਾਂਦਾ ਹੈ। ਇਸ ਕੋਰਸ ਤਹਿਤ ਕਲਾਸ ਸੋਮਵਾਰ ਤੋਂ ਸ਼ੁੱਕਰਵਾਰ ਸ਼ਾਮ 5:00 ਤੋਂ 6:00 ਵਜੇ ਤੱਕ ਲਗਾਈ ਜਾਂਦੀ ਹੈ।

# ਡਾ. ਭੁਪਿੰਦਰ ਸਾਥੀਆਂ ਸਮੇਤ ਬਸਪਾ 'ਚ ਸ਼ਾਮਲ

**ਜਲੰਧਰ (ਸ਼ੈਲੀ ਐਲਬਰਟ)**- ਬਹੁਜਨ ਸਮਾਜ ਪਾਰਟੀ ਦੀ 'ਪੰਜਾਬ ਸੰਭਾਲੋ' ਮੁਹਿੰਮ ਨੂੰ ਉਦੋਂ ਹੋਰ ਬਲ ਮਿਲਿਆ, ਜਦੋਂ ਵੱਡੀ ਗਿਣਤੀ ਵਿੱਚ ਅਹੁਦੇਦਾਰ ਭਾਜਪਾ ਛੱਡ ਕੇ ਬਸਪਾ ਵਿੱਚ ਸ਼ਾਮਿਲ ਹੋ ਗਏ। ਭਾਜਪਾ ਦੇ ਜਲੰਧਰ ਦਿਹਾਈ ਉੱਤਰੀ ਦੇ ਉਪਪ੍ਰਧਾਨ ਡਾ. ਭੁਪਿੰਦਰ ਸਿੰਘ ਤੇ ਭਾਜਪਾ ਦੇ ਜਲੰਧਰ ਦਿਹਾਤੀ ਉੱਤਰੀ ਦੇ ਐੱਸ ਸੀ ਮੋਰਚਾ ਦੇ ਉਪ ਪ੍ਰਧਾਨ ਕਮਲਪ੍ਰੀਤ ਸਿੰਘ ਨੇ ਸਾਥੀਆਂ ਸਮੇਤ ਬਸਪਾ ਵਿੱਚ ਸ਼ਮੂਲੀਅਤ ਕੀਤੀ। ਬਸਪਾ ਦੇ ਸੂਬਾ ਦਫ਼ਤਰ ਜਲੰਧਰ ਵਿੱਚ ਪਾਰਟੀ ਦੇ ਪੰਜਾਬ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਤੇ ਬਸਪਾ ਵਿਧਾਇਕ ਡਾ. ਨਛੱਤਰ ਪਾਲ ਨੇ ਇਨ੍ਹਾਂ ਆਗੂਆਂ ਨੂੰ ਸਿਰੋਪਾਓ ਦੇ ਕੇ ਪਾਰਟੀ ਵਿੱਚ ਸ਼ਾਮਿਲ ਕਰਵਾਇਆ।

ਇਸ ਮੌਕੇ ਉਕਤ ਆਗੂਆਂ ਨਾਲ ਉਨ੍ਹਾਂ ਦੇ ਸਾਥੀ ਕੁਲਦੀਪ ਬਸਰਾ, ਸ਼ਾਮ ਲਾਲ ਗੋਲਡੀ, ਬਲਬੀਰ ਸਿੰਘ, ਵਿਕਾਸ ਸਿੰਘ, ਲਵਪ੍ਰੀਤ ਸਿੰਘ, ਗੁਰਮੀਤ ਸਿੰਘ, ਹਰਪ੍ਰੀਤ ਸਿੰਘ, ਮਨੀ, ਗਗਨ, ਜਸ਼ਨ, ਦਲਜੀਤ ਵੀ ਬਸਪਾ ਵਿੱਚ ਸਾਮਿਲ ਹੋਏ। ਇਸ ਮੌਕੇ ਤੇ ਬਸਪਾ ਜਲੰਧਰ ਜ਼ੋਨ ਇੰਚਾਰਜ ਤੀਰਥ ਰਾਜਪੁਰਾ, ਜਲੰਧਰ ਸ਼ਹਿਰੀ ਪ੍ਰਧਾਨ ਸਲਵਿੰਦਰ ਕੁਮਾਰ, ਹਲਕਾ ਉੱਤਰੀ ਦੇ ਪ੍ਰਧਾਨ ਅਸ਼ੋਕ ਸਈਪੁਰ ਵੀ ਮੌਜੂਦ ਸਨ। ਬਸਪਾ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਿਲ ਹੋਣ 'ਤੇ ਉਹ ਇਨ੍ਹਾਂ ਸਾਰੇ ਆਗੂਆਂ ਦਾ ਸਵਾਗਤ ਕਰਦੇ ਹਨ। ਡਾ. ਭੁਪਿੰਦਰ ਸਿੰਘ, ਕਮਲਪ੍ਰੀਤ ਸਿੰਘ ਤੇ ਉਨ੍ਹਾਂ ਦੇ ਸਾਰੇ ਸਾਥੀਆਂ ਨੂੰ ਬਸਪਾ ਵਿੱਚ ਪੂਰਾ ਮਾਣ ਸਤਿਕਾਰ ਦਿੱਤਾ ਜਾਵੇਗਾ।

# ਨਾਜਾਇਜ਼ ਕਲੋਨੀ ਵਿਰੁੱਧ ਪ੍ਰਸ਼ਾਸਨ ਨੇ ਕੱਸਿਆ ਸ਼ਿਕੰਜਾ, ਨਗਰ ਕੌਂਸਲ ਨੇ ਮੌਕੇ 'ਤੇ ਰੁਕਵਾਇਆ ਕੰਮ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਨਜ਼ਦੀਕੀ ਪਿੰਡ ਧਨੌਨੀ ਵਿਖੇ ਗਊਸ਼ਾਲਾ ਦੇ ਕੋਲ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਕੱਟੀ ਜਾ ਰਹੀ ਇੱਕ ਨਾਜਾਇਜ਼ ਕਲੋਨੀ ਵਿਰੁੱਧ ਪ੍ਰਸ਼ਾਸਨ ਨੇ ਸਖ਼ਤ ਸ਼ਿਕੰਜਾ ਕੱਸਿਆ ਹੈ। ਐਡਵੋਕੇਟ ਗੁਰਜੰਟ ਸਿੰਘ ਚੌਹਾਨ ਵੱਲੋਂ ਐੱਸ ਡੀ ਐੱਮ ਡੇਰਾਬੱਸੀ ਨੂੰ ਦਿੱਤੀ ਲਿਖਤੀ ਸ਼ਿਕਾਇਤ ਤੋਂ ਬਾਅਦ ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਰਵਨੀਤ ਸਿੰਘ ਨੇ ਤੁਰੰਤ ਕਾਰਵਾਈ ਕਰਦਿਆਂ ਮੌਕੇ 'ਤੇ ਚੱਲ ਰਹੇ ਉਸਾਰੀ ਕਾਰਜਾਂ ਨੂੰ ਬੰਦ ਕਰਵਾ ਦਿੱਤਾ ਹੈ।ਸ਼ਿਕਾਇਤਕਰਤਾ ਐਡਵੋਕੇਟ ਚੌਹਾਨ ਨੇ ਦੱਸਿਆ ਕਿ ਕਈ ਕਲੋਨਾਈਜ਼ਰ ਸਰਕਾਰੀ ਫੀਸਾਂ, ਸੀ ਐੱਲ ਯੂ ਤੇ ਹੋਰ ਵਿਭਾਗੀ ਖ਼ਰਚਿਆਂ ਦੀ ਚੋਰੀ ਕਰਕੇ ਪਲਾਟਾਂ ਨੂੰ ਮਾਰਕੀਟ ਰੇਟ ਤੋਂ ਥੋੜ੍ਹਾ ਸਸਤਾ ਵੇਚ ਕੇ ਲੋਕਾਂ ਨੂੰ ਭਰਮਾਉਂਦੇ ਹਨ। ਲੋਕ ਆਪਣੀ ਜ਼ਿੰਦਗੀ ਭਰ ਦੀ ਕਮਾਈ ਲਗਾ ਕੇ ਪਲਾਟ ਤਾਂ ਖਰੀਦ ਲੈਂਦੇ ਹਨ, ਪਰ ਬਾਅਦ ਵਿੱਚ ਉਹਨਾਂ ਨੂੰ ਪੀਣ ਵਾਲੇ ਪਾਣੀ, ਸੜਕਾਂ, ਸਟ੍ਰੀਟ ਲਾਈਟਾਂ ਅਤੇ ਸੀਵਰੇਜ ਵਰਗੀਆਂ ਬੁਨਿਆਦੀ



ਸਹੂਲਤਾਂ ਲਈ ਦਰ-ਦਰ ਦੀਆਂ ਠੋਕਰਾਂ ਖਾਣੀਆਂ ਪੈਂਦੀਆਂ ਹਨ। ਐਡਵੋਕੇਟ ਚੌਹਾਨ ਨੇ ਖ਼ੁਲਾਸਾ ਕੀਤਾ ਕਿ ਪਿੰਡ ਮੌਠਾਂਵਾਲੀ ਵਿੱਚ ਵੀ ਬਿਨਾਂ ਕਿਸੇ ਮਨਜ਼ੂਰੀ ਦੇ ਖੰਭੇ ਲਗਾ ਕੇ ਅਤੇ ਪਾਈਪਾਂ ਪਾ ਕੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ। ਉਹਨਾਂ ਮੰਗ ਕੀਤੀ ਕਿ ਅਜਿਹੇ ਗੈਰ-ਕਾਨੂੰਨੀ ਇਨਫਰਾਸਟਰਕਚਰ ਨੂੰ ਤੁਰੰਤ ਢਾਹਿਆ ਜਾਵੇ।ਨਗਰ ਕੌਂਸਲ ਦੇ ਕਾਰਜ ਸਾਧਕ ਅਫ਼ਸਰ ਰਵਨੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤ ਮਿਲਦੇ ਹੀ ਕਬਜ਼ਾ ਰੋਕੂ ਟੀਮ ਨੂੰ ਮੌਕੇ 'ਤੇ ਭੇਜਿਆ ਗਿਆ ਸੀ ਅਤੇ ਕੰਮ ਰੁਕਵਾ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ ਅਤੇ ਰਿਪੋਰਟ ਦੇ ਆਧਾਰ 'ਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

## ਗੁਰੂ ਗੋਬਿੰਦ ਸਿੰਘ 'ਵਰਸਿਟੀ ਕਾਲਜ 'ਚ ਓ ਐੱਸ ਡੀ ਨੇ ਕੀਤਾ ਦੌਰਾ

**ਫਗਵਾੜਾ (ਡਾ. ਰਮਲ, ਜਸਵਿੰਦਰ ਢੱਡਾ)**- ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ, ਜੰਡਿਆਲਾ ਮੰਜਕੀ ਵਿੱਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਵਾਈਸ-ਚਾਂਸਲਰ ਦੇ ਆਫਿਸਰ ਔਨ ਸਪੈਸ਼ਲ ਡਿਊਟੀ (ਓ ਐੱਸ ਡੀ) ਹਰਿਕਬਾਲ ਸਿੰਘ ਜੀ ਨੇ ਕੈਂਪਸ ਦਾ ਦੌਰਾ ਕਰਕੇ ਇਸ



ਦੀ ਅਕਾਦਮਿਕ ਅਤੇ ਵਿਕਾਸ ਪ੍ਰਗਤੀ ਦਾ ਜਾਇਜ਼ਾ ਲਿਆ।ਆਪਣੀ ਫੇਰੀ ਦੌਰਾਨ, ਸ. ਹਰਿਕਬਾਲ ਸਿੰਘ ਜੀ ਨੇ ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨਾਲ ਇੱਕ ਵਿਸਤ੍ਰਿਤ ਮੀਟਿੰਗ ਕੀਤੀ। ਮੀਟਿੰਗ ਦਾ ਏਜੰਡਾ ਵਾਈਸ-ਚਾਂਸਲਰ, ਪ੍ਰੋ. (ਡਾ.) ਕਰਮਜੀਤ ਸਿੰਘ ਦੀ ਦੂਰਦਰਸ਼ੀ ਅਗਵਾਈ ਹੇਠ ਤੈਅ ਕੀਤਾ ਗਿਆ ਸੀ। ਕੈਂਪਸ ਦੇ ਸਮੁੱਚੇ ਵਿਕਾਸ ਦੇ ਰਾਹ ਅਤੇ ਸਿੱਖਿਆ ਦੇ ਵਿਸ਼ਵ ਪੱਧਰੀ ਮਾਪਦੰਡਾਂ ਦੇ ਅਨੁਸਾਰ ਅਕਾਦਮਿਕ ਮਿਆਰਾਂ ਨੂੰ ਉੱਚਾ ਚੁੱਕਣ ਦੇ ਉਦੇਸ਼ ਨਾਲ ਰਣਨੀਤਕ ਪਹਿਲਕਦਮੀਆਂ ਨੂੰ ਸਥਾਪਿਤ ਕਰਨਾ। ਕਾਲਜ ਇੰਚਾਰਜ ਜਸ਼ਨਜੋਤ ਸਿੰਘ ਜੌਹਲ ਨੇ ਪਤਵੰਤੇ ਸੱਜਣ ਨੂੰ ਹਾਲ ਹੀ ਦੀਆਂ ਅਕਾਦਮਿਕ ਪ੍ਰਾਪਤੀਆਂ, ਚੱਲ ਰਹੇ ਬੁਨਿਆਦੀ ਢਾਂਚੇ ਦੇ ਪ੍ਰੋਜੈਕਟਾਂ ਅਤੇ ਸੰਸਥਾ ਦੇ ਵਿਸਥਾਰ ਲਈ ਭਵਿੱਖ ਦੀਆਂ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਦੌਰੇ ਦੇ ਅੰਤ ਵਿੱਚ ਹਰਇਕਬਾਲ ਸਿੰਘ ਨੇ ਗੁਰੂ ਗੋਬਿੰਦ ਸਿੰਘ ਯੂਨੀਵਰਸਿਟੀ ਕਾਲਜ ਜੰਡਿਆਲਾ ਮੰਜਕੀ ਦੀ ਪ੍ਰਗਤੀ ਦੀ ਸ਼ਲਾਘਾ ਕੀਤੀ।

## ਬਰਸਟ ਵੱਲੋਂ ਕਲਾਸ ਫੋਰਥ ਗਵਰਨਮੈਂਟ ਇੰਪਲਾਈਜ਼ ਯੂਨੀਅਨ ਦੇ ਨੁਮਾਇੰਦਿਆਂ ਨਾਲ ਮੀਟਿੰਗ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਬੋਰਡ ਦੇ ਮੁੱਖ ਦਫ਼ਤਰ ਵਿਖੇ ਕਲਾਸ ਫੋਰਥ ਗਵਰਨਮੈਂਟ ਇੰਪਲਾਈਜ਼ ਯੂਨੀਅਨ ਦੇ ਨੁਮਾਇੰਦਿਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ ਬੈਠਕ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ਤੇ ਮੁਸ਼ਕਲਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਦੌਰਾਨ ਯੂਨੀਅਨ ਦੇ ਪ੍ਰਧਾਨ



ਦਰਸ਼ਨ ਸਿੰਘ ਲੁਬਾਣਾ ਨੇ ਕਰਮਚਾਰੀਆਂ ਦੀਆਂ ਮੁੱਖ ਮੰਗਾਂ ਬਾਰੇ ਚੇਅਰਮੈਨ, ਮੰਡੀ ਬੋਰਡ ਨੂੰ ਵਿਸਥਾਰ ਨਾਲ ਜਾਣੂ ਕਰਵਾਇਆ ਅਤੇ ਇਹਨਾਂ ਨੂੰ ਜਲਦ ਤੋਂ ਜਲਦ ਪੂਰਾ ਕਰਨ ਦੀ ਮੰਗ ਕੀਤੀ। ਯੂਨੀਅਨ ਦੀਆਂ ਗੱਲਾਂ ਨੂੰ ਹਮਦਰਦੀ ਨਾਲ ਸੁਣਦਿਆਂ ਹਰਚੰਦ ਸਿੰਘ ਬਰਸਟ ਨੇ ਮੌਕੇ 'ਤੇ ਹੀ ਮੌਜੂਦ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਯੂਨੀਅਨ ਦੇ ਨੁਮਾਇੰਦਿਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਨ੍ਹਾਂ ਦੀਆਂ ਮੰਗਾਂ ਨੂੰ ਜਲਦ ਹੀ ਪੂਰਾ ਕੀਤਾ ਜਾਵੇਗਾ।ਇਸ ਮੌਕੇ ਜਤਿੰਦਰ ਸਿੰਘ ਭੰਗੂ ਇੰਜੀਨੀਅਰ-ਇਨ-ਚੀਫ਼, ਹਰਜੀਤ ਸਿੰਘ ਸੰਧੂ ਸੰਯੁਕਤ ਸਕੱਤਰ, ਅਮਨਦੀਪ ਸਿੰਘ ਚੀਫ਼ ਇੰਜੀਨੀਅਰ ਤੇ ਯੂਨੀਅਨ ਵੱਲੋਂ ਰਣਜੀਤ ਸਿੰਘ ਰਾਣੂਆ, ਰਮਨ ਕੁਮਾਰ ਸ਼ਰਮਾ, ਕੁਲਦੀਪ ਸਿੰਘ, ਗੁਰਿੰਦਰ ਸਿੰਘ ਗੁਰੀ, ਰਾਜੂ ਸਿੰਘ, ਵਿਜੇ ਕੁਮਾਰ, ਰਮੇਸ਼ ਕੁਮਾਰ, ਵਿਨੋਦ ਕੁਮਾਰ, ਕ੍ਰਿਸ਼ਨ ਸਿੰਘ, ਬਲਕਾਰ ਸਿੰਘ ਸਮੇਤ ਹੋਰ ਨੁਮਾਇੰਦੇ ਵੀ ਮੌਜੂਦ ਰਹੇ।

# ਵਿਦਾਇਗੀ ਸਮਾਰੋਹ ਕਰਵਾਇਆ



**ਕਰਤਾਰਪੁਰ (ਹਰਮੇਸ਼ ਦੱਤ)**- ਓਮ ਪ੍ਰਕਾਸ਼ ਮੈਮੋਰੀਅਲ ਇੰਸਟੀਚਿਊਟ ਆਫ ਐਜੂਕੇਸ਼ਨ ਦਿਆਲਪੁਰ (ਜ਼ਿਲ੍ਹਾ ਕਪੂਰਥਲਾ) ਵਿਖੇ ਕਾਲਜ ਦੇ ਸਮੈਸਟਰ ਚੌਥਾ ਦੇ ਵਿਦਿਆਰਥੀਆਂ ਦਾ ਵਿਦਾਇਗੀ ਸਮਾਰੋਹ ਕਰਵਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਮੈਸਟਰ ਦੂਜਾ ਦੇ ਵਿਦਿਆਰਥੀਆਂ ਵੱਲੋਂ ਆਪਣੇ ਸੀਨੀਅਰ ਵਿਦਿਆਰਥੀਆਂ ਨੂੰ ਜੀ ਆਇਆਂ ਕਰਦੇ ਹੋਏ ਕੀਤੀ । ਇਸ ਮੌਕੇ ਦੋਨੋਂ ਸਮੈਸਟਰਾਂ ਦੇ ਵਿਦਿਆਰਥੀਆਂ ਨੇ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ। ਵਿਦਿਆਰਥੀਆਂ ਨੇ ਭੰਗੜਾ, ਗਿੱਧਾ, ਕਵਿਤਾ ਅਤੇ ਨਾਟਕ ਦੀ ਪੇਸ਼ਕਾਰੀ ਕੀਤੀ।

ਪ੍ਰੋ. ਰਣਜੀਤ ਬੈਂਸ ਵੱਲੋਂ ਕਾਲਜ ਤੋਂ ਪਾਸ ਹੋ ਰਹੇ ਵਿਦਿਆਰਥੀਆਂ ਨੂੰ ਅਧਿਆਪਕ ਖੇਤਰ ਵਿੱਚ ਬਿਹਤਰ ਭਵਿੱਖ ਲਈ ਪ੍ਰੇਰਿਤ ਕਰਦਿਆਂ ਅਤੇ ਚੰਗੇ ਅਧਿਆਪਕ ਬਨਣ ਲਈ ਸ਼ੁਭਕਾਮਨਾਵਾਂ ਦਿੱਤੀਆਂ। ਕਾਲਜ ਮੈਨੇਜਮੈਂਟ ਵੱਲੋਂ ਖਾਸ ਤੌਰ 'ਤੇ ਸਾਰੇ ਵਿਦਿਆਰਥੀਆਂ ਨੂੰ ਚੰਗੇ ਭਵਿੱਖ ਲਈ ਅਸ਼ੀਰਵਾਦ ਦਿੱਤਾ। ਇਸ ਮੌਕੇ ਸਾਰੇ ਵਿਦਿਆਰਥੀਆਂ ਤੋਂ ਇਲਾਵਾ ਪ੍ਰੋ. ਗਗਨਦੀਪ ਸਿੰਘ, ਸਚਲੀਨ ਕੌਰ, ਸੁਪਰਿਟੈਂਡੈਂਟ ਹਰਮੀਤ ਸਿੰਘ ਅਤੇ ਲਾਇਬ੍ਰੇਰੀਅਨ ਬਲਵਿੰਦਰ ਸਿੰਘ ਹਾਜ਼ਰ ਸਨ।

# ਪੁਲਸ ਵੱਲੋਂ ਫਲੈਗ ਮਾਰਚ, ਸੁਰੱਖਿਆ ਪ੍ਰਬੰਧਾਂ ਦਾ ਲਿਆ ਜਾਇਜ਼ਾ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਸ਼ਹੀਦ ਭਗਤ ਸਿੰਘ ਨਗਰ ਦੇ ਐੱਸ ਐੱਸ ਪੀ ਤੁਸ਼ਾਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹੇ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਮਜ਼ਬੂਤ ਕਰਨ ਲਈ 'ਓਪਰੇਸ਼ਨ ਸਿੰਧੂਰ' ਵਿੱਢਿਆ ਗਿਆ ਹੈ। ਇਸੇ ਲੜੀ ਤਹਿਤ ਸਬ-ਡਿਵੀਜ਼ਨ ਬਲਾਚੌਰ ਵਿੱਚ ਡੀ ਐਸ ਪੀ ਹਿੰਮਤ ਮਲਹੋਤਰਾ ਦੀ ਅਗਵਾਈ ਹੇਠ ਪੁਲਿਸ ਵੱਲੋਂ ਸਮਾਜ ਵਿਰੋਧੀ ਅਨਸਰਾਂ 'ਤੇ ਨਕੇਲ ਕੱਸਣ ਲਈ ਵਿਸ਼ੇਸ਼ ਮੁਹਿੰਮ



ਚਲਾਈ ਗਈ।ਸ਼ਹਿਰ ਵਿੱਚ ਸੁਰੱਖਿਆ ਦੀ ਭਾਵਨਾ ਪੈਦਾ ਕਰਨ ਅਤੇ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਭਾਰੀ ਪੁਲਿਸ ਫੋਰਸ ਵਲੋਂ ਫਲੈਗ ਮਾਰਚ ਕੱਢਿਆ ਗਿਆ। ਇਸ ਮਾਰਚ ਵਿੱਚ ਐਸ ਐਚ ਓ ਸਿਟੀ ਕਮਲ ਸ਼ਰਮਾ, ਐੱਸ ਐੱਚ ਓ ਸਦਰ ਬਿਕਰਮਜੀਤ ਸਿੰਘ, ਐੱਸ ਐੱਚ ਓ ਕਾਠਗੜ੍ਹ ਅਭਿਸ਼ੇਕ ਸ਼ਰਮਾ ਨੇ ਪੁਲਿਸ ਟੀਮਾਂ ਸਮੇਤ ਸ਼ਹਿਰ ਦੇ ਮੁੱਖ ਬਾਜ਼ਾਰਾਂ, ਸਰਕਾਰੀ ਇਮਾਰਤਾਂ, ਧਾਰਮਿਕ ਸਥਾਨਾਂ ਅਤੇ ਸੰਵੇਦਨਸ਼ੀਲ ਇਲਾਕਿਆਂ ਦਾ ਦੌਰਾ ਕੀਤਾ ਤੇ ਸੁਰੱਖਿਆ ਪ੍ਰਬੰਧਾਂ ਦਾ ਜਾਇਜ਼ਾ ਲਿਆ। ਫਲੈਗ ਮਾਰਚ ਤੋਂ ਤੁਰੰਤ ਬਾਅਦ ਪੁਲਿਸ ਨੇ ਵੱਖ-ਵੱਖ ਥਾਵਾਂ 'ਤੇ ਸਖ਼ਤ ਨਾਕਾਬੰਦੀ ਕੀਤੀ। ਮੁੱਖ ਤੌਰ 'ਤੇ ਕਾਠਗੜ੍ਹ ਥਾਣਾ, ਰੈਲਮਾਜਰਾ, ਹੰਸਰੋਂ ਨਾਕਾ ਅਤੇ ਹੰਸਰੋਂ ਚੌਂਕੀ ਨੇੜੇ ਹਾਈਵੇਅ 'ਤੇ ਆਉਣ-ਜਾਣ ਵਾਲੇ ਵਾਹਨਾਂ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ। ਖ਼ਾਸ ਕਰਕੇ ਸ਼ੱਕੀ ਮੋਟਰਸਾਈਕਲਾਂ ਤੇ ਕਾਰਾਂ ਦੀ ਚੈਕਿੰਗ ਯਕੀਨੀ ਬਣਾਈ ਗਈ। ਪੁਲਿਸ ਵੱਲੋਂ ਹੋਟਲਾਂ, ਸਰਾਵਾਂ ਅਤੇ ਬੱਸ ਸਟੈਂਡਾਂ ਵਰਗੀਆਂ ਜਨਤਕ ਥਾਵਾਂ ਦੀ ਵੀ ਲਗਾਤਾਰ ਚੈਕਿੰਗ ਕੀਤੀ ਜਾ ਰਹੀ ਹੈ।

# ਡਿਪਟੀ ਕਮਿਸ਼ਨਰ ਵੱਲੋਂ ਡੇਂਗੂ ਤੇ ਮੌਸਮੀ ਬਿਮਾਰੀਆਂ ਸੰਬੰਧੀ ਰੋਕਥਾਮ ਦੀ ਸਮੀਖਿਆ

**ਮੁਹਾਲੀ (ਗੁਰਜੀਤ ਬਿੱਲਾ)**- ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਜ਼ਿਲ੍ਹੇ ਵਿੱਚ ਡੇਂਗੂ ਅਤੇ ਹੋਰ ਮੌਸਮੀ ਬਿਮਾਰੀਆਂ ਸੰਬੰਧੀ ਤਿਆਰੀਆਂ ਅਤੇ ਰੋਕਥਾਮ ਲਈ ਕੀਤੇ ਜਾ ਰਹੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਅਤੇ ਸਾਰੇ ਪ੍ਰਭਾਵਸ਼ਾਲੀ ਕਦਮ ਚੁੱਕਣ ਦੀ ਲੋੜ 'ਤੇ ਜ਼ੋਰ ਦਿੱਤਾ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਸ਼ਹਿਰੀ ਅਤੇ ਪੇਂਡੂ ਖੇਤਰਾਂ ਵਿੱਚ ਨਿਯਮਿਤ ਤੌਰ 'ਤੇ ਫੌਗਿੰਗ ਅਤੇ ਐਂਟੀ-ਲਾਰਵੀਸਾਈਡ ਸਪਰੇਅ ਯਕੀਨੀ ਬਣਾਉਣ ਲਈ ਕਿਹਾ, ਖ਼ਾਸ



ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਪ੍ਰਭਾਵਸ਼ਾਲੀ ਰੋਕਥਾਮ ਅਤੇ ਲੋਕ ਜਾਗਰੂਕਤਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਸਿਹਤ ਵਿਭਾਗ, ਨਗਰ ਨਿਗਮ, ਪੇਂਡੂ ਵਿਕਾਸ ਅਤੇ ਪੰਚਾਇਤਾਂ, ਸਿੱਖਿਆ ਵਿਭਾਗ, ਜਲ ਸਪਲਾਈ ਅਤੇ ਸੈਨੀਟੇਸ਼ਨ ਸਮੇਤ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਦੀ ਅਗਵਾਈ ਕਰਦਿਆਂ ਡਿਪਟੀ ਕਮਿਸ਼ਨਰ ਨੇ ਆਉਣ ਵਾਲੇ ਦਿਨਾਂ ਦੌਰਾਨ ਡੇਂਗੂ ਅਤੇ ਪਾਣੀ ਤੋਂ ਫੈਲਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਅਗਾਊਂ ਅਤੇ ਕਰਕੇ ਉਨ੍ਹਾਂ ਥਾਵਾਂ 'ਤੇ ਜਿੱਥੇ ਪਾਣੀ ਖੜ੍ਹਾ ਹੋਣ ਦੀ ਸੰਭਾਵਨਾ ਹੁੰਦੀ ਹੈ।

ਉਨ੍ਹਾਂ ਸਬੰਧਤ ਟੀਮਾਂ ਨੂੰ ਨਿਗਰਾਨੀ ਗਤੀਵਿਧੀਆਂ ਹੋਰ ਤੇਜ਼ ਕਰਨ ਅਤੇ ਮੱਛਰਾਂ ਦੇ ਪ੍ਰਜਣਨ ਸਥਾਨਾਂ ਨੂੰ ਖਤਮ ਕਰਨ ਲਈ ਜਨਤਕ ਥਾਵਾਂ ਦੀ ਸਫ਼ਾਈ ਬਣਾਈ ਰੱਖਣ ਦੇ ਨਿਰਦੇਸ਼ ਵੀ ਦਿੱਤੇ।

## ਤਨਿਸ਼ਕ ਦੇ ਸ਼ੋਅਰੂਮ ਦਾ ਉਦਘਾਟਨ

**ਜਲੰਧਰ (ਇਕਬਾਲ ਸਿੰਘ ਉੱਭੀ)**- ਤਨਿਸ਼ਕ ਨੇ ਜਲੰਧਰ ਦੇ ਨਕੋਦਰ ਰੋਡ 'ਤੇ ਬਿਲਡਿੰਗ ਨੰਬਰ 670 ਵਿਖੇ ਆਪਣਾ ਨਵਾਂ ਸ਼ਾਨਦਾਰ ਸ਼ੋਅਰੂਮ ਖੋਲ੍ਹਿਆ।ਸ਼ੋਅਰੂਮ ਦਾ ਉਦਘਾਟਨ ਟਾਈਟਨ ਕੰਪਨੀ ਲਿਮਿਟਿਡ ਦੇ ਅਸਿਸਟੈਂਟ ਵਾਇਸ ਪ੍ਰੈਜ਼ੀਡੈਂਟ ਸੁਨੀਲ ਰਾਜ ਅਤੇ ਖੇਤਰੀ




ਵਪਾਰ ਪ੍ਰਬੰਧਕ ਆਸ਼ੀਸ਼ ਤਿਵਾੜੀ ਵੱਲੋਂ ਫ੍ਰੈਂਚਾਈਜ਼ੀ ਭਾਈਵਾਲ ਦੀਪਕ ਮਾਰੀਆ ਅਤੇ ਤਨੇ ਮਾਰੀਆ ਦੀ ਮੌਜੂਦਗੀ ਵਿੱਚ ਕੀਤਾ ਗਿਆ। ਇਸ ਮੌਕੇ ਕੰਪਨੀ ਦੇ ਹੋਰ ਪ੍ਰਤੀਨਿਧੀਆਂ ਅਤੇ ਵੱਡੀ ਗਿਣਤੀ ਵਿੱਚ ਗਾਹਕ ਵੀ ਹਾਜ਼ਰ ਰਹੇ। ਉਦਘਾਟਨ ਉਪਰੰਤ ਆਯੋਜਿਤ ਪੱਤਰਕਾਰ ਸੰਮੇਲਨ ਦੌਰਾਨ ਤਨਿਸ਼ਕ ਵੱਲੋਂ ਗਾਹਕਾਂ ਲਈ ਵਿਸ਼ੇਸ਼ ਪੇਸ਼ਕਸ਼ ਦਾ ਐਲਾਨ ਵੀ ਕੀਤਾ ਗਿਆ। ਕੰਪਨੀ ਨੇ ਦੱਸਿਆ ਕਿ 9 ਮਈ ਤੱਕ ਗਾਹਕ ਆਪਣੀ ਖਰੀਦਦਾਰੀ 'ਤੇ ਮੁਫ਼ਤ ਸੋਨੇ ਤੇ ਚਾਂਦੀ ਦੇ ਸਿੱਕੇ ਪ੍ਰਾਪਤ ਕਰ ਸਕਣਗੇ।

# ਦੇਹਦਾਨੀ ਜਸਪਾਲ ਸਿੰਘ ਬਣੇ ਸਮਾਜ ਲਈ ਪ੍ਰੇਰਣਾ ਸਰੋਤ



**ਨਵਾਂਸ਼ਹਿਰ (ਮਨੋਜ ਲਾਡੀ)**- ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਦੀ ਯੋਗ ਰਹਿਨੁਮਾਈ ਹੇਠ ਸਿਵਲ ਸਰਜਨ ਦਫਤਰ, ਸ਼ਹੀਦ ਭਗਤ ਸਿੰਘ ਨਗਰ ਵਿਖੇ ਵੀਰਵਾਰ ਨੂੰ ਮਨੁੱਖਤਾ, ਸਮਾਜ ਸੇਵਾ ਅਤੇ ਮੈਡੀਕਲ ਸਿੱਖਿਆ ਨੂੰ ਸਮਰਪਿਤ ਇਕ ਪ੍ਰੇਰਣਾਦਾਇਕ ਸਮਾਗਮ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਵੱਲੋਂ ਪਿੰਡ ਮਜਾਰਾ (ਬਲਾਚੌਰ) ਨਿਵਾਸੀ ਸਵੈ-ਇੱਛੁਕ ਦੇਹਦਾਨੀ ਜਸਪਾਲ ਸਿੰਘ ਨੂੰ ਮਰਨ ਉਪਰੰਤ ਦੇਹਦਾਨ ਕਰਨ ਸਬੰਧੀ 'ਦੇਹਦਾਨ ਕਾਰਡ' ਭੇਟ ਕੀਤਾ ਗਿਆ।ਇਸ ਮੌਕੇ ਸਿਵਲ ਸਰਜਨ ਡਾ. ਗੁਰਿੰਦਰਜੀਤ ਸਿੰਘ ਨੇ ਕਿਹਾ ਕਿ ਦੇਹਦਾਨ ਮਨੁੱਖਤਾ ਦੀ ਭਲਾਈ ਲਈ ਇਕ ਮਹਾਨ ਅਤੇ ਪੁੰਨ ਦਾ ਕਾਰਜ ਹੈ। ਉਨ੍ਹਾਂ ਕਿਹਾ ਕਿ ਆਧੁਨਿਕ ਡਾਕਟਰੀ ਸਿੱਖਿਆ ਵਿੱਚ ਮ੍ਰਿਤਕ ਦੇਹਾਂ ਤੋਂ ਬਿਨਾਂ ਮਨੁੱਖੀ ਸਰੀਰ ਦੀ ਡੂੰਘੀ ਸਮਝ ਸੰਭਵ ਨਹੀਂ ਹੈ। ਉਨ੍ਹਾਂ ਦੱਸਿਆ ਕਿ ਮ੍ਰਿਤਕ ਦੇਹਾਂ ਦੇ ਵੱਖ-ਵੱਖ ਅੰਗ ਲੋੜਵੰਦ ਮਰੀਜ਼ਾਂ ਦੇ ਕੰਮ ਆ ਸਕਦੇ ਹਨ ਅਤੇ ਮੈਡੀਕਲ ਖੋਜ ਲਈ ਵੀ ਇਹ ਬਹੁਮੁੱਲਾ ਯੋਗਦਾਨ ਸਾਬਤ ਹੁੰਦੀਆਂ ਹਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਨੇਕ ਅਤੇ ਮਨੁੱਖਤਾ ਭਰੇ ਕਾਰਜ ਨਾਲ ਜੁੜ ਕੇ ਮਰਨ ਉਪਰੰਤ ਵੀ ਸਮਾਜ ਦੀ ਸੇਵਾ ਕਰਨ ਦਾ ਪ੍ਰਣ ਲੈਣ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਹਰਪ੍ਰੀਤ ਸਿੰਘ, ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਹਰੀਸ਼ ਕਿਰਪਾਲ, ਡਾ. ਰਮਨ ਕੁਮਾਰ ਸਮੇਤ ਹੋਰ ਅਧਿਕਾਰੀ ਐਤੇ ਪਤਵੰਤੇ ਵੀ ਮੌਜੂਦ ਸਨ।

# ਸਿਲਵਰ ਓਕ ਸਕੂਲ 'ਚ ਮਾਂ-ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਮਿਥਲੇਸ਼ ਗਰਗ)**- ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜਪੁਰ ਵਿੱਚ ਮਾਂ ਦਿਵਸ ਦੇ ਮੌਕੇ ਇੱਕ ਸ਼ਾਨਦਾਰ ਪ੍ਰੋਗਰਾਮ ਉਲੀਕਿਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿਚ ਇਹ ਪ੍ਰੋਗਰਾਮ ਬੜੀ ਸਫਲਤਾ ਪੂਰਵਕ ਨੇਪਰੇ ਚੜ੍ਹਿਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਇਸ



ਪ੍ਰੋਗਰਾਮ ਦੇ ਬਾਰੇ ਦੱਸਦੇ ਹੋਏ ਕਿਹਾ ਕਿ ਯੂ ਕੇ ਜੀ ਕਲਾਸ ਦੇ ਬੱਚਿਆਂ ਦੀਆਂ ਮਾਵਾਂ ਨੂੰ ਇਸ ਪ੍ਰੋਗਰਾਮ ਦੇ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ ਗਿਆ ਸੀ। ਪ੍ਰਿੰਸੀਪਲ ਸੰਗਰ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਦੱਸਿਆ ਕਿ ਮਾਵਾਂ ਦਾ ਸਾਡੇ ਜੀਵਨ ਦੇ ਵਿੱਚ ਇੱਕ ਵਡਮੁੱਲਾ ਯੋਗਦਾਨ ਹੁੰਦਾ ਹੈ। ਅਸੀਂ ਸਾਡੀ ਮਾਂ ਦੀ ਸਾਡੇ ਜੀਵਨ ਨੂੰ ਸਵਾਰਨ ਲਈ ਕੀਤੀ ਗਈ ਦੀ ਅਣਥੱਕ ਮਿਹਨਤ ਨੂੰ ਅੱਖੋਂ ਓਹਲੇ ਨਹੀਂ ਕਰ ਸਕਦੇ। ਬੱਚਿਆਂ ਦੀਆਂ ਮਾਵਾਂ ਨੇ ਵੀ ਪੂਰੇ ਜੋਸ਼ ਦੇ ਨਾਲ ਇਸ ਪ੍ਰੋਗਰਾਮ ਦੇ ਵਿੱਚ ਭਾਗ ਲਿਆ। ਇਸ ਮੌਕੇ ਬੱਚਿਆਂ ਦੀਆਂ ਮਾਵਾਂ ਨੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਦੱਸਿਆ ਕਿ ਅੱਜ ਤਾਂ ਇਹ ਪ੍ਰੋਗਰਾਮ ਸਕੂਲ ਵੱਲੋਂ ਬਹੁਤ ਹੀ ਵਧੀਆ ਤਰੀਕੇ ਦੇ ਨਾਲ ਉਲੀਕਿਆ ਗਿਆ ਸੀ। ਉਹਨਾਂ ਦੱਸਿਆ ਕਿ ਸਿਲਵਰ ਓਹ ਸਕੂਲ ਅਜਿਹੇ ਉਪਰਾਲੇ ਲਗਾਤਾਰ ਕਰਨ ਦੇ ਲਈ ਵਧਾਈ ਦਾ ਪਾਤਰ ਹੈ। ਸਕੂਲ ਦੇ ਸੰਗੀਤ ਵਿਭਾਗ ਦੇ ਬੱਚਿਆਂ ਤੇ ਯੂ ਕੇ ਜੀ ਕਲਾਸ ਦੇ ਬੱਚਿਆਂ ਨੇ ਸ਼ਾਨਦਾਰ ਪਰਫੋਰਮੈਂਸ ਪੇਸ਼ ਕੀਤੀਆਂ।ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਕੰਚਨ, ਬਲਜੀਤ, ਸੁਮਿਤ, ਪਰਮਜੀਤ, ਵਿਸ਼ਾਲੀ , ਰਾਜਵੀਰ, ਗੁਰਪ੍ਰੀਤ, ਇਕਬਾਲ, ਪੂਜਾ, ਸੁਵੇਤਾ, ਪ੍ਰਭਜੀਤ,ਪਰਵੀਨ, ਰੁਪਿੰਦਰ, ਸੁਖਜਿੰਦਰ, ਹਰਜੀਤ ਅਤੇ ਬਾਕੀ ਸਟਾਫ਼ ਵੀ ਮੌਜੂਦ ਸੀ।

# ਰਜੀਵ ਮਿਸਰ ਦੀ ਅੰਤਿਮ ਅਰਦਾਸ 10 ਨੂੰ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਲਾਇਨ ਕਲੱਬ ਨੂਰਮਹਿਲ ਸੀਟੀ ਦੇ ਸਾਬਕਾ ਪ੍ਰਧਾਨ ਰਜੀਵ ਮਿਸ਼ਰ ਤੇ ਇਸੇ ਤਰ੍ਹਾਂ ਹੀ ਬਾਬਾ ਭੂਤਨਾਥ ਮੰਦਿਰ, ਗਊਸ਼ਾਲਾ ਕਮੇਟੀ, ਰਾਮ ਲੀਲਾ ਕਮੇਟੀ ਨੂਰਮਹਿਲ ਤੇ ਹੋਰ ਵੱਖ ਵੱਖ ਅਹੁਦਿਆਂ ਤੇ ਆਪਣੀਆਂ ਸਿਵਾਵਾ ਨਿਭਾਉਦਾ ਹੋਇਆ ਅਖੀਰ ਲੋਕਾਂ ਨੂੰ ਅਲਵਿਦਾ ਕਹਿ ਗਏ।ਰਜੀਵ ਮਿਸਰ ਦਾ ਜਿੱਥੇ ਉਨ੍ਹਾਂ ਦੇ ਪ੍ਰੀਵਾਰ ਨੂੰ ਘਾਟਾ ਪਿਆ ਹੈ। ਉੱਥੇ ਵੱਖ ਵੱਖ ਉਪਰੋਕਤ ਸਮਾਜ ਸੇਵਕ ਜਥੇਬੰਦੀਆਂ ਨੂੰ ਵੀ ਬਹੁਤ ਵੱਡਾ ਨਾ ਸਹਿਣ ਹੋਣ ਵਾਲਾ ਘਾਟਾ ਪਿਆ।



ਰਜੀਵ ਮਿਸਰ ਦੀ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਉਨ੍ਹਾਂ ਦੇ ਪਰਵਾਰ ਨਾਲ ਗੁਰਮੀਤ ਸ਼ੈਲੀ, ਵਿਨੋਦ ਜੱਸਲ,ਰਾਜ ਕੁਮਾਰ ਮੇਹਨ, ਡਾਕਟਰ ਮਨਜੀਤ ਸਿੰਘ, ਹੰਸ ਰਾਜ ਪੱਬਵਾ, ਕਾਮਰੇਡ ਸੰਤੋਖ ਸਿੰਘ ਸੰਧੂ, ਗੁਰਕਮਲ ਸਿੰਘ, ਓਮ ਪ੍ਰਕਾਸ਼ ਕੁੰਦੀ, ਟੋਨੀ ਖੋਸਲਾ,ਜਗਤ ਮੋਹਨ ਸ਼ਰਮਾ, ਮੱਖਣ ਸਿੰਘ ਜੌਹਲ, ਸੁਮਨ ਲਤਾ ਪਾਠਕ ਰਜੀਵ ਮਿਸਰ ਦੇ ਪਰਵਾਰ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।ਰਜੀਵ ਮਿਸਰ ਦੀ ਅੰਤਿਮ ਅਰਦਾਸ 10 ਮਈ ਨੂੰ 1 ਵਜੇ ਤੋਂ 2 ਵਜੇ ਤੱਕ ਬਾਬਾ ਭੂਤਨਾਥ ਮੰਦਿਰ ਨੂਰਮਹਿਲ ਵਿਖੇ ਹੋਵੇਗੀ।

## ਨਗਰ ਪੰਚਾਇਤ ਵਰਕਰ ਯੂਨੀਅਨ ਵੱਲੋਂ ਹੜਤਾਲ

**ਲਾਲੜੂ (ਵਿਨੈ ਕੁਮਾਰ ਜੈਨ)**- ਮਿਊਂਸੀਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਦੇ ਸੱਦੇ 'ਤੇ ਨਗਰ ਪੰਚਾਇਤ ਵਰਕਰ ਯੂਨੀਅਨ ਏਟਕ ਲਾਲੜੂ ਵੱਲੋਂ ਮੁਕੰਮਲ 'ਕੰਮ ਛੋੜ' ਹੜਤਾਲ ਕੀਤੀ ਗਈ। ਇਸ ਰੋਸ ਪ੍ਰਦਰਸ਼ਨ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜਾਬ ਏਟਕ ਦੇ ਸੂਬਾ ਮੀਤ ਪ੍ਰਧਾਨ ਵਿਨੋਦ ਚੁੱਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਸਰਕਾਰ ਦੀ ਕਾਰਗੁਜ਼ਾਰੀ 'ਤੇ ਤਿੱਖੇ ਸਵਾਲ ਚੁੱਕੇ। ਉਨ੍ਹਾਂ ਕਿਹਾ ਕਿ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ ਤੇ ਸੂਬੇ ਦਾ ਹਰ ਵਰਗ ਆਪਣੇ ਹੱਕਾਂ ਲਈ ਸੜਕਾਂ 'ਤੇ



ਉਤਰਨ ਲਈ ਮਜਬੂਰ ਹੈ। ਚੁੱਘ ਨੇ ਸਰਕਾਰ ਨੂੰ ਕਰੜੇ ਹੱਥੀਂ ਲੈਂਦਿਆਂ ਕਿਹਾ ਕਿ ਕੱਚੇ ਕਾਮਿਆਂ ਨੂੰ ਪੱਕਾ ਕਰਨ ਅਤੇ ਪੱਕੇ ਮੁਲਾਜ਼ਮਾਂ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨ ਵਰਗੇ ਵਾਅਦਿਆਂ ਤੋਂ ਸਰਕਾਰ ਪੂਰੀ ਤਰ੍ਹਾਂ ਮੁਕਰ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪੂਰੇ ਪੰਜਾਬ ਵਿੱਚ ਸਫਾਈ ਮਜ਼ਦੂਰ 6 ਮਈ ਤੋਂ ਨਗਰ ਕੌਂਸਲਾਂ ਦੇ ਬਾਹਰ ਹੜਤਾਲ 'ਤੇ ਹਨ। ?ਇਸ ਮੌਕੇ ਯੂਨੀਅਨ ਦੇ ਪ੍ਰਧਾਨ ਸ੍ਰੀ ਰਾਜੇਸ਼ ਕੁਮਾਰ ਨੇ ਨਗਰ ਕੌਂਸਲ ਲਾਲੜੂ ਦੇ ਅਧਿਕਾਰੀਆਂ 'ਤੇ ਪੱਖਪਾਤ ਦੇ ਦੋਸ਼ ਲਾਉਂਦਿਆਂ ਦੱਸਿਆ ਕਿ 46 ਪੁਰਾਣੇ ਕਿਰਤੀਆਂ ਨੂੰ ਨਜ਼ਰਅੰਦਾਜ਼ ਕਰਕੇ, ਸਿਆਸੀ ਦਬਾਅ ਹੇਠ ਨਵੇਂ ਬੰਦਿਆਂ ਨੂੰ ਕੰਮ 'ਤੇ ਰੱਖਣਾ ਸਰਾਸਰ ਗੈਰ-ਕਾਨੂੰਨੀ ਅਤੇ ਸੰਵਿਧਾਨ ਦੀ ਉਲੰਘਣਾ ਹੈ। ਉਨ੍ਹਾਂ ਰੋਸ ਜਤਾਇਆ ਕਿ ਕਿਰਤੀਆਂ ਨੂੰ ਵਰਦੀਆਂ ਅਤੇ ਜੁੱਤੇ ਵਰਗੀਆਂ ਬੁਨਿਆਦੀ ਸਹੂਲਤਾਂ ਤੋਂ ਵੀ ਵਾਂਝਾ ਰੱਖਿਆ ਜਾ ਰਿਹਾ ਹੈ।ਯੂਨੀਅਨ ਵੱਲੋਂ ਜ਼ੋਰਦਾਰ ਮੰਗ ਕੀਤੀ ਗਈ ਕਿ ਮਾਣਯੋਗ ਸੁਪਰੀਮ ਕੋਰਟ ਦੇ ਫੈਸਲੇ ਅਨੁਸਾਰ 'ਬਰਾਬਰ ਕੰਮ ਬਰਾਬਰ ਤਨਖਾਹ' ਦਾ ਨਿਯਮ ਤੁਰੰਤ ਲਾਗੂ ਕੀਤਾ ਜਾਵੇ।

# ਸਮਾਜ ਸੇਵਕ ਗੁਰਬਚਨ ਸਿੰਘ ਨੂੰ ਵੱਖ-ਵੱਖ ਆਗੂਆਂ ਵੱਲੋਂ ਸ਼ਰਧਾਂਜਲੀਆਂ ਭੇਟ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਬੱਡਲਾ ਦੇ ਉੱਘੇ ਸਮਾਜ ਸੇਵਕ ਗੁਰਬਚਨ ਸਿੰਘ ਬੱਡਲਾ ਦਾ ਬੀਤੇ ਦਿਨੀਂ ਦੇਹਾਂਤ ਹੋ ਗਿਆ ਸੀ। ਇਸ ਮੌਕੇ ਵੱਖ-ਵੱਖ ਰਾਜਨੀਤਿਕ ਪਾਰਟੀਆਂ, ਧਾਰਮਿਕ ਜਥੇਬੰਦੀਆਂ, ਸਮਾਜਿਕ ਸੰਸਥਾਵਾਂ, ਸੰਤ ਸਮਾਜ, ਪੱਤਰਕਾਰ ਭਾਈਚਾਰਾ ਅਤੇ ਸਿਆਸੀ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕੀਤਾ। ਇਸ ਮੌਕੇ ਉਨ੍ਹਾਂ ਦੇ ਬੇਟੇ ਗੁਰਵਿੰਦਰ ਸਿੰਘ ਨੇ ਦੱਸਿਆ ਕਿ ਗੁਰਬਚਨ ਸਿੰਘ ਬੱਡਲਾ ਨਮਿਤ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਉਪਰੰਤ ਦੀਵਾਨ ਹਾਲ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲੇ, ਬਾਬਾ ਸੁਰਜੀਤ ਸਿੰਘ ਕਥਾਵਾਚਕ, ਭਾਈ ਮਨਜਿੰਦਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸੰਤਗੜ੍ਹ ਹਰਖੋਵਾਲ ਵਾਲਿਆਂ ਨੇ ਵੈਰਾਗਮਈ ਕੀਰਤਨ ਕੀਤਾ। ਇਸ ਮੌਕੇ ਸ਼ਰਧਾਂਜਲੀਆਂ ਸਮਾਗਮ ਦੌਰਾਨ ਸੰਤ ਬਾਬਾ ਅਮਰਜੀਤ ਸਿੰਘ ਜੀ ਹਰਖੋਵਾਲ ਵਾਲੇ, ਬਾਬਾ ਸੁਰਜੀਤ ਸਿੰਘ, ਜਥੇਦਾਰ ਸਮਿਤੱਰ ਸਿੰਘ, ਹਰਮੇਲ ਸਿੰਘ ਮਨੀਨੰਗਲ, ਹਰਦੇਵ ਸਿੰਘ ਗੜ੍ਹਸ਼ੰਕਰ, ਅਜੀਤ ਸਿੰਘ, ਹਰਪਾਲ ਸਿੰਘ ਸੰਘਾ ਰਾਜਪੁਰ ਭਾਈਆਂ, ਮਾਸਟਰ ਰਛਪਾਲ ਸਿੰਘ ਸੰਘਾ, ਹਰਮਿੰਦਰ ਸਿੰਘ ਸੰਧੂ ਹਲਕਾ ਚੱਬੇਵਾਲ, ਨਿਰਮਲ ਸਿੰਘ ਭੀਲੋਵਾਲ, ਹਰਜਿੰਦਰ ਸਿੰਘ, ਕਮਲਜੀਤ ਸਿੰਘ ਬੱਡਲਾ ਖੁਰਦ, ਲੰਬੜਦਾਰ ਸੁਖਵਿੰਦਰ ਸਿੰਘ ਰਾਜਪੁਰ ਭਾਈਆਂ, ਲੰਬਰਦਾਰ ਜਤਿੰਦਰ ਸਿੰਘ, ਹਰਜਾਪ ਸਿੰਘ ਮੱਖਣ,



ਸਾਬਕਾ ਸਰਪੰਚ ਕੁਲਦੀਪ ਸ਼ਰਮਾ, ਖੁਸ਼ਦੀਪ ਸਿੰਘ, ਦਿਲਬਾਗ ਸਿੰਘ, ਨਰਿੰਦਰ ਸਿੰਘ,ਚਰਨਜੀਤ ਸਿੰਘ ਬਾਜਵਾ,ਗੁਰਵਿੰਦਰ ਸਿੰਘ ਮਨਜੋਤ ਸਿੰਘ, ਜਸਵੰਤ ਸਿੰਘ ਸਾਬਕਾ ਸਰਪੰਚ, ਸੁਖਜੀਤ ਸਿੰਘ ਡਰੋਲੀ ਕਲਾਂ, ਗੁਰਚਰਨ ਸਿੰਘ ਆਦਿ ਹਾਜ਼ਰ ਸਨ।

# ਵਪਾਰੀਆਂ ਦੀਆਂ ਸਮੱਸਿਆਵਾਂ ਦਾ ਨਿਪਟਾਰਾ ਕਰਨ ਲਈ ਸਰਕਾਰ ਵਚਨਬੱਧ : ਐੱਸ ਡੀ ਐੱਮ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਟ੍ਰੇਡਰ ਕਮਿਸ਼ਨ ਦੀ ਸ੍ਰੀ ਅਨੰਦਪੁਰ ਸਾਹਿਬ ਦੇ ਵਪਾਰੀਆਂ ਨਾਲ ਸੁਖਪਾਲ ਸਿੰਘ ਐੱਸ ਡੀ ਐੱਮ ਸ੍ਰੀ ਅਨੰਦਪੁਰ




ਸਾਹਿਬ ਦੀ ਅਗਵਾਈ ਵਿੱਚ ਮੀਟਿੰਗ ਹੋਈ।ਮੀਟਿੰਗ ਵਿੱਚ ਸੁਖਪਾਲ ਸਿੰਘ ਐੱਸ ਡੀ ਐੱਮ ਸ੍ਰੀ ਅਨੰਦਪੁਰ ਸਾਹਿਬ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਹੇਠਲੇ ਪੱਧਰ 'ਤੇ ਹੀ ਤੁਰੰਤ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਨੇ ਕਿਹਾ ਹੈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਪਾਰੀਆਂ ਦੇ ਹਿਤਾਂ ਦੀ ਰਾਖੀ ਲਈ ਤਤਪਰ ਹੈ।ਮੀਟਿੰਗ ਵਿੱਚ ਵਪਾਰੀਆਂ ਨੇ ਆਪਣੀ ਸਮੱਸਿਆਵਾਂ ਦੱਸੀਆਂ, ਜਿਸ 'ਤੇ ਐੱਸ ਡੀ ਐੱਮ ਸੁਖਪਾਲ ਸਿੰਘ ਨੇ ਸਾਰੇ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ ਕੀਤੇ ਕਿ ਉਹ ਸ੍ਰੀ ਅਨੰਦਪੁਰ ਸਾਹਿਬ ਦੇ ਬਜ਼ਾਰਾਂ ਵਿੱਚ ਆ ਰਹੀਆਂ ਸਮੱਸਿਆਵਾਂ ਨੂੰ ਹੱਲ ਕਰਨ।ਟ੍ਰੇਡਰ ਕਮਿਸ਼ਨ ਦੇ ਚੇਅਰਮੈਨ ਗੁਰਪ੍ਰੀਤ ਅਰੋੜਾ ਨੇ ਵਪਾਰੀਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ ਅਤੇ ਸੰਬੰਧਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਇਸ ਮੌਕੇ ਚੇਅਰਮੈਨ ਦਾਰਾ ਸਿੰਘ ਰੂਪਨਗਰ, ਇੰਦਰਜੀਤ ਸਿੰਘ ਅਰੋੜ ਪ੍ਰਧਾਨ ਵਪਾਰ ਮੰਡਲ, ਜਪਨਜੋਤ ਸ਼ੈਫੀ, ਮਨਿੰਦਰਪਾਲ ਮਨੀ, ਪ੍ਰਿੰਸ, ਨਵੀਨ ਛਾਬੜਾ, ਸੰਤੋਖ ਸਹਿਗਲ, ਰਾਜੂ ਅਰੋੜਾ, ਤਜਿੰਦਰ ਸਿੰਘ ਚੰਨ ਆਦਿ ਮੌਜੂਦ ਸਨ।

# ਪੰਜਾਬ 'ਚ ਬੂਥ ਤੱਕ ਬਸਪਾ ਨੂੰ ਕੀਤਾ ਜਾਵੇਗਾ ਮਜਬੂਤ : ਗੌਤਮ

**ਜਲੰਧਰ (ਸ਼ੈਲੀ ਐਲਬਰਟ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਲਗਾਏ ਗਏ ਮੁੱਖ ਕੇਂਦਰੀ ਇੰਚਾਰਜ ਤੇ ਰਾਜ ਸਭਾ ਮੈਂਬਰ ਇੰਜ. ਰਾਮਜੀ ਗੌਤਮ ਨੇ ਕਿਹਾ ਕਿ ਉਹ ਪੰਜਾਬ ਭਰ ਵਿੱਚ ਬਸਪਾ ਦੇ ਸੰਗਠਨ ਨੂੰ ਬੂਥ ਪੱਧਰ ਤੱਕ ਮਜ਼ਬੂਤ ਕਰਨ ਦਾ ਕੰਮ ਕਰਨਗੇ, ਤਾਂ ਕਿ ਬਸਪਾ ਨੂੰ ਸੂਬੇ ਦੀ ਸੱਤਾ ਵਿੱਚ ਲਿਆਇਆ ਜਾ ਸਕੇ। ਉਹ ਬਸਪਾ ਦੇ ਜਲੰਧਰ ਵਿਖੇ ਸੂਬਾ ਦਫ਼ਤਰ ਵਿੱਚ ਪਾਰਟੀ ਆਗੂਆਂ ਨੂੰ ਸੰਬੋਧਿਤ ਕਰ ਰਹੇ ਸਨ। ਬਸਪਾ ਦੇ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਵੱਲੋਂ ਬੀਤੇ ਦਿਨੀਂ ਰਾਮਜੀ ਗੌਤਮ ਨੂੰ ਰਣਧੀਰ ਸਿੰਘ ਬੈਣੀਵਾਲ ਦੀ ਜਗ੍ਹਾ 'ਤੇ ਸੂਬੇ ਦਾ ਮੁੱਖ ਇੰਚਾਰਜ ਲਗਾਇਆ ਗਿਆ ਹੈ। ਉਨ੍ਹਾਂ ਨਾਲ ਵਿਪੁਲ ਕੁਮਾਰ ਨੂੰ ਵੀ ਪੰਜਾਬ ਦਾ ਕੇਂਦਰੀ ਇੰਚਾਰਜ ਲਗਾਇਆ ਗਿਆ ਹੈ। ਸੂਬਾ ਦਫ਼ਤਰ ਵਿਖੇ ਮੀਟਿੰਗ ਵਿੱਚ ਪਹੁੰਚਣ ਤੋਂ ਪਹਿਲਾਂ ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ, ਬਸਪਾ ਵਿਧਾਇਕ ਡਾ. ਨਛੱਤਰ ਪਾਲ ਤੇ ਪਾਰਟੀ ਵਰਕਰਾਂ ਨੇ ਦੋਵੇਂ ਸੂਬਾ ਇੰਚਾਰਜਾਂ ਦਾ ਜਲੰਧਰ ਕੈਂਟ ਰੇਲਵੇ ਸਟੇਸ਼ਨ 'ਤੇ ਪਹੁੰਚਣ 'ਤੇ ਭਰਵਾਂ ਸਵਾਗਤ ਕੀਤਾ। ਸੂਬਾ ਦਫ਼ਤਰ ਵਿਖੇ ਪਾਰਟੀ ਆਗੂਆਂ ਨੂੰ ਸੰਬੋਧਨ ਕਰਦਿਆਂ ਇੰਜ. ਰਾਮਜੀ ਗੌਤਮ ਮੈਂਬਰ ਰਾਜ ਸਭਾ



ਨੇ ਕਿਹਾ ਕਿ ਪੰਜਾਬ ਵਿੱਚ ਬਸਪਾ ਲੀਡਰਸ਼ਿਪ ਤੇ ਸੰਗਠਨ ਸੂਬੇ ਦੀ ਅਗਵਾਈ ਲਈ ਸਮਰੱਥ ਹੈ। ਬਸਪਾ ਨੂੰ ਸੱਤਾ ਵਿੱਚ ਲਿਆ ਕੇ ਪੰਜਾਬ ਦੀਆਂ ਦਰਵੇਸ਼ ਸਮੱਸਿਆਵਾਂ ਦਾ ਹੱਲ ਕੱਢਿਆ ਜਾਵੇਗਾ ਤੇ ਸੂਬੇ ਦੇ ਲੋਕਾਂ ਨੂੰ ਖੁਸ਼ਹਾਲੀ ਵੱਲ ਲਿਜਾਇਆ ਜਾਵੇਗਾ। ਕੇਂਦਰੀ ਇੰਚਾਰਜ ਵਿਪੁਲ ਕੁਮਾਰ ਨੇ ਵੀ ਸੂਬੇ ਵਿੱਚ ਸੱਤਾ ਪ੍ਰਾਪਤੀ ਦੇ ਟੀਚੇ ਨੂੰ ਪੂਰਾ ਕਰਨ ਲਈ ਪਾਰਟੀ ਕੇਡਰ ਨੂੰ ਉਤਸ਼ਾਹਿਤ ਕੀਤਾ। ਬਸਪਾ ਦੇ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਵੱਲੋਂ ਅਜੀਤ ਸਿੰਘ ਭੈਣੀ ਤੇ ਕੁਲਦੀਪ ਸਿੰਘ ਸਰਦੂਲਗੜ੍ਹ ਨੂੰ ਵੀ ਸੂਬਾ ਇੰਚਾਰਜ ਲਗਾਇਆ ਗਿਆ ਹੈ। ਉਨ੍ਹਾਂ ਨੇ ਵੀ ਭੈਣ ਕੁਮਾਰੀ ਮਾਇਆਵਤੀ ਦਾ ਆਪਣੀ ਨਿਯੁਕਤੀ ਲਈ ਧੰਨਵਾਦ ਕੀਤਾ। ਇਸ ਮੌਕੇ ਬਸਪਾ ਦੇ ਸੂਬਾ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਨਵੇਂ ਇੰਚਾਰਜ ਦਾ ਧੰਨਵਾਦ ਕੀਤਾ। ਇਸ ਦੌਰਾਨ ਬਸਪਾ ਦੇ ਜ਼ੋਨ ਇੰਚਾਰਜ ਗੁਰਨਾਮ ਚੌਧਰੀ, ਤੀਰਥ ਰਾਜਪੁਰਾ, ਬਲਵਿੰਦਰ ਕੁਮਾਰ ਐਡਵੋਕੇਟ, ਲਾਲ ਸਿੰਘ ਸੁਲਹਾਣੀ, ਹਰਭਜਨ ਸਿੰਘ ਬਜਹੇੜੀ, ਬਲਜੀਤ ਸਿੰਘ ਸਲਾਣਾ, ਇੰਜ. ਜਸਵੰਤ ਰਾਏ, ਰਾਜਾ ਰਾਜਿੰਦਰ ਨਨਹੇੜੀਆ, ਬ੍ਰਿਜਪਾਲ ਚੰਡੀਗੜ੍ਹ, ਡਾ. ਮੱਖਣ ਸਿੰਘ, ਪ੍ਰਵੀਨ ਬੰਗਾ, ਤਰਸੇਮ ਥਾਪਰ, ਗੁਰਬਖ਼ਸ਼ ਸਿੰਘ, ਅਮਰਜੀਤ ਹਾਜ਼ਰ ਸਨ।

## ਅਧਿਆਪਕ ਜਥੇਬੰਦੀਆਂ ਵੱਲੋਂ ਡੀ ਸੀ ਰਾਹੀਂ ਮੁੱਖ ਮੰਤਰੀ ਨੂੰ ਮੰਗ ਪੱਤਰ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ, ਪਰਮਜੀਤ ਸਿੰਘ)**-ਪੰਜਾਬ ਦੀਆਂ 6 ਸੰਘਰਸ਼ਸ਼ੀਲ ਅਧਿਆਪਕ ਜਥੇਬੰਦੀਆਂ ਦੇ ਸੱਦੇ 'ਤੇ ਅਧਿਆਪਕ ਮਸਲਿਆਂ ਦੇ ਹੱਲ ਲਈ ਪੰਜਾਬ ਭਰ ਵਿੱਚ ਡਿਪਟੀ ਕਮਿਸ਼ਨਰਾਂ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਮ ਮੰਗ ਪੱਤਰ ਭੇਜੇ ਗਏ।ਮੁਕਤਸਰ ਵਿੱਚ ਡਿਪਟੀ ਕਮਿਸ਼ਨਰ ਦੀ ਗੈਰ-ਹਾਜ਼ਰੀ ਦੌਰਾਨ ਜਥੇਬੰਦੀਆਂ ਦੇ ਵਫ਼ਦ ਨੇ ਖੇਤਰੀ ਅਫ਼ਸਰ ਮੁੱਖ ਮੰਤਰੀ ਜੀ. ਏ. ਨੂੰ ਮੰਗ ਪੱਤਰ ਸੌਂਪਿਆ।ਜਥੇਬੰਦੀਆਂ ਦੇ ਆਗੂ ਲਖਵੀਰ ਸਿੰਘ ਹਰੀਕੇ, ਸ਼ਰਨਦੀਪ ਸਿੰਘ, ਮਨਵੀਰਜੋਤ ਸਿੰਘ, ਪਵਨ ਕੁਮਾਰ, ਬਲਦੇਵ ਸਿੰਘ ਤੇ ਜੀਵਨ ਸਿੰਘ ਬਧਾਈ ਨੇ ਅਧਿਆਪਕ ਮੰਗਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਕਿਹਾ ਕਿ ਆਪ ਸਰਕਾਰ ਦੇ ਪੰਜ ਸਾਲ ਪੂਰੇ ਹੋਣ ਦੇ ਬਾਵਜੂਦ ਅਧਿਆਪਕਾਂ ਦੀਆਂ ਮੰਗਾਂ ਹਾਲੇ ਤੱਕ ਲਟਕੀਆਂ ਹੋਈਆਂ ਹਨ।ਆਗੂਆਂ ਨੇ 17 ਜੁਲਾਈ 2020 ਤੋਂ ਬਾਅਦ ਭਰਤੀ ਅਧਿਆਪਕਾਂ 'ਤੇ ਲਾਗੂ ਅਧੂਰੇ ਤਨਖਾਹ ਸਕੇਲ ਰੱਦ ਕਰਕੇ ਪੰਜਾਬ ਦੇ ਪੇ-ਸਕੇਲ ਬਹਾਲ ਕਰਨ, ਰੋਕਾਸਟ ਅਧਿਆਪਕਾਂ ਨੂੰ ਸੀਨੀਆਰਤਾ ਸੂਚੀ ਵਿੱਚ ਸ਼ਾਮਲ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, ਡੀ.ਏ. ਬਕਾਏ ਜਾਰੀ ਕਰਨ ਤੇ ਵੱਖ-ਵੱਖ ਕੈਟਾਗਰੀ ਦੇ ਅਧਿਆਪਕਾਂ ਨੂੰ ਰੈਗੂਲਰ ਕਰਨ ਦੀ ਮੰਗ ਕੀਤੀ।ਜਥੇਬੰਦੀਆਂ ਨੇ ਚੇਤਾਵਨੀ ਦਿੱਤੀ ਕਿ ਜੇ ਮੰਗਾਂ ਨਾ ਮੰਨੀਆਂ ਗਈਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ।ਉਨ੍ਹਾਂ ਐਲਾਨ ਕੀਤਾ ਕਿ 11 ਮਈ ਨੂੰ ਡੀ.ਐੱਸ.ਈ. ਸੈਕੰਡਰੀ ਤੇ ਐਲੀਮੈਂਟਰੀ ਨੂੰ ਮਾਸ ਡੈਪੂਟੇਸ਼ਨ ਦਿੱਤਾ ਜਾਵੇਗਾ।

## ਕਾਂਸਟੇਬਲ ਜਸਵਿੰਦਰ ਸਿੰਘ ਡੀ ਜੀ ਪੀ ਡਿਸਕ ਨਾਲ ਸਨਮਾਨਤ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਪੁਲਸ ਵੱਲੋਂ ਕਾਨੂੰਨ-ਵਿਵਸਥਾ ਨੂੰ ਮਜ਼ਬੂਤ ਬਣਾਉਣ ਤੇ ਅਪਰਾਧ 'ਤੇ ਨਕੇਲ ਕੱਸਣ ਲਈ ਲਗਾਤਾਰ ਪ੍ਰਭਾਵਸ਼ਾਲੀ ਕਦਮ ਚੁੱਕੇ ਜਾ ਰਹੇ ਹਨ।ਇਸ ਸੰਦਰਭ ਵਿੱਚ ਆਪਣੀ ਡਿਊਟੀ ਪ੍ਰਤੀ ਨਿਸ਼ਠਾ, ਇਮਾਨਦਾਰੀ ਤੇ ਸ਼ਾਨਦਾਰ ਕਾਰਗੁਜ਼ਾਰੀ ਦਾ ਪ੍ਰਦਰਸ਼ਨ ਕਰਨ ਵਾਲੇ ਸੀਨੀਅਰ ਕਾਂਸਟੇਬਲ ਜਸਵਿੰਦਰ ਸਿੰਘ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਹੈ।ਐੱਸ.ਐੱਸ.ਪੀ. ਮੋਗਾ ਅਜੈ ਗਾਂਧੀ ਵੱਲੋਂ ਸੀਨੀਅਰ ਕਾਂਸਟੇਬਲ ਜਸਵਿੰਦਰ ਸਿੰਘ ਨੂੰ ਉਨ੍ਹਾਂ ਦੀਆਂ ਕਾਮਯਾਬੀਆਂ ਤੇ ਉਤਕ੍ਰਿਸ਼ਟ ਕਾਰਗੁਜ਼ਾਰੀ ਲਈ ਡੀ.ਜੀ.ਪੀ. ਡਿਸਕ ਨਾਲ ਸਨਮਾਨਤ ਕੀਤਾ ਗਿਆ। ਜਸਵਿੰਦਰ ਸਿੰਘ ਨੇ ਆਪਣੀ ਡਿਊਟੀ ਦੌਰਾਨ ਬੇਮਿਸਾਲ ਹੌਂਸਲਾ, ਚੁਸਤਤਾ ਤੇ ਜ਼ਿੰਮੇਵਾਰੀ ਦਾ ਪਰਚਾ ਦਿੰਦੇ ਹੋਏ ਵਿਭਾਗ ਦਾ ਮਾਣ ਵਧਾਇਆ ਹੈ।ਐੱਸ.ਐੱਸ.ਪੀ. ਮੋਗਾ ਨੇ ਕਿਹਾ ਕਿ ਇਸ ਤਰ੍ਹਾਂ ਦੀ ਲਗਨ ਤੇ ਮਿਹਨਤ ਨਾਲ ਕੰਮ ਕਰਨ ਵਾਲੇ ਅਧਿਕਾਰੀਆਂ/ਕਰਮਚਾਰੀਆਂ ਨੂੰ ਹਮੇਸ਼ਾ ਉਤਸ਼ਾਹਤ ਤੇ ਸਨਮਾਨਤ ਕੀਤਾ ਜਾਵੇਗਾ।

## ਡਾ. ਚਾਰੂ ਸਿੰਗਲਾ ਨੇ ਆਮ ਆਦਮੀ ਕਲੀਨਿਕ 'ਚ ਅਹੁਦਾ ਸੰਭਾਲਿਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਗਿੱਦੜਬਾਹਾ ਦੇ ਨਾਮਵਰ ਵਕੀਲ ਤੇ ਸਮਾਜਸੇਵੀ ਐੱਨ ਡੀ ਸਿੰਗਲਾ ਦੀ ਬੇਟੀ ਡਾ. ਚਾਰੂ ਸਿੰਗਲਾ ਨੇ ਬੀਤੇ ਦਿਨ ਲੰਬੀ ਬਲਾਕ ਦੇ ਪਿੰਡ ਕੰਦੂ ਖੇੜਾ ਵਿਖੇ ਸਥਿਤ ਆਮ ਆਦਮੀ ਕਲੀਨਿਕ ਵਿੱਚ ਡਾਕਟਰ ਵਜੋਂ ਅਹੁਦਾ ਸੰਭਾਲਿਆ।ਬੀਤੇ ਦਿਨ ਜ਼ਿਲ੍ਹੇ ਦੇ ਸਿਵਲ ਸਰਜਨ ਡਾ. ਸੁਨੀਲ ਬਾਂਸਲ ਨੇ ਡਾ. ਚਾਰੂ ਸਿੰਗਲਾ ਨੂੰ ਨਿਯੁਕਤੀ ਪੱਤਰ ਸੌਂਪਿਆ।ਇਸ ਮੌਕੇ ਡਾ. ਚਾਰੂ ਸਿੰਗਲਾ ਦੇ ਪਿਤਾ ਐਡਵੋਕੇਟ ਐੱਨ ਡੀ ਸਿੰਗਲਾ ਨੇ ਕਿਹਾ ਕਿ ਉਨ੍ਹਾਂ ਦੀ ਬੇਟੀ ਡਾ. ਚਾਰੂ ਸਿੰਗਲਾ ਨੇ ਹਮੇਸ਼ਾ ਪੜ੍ਹਾਈ ਵਿੱਚ ਮਿਹਨਤ ਤੇ ਲਗਨ ਨਾਲ ਅੱਗੇ ਵਧਦਿਆਂ ਇਹ ਮੁਕਾਮ ਹਾਸਲ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਨੂੰ ਆਪਣੀ ਬੇਟੀ 'ਤੇ ਮਾਣ ਹੈ ਤੇ ਉਹ ਆਸ ਕਰਦੇ ਹਨ ਕਿ ਡਾ. ਚਾਰੂ ਸਿੰਗਲਾ ਆਪਣੇ ਜ਼ਿੰਮੇਦਾਰੀ ਨੂੰ ਪੂਰੀ ਇਮਾਨਦਾਰੀ, ਸਮਰਪਣ ਤੇ ਸੇਵਾ ਭਾਵਨਾ ਨਾਲ ਨਿਭਾਉਂਦਿਆਂ ਇਲਾਕੇ ਦੇ ਲੋਕਾਂ ਨੂੰ ਵਧੀਆ ਸਿਹਤ ਸੇਵਾਵਾਂ ਪ੍ਰਦਾਨ ਕਰੇਗੀ।ਦੂਜੇ ਪਾਸ ਡਾ. ਚਾਰੂ ਸਿੰਗਲਾ ਦੀ ਨਿਯਕੁਤੀ 'ਤੇ ਗਿੱਦੜਬਾਹਾ ਦੇ ਵਕੀਲ ਭਾਈਚਾਰੇ ਤੇ ਸਮੂਹ ਸਮਾਜਸੇਵੀਆਂ ਨੇ ਸਿੰਗਲਾ ਪਰਵਾਰ ਨੂੰ ਵਧਾਈ ਦਿੱਤੀ ਹੈ।

## ਧਾਰਮਿਕ ਪ੍ਰੀਖਿਆ 'ਚ ਸਪਰਿੰਗ ਡਿਊ ਸਕੂਲ ਨਾਨਕਸਰ ਦੇ ਵਿਦਿਆਰਥੀ ਅੱਵਲ



**ਜਗਰਾਓਂ (ਅਮਿਤ ਖੰਨਾ)**-ਸਿੱਖ ਮਿਸ਼ਨਰੀ ਕਾਲਜ ਲੁਧਿਆਣਾ ਵੱਲੋਂ ਲਈ ਗਈ ਧਾਰਮਿਕ ਪ੍ਰੀਖਿਆ ਵਿੱਚ ਸਪਰਿੰਗ ਡਿਊ ਪਬਲਿਕ ਸਕੂਲ ਨਾਨਕਸਰ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਪ੍ਰੀਖਿਆ ਵਿੱਚ ਸਕੂਲ ਦੇ ਕੁੱਲ 82 ਵਿਦਿਆਰਥੀਆਂ ਨੇ ਭਾਗ ਲਿਆ, ਜਿਨ੍ਹਾਂ ਵਿੱਚੋਂ 11 ਵਿਦਿਆਰਥੀਆਂ ਨੇ ਅੱਵਲ ਸਥਾਨ ਪ੍ਰਾਪਤ ਕਰਕੇ ਟ੍ਰਾਫੀਆਂ ਤੇ ਐਵਾਰਡ ਆਫ ਆਨਰ ਆਪਣੇ ਨਾਮ ਕੀਤੇ।ਬਾਕੀ ਸਾਰੇ ਵਿਦਿਆਰਥੀਆਂ ਨੂੰ ਉਤਸ਼ਾਹ ਵਧਾਉਣ ਲਈ ਸਰਟੀਫਿਕੇਟ ਪ੍ਰਦਾਨ ਕੀਤੇ ਗਏ।ਇਸ ਮੌਕੇ ਸਕੂਲ ਵਿੱਚ ਖੁਸ਼ੀ ਤੇ ਮਾਣ ਦਾ ਮਾਹੌਲ ਦੇਖਣ ਨੂੰ ਮਿਲਿਆ।ਜੇਤੂ ਵਿਦਿਆਰਥੀਆਂ ਵਿੱਚ ਅਵਨੂਰ ਕੌਰ, ਅਰਸ਼ਦੀਪ ਸਿੰਘ, ਖੁਸ਼ਪ੍ਰੀਤ ਕੌਰ, ਇੰਦਰਜੀਤ ਕੌਰ, ਸਮਰੀਤਜੀਤ ਕੌਰ, ਪ੍ਰਭਗੁਣ ਧਾਲੀਵਾਲ, ਮਨਸਹਿਜ ਸਿੰਘ, ਇਕ ਨੂਰ ਕੌਰ ਤੇ ਦਲਜੀਤ ਕੌਰ ਸਮੇਤ ਹੋਰ ਵਿਦਿਆਰਥੀਆਂ ਦੇ ਨਾਮ ਸ਼ਾਮਲ ਹਨ।ਵਿਦਿਆਰਥੀਆਂ ਦੀ ਇਸ ਪ੍ਰਾਪਤੀ ਨੇ ਨਾ ਸਿਰਫ ਮਾਪਿਆਂ, ਸਗੋਂ ਅਧਿਆਪਕਾਂ ਦਾ ਨਾਮ ਵੀ ਰੋਸ਼ਨ ਕੀਤਾ ਹੈ।ਸਕੂਲ ਦੇ ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਧਾਰਮਿਕ ਤੇ ਨੈਤਿਕ ਸਿੱਖਿਆ ਨਾਲ ਜੋੜਨ ਲਈ ਲਗਾਤਾਰ ਪ੍ਰੇਰਿਤ ਕੀਤਾ, ਜਿਸ ਦਾ ਨਤੀਜਾ ਇਸ ਸ਼ਾਨਦਾਰ ਸਫਲਤਾ ਦੇ ਰੂਪ ਵਿੱਚ ਸਾਹਮਣੇ ਆਇਆ।ਸਕੂਲ ਪ੍ਰਿੰਸੀਪਲ ਰੀਨਾ ਜੈਦਿਕਾ ਤੇ ਵਾਈਸ ਪ੍ਰਿੰਸੀਪਲ ਬੇਅੰਤ ਬਾਵਾ ਅਤੇ ਸਕੂਲ ਪ੍ਰਬੰਧਕਾਂ ਵੱਲੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਤ ਕਰਦੇ ਹੋਏ ਉਨ੍ਹਾਂ ਦੇ ਚੰਗੇ ਭਵਿੱਖ ਲਈ ਸ਼ੁਭ-ਕਾਮਨਾਵਾਂ ਦਿੱਤੀਆਂ ਗਈਆਂ।ਇਸ ਮੌਕੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰੈਜ਼ੀਡੈਂਟ ਸ਼੍ਰੀ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਸ਼੍ਰੀ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਸ੍ਰ. ਬਹਾਦੁਰ ਸਿੰਘ ਸਿੱਧੂ ਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਹਾਜ਼ਰ ਸਨ।

## ਪੂਨਮਦੀਪ ਕੌਰ ਦੇ ਡੀ ਸੀ ਸੰਗਰੂਰ ਲੱਗਣ 'ਤੇ ਕੰਬੋਜ ਭਾਈਚਾਰੇ 'ਚ ਖੁਸ਼ੀ ਦੀ ਲਹਿਰ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਦੀ ਜੰਮਪਲ ਤੇ ਸ਼ਹਿਰ ਦੇ ਇਕ ਪ੍ਰਤਿਸ਼ਠਤ ਪਰਿਵਾਰ ਸ੍ਰ. ਕੁਲਵੀਰ ਸਿੰਘ ਕੰਬੋਜ ਦੀ ਬੇਟੀ ਬੀਬਾ ਪੂਨਮਦੀਪ ਕੌਰ ਦੇ ਆਪਣੇ ਗ੍ਰਹਿ ਜ਼ਿਲ੍ਹੇ ਸੰਗਰੂਰ ਵਿੱਚ ਬਤੌਰ ਡਿਪਟੀ ਕਮਿਸ਼ਨਰ ਦਾ ਚਾਰਜ ਸੰਭਾਲਣ 'ਤੇ ਜਿੱਥੇ ਉਨ੍ਹਾਂ ਦੇ ਭਰਾ ਐਡਵੋਕੇਟ ਗਗਨਦੀਪ ਸਿੰਘ ਤੇ ਉਨ੍ਹਾਂ ਦੀ ਭਰਜਾਈ ਪ੍ਰਿੰਸੀਪਲ ਮੈਡਮ ਰਣਜੀਤ ਕੌਰ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ, ਉਥੇ ਸਮੂਹ ਕੰਬੋਜ ਭਾਈਚਾਰੇ ਵੱਲੋਂ ਵੀ ਉਨ੍ਹਾਂ ਦੇ ਅਹੁਦਾ ਸੰਭਾਲਣ 'ਤੇ ਫ਼ਖ਼ਰ ਮਹਿਸੂਸ ਕੀਤਾ।ਸ਼ਹੀਦ ਊਧਮ ਸਿੰਘ ਯਾਦਗਾਰੀ ਕਮੇਟੀ ਮੇਨ ਦੀ ਸ਼ਹੀਦ ਦੇ ਜੱਦੀ ਘਰ ਵਿਖੇ ਹੋਈ ਮੀਟਿੰਗ ਵਿੱਚ ਪੂਨਮਦੀਪ ਕੌਰ ਨੂੰ ਡਿਪਟੀ ਕਮਿਸ਼ਨਰ ਸੰਗਰੂਰ ਲਾਉਣ ਲਈ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਧੰਨਵਾਦ ਕੀਤਾ।ਇਸ ਮੌਕੇ ਖੁਸ਼ੀ ਸਾਂਝੀ ਕਰਦਿਆਂ ਕਮੇਟੀ ਦੇ ਪ੍ਰਧਾਨ ਮਨਦੀਪ ਸਿੰਘ ਜੋਸ਼ਨ ਤੇ ਚੇਅਰਮੈਨ ਮਾਸਟਰ ਕੇਹਰ ਸਿੰਘ ਨੇ ਕਿਹਾ ਕਿ ਇਹ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ ਕਿ ਉਨ੍ਹਾਂ ਦੀ ਭੈਣ ਅੱਜ ਜ਼ਿਲ੍ਹੇ ਦੇ ਸਭ ਤੋਂ ਉੱਚੇ ਪਦ 'ਤੇ ਆਸੀਨ ਹੋਈ ਹੈ।ਇਸ ਮੌਕੇ ਉਨ੍ਹਾਂ ਪੂਨਮਦੀਪ ਕੌਰ ਤੇ ਉਸ ਦੇ ਪਰਵਾਰ ਨੂੰ ਡਿਪਟੀ ਕਮਿਸ਼ਨਰ ਸੰਗਰੂਰ ਲੱਗਣ 'ਤੇ ਵਧਾਈ ਦਿੱਤੀ। ਇਸ ਮੌਕੇ ਸੋਨੂੰ ਵਰਮਾ, ਹਰਨੇਕ ਸਿੰਘ ਨੱਢੇ, ਜਸਵਿੰਦਰ ਸਿੰਘ ਬੌਬੀ, ਮਾਸਟਰ ਕਰਮ ਸਿੰਘ, ਰਣਵੀਰ ਸਿੰਘ ਰਾਣਾ, ਪ੍ਰਿਤਪਾਲ ਸਿੰਘ ਥਿੰਦ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮੈਂਬਰ ਹਾਜ਼ਰ ਸਨ।

## ਰਵਜੋਤ ਗਰੇਵਾਲ ਨੇ ਐੱਸ ਐੱਸ ਪੀ ਵਜੋਂ ਅਹੁਦਾ ਸੰਭਾਲਿਆ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਵੱਲੋਂ ਸੰਗਰੂਰ ਵਿਖੇ ਨਵੇਂ ਐੱਸ.ਐੱਸ.ਪੀ. ਵਜੋਂ ਤਾਇਨਾਤ ਕੀਤੇ ਆਈ.ਪੀ.ਐੱਸ. ਅਧਿਕਾਰੀ ਰਵਜੋਤ ਗਰੇਵਾਲ ਨੇ ਆਪਣਾ ਅਹੁਦਾ ਸੰਭਾਲ ਲਿਆ ਹੈ।ਇਸ ਮੌਕੇ ਪੁਲਸ ਦੀ ਟੁਕੜੀ ਵੱਲੋਂ ਉਨ੍ਹਾਂ ਨੂੰ ਗਾਰਡ ਆਫ ਆਨਰ ਵੀ ਦਿੱਤਾ ਗਿਆ। ਇਸ ਮੌਕੇ ਰਵਜੋਤ ਗਰੇਵਾਲ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਮਨ-ਕਾਨੂੰਨ ਦੀ ਸਥਿਤੀ ਬਣਾਏ ਰੱਖਣ ਸਮੇਤ ਨਸ਼ਿਆਂ ਤੇ ਜੁਰਮ ਦੀ ਰੋਕਥਾਮ ਲਈ ਪੁਲਸ ਨੂੰ ਸਹਿਯੋਗ ਕਰਨ।ਇਸ ਮੌਕੇ ਜ਼ਿਲ੍ਹਾ ਪੁਲਸ ਮੁਖੀ ਨੇ ਕਿਹਾ ਕਿ ਜ਼ਿਲ੍ਹਾ ਵਾਸੀਆਂ ਦੀਆਂ ਸਮੱਸਿਆਵਾਂ ਪਹਿਲ ਦੇ ਆਧਾਰ 'ਤੇ ਹੱਲ ਕਰਨ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ਤੇ ਹਰੇਕ ਨਾਗਰਿਕ ਦਾ ਉਨ੍ਹਾਂ ਦੇ ਦਫ਼ਤਰ ਵਿਖੇ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਥਾਣਿਆਂ, ਪੁਲਸ ਚੌਕੀਆਂ ਤੇ ਪੁਲਸ ਵਿਭਾਗ ਦੇ ਦਫਤਰਾਂ ਵਿੱਚ ਲੋਕਾਂ ਦੀ ਹਰ ਮੁਸ਼ਕਲ ਹੱਲ ਕਰਨਾ ਯਕੀਨੀ ਬਣਾਇਆ ਜਾਵੇਗਾ।ਸਮਾਜ ਵਿਰੋਧੀ ਅਨਸਰਾਂ ਵਿਰੁੱਧ ਨਕੇਲ ਹੋਰ ਕੱਸੀ ਜਾਵੇਗੀ ਤੇ ਜ਼ਿਲ੍ਹੇ ਅੰਦਰ ਅਮਨ, ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਮਜ਼ਬੂਤ ਕਰਨਾ ਪੁਲਸ ਪ੍ਰਸ਼ਾਸਨ ਦੀ ਪ੍ਰਮੁੱਖਤਾ ਹੋਵੇਗੀ।

## ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ ਵਿਖੇ ਇਨਾਮ ਵੰਡ ਸਮਾਰੋਹ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਬੰਧ ਅਧੀਨ ਚੱਲ ਰਹੇ ਮਾਤਾ ਸਾਹਿਬ ਕੌਰ ਖਾਲਸਾ ਗਰਲਜ਼ ਕਾਲਜ ਆਫ਼ ਐਜੂਕੇਸ਼ਨ ਪਟਿਆਲਾ ਵਿਖੇ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਸਮਾਰੋਹ ਵਿੱਚ ਡਾ. ਭੀਮ ਇੰਦਰ ਸਿੰਘ (ਡਾਇਰੈਕਟਰ, ਯੁਵਕ ਭਲਾਈ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ) ਨੇ ਮੁੱਖ ਮਹਿਮਾਨ ਵਜੋਂ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਤੇ ਜਥੇਦਾਰ ਜਸਮੇਰ ਸਿੰਘ ਲਾਛੜੂ ਉਚੇਚੇ ਤੌਰ 'ਤੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਕਾਲਜ ਪ੍ਰਿੰਸੀਪਲ ਡਾ. ਹਰਮੀਤ ਕੌਰ ਆਨੰਦ ਕੌਰ ਨੇ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ ਤੇ ਕਾਲਜ ਦੇ ਇਸ ਵਿੱਦਿਅਕ ਸੈਸ਼ਨ ਦੌਰਾਨ ਹੋਈਆਂ ਵੱਖ-ਵੱਖ ਸਰਗਰਮੀਆਂ ਤੇ ਪ੍ਰਾਪਤੀਆਂ ਦੇ ਸੰਬੰਧ ਵਿੱਚ ਕਾਲਜ ਦੀ ਸਾਲਾਨਾ ਰਿਪੋਰਟ ਪੜ੍ਹੀ।ਕਾਲਜ ਪ੍ਰਿੰਸੀਪਲ ਨੇ ਸਟਾਫ਼ ਤੇ ਵਿਦਿਆਰਥਣਾਂ ਦੀਆਂ ਉੱਘੀਆਂ ਪ੍ਰਾਪਤੀਆਂ, ਕਾਲਜ ਗਤੀਵਿਧੀਆਂ ਤੇ ਲੋੜਾਂ ਦਾ ਵੇਰਵਾ ਪੇਸ਼ ਕੀਤਾ।

ਉਨ੍ਹਾਂ ਇਨਾਮ ਹਾਸਲ ਕਰਨ ਵਾਲੇ ਸਾਰੇ ਵਿਦਿਆਰਥੀਆਂ ਨੂੰ ਮੁਬਾਰਕਬਾਦ ਦਿੱਤੀ ਤੇ ਕਿਹਾ ਕਿ ਮੈਂ ਵਹਿਗੁਰੂ ਅੱਗੇ ਅਰਦਾਸ ਕਰਦੀ ਹਾਂ ਕਿ ਆਉਣ ਵਾਲੇ ਸਮੇਂ ਵਿੱਚ ਕਾਲਜ ਹੋਰ ਤਰੱਕੀ ਕਰੇ ਤੇ ਇਸ ਨੂੰ ਉਚਾਈ ਦੀਆਂ ਸਿਖਰਾਂ 'ਤੇ ਪਹੁੰਚਾਉਣ ਲਈ ਸਾਨੂੰ ਸਭ ਨੂੰ ਹੋਰ ਸਖਤ ਮਿਹਨਤ ਕਰਨ ਦਾ ਉਤਸ਼ਾਹ ਤੇ ਸਮਰੱਥ ਬਖਸ਼ੇ। ਇਸ ਦੌਰਾਨ ਸਮੂਹ ਵਿਦਿਆਰਥੀਆਂ ਨੂੰ ਵੱਖ-ਵੱਖ ਪ੍ਰਾਪਤੀਆਂ ਲਈ ਇਨਾਮ ਤੇ ਸਰਟੀਫਿਕੇਟ ਦਿੱਤੇ ਗਏ। ਡਾ. ਭੀਮ ਇੰਦਰ ਸਿੰਘ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੀਆਂ ਪ੍ਰਾਪਤੀਆਂ ਲਈ ਮੁਬਾਰਕਬਾਦ ਦਿੱਤੀ ਤੇ ਵਿਦਿਆਰਥਣਾਂ ਨੂੰ ਚੰਗੇ ਅਧਿਆਪਕ ਬਣ ਕੇ ਆਪਣੇ ਸੱਭਿਆਚਾਰ ਦੀ ਸਾਂਭ ਸੰਭਾਲ ਕਰਨ ਲਈ ਕਿਹਾ।ਇਸ ਮੌਕੇ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦੇ ਹੋਏ ਕਿਹਾ ਕਿ ਤੁਸੀ ਆਉਣ ਵਾਲੇ ਸਮੇਂ ਦਾ ਭਵਿੱਖ ਬਣਨ ਜਾ ਰਹੇ ਹੋ।ਤੁਹਾਨੂੰ ਇਸ ਗੱਲ 'ਤੇ ਮਾਣ ਹੋਣਾ ਚਾਹੀਦਾ ਹੈ ਕਿ ਤੁਸੀਂ ਅਜਿਹੇ ਕਾਲਜ ਵਿੱਚ ਸਿੱਖਿਆ ਪ੍ਰਾਪਤ ਕਰ ਰਹੇ ਹੋ ਜਿੱਥੇ ਜ਼ਿੰਦਗੀ ਜਿਊਣ ਦਾ ਢੰਗ ਬਾਖੂਬੀ ਸਿਖਾਇਆ ਜਾਂਦਾ ਹੈ।

ਕਾਲਜ ਪ੍ਰਿੰਸੀਪਲ, ਡਾ. ਹਰਮੀਤ ਕੌਰ ਆਨੰਦ ਨੇ ਆਏ ਹੋਏ ਮੁੱਖ ਮਹਿਮਾਨ ਤੇ ਵਿਸ਼ੇਸ਼ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ।ਇਸ ਮੌਕੇ ਸ੍ਰ. ਹਰਬੰਸ ਸਿੰਘ (ਮੈਂਬਰ ਲੋਕਲ ਮੈਨੇਜਮੈਂਟ ਕਮੇਟੀ), ਮੀਤ ਮੈਨੇਜਰ ਨਵਜਿੰਦਰ ਸਿੰਘ, ਸ੍ਰ. ਸੁਖਦੇਵ ਸਿੰਘ, ਸੁਪਰਵਾਈਜ਼ਰ ਵਰਿੰਦਰ ਸਿੰਘ ਨਵਜੋਤ ਸਿੰਘ (ਪੰਜਾਬੀ ਯੂਨੀਵਰਸਿਟੀ, ਪਟਿਆਲਾ) ਤੇ ਪਤਵੰਤੇ ਮਹਿਮਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਇਸ ਦੌਰਾਨ ਕਾਲਜ ਦੀਆਂ ਵਿਦਿਆਰਥਣਾਂ ਨੇ ਸੱਭਿਆਚਾਰਕ ਪ੍ਰੋਗਰਾਮ ਦੀ ਪੇਸ਼ਕਾਰੀ ਕੀਤੀ।ਪ੍ਰੋ. ਸੁਖਦੀਪ ਕੌਰ ਜੱਸੜ ਨੇ ਮੁੱਖ ਮਹਿਮਾਨ ਤੇ ਆਏ ਹੋਏ ਸਮੂਹ ਮਹਿਮਾਨਾਂ ਦਾ ਧੰਨਵਾਦ ਕੀਤਾ।

## ਨੌਜਵਾਨ ਗਗਨਦੀਪ ਕਤਲ ਮਾਮਲੇ 'ਚ 3 ਹੋਰ ਕਾਬੂ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੇਟ ਇਲਾਕੇ ਦੇ ਪਿੰਡ ਹੇਡੋਂ ਬੇਟ ਦੇ ਨਿਵਾਸੀ ਗਗਨਦੀਪ ਸਿੰਘ ਉਰਫ਼ ਬਿੱਲਾ ਦੇ ਕਤਲ ਮਾਮਲੇ 'ਚ ਪੁਲਸ ਵੱਲੋਂ 3 ਹੋਰ ਵਿਅਕਤੀਆਂ ਲਵਦੀਪ ਸਿੰਘ ਤੇ ਹਰਜੀਤ ਸਿੰਘ (ਦੋਵੇਂ ਵਾਸੀਆਨ ਬੋਹਾਪੁਰ), ਦਵਿੰਦਰ ਸਿੰਘ ਵਾਸੀ ਤੱਖਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਥਾਣਾ ਮੁਖੀ ਪਵਿੱਤਰ ਸਿੰਘ ਨੇ ਦੱਸਿਆ ਕਿ ਰਤੀਪੁਰ ਰੋਡ 'ਤੇ ਖੂਨੀ ਝੜਪ ਦੌਰਾਨ ਨੌਜਵਾਨ ਗਗਨਦੀਪ ਸਿੰਘ ਦਾ ਕਤਲ ਹੋ ਗਿਆ ਸੀ, ਜਦਕਿ ਦੂਜਾ ਨੌਜਵਾਨ ਮਨਪ੍ਰੀਤ ਸਿੰਘ ਉਰਫ਼ ਮਨੀ ਵਾਸੀ ਲੱਖੋਵਾਲ ਹਸਪਤਾਲ ਵਿੱਚ ਇਲਾਜ ਅਧੀਨ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਵਿੱਚ 11 ਵਿਅਕਤੀ, ਜਿਨ੍ਹਾਂ ਦੀ ਪਹਿਚਾਣ ਕਰਕੇ ਮਾਮਲਾ ਦਰਜ ਕੀਤਾ ਗਿਆ ਸੀ ਤੇ ਕੁਝ ਅਣਪਛਾਤੇ ਵੀ ਸ਼ਾਮਲ ਹਨ। ਪੁਲਸ ਜ਼ਿਲ੍ਹਾ ਖੰਨਾ ਦੇ ਐੱਸ.ਐੱਸ.ਪੀ. ਡਾ. ਦਰਪਨ ਆਹਲੂਵਾਲੀਆ ਦੇ ਨਿਰਦੇਸ਼ਾਂ ਤਹਿਤ ਟੀਮਾਂ ਵੱਲੋਂ ਲਗਾਤਾਰ ਮੁਲਜ਼ਮਾਂ ਨੂੰ ਫੜਨ ਲਈ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੇ ਹੋਰਨਾਂ ਸੂਬਿਆਂ ਵਿਚ ਵੀ ਛਾਪੇਮਾਰੀ ਕੀਤੀ ਗਈ, ਜਿਸ ਵਿੱਚ 5 ਮੁਲਜ਼ਮ ਪਹਿਲਾਂ ਗ੍ਰਿਫ਼ਤਾਰ ਕਰ ਲਏ ਗਏ ਅਤੇ ਅੱਜ 3 ਹੋਰ ਵਿਅਕਤੀਆਂ ਨੂੰ ਵੀ ਕਾਬੂ ਕਰ ਲਿਆ ਗਿਆ। ਉਨ੍ਹਾਂ ਕਿਹਾ ਕਿ ਗ੍ਰਿਫ਼ਤਾਰ ਕੀਤੇ ਸਾਰੇ ਵਿਅਕਤੀ ਕਤਲ ਘਟਨਾ 'ਚ ਸ਼ਾਮਲ ਸਨ। ਦੂਸਰੇ ਪਾਸੇ ਪਰਿਵਾਰ ਵੱਲੋਂ ਵੀ ਪੁਲਸ ਪ੍ਰਸ਼ਾਸਨ ਨੂੰ ਚਿਤਾਵਨੀ ਦਿੱਤੀ ਗਈ ਹੈ ਕਿ ਜੇਕਰ 15 ਮਈ ਤੱਕ ਗਗਨਦੀਪ ਸਿੰਘ ਬਿੱਲਾ ਦੇ ਸਾਰੇ ਕਾਤਲ ਗ੍ਰਿਫ਼ਤਾਰ ਨਹੀਂ ਕੀਤੇ ਜਾਂਦੇ ਤਾਂ ਉਹ ਰੋਸ ਪ੍ਰਦਰਸ਼ਨ ਕਰਨ ਨੂੰ ਮਜਬੂਰ ਹੋਣਗੇ।

## ਜਲ ਸਪਲਾਈ ਵਿਭਾਗ ਦੇ ਠੇਕਾ ਮੁਲਾਜ਼ਮਾਂ ਵੱਲੋਂ ਦਿੜ੍ਹਬਾ 'ਚ ਧਰਨਾ ਅੱਜ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ, ਪੂਜਾ, ਪਰਮਜੀਤ ਸਿੰਘ)**-ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੱਦੇ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਮੇਨ ਵਾਟਰ ਵਰਕਸ ਕੋਟਕਪੂਰਾ ਰੋਡ ਵਿਖੇ ਮੀਟਿੰਗ ਕੀਤੀ ਗਈ।

ਮੀਟਿੰਗ ਦੀ ਅਗਵਾਈ ਸੂਬਾ ਪ੍ਰਚਾਰ ਸਕੱਤਰ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਭੱਟੀ, ਜ਼ਿਲ੍ਹਾ ਜਨਰਲ ਸਕੱਤਰ ਸੁਰਜੀਤ ਸਿੰਘ ਤੱਖੀ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਬਿਕਰਮਜੀਤ ਸਿੰਘ ਕਪੂਰ ਨੇ ਕੀਤੀ।ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਕੱਚੇ ਤੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਦੇ ਨਾਂ 'ਤੇ ਪਿਛਲੇ ਚਾਰ ਸਾਲਾਂ ਤੋਂ ਸਿਰਫ਼ ਵਾਅਦੇ ਕੀਤੇ ਜਾ ਰਹੇ ਹਨ, ਪਰ ਹਕੀਕਤ ਵਿੱਚ ਕੋਈ ਕਾਰਵਾਈ ਨਹੀਂ ਕੀਤੀ ਗਈ।ਉਨ੍ਹਾਂ ਕਿਹਾ ਕਿ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਲੰਮੇ ਸਮੇਂ ਤੋਂ ਸੇਵਾਵਾਂ ਨਿਭਾਅ ਰਹੇ ਆਊਟਸੋਰਸ ਤੇ ਇਨਲਿਸਟਮੈਂਟ ਮੁਲਾਜ਼ਮਾਂ ਨਾਲ ਸਰਕਾਰ ਵੱਲੋਂ ਧੱਕੇਸ਼ਾਹੀ ਕੀਤੀ ਜਾ ਰਹੀ ਹੈ। ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਇਨਲਿਸਟਮੈਂਟ ਤੇ ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਮਰਜ ਕਰਕੇ ਰੈਗੂਲਰ ਕੀਤਾ ਜਾਵੇ, ਬਰਾਬਰ ਕੰਮ ਲਈ ਬਰਾਬਰ ਤਨਖਾਹ ਦਿੱਤੀ ਜਾਵੇ ਤੇ ਘੱਟੋ-ਘੱਟ ਉਜ਼ਰਤ ਕਾਨੂੰਨ ਲਾਗੂ ਕੀਤਾ ਜਾਵੇ।ਉਨ੍ਹਾਂ ਨਿੱਜੀਕਰਨ ਤੇ ਪੰਚਾਇਤੀਕਰਨ ਦੀ ਨੀਤੀ ਰੱਦ ਕਰਨ, ਈ.ਪੀ.ਐੱਫ. ਤੇ ਈ.ਐੱਸ.ਆਈ. ਸਕੀਮ ਲਾਗੂ ਕਰਨ ਅਤੇ ਹਾਦਸਿਆਂ ਦੀ ਸੂਰਤ ਵਿੱਚ ਯੋਗ ਮੁਆਵਜ਼ਾ ਤੇ ਪਰਿਵਾਰਕ ਮੈਂਬਰ ਨੂੰ ਨੌਕਰੀ ਦੇਣ ਦੀ ਵੀ ਮੰਗ ਕੀਤੀ।ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ 9 ਮਈ ਨੂੰ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਦਿੜ੍ਹਬਾ ਅੱਗੇ ਵੱਡੇ ਪੱਧਰ 'ਤੇ ਦਿਨ-ਰਾਤ ਦਾ ਧਰਨਾ ਦਿੱਤਾ ਜਾਵੇਗਾ, ਜਿਸ ਵਿੱਚ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਤੋਂ ਵੱਡੀ ਗਿਣਤੀ ਵਿੱਚ ਵਰਕਰ ਸ਼ਮੂਲੀਅਤ ਕਰਨਗੇ।

## ਪੰਜਾਬ 'ਚ 121 ਲੱਖ ਟਨ ਤੋਂ ਵੱਧ ਕਣਕ ਖਰੀਦੀ, 38 ਲੱਖ ਟਨ ਕਣਕ ਦੀ ਮੰਡੀਆਂ 'ਚ ਲਿਫਟਿੰਗ ਬਕਾਇਆ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਪੰਜਾਬ 'ਚ 'ਆਪ' ਦੀ ਸਵਾ 4 ਸਾਲ ਪੁਰਾਣੀ ਸਰਕਾਰ ਨੇ ਝੋਨੇ ਤੇ ਕਣਕ ਦੀ ਖ਼ਰੀਦ ਦੀਆਂ 9 ਫ਼ਸਲਾਂ ਕੇਂਦਰੀ ਭੰਡਾਰ ਵਾਸਤੇ ਪੂਰੀਆਂ ਕਰਕੇ ਇਕ ਰਿਕਾਰਡ ਕਾਇਮ ਕਰ ਦਿੱਤਾ ਹੈ।ਪੰਜਾਬ ਨੇ ਇਸ ਸੀਜ਼ਨ ਲਈ 122 ਲੱਖ ਟਨ ਕਣਕ ਖ਼ਰੀਦ ਦਾ ਟੀਚਾ ਲਗਭਗ ਪੂਰਾ ਕਰ ਲਿਆ ਹੈ।ਅਨਾਜ ਸਪਲਾਈ ਵਿਭਾਗ ਦੇ ਇਕ ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਸੂਬੇ ਦੇ ਖ਼ਰੀਦ ਕੇਂਦਰਾਂ 'ਚ ਅੱਜ ਤੱਕ ਕੁੱਲ 123 ਲੱਖ ਟਨ ਤੋਂ ਉਪਰ ਕਣਕ ਆ ਚੁੱਕੀ ਹੈ, ਜਿਸ ਵਿਚੋਂ 4 ਸਰਕਾਰੀ ਖਰੀਦ ਏਜੰਸੀਆਂ, ਪਨਗਰੇਨ, ਪਨਸਪ, ਮਾਰਕਫੈਡ ਤੇ ਵੇਅਰ ਹਾਊਸਿੰਗ ਕਾਰਪੋਰੇਸ਼ਨ ਨੇ ਕੁੱਲ ਮਿਲਾ ਕੇ 121 ਲੱਖ ਟਨ ਤੋਂ ਵੱਧ ਖ਼ਰੀਦ ਕਰ ਲਈ ਹੈ ਤੇ ਬਾਕੀ ਇਕ ਲੱਖ ਟਨ ਅਗਲੇ 2 ਦਿਨਾਂ ਵਿੱਚ ਕਰ ਲਈ ਜਾਵੇਗੀ। ਸੀਨੀਅਰ ਅਧਿਕਾਰੀ ਨੇ ਦੱਸਿਆ ਕਿ ਪ੍ਰਾਈਵੇਟ ਵਪਾਰੀਆਂ ਨੇ ਕੇਵਲ 1.50 ਲੱਖ ਟਨ ਕਣਕ ਦੀ ਖ਼ਰੀਦ ਕੀਤੀ ਹੈ ਤੇ ਰੋਜ਼ਾਨਾ ਅਜੇ ਵੀ 70,000 ਟਨ ਕਣਕ ਦੀ ਖ਼ਰੀਦ ਹੋ ਰਹੀ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੀ ਅਦਾਇਗੀ 30,050 ਕਰੋੜ ਤੱਕ ਕਰ ਦਿੱਤੀ ਗਈ ਹੈ।ਸੀਨੀਅਰ ਅਧਿਕਾਰੀ ਦਾ ਕਹਿਣਾ ਸੀ ਕਿ ਕੁੱਲ 2880 ਮੰਡੀਆਂ ਤੇ ਖ਼ਰੀਦ ਕੇਂਦਰਾਂ 'ਚੋਂ 2000 ਮੰਡੀਆਂ ਬੰਦ ਕਰ ਦਿੱਤੀਆਂ ਹਨ ਤੇ ਬਾਕੀ 880 ਵਿਚ ਕਣਕ ਦੀ ਖ਼ਰੀਦ 15 ਮਈ ਤੱਕ ਚੱਲਦੀ ਰਹੇਗੀ।ਉਨ੍ਹਾਂ ਦੱਸਿਆ ਕਿ ਜੂਨ ਮਹੀਨੇ ਤੋਂ ਅਗਲੀ ਝੋਨੇ ਦੀ ਫ਼ਸਲ ਖਰੀਦ ਵਾਸਤੇ ਵੱਡੇ ਪੱਧਰ 'ਤੇ ਬੰਦੋਬਸਤ ਕਰਨੇ ਸ਼ੁਰੂ ਹੋਣਗੇ।ਕਣਕ ਦੀ ਚੁਕਾਈ ਸਬੰਧੀ ਪੁੱਛੇ ਸਵਾਲ ਦੇ ਜਵਾਬ ਵਿਚ ਅਧਿਕਾਰੀ ਨੇ ਦੱਸਿਆ ਕਿ ਰੋਜ਼ਾਨਾ ਸਵਾ 4 ਲੱਖ ਟਨ ਦੇ ਹਿਸਾਬ ਨਾਲ ਹੁਣ ਤੱਕ 84 ਲੱਖ ਟਨ ਤੱਕ ਹੋ ਚੁੱਕੀ ਹੈ, ਬਾਕੀ 38 ਲੱਖ ਟਨ ਅਗਲੇ ਕੁੱਝ ਦਿਨਾਂ ਤੱਕ ਕਰ ਦਿੱਤੀ ਜਾਵੇਗੀ।ਐੱਫ਼.ਸੀ.ਆਈ ਵੱਲੋਂ ਪੰਜਾਬ ਤੋਂ ਦੂਜੇ ਰਾਜਾਂ ਨੂੰ ਕਣਕ ਭੇਜਣ ਲਈ ਲੋੜ ਅਨੁਸਾਰ ਰੇਲਵੇ ਰੈਕ ਮੁੱਹਈਆ ਨਾ ਕਰਾਉਣ ਦੇ ਕਾਰਨ ਮੰਡੀਆਂ 'ਚ ਅਜੇ ਵੀ 38 ਲੱਖ ਟਨ ਕਣਕ ਦੀ ਲਿਫਟਿੰਗ ਹੋਣੀ ਬਾਕੀ ਹੈ, ਜਿਸ ਕਾਰਨ ਆੜ੍ਹਤੀਆਂ ਤੇ ਲੇਬਰ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪੰਜਾਬ ਤੋਂ ਕਣਕ ਤੇ ਚਾਵਲਾਂ ਨੂੰ ਦੂਜੇ ਰਾਜਾਂ ਨੂੰ ਐੱਫ ਆਈ ਸੀ ਵੱਲੋਂ ਨਾ ਭੇਜਣ ਕਾਰਨ ਪੰਜਾਬ ਦੇ ਗੁਦਾਮ ਅਨਾਜ ਨਾਲ਼ ਨੱਕੋ ਨੱਕ ਭਰੇ ਪਏ ਹਨ, ਜਿਸ ਕਾਰਨ ਮੰਡੀਆਂ 'ਚੋਂ 1 ਮਹੀਨਾ ਬੀਤ ਜਾਣ ਮਗਰੋ ਵੀ ਖਰੀਦ ਕੀਤੀ ਜਾ ਚੁੱਕੀ ਕਣਕ ਦੀ ਲਿਫਟਿੰਗ ਨਹੀਂ ਹੋ ਰਹੀ!

## ਸਫਾ 3 ਦੇ ਬਾਕੀ...

### ਦੇਸ਼ ਭਗਤੀ ਦੇ ਸਰਟੀਫਿਕੇਟ...

ਹੋਏ ਮੁੱਖ ਮੰਤਰੀ ਨੇ ਕਿਹਾ ਕਿ ਸੁਨੀਲ ਜਾਖੜ ਵਰਗੇ ਆਗੂਆਂ ਨੂੰ ਅੰਤਰਝਾਤ ਮਾਰਨ ਦੀ ਲੋੜ ਹੈ ਕਿਉਂਕਿ ਉਹ ਇੱਕ ਆਮ ਪਰਵਾਰ ਦੇ ਪੁੱਤਰ ਨੂੰ ਸੂਬੇ ਦਾ ਮੁਖੀ ਬਣਨ ਤੋਂ ਬਾਅਦ ਇਮਾਨਦਾਰੀ ਨਾਲ ਪੰਜਾਬ ਦੀ ਸੇਵਾ ਕਰਦੇ ਦੇਖਣਾ ਬਰਦਾਸ਼ਤ ਨਹੀਂ ਕਰ ਸਕਦੇ। ਕਾਂਗਰਸ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਦੋਵਾਂ ਪਾਰਟੀਆਂ ਨੂੰ ਲੁਟੇਰੇ ਦੱਸਿਆ, ਜਿਨ੍ਹਾਂ ਨੇ ਆਮ ਲੋਕਾਂ ਦੀ ਭਲਾਈ ਨੂੰ ਨਜ਼ਰਅੰਦਾਜ਼ ਕਰਦੇ ਹੋਏ ਦਹਾਕਿਆਂ ਤੱਕ ਪੰਜਾਬ ਦੀ ਦੌਲਤ ਲੁੱਟੀ।ਉਨ੍ਹਾਂ ਕਿਹਾ ਕਿ ਵਿਰੋਧੀ ਪਾਰਟੀਆਂ ਪੰਜਾਬ ਨੂੰ ਲੁੱਟਣ ਦਾ ਇੱਕ ਹੋਰ ਮੌਕਾ ਮੰਗ ਰਹੀਆਂ ਹਨ, ਪਰ ਲੋਕ ਹੁਣ ਉਨ੍ਹਾਂ ਨੂੰ ਸੱਤਾ ਵਿੱਚ ਨਹੀਂ, ਬਲਕਿ ਜੇਲ੍ਹ ਭੇਜਣਗੇ।ਉਨ੍ਹਾ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਸੁਖਬੀਰ ਸਿੰਘ ਬਾਦਲ ਸੱਤਾ ਵਿੱਚ ਵਾਪਸ ਆਉਣ ਦੇ ਸੁਪਨੇ ਦੇਖ ਰਹੇ ਹਨ, ਪਰ ਪੰਜਾਬ ਦੇ ਸੂਝਵਾਨ ਲੋਕ ਉਨ੍ਹਾਂ ਲੋਕਾਂ ਨੂੰ ਦੁਬਾਰਾ ਕਦੇ ਵੋਟ ਨਹੀਂ ਦੇਣਗੇ ਜਿਨ੍ਹਾਂ ਨੇ ਵਾਰ-ਵਾਰ ਸੂਬੇ ਨਾਲ ਧੋਖਾ ਕੀਤਾ।ਉਸ ਨੇ ਉਮੀਦ ਪ੍ਰਗਟ ਕੀਤੀ ਕਿ ਬੇਅਦਬੀਆਂ ਵਿਰੁੱਧ ਸਖ਼ਤ ਕਾਨੂੰਨ ਭਵਿੱਖ ਵਿੱਚ ਬੇਅਦਬੀ ਦੀਆਂ ਘਟਨਾਵਾਂ ਵਿਰੁੱਧ ਮਜ਼ਬੂਤ ਕਦਮ ਸਾਬਤ ਹੋਵੇਗਾ ਅਤੇ ਕੋਈ ਵੀ ਦੁਬਾਰਾ ਅਜਿਹਾ ਅਪਰਾਧ ਕਰਨ ਦੀ ਹਿੰਮਤ ਨਹੀਂ ਕਰੇਗਾ।ਉਨ੍ਹਾਂ ਕਿਹਾ ਕਿ 'ਸ਼ੁਕਰਾਨਾ ਯਾਤਰਾ' ਦਾ ਇੱਕੋ-ਇੱਕ ਉਦੇਸ਼ ਇਸ ਮਹੱਤਵਪੂਰਨ ਕਾਨੂੰਨ ਨੂੰ ਪਾਸ ਕਰਨ ਲਈ ਉਨ੍ਹਾਂ ਨੂੰ ਤਾਕਤ ਅਤੇ ਬਲ ਬਖਸ਼ਣ ਲਈ ਪਰਮਾਤਮਾ ਦਾ ਧੰਨਵਾਦ ਕਰਨਾ ਹੈ।ਤੇਜ਼ ਗਰਮੀ ਦੇ ਬਾਵਜੂਦ ਵੱਡੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਦਾ ਧੰਨਵਾਦ ਕਰਦਿਆਂ ਉਨ੍ਹਾ ਕਿਹਾ ਕਿ ਉਹ ਲੋਕਾਂ ਦੇ ਪਿਆਰ ਲਈ ਪਰਮਾਤਮਾ ਦੇ ਧੰਨਵਾਦੀ ਹਨ।ਉਨ੍ਹਾ ਕਿਹਾ ਕਿ ਹਾਲਾਂਕਿ ਕੁਝ ਲੋਕ ਇਸ ਕਾਨੂੰਨ ਦਾ ਵਿਰੋਧ ਕਰ ਰਹੇ ਹਨ ਕਿਉਂਕਿ ਉਨ੍ਹਾਂ ਦੇ ਰਾਜਨੀਤਿਕ ਆਕਾ ਇਸ ਤੋਂ ਨਾਖੁਸ਼ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਕੁਝ ਲੋਕ ਇਸ ਸੰਵੇਦਨਸ਼ੀਲ ਮੁੱਦੇ 'ਤੇ ਸਿਰਫ਼ ਆਪਣੇ ਨਿੱਜੀ ਸਵਾਰਥਾਂ ਲਈ ਰਾਜਨੀਤੀ ਕਰ ਰਹੇ ਹਨ, ਕਿਉਂਕਿ ਉਹ ਜਾਣਦੇ ਹਨ ਕਿ ਉਹ ਜਲਦੀ ਹੀ ਆਪਣੇ ਬੱਜਰ ਗੁਨਾਹਾਂ ਲਈ ਸਲਾਖਾਂ ਪਿੱਛੇ ਜਾ ਸਕਦੇ ਹਨ।ਉਨ੍ਹਾ ਅੱਗੇ ਕਿਹਾ ਕਿ ਅਕਾਲੀ ਆਗੂਆਂ ਨੇ ਅਕਾਲ ਤਖ਼ਤ ਸਾਹਿਬ ਅੱਗੇ ਆਪਣੀਆਂ ਗਲਤੀਆਂ ਮੰਨ ਕੇ ਬਾਅਦ ਵਿੱਚ ਜਨਤਕ ਤੌਰ 'ਤੇ ਉਨ੍ਹਾਂ ਤੋਂ ਸ਼ਰੇਆਮ ਮੁੱਕਰ ਗਏ। ਉਨ੍ਹਾ ਕਿਹਾ ਕਿ ਜੋ ਲੋਕ ਅਕਾਲ ਤਖ਼ਤ ਅੱਗੇ ਝੂਠ ਬੋਲ ਸਕਦੇ ਹਨ, ਉਹ ਕਦੇ ਵੀ ਕਿਸੇ ਦੇ ਵਫ਼ਾਦਾਰ ਨਹੀਂ ਹੋ ਸਕਦੇ। ਉਨ੍ਹਾਂ ਨੇ ਲੋਕਾਂ ਨੂੰ ਅਜਿਹੇ ਆਗੂਆਂ ਤੋਂ ਸਾਵਧਾਨ ਰਹਿਣ ਦੀ ਅਪੀਲ ਕੀਤੀ। ਮੁੱਖ ਮੰਤਰੀ ਨੇ ਆਪਣੀ ਸਰਕਾਰ ਦੀਆਂ ਪ੍ਰਾਪਤੀਆਂ ਵੀ ਗਿਣਾਈਆਂ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਨੇ ਰਾਜ ਦੇ ਹਰ ਕੋਨੇ ਵਿੱਚ ਕਿਸਾਨਾਂ ਦੀ ਸਹੂਲਤ ਲਈ ਲੱਗਭੱਗ 14,000 ਕਿਲੋਮੀਟਰ ਪਾਈਪ ਲਾਈਨਾਂ ਵਿਛਾਉਣ ਅਤੇ ਰਜਬਾਹਿਆਂ ਅਤੇ ਖਾਲਿਆਂ ਦੀ ਮਜ਼ਬੂਤੀ ਦਾ ਕੰਮ ਕੀਤਾ ਹੈ। ਪੰਜਾਬ ਸਰਕਾਰ ਨੇ ਮਾਵਾਂ, ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਹੈ, ਜਿਸ ਤਹਿਤ ਪੰਜਾਬ ਦੀ ਹਰ ਔਰਤ ਨੂੰ 1,000 ਰੁਪਏ ਪ੍ਰਤੀ ਮਹੀਨਾ, ਜਦੋਂ ਕਿ ਅਨੁਸੂਚਿਤ ਜਾਤੀਆਂ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ।ਸਿਹਤ ਯੋਜਨਾ ਤਹਿਤ ਹਰ ਪਰਵਾਰ ਦਾ 10 ਲੱਖ ਰੁਪਏ ਤੱਕ ਮੁਫਤ ਇਲਾਜ ਕੀਤਾ ਜਾਂਦਾ ਹੈ।ਮੁੱਖ ਮੰਤਰੀ ਨੇ 'ਸ਼ੁਕਰਾਨਾ ਯਾਤਰਾ' ਦੌਰਾਨ ਮਾਨਸਾ ਅਤੇ ਸਰਦੂਲਗੜ੍ਹ ਵਿਖੇ ਬੇਮਿਸਾਲ ਇਕੱਠਾਂ ਨੂੰ ਸੰਬੋਧਨ ਕੀਤਾ।

### ਗੌਰਵ ਧੀਰ ਨਾਲ...

ਹੈ, ਉਹ ਬਾਖ਼ੂਬੀ ਜਾਣਦੇ ਹਨ। ਪ੍ਰਧਾਨ ਨੇ ਇਹ ਵੀ ਦਾਅਵੇ ਨਾਲ ਕਿਹਾ ਕਿ ਗੌਰਵ ਧੀਰ ਨਾਲ ਹਮੇਸ਼ਾ ਦੋਸਤੀ ਰਹੀ ਹੈ ਅਤੇ ਭਵਿੱਖ 'ਚ ਵੀ ਦੋਸਤਾਨਾ ਰਿਸ਼ਤਾ ਰਹੇਗਾ। ਉਨ੍ਹਾ ਕਿਹਾ ਕਿ ਭਾਜਪਾ ਹਲਕੀ ਸਿਆਸਤ ਕਰ ਰਹੀ ਹੈ ਅਤੇ ਚੋਣਾਂ ਤੋਂ ਪਹਿਲਾਂ ਕੇਂਦਰੀ ਸੰਘੀ ਏਜੰਸੀਆਂ ਦੀ ਸਰਗਰਮੀ ਵਧ ਜਾਂਦੀ ਹੈ। ਅਰੋੜਾ ਨੇ ਕਿਹਾ ਕਿ ਈ ਡੀ ਨੇ ਜਿਸ ਸੁਰੇਸ਼ ਕੁਮਾਰ ਬਜਾਜ ਦੇ ਬੀਤੇ ਦਿਨ ਛਾਪੇ ਮਾਰੇ ਹਨ, ਉਸ ਨੇ ਭਾਜਪਾ ਨੂੰ ਚੰਦਾ ਦਿੱਤਾ ਹੋਇਆ ਹੈ, ਪ੍ਰੰਤੂ ਉਸ ਨਾਲ ਭਾਜਪਾ ਦਾ ਨਾਂਅ ਨਹੀਂ ਜੋੜਿਆ ਗਿਆ।

### ਕਰੋੜਾਂ ਦੀ ਫਰਜ਼ੀ ਬਿਲਿੰਗ...

ਤੌਰ 'ਤੇ ਇਹ ਸਾਬਤ ਕਰ ਦਿੱਤਾ ਕਿ ਟਰਾਂਸਪੋਰਟ ਦਸਤਾਵੇਜ਼ਾਂ ਵਿੱਚ ਦਰਸਾਏ ਗਏ ਵਾਹਨ ਮਾਲ ਦੀ ਘੋਸ਼ਿਤ ਆਵਾਜਾਈ ਨਾਲ ਬਿਲਕੁਲ ਮੇਲ ਨਾ ਖਾਣ ਵਾਲੇ ਸਥਾਨਾਂ 'ਤੇ ਪਾਏ ਗਏ ਸਨ, ਜੋ ਇਹ ਸਾਬਤ ਕਰਦਾ ਹੈ ਕਿ ਅਸਲ ਵਿੱਚ ਕੋਈ ਢੋਆ-ਢੁਆਈ ਨਹੀਂ ਹੋਈ ਸੀ। ਸਾਡੀ ਜਾਂਚ ਵਿੱਚ ਅਜਿਹੀਆਂ 407 ਬਹੁਤ ਹੀ ਸ਼ੱਕੀ ਵਾਹਨਾਂ ਦੀਆਂ ਆਵਾਜਾਈਆਂ ਦਾ ਪਰਦਾਫਾਸ਼ ਹੋਇਆ ਹੈ, ਜਿਨ੍ਹਾਂ ਵਿੱਚ 2.65 ਕਰੋੜ ਰੁਪਏ ਤੋਂ ਵੱਧ ਦਾ ਫਰਜ਼ੀ ਆਈ.ਟੀ.ਸੀ. ਸ਼ਾਮਲ ਹੈ। ਚੀਮਾ ਨੇ ਕਿਹਾ ਕਿ ਸਾਡੀ ਜਾਂਚ ਵਿੱਚ ਧੋਖਾਧੜੀ ਵਾਲੇ ਡੈਬਿਟ ਨੋਟਾਂ ਨੂੰ ਸ਼ਾਮਲ ਕਰਨ ਵਾਲੇ ਇੱਕ ਨਵੇਂ ਤਰੀਕੇ ਦਾ ਵੀ ਖੁਲਾਸਾ ਹੋਇਆ ਹੈ ਜਿਸ ਰਾਹੀਂ ਲੱਗਭੱਗ 5.79 ਕਰੋੜ ਰੁਪਏ ਦਾ ਵਾਧੂ ਫਰਜ਼ੀ ਆਈ.ਟੀ.ਸੀ. ਤਿਆਰ ਕੀਤਾ ਗਿਆ ਸੀ। ਇਹਨਾਂ ਡੈਬਿਟ ਨੋਟਾਂ ਵਿੱਚ ਵੱਡੀਆਂ ਬੇਨਿਯਮੀਆਂ ਸਨ, ਜਿਨ੍ਹਾਂ ਵਿੱਚ ਟੈਕਸਯੋਗ ਮੁੱਲ ਅਤੇ ਟੈਕਸ ਦੀ ਰਕਮ ਨੂੰ ਬਰਾਬਰ ਦਿਖਾਇਆ ਗਿਆ ਸੀ। ਜੀ.ਐੱਸ.ਟੀ. ਕਾਨੂੰਨ ਦੇ ਤਹਿਤ ਇਹ ਅਸੰਭਵ ਹੈ ਅਤੇ ਇਹ ਸਪੱਸ਼ਟ ਤੌਰ 'ਤੇ ਫਰਜ਼ੀ ਆਈ.ਟੀ.ਸੀ. ਪੈਦਾ ਕਰਨ ਲਈ ਰਿਕਾਰਡ ਦੀ ਸਰੇਆਮ ਹੇਰਾਫੇਰੀ ਨੂੰ ਸਾਬਤ ਕਰਦਾ ਹੈ। ਇਸ ਤੋਂ ਇਲਾਵਾ ਪੀ.ਜੀ.ਐੱਸ.ਟੀ./ਸੀ.ਜੀ.ਐੱਸ.ਟੀ. ਐਕਟ ਦੀ ਧਾਰਾ 67 ਤਹਿਤ ਕੀਤੀ ਗਈ ਤਲਾਸ਼ੀ ਕਾਰਵਾਈ ਦੌਰਾਨ, ਟੈਕਸਦਾਤਾ ਦੇ ਟਿਕਾਣੇ ਤੋਂ ਵੱਖ-ਵੱਖ ਟਰਾਂਸਪੋਰਟਰਾਂ ਦੀਆਂ ਖਾਲੀ ਗੁਡਸ ਰਸੀਦ ਕਿਤਾਬਾਂ ਬਰਾਮਦ ਕੀਤੀਆਂ ਗਈਆਂ, ਜੋ ਆਵਾਜਾਈ ਦਾ ਝੂਠਾ ਰਿਕਾਰਡ ਬਣਾਉਣ ਲਈ ਟਰਾਂਸਪੋਰਟ ਦਸਤਾਵੇਜ਼ਾਂ ਦੀ ਜਾਅਲਸਾਜ਼ੀ ਵੱਲ ਇਸ਼ਾਰਾ ਕਰਦੀਆਂ ਹਨ। ਚੀਮਾ ਨੇ ਇਹ ਵੀ ਕਿਹਾ, "ਜਾਂਚ ਦੌਰਾਨ ਇਕੱਠੇ ਕੀਤੇ ਗਏ ਠੋਸ ਸਬੂਤਾਂ ਦੇ ਮੱਦੇਨਜ਼ਰ, ਦੋਸ਼ੀ ਨੂੰ ਪੰਜਾਬ ਗੁਡਸ ਐਂਡ ਸਰਵਿਸਿਜ਼ ਟੈਕਸ ਐਕਟ, 2017 ਦੀਆਂ ਧਾਰਾਵਾਂ 69 ਅਤੇ 132(1)(ਸੀ) ਦੇ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ।

### ਭਾਰਤੀ ਖੇਤ ਮਜ਼ਦੂਰ...

ਵਿਜੇਵਾੜਾ ਤੋਂ 150 ਕਿਲੋਮੀਟਰ ਦੂਰ ਹੈ। ਜਨਰਲ ਕੌਂਸਲ ਦੀ ਮੀਟਿੰਗ ਭਾਰਤੀ ਕਮਿਊਨਿਸਟ ਪਾਰਟੀ ਦੇ ਦਫ਼ਤਰ ਮਲੱਇਆ ਲਿੰਗਮ ਭਵਨ ਅੰਗੋਲ ਵਿੱਚ ਹੋਵੇਗੀ। ਇਹ ਮੀਟਿੰਗ 28 ਮਈ ਨੂੰ ਬਾਅਦ ਦੁਪਹਿਰ 3 ਵਜੇ ਸ਼ੁਰੂ ਹੋਵੇਗੀ, ਜੋ 30 ਮਈ ਤੱਕ ਚੱਲੇਗੀ। ਮੀਟਿੰਗ ਵਿੱਚ ਪਿਛਲੀ ਜਨਰਲ ਕੌਂਸਲ ਦੀ ਮੀਟਿੰਗ ਤੋਂ ਬਾਅਦ ਹੋਈਆਂ ਗਤੀਵਿਧੀਆਂ ਦੀ ਸਮੀਖਿਆ ਕੀਤੀ ਜਾਵੇਗੀ। ਅਗਲੇ ਕੰਮਾਂ ਦੀ ਰੂਪ-ਰੇਖਾ ਉਲੀਕੀ ਜਾਵੇਗੀ। ਜਥੇਬੰਦਕ ਕੰਮਾਂ ਵਿੱਚ ਪਿੰਡ ਪੱਧਰ ਦੀਆਂ ਕਮੇਟੀਆਂ ਬਣਾਉਣ, ਮੈਂਬਰਸ਼ਿਪ ਅਤੇ ਫੰਡ ਇਕੱਤਰ ਕਰਨ ਦੀ ਮੁਹਿੰਮ ਬਾਰੇ ਵਿਚਾਰਾਂ ਹੋਣਗੀਆਂ।

### ਕਾਮਰੇਡ ਅਤਰ ਸਿੰਘ...

ਸਪੁੱਤਰ ਹਰਬੰਸ ਸਿੰਘ ਅਤੇ ਨਰਿੰਦਰ ਸਿੰਘ ਦਾ ਵੱਡਾ ਸਹਿਯੋਗ ਸੀ। ਕਾਮਰੇਡ ਭਰਪੂਰ ਸਿੰਘ ਨੇ ਵਿਚਾਰਧਾਰਾ ਨੂੰ ਅੱਗੇ ਤੋਰਿਆ। ਉਨ੍ਹਾਂ ਕਿਹਾ ਕਿ ਕਾਮਰੇਡ ਅਤਰ ਸਿੰਘ ਦੀ ਤੀਜੀ ਪੀੜ੍ਹੀ ਵੀ ਸਮਾਜ ਸੇਵਾ ਨਾਲ ਜੁੜੀ ਹੋਈ ਹੈ। ਉਹਨਾਂ ਕਿਹਾ ਕਿ ਇਸ ਪਰਵਾਰ ਦੇ ਸਮਾਜ ਸੇਵਾ ਵਿੱਚ ਦਿੱਤੇ ਯੋਗਦਾਨ ਨੂੰ ਯਾਦ ਰੱਖਣਾ ਸਾਡਾ ਫਰਜ਼ ਹੈ। ਇਸ ਤੋਂ ਪਹਿਲਾਂ ਸਾਬਕਾ ਵਿਧਾਇਕ ਅਤੇ ਸੀ ਪੀ ਆਈ ਦੇ ਸੂਬਾ ਕੌਂਸਲ ਮੈਂਬਰ ਹਰਦੇਵ ਸਿੰਘ ਅਰਸ਼ੀ ਅਤੇ ਸਾਬਕਾ ਵਿਧਾਇਕ ਸੁਰਜੀਤ ਸਿੰਘ ਧੀਮਾਨ ਦੇ ਸਪੁੱਤਰ ਜਸਵਿੰਦਰ ਧੀਮਾਨ ਨੇ ਸੰਦੀਪ ਸਿੰਘ ਅਤੇ ਮਨਦੀਪ ਸਿੰਘ ਨਾਲ ਦੁੱਖ ਸਾਂਝਾ ਕੀਤਾ। ਅਰਵਿੰਦ ਖੰਨਾ ਅਤੇ ਦਮਨ ਬਾਜਵਾ ਨੇ ਸ਼ੋਕ ਸੰਦੇਸ਼ ਭੇਜੇ। ਇਸ ਮੌਕੇ ਕਾਮਰੇਡ ਹਰਦੇਵ ਸਿੰਘ ਬਖਸ਼ੀਵਾਲਾ, ਸ਼ੇਰਵਿੰਦਰ ਸਿੰਘ ਧਾਲੀਵਾਲ, ਚੇਅਰਮੈਨ ਜਗਵਿੰਦਰ ਡਸਕਾ, ਐਡਵੋਕੇਟ ਪੁਸ਼ਵਿੰਦਰ ਗੁਰੂ, ਐਡਵੋਕੇਟ ਸੰਪੂਰਨ ਸਿੰਘ ਛਾਜਲੀ, ਆਮ ਆਦਮੀ ਪਾਰਟੀ ਦੇ ਚੁਸਪਿੰਦਰ ਸਿੰਘ, ਕਾਂਗਰਸੀ ਆਗੂ ਸਨਮੀਕ ਹੈਨਰੀ, ਸ਼੍ਰੋਮਣੀ ਅਕਾਲੀ ਦਲ (ਸੰਯੁਕਤ) ਦੇ ਧਰਮਜੀਤ ਸਿੰਘ ਮੰਡੇਰ, ਸੀਬਾ ਦੇ ਪ੍ਰਬੰਧਕ ਕੰਵਲਜੀਤ ਸਿੰਘ ਢੀਂਡਸਾ, ਅਸ਼ੋਕ ਗਰਗ, ਸੁਰਿੰਦਰ ਸਿੰਘ, ਇੰਦਰਜੀਤ ਸਿੰਘ ਬੇਦੀ, ਲਛਮਣ ਸਿੰਘ ਅਲੀਸ਼ੇਰ, ਸਰਪੰਚ ਗੁਰਮੀਤ ਸਿੰਘ ਡਸਕਾ, ਫਾਇਰ ਅਫਸਰ ਪਵਿੱਤਰ ਸਿੰਘ, ਕੁਲਵੀਰ ਸਿੰਘ, ਨਿਰਮਲ ਸਿੰਘ ਬਟਰਿਆਣਾ, ਕਿਰਪਾਲ ਸਿੰਘ ਨਾਥਾ, ਕਾਲਾ ਖੰਡੇਬਾਦ ਪ੍ਰਧਾਨ, ਜੋਗਿੰਦਰ ਸਿੰਘ ਮੈਨੇਜਰ ਟਰੱਕ ਯੂਨੀਅਨ, ਬੇਅੰਤ ਪਟਿਆਲਾ, ਗਗਨਦੀਪ ਸਿੰਘ ਨਮੋਲ, ਚੈਰੀ ਗੋਇਲ, ਹਿਮਾਂਸ਼ੂ ਜੈਨ, ਸਰਪੰਚ ਹਰਪਾਲ ਸਿੰਘ, ਪ੍ਰਧਾਨ ਕੁਲਦੀਪ ਸਿੰਘ, ਅਮਰਜੀਤ ਸਿੰਘ ਨੰਬਰਦਾਰ, ਗੁਰਪਾਲ ਸਿੰਘ ਨਿੱਕਾ ਸਮੇਤ ਵੱਖ-ਵੱਖ ਪਿੰਡਾਂ ਦੇ ਸਰਪੰਚ ਅਤੇ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

### ਹਾਈ ਕੋਰਟ ਵੱਲੋਂ ਵਿਕਾਸ...

ਮੰਨਿਆ ਜਾ ਸਕਦਾ। ਪਟੀਸ਼ਨਕਰਤਾ ਨੇ 1 ਅਪਰੈਲ ਦੇ ਉਸ ਸਰਕਾਰੀ ਪੱਤਰ ਨੂੰ ਚੁਣੌਤੀ ਦਿੱਤੀ ਸੀ, ਜਿਸ ਵਿੱਚ ਪੁੱਡਾ, ਗਲਾਡਾ ਅਤੇ ਹੋਰ ਵਿਕਾਸ ਅਥਾਰਟੀਆਂ ਦੇ ਮੁੱਖ ਪ੍ਰਸ਼ਾਸਕਾਂ ਨੂੰ ਗਮਾਡਾ ਨੂੰ ਕੁਝ ਸ਼ਰਤਾਂ 'ਤੇ 2,500 ਕਰੋੜ ਰੁਪਏ ਦਾ ਕਰਜ਼ਾ ਦੇਣ ਦੇ ਨਿਰਦੇਸ਼ ਦਿੱਤੇ ਗਏ ਸਨ। ਪਟੀਸ਼ਨਕਰਤਾ ਦੀ ਦਲੀਲ ਸੀ ਕਿ ਸਰਕਾਰ ਨੇ ਆਪਣੀਆਂ ਅਸਾਧਾਰਨ ਸ਼ਕਤੀਆਂ ਦੀ ਵਰਤੋਂ ਕਰਦਿਆਂ ਬਿਨਾਂ ਕਿਸੇ ਕਾਨੂੰਨੀ ਅਥਾਰਟੀ ਦੇ ਇਹ ਨਿਰਦੇਸ਼ ਜਾਰੀ ਕੀਤੇ ਹਨ। ਬੈਂਚ ਨੇ ਕਿਹਾ ਕਿ ਕਾਨੂੰਨ ਦੇ ਤਹਿਤ ਅਥਾਰਟੀ ਕਿਰਾਏ, ਮੁਨਾਫ਼ੇ ਜਾਂ 'ਕਿਸੇ ਹੋਰ ਸਰੋਤ' ਰਾਹੀਂ ਫੰਡ ਜੁਟਾ ਸਕਦੀ ਹੈ। ਅਦਾਲਤ ਨੇ ਕਿਹਾ, ਐਕਟ ਵਿੱਚ 'ਕਿਸੇ ਹੋਰ ਸਰੋਤ' ਸ਼ਬਦ ਦੀ ਵਰਤੋਂ ਕੀਤੀ ਗਈ ਹੈ, ਜਿਸ ਦਾ ਘੇਰਾ ਬਹੁਤ ਵਿਸ਼ਾਲ ਹੈ। ਇਸ ਦਾ ਮਤਲਬ ਹੈ ਕਿ ਅਥਾਰਟੀ ਕੋਲ ਉਪਲੱਬਧ ਸਾਰੇ ਜਾਇਜ਼ ਸਰੋਤ ਕਰਜ਼ਾ ਲੈਣ ਲਈ ਵਰਤੇ ਜਾ ਸਕਦੇ ਹਨ। ਅਦਾਲਤ ਨੇ ਐਕਟ ਦੀਆਂ ਵੱਖ-ਵੱਖ ਧਾਰਾਵਾਂ (ਸੈਕਸ਼ਨ 28, 40, 49 ਅਤੇ 51) ਦਾ ਹਵਾਲਾ ਦਿੰਦਿਆਂ ਸਪੱਸ਼ਟ ਕੀਤਾ ਕਿ ਅਥਾਰਟੀ ਕੋਲ ਸੂਬਾ ਸਰਕਾਰ ਤੋਂ ਇਲਾਵਾ ਹੋਰਨਾਂ ਸਰੋਤਾਂ ਤੋਂ ਵੀ ਪੈਸਾ ਉਧਾਰ ਲੈਣ ਦੀ ਸ਼ਕਤੀ ਹੈ। ਪੰਜਾਬ ਸਰਕਾਰ ਵੱਲੋਂ ਐਡਵੋਕੇਟ ਜਨਰਲ ਮਨਿੰਦਰਜੀਤ ਸਿੰਘ ਬੇਦੀ ਅਤੇ ਵਧੀਕ ਐਡਵੋਕੇਟ ਜਨਰਲ ਵਿਪਿਨ ਪਾਲ ਯਾਦਵ ਪੇਸ਼ ਹੋਏ।

### ਜਥੇਦਾਰ ਵੱਲੋਂ...

ਜੇਕਰ ਨਿਰਧਾਰਿਤ ਸਮੇਂ ਵਿੱਚ ਕਾਰਵਾਈ ਨਾ ਹੋਈ ਤਾਂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸੱਦ ਕੇ ਸਖ਼ਤ ਫੈਸਲਾ ਲਿਆ ਜਾਵੇਗਾ। ਇਹ ਜਾਣਕਾਰੀ ਜਥੇਦਾਰ ਗੜਗੱਜ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨਾਲ ਹੋਈ ਗੱਲਬਾਤ ਤੋਂ ਬਾਅਦ ਮੀਡੀਆ ਨੂੰ ਦਿੱਤੀ ਹੈ। ਉਨ੍ਹਾਂ ਦੱਸਿਆ ਕਿ ਸ੍ਰੀ ਸੰਧਵਾਂ ਨਾਲ ਖੁੱਲ੍ਹੇ ਸਮੇਂ ਅਤੇ ਖੁੱਲ੍ਹੇ ਮਾਹੌਲ ਵਿੱਚ ਗੱਲਬਾਤ ਹੋਈ ਹੈ। ਜਥੇਦਾਰ ਵੱਲੋਂ ਇਸ ਐਕਟ ਦਾ ਪੰਜਾਬੀ ਤਰਜਮਾ ਕਰਵਾਇਆ ਗਿਆ ਸੀ ਅਤੇ ਉਸ ਵਿੱਚ ਖਾਮੀਆਂ ਬਾਰੇ ਸਪੀਕਰ ਨੂੰ ਜਾਣੂ ਕਰਵਾਇਆ ਹੈ। ਕੁਝ ਖਾਮੀਆਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਇਸ ਵਿੱਚ ਸੁੱਖ ਆਸਣ ਅਸਥਾਨ ਵਾਸਤੇ ਸਟੋਰ ਸ਼ਬਦ ਦੀ ਵਰਤੋਂ ਕੀਤੀ ਗਈ ਹੈ। ਜੋ ਕਿ ਅਣਉਚਿਤ ਹੈ। ਉਨ੍ਹਾਂ ਆਖਿਆ ਕਿ ਕਾਨੂੰਨ ਵਿੱਚ ਸ਼ਾਮਲ ਕਸਟੋਡੀਅਨ ਸੰਬੰਧੀ ਮਦ ਤੇ ਇਸ ਦੀਆਂ ਹੋਰ ਸੰਬੰਧਤ ਧਾਰਾਵਾਂ ਅਤੇ ਪ੍ਰਕਾਸ਼ਿਤ ਬੀੜਾਂ ਬਾਰੇ ਜਾਣਕਾਰੀ ਨੂੰ ਜਨਤਕ ਕਰਨ ਤੇ ਬੀੜਾਂ ਤੇ ਯੂਨੀਕ ਨੰਬਰ ਲਾਉਣ ਸੰਬੰਧੀ ਧਾਰਾਵਾਂ ਨਾਲ ਪੰਥ ਕਦਾਚਿਤ ਸਹਿਮਤ ਨਹੀਂ ਹੈ। ਇਸ ਕਾਨੂੰਨ ਵਿੱਚ ਬੇਅਦਬੀ ਕਰਨ ਵਾਲੇ ਦੋਸ਼ੀ ਸੰਬੰਧੀ ਜ਼ਿਕਰ ਘੱਟ ਹੈ, ਜਦੋਂ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਸਾਂਭ-ਸੰਭਾਲ ਅਤੇ ਰੱਖ-ਰਖਾਵ ਕਰਨ ਵਾਲਿਆਂ ਬਾਰੇ ਜ਼ਿਆਦਾ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸਰਕਾਰ ਬੇਅਦਬੀ ਕਰਨ ਵਾਲੇ ਵਿਅਕਤੀ ਦੇ ਖਿਲਾਫ ਸਖ਼ਤ ਤੋਂ ਸਖ਼ਤ ਸਜ਼ਾ ਦਾ ਪ੍ਰਬੰਧ ਕਰਨ ਲਈ ਕਾਨੂੰਨ ਬਣਾ ਸਕਦੀ ਹੈ, ਪਰ ਮਰਿਆਦਾ ਦੇ ਮਾਮਲੇ ਵਿੱਚ ਸਰਕਾਰ ਨੂੰ ਦਖਲ ਦੇਣ ਦਾ ਕੋਈ ਹੱਕ ਨਹੀਂ ਹੈ। ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਬਾਰੇ ਟਿੱਪਣੀ ਕਰਦਿਆਂ ਉਨ੍ਹਾਂ ਕਿਹਾ ਕਿ ਜਦੋਂ ਇਸ ਕਾਨੂੰਨ ਨੂੰ ਪੰਥ ਨੇ ਮਾਨਤਾ ਹੀ ਨਹੀਂ ਦਿੱਤੀ ਤਾਂ ਫਿਰ ਸ਼ੁਕਰਾਨਾ ਕਿਸ ਗੱਲ ਦਾ ਕੀਤਾ ਜਾ ਰਿਹਾ ਹੈ। ਉਨ੍ਹਾਂ ਵਿਅੰਗ ਕੀਤਾ ਕਿ ਇਹ ਸ਼ੁਕਰਾਨਾ ਨਹੀਂ, ਹੰਕਾਰ ਯਾਤਰਾ ਹੈ। ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਸੰਕੇਤ ਦਿੱਤਾ ਹੈ ਕਿ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਸ਼ੁਕਰਾਨਾ ਯਾਤਰਾ ਦੀ ਸ਼ੁਰੂਆਤ ਵੇਲੇ ਇਸ ਦੀ ਅਰਦਾਸ ਕਰਨ ਵਾਲੇ ਨੂੰ ਸ੍ਰੀ ਅਕਾਲ ਤਖ਼ਤ ਵਿਖੇ ਤਲਬ ਕੀਤਾ ਜਾ ਸਕਦਾ ਹੈ।

## ਕਾਂਗਰਸ ਆਗੂ ਨੀਟੂ ਸਕਸੈਨਾ ਸਾਥੀਆਂ ਸਮੇਤ 'ਆਪ' 'ਚ ਸ਼ਾਮਲ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸੁਨਾਮ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ, ਜਦੋਂ ਕਾਂਗਰਸ ਦੇ ਪੁਰਾਣੇ ਤੇ ਸਰਗਰਮ ਆਗੂ ਸ੍ਰੀ ਨੀਟੂ ਸਕਸੈਨਾ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਨੀਟੂ ਸਕਸੈਨਾ ਤੇ ਉਨ੍ਹਾਂ ਦੇ ਸਾਥੀਆਂ ਨੂੰ ਪਾਰਟੀ ਵਿੱਚ ਸ਼ਾਮਲ ਕੀਤਾ ਤੇ ਸਨਮਾਨਤ ਕੀਤਾ। ਉਨ੍ਹਾਂ ਕਿਹਾ ਕਿ ਨੀਟੂ ਸਕਸੈਨਾ ਦੀ ਸ਼ਮੂਲੀਅਤ ਨਾਲ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤੀ ਮਿਲੇਗੀ ਤੇ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਵੱਡੀ ਜਿੱਤ ਪ੍ਰਾਪਤ ਹੋਵੇਗੀ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰ ਚੁੱਕੀ ਹੈ ਤੇ ਵਿਕਾਸ ਦੇ ਕੰਮ ਬਿਨਾਂ ਕਿਸੇ ਭੇਦਭਾਵ ਦੇ ਕਰਵਾਏ ਜਾ ਰਹੇ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਪੂਰਾ ਸਹਿਯੋਗ ਕਰਨ ਤਾਂ ਜੋ ਸ਼ਹਿਰ ਦੇ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਕਰਵਾਏ ਜਾ ਸਕਣ।ਇਸ ਮੌਕੇ ਨੀਟੂ ਸਕਸੈਨਾ ਨੇ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕਹਿਤੀ ਨੀਤੀਆਂ ਤੇ ਮੁੱਖ ਮੰਤਰੀ ਦੀ ਸੋਚ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਵਿੱਚ ਸ਼ਾਮਲ ਹੋਏ ਹਨ। ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਨਾਲ ਮਿਲ ਕੇ ਪਾਰਟੀ ਨੂੰ ਮਜ਼ਬੂਤ ਕਰਨ ਤੇ ਆਉਣ ਵਾਲੀਆਂ ਚੋਣਾਂ ਵਿੱਚ ਜਿੱਤ ਯਕੀਨੀ ਬਣਾਉਣ ਲਈ ਪੂਰੀ ਨਿਸ਼ਠਾ ਨਾਲ ਕੰਮ ਕਰਨਗੇ।

## ਬਸਪਾ ਦੀ ਡਕਾਲਾ 'ਚ ਸੱਤਾ ਪ੍ਰਾਪਤ ਮਹਾਂਰੈਲੀ ਅੱਜ

### ਰੈਲੀ ਪ੍ਰਤੀ ਬਸਪਾ ਵਰਕਰਾਂ 'ਚ ਭਾਰੀ ਉਤਸ਼ਾਹ : ਬਠੋਈ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਮਾਣਾ ਦੇ ਉੱਘੇ ਕਸਬਾ ਡਕਾਲਾ ਵਿਖੇ 9 ਮਈ ਨੂੰ ਸੱਤਾ ਪ੍ਰਾਪਤ ਮਹਾਂਰੈਲੀ ਕਰਕੇ 2027 ਦੀਆਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦਾ ਬਿਗਲ ਵਜਾਇਆ ਜਾਵੇਗਾ।ਇਸ ਰੈਲੀ ਦੀਆਂ ਤਿਆਰੀਆਂ ਸੰਬੰਧੀ ਜੋਗਾ ਸਿੰਘ ਪਨੋਦੀਆ ਜਰਨਲ ਸਕੱਤਰ ਬਸਪਾ ਪੰਜਾਬ ਵੱਲੋਂ ਪਿੰਡ ਬਠੋਈ ਵਿਖੇ ਬਸਪਾ ਵਰਕਰਾਂ ਦੀ ਮੀਟਿੰਗ ਕੀਤੀ ਗਈ, ਜਿਸ ਵਿੱਚ ਬੰਤ ਸਿੰਘ ਝੰਡੀ ਇੰਚਾਰਜ ਹਲਕਾ ਸਮਾਣਾ, ਰੂਪ ਸਿੰਘ ਬਠੋਈ ਇੰਚਾਰਜ ਹਲਕਾ ਸਮਾਣਾ, ਚੰਦ ਸਿੰਘ ਭੱਟੀ ਸਕੱਤਰ ਬਸਪਾ ਜ਼ਿਲ੍ਹਾ ਪਟਿਆਲਾ, ਜੀਤ ਸਿੰਘ ਬਠੋਈ, ਮੁਖਤਿਆਰ ਸਿੰਘ ਨੰਬਰਦਾਰ, ਨੈਬ ਸਿੰਘ ਪੰਚ, ਹੰਸ ਰਾਜ, ਤਾਰਾ ਸਿੰਘ, ਗੁਰਮੇਲ ਸਿੰਘ, ਨਛੱਤਰ ਸਿੰਘ, ਜੈ ਰਾਮ ਆਦਿ ਤੋਂ ਇਲਾਵਾ ਹੋਰ ਵੀ ਬਸਪਾ ਆਗੂ ਸ਼ਾਮਲ ਹੋਏ।ਇਸ ਮੌਕੇ ਜੋਗਾ ਸਿੰਘ ਪਨੋਦੀਆ ਨੇ ਦੱਸਿਆ ਕਿ ਇਹ ਰੈਲੀ ਇਕ ਇਤਿਹਾਸਕ ਰੈਲੀ ਹੋਵੇਗੀ ਤੇ ਇਸ ਰੈਲੀ ਨੂੰ ਅਵਤਾਰ ਸਿੰਘ ਕਰੀਮਪੁਰੀ ਸਾਹਿਬ ਬਸਪਾ ਪ੍ਰਧਾਨ ਪੰਜਾਬ ਤੋਂ ਇਲਾਵਾ ਹੋਰ ਵੀ ਹਾਈ ਕਮਾਨ ਦੇ ਲੀਡਰ ਸੰਬੋਧਨ ਕਰਨਗੇ।ਇਸ ਮੌਕੇ ਰੂਪ ਸਿੰਘ ਬਠੋਈ ਨੇ ਦੱਸਿਆ ਕਿ ਇਸ ਰੈਲੀ ਦਾ ਬਸਪਾ ਵਰਕਰਾਂ 'ਚ ਭਾਰੀ ਉਤਸ਼ਾਹ ਹੈ ਤੇ ਰੈਲੀ 'ਚ ਕਰੀਮਪੁਰੀ ਸਾਹਿਬ ਦੇ ਵਿਚਾਰ ਸੁਣਨ ਲਈ ਵੱਡੀ ਗਿਣਤੀ 'ਚ ਲੋਕ ਸ਼ਿਰਕਤ ਕਰਨਗੇ।

## ਦਾਣਾ ਮੰਡੀ 'ਚ ਵਪਾਰ ਮਿਲਣੀ ਪ੍ਰੋਗਰਾਮ ਕਰਵਾਇਆ



**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਸਰਕਾਰ ਤੇ ਪੰਜਾਬ ਟਰੇਡ ਕਮਿਸ਼ਨ ਦੇ ਸਹਿਯੋਗ ਨਾਲ ਭਵਾਨੀਗੜ੍ਹ ਦੀ ਦਾਣਾ ਮੰਡੀ ਵਿੱਚ ਵਪਾਰ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ।ਇਹ ਪ੍ਰੋਗਰਾਮ ਪੰਜਾਬ ਟਰੇਡ ਕਮਿਸ਼ਨ ਦੇ ਵਿਧਾਨ ਸਭਾ ਸੰਗਰੂਰ ਮੈਂਬਰ ਰੂਪ ਚੰਦ ਗੋਇਲ ਤੇ ਕੁਲਵੰਤ ਸਿੰਘ ਦੀ ਅਗਵਾਈ ਹੇਠ ਕੀਤਾ ਗਿਆ, ਜਿਸ ਵਿੱਚ ਵਪਾਰੀਆਂ ਨੂੰ ਆ ਰਹੀਆਂ ਵੱਖ-ਵੱਖ ਮੁਸ਼ਕਲਾਂ ਦੇ ਹੱਲ ਲਈ ਜ਼ਿਲ੍ਹੇ ਦੇ ਸਾਰੇ ਮੁੱਖ ਅਧਿਕਾਰੀ ਵਿਸ਼ੇਸ਼ ਤੌਰ 'ਤੇ ਪਹੁੰਚੇ।ਪ੍ਰੋਗਰਾਮ ਦੌਰਾਨ ਪੰਜਾਬ ਟਰੇਡ ਕਮਿਸ਼ਨ ਦੇ ਚੇਅਰਮੈਨ ਸੁਖਵਿੰਦਰ ਸਿੰਘ ਮਾਨ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ, ਜਦਕਿ ਹਲਕਾ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਨੇ ਮੁੱਖ ਮਹਿਮਾਨ ਵਜੋਂ ਹਾਜ਼ਰੀ ਭਰੀ।ਇਸ ਮੌਕੇ ਐੱਸ.ਡੀ.ਐੱਮ. ਮਨਜੀਤ ਕੌਰ ਵੀ ਮੌਜੂਦ ਸਨ।ਇਸ ਦੌਰਾਨ ਵਪਾਰੀ ਵਰਗ ਨਾਲ ਜੁੜੇ ਨੁਮਾਇੰਦਿਆਂ ਤੇ ਸ਼ਹਿਰ ਵਾਸੀਆਂ ਨੇ ਆਪਣੇ ਇਲਾਕੇ ਨਾਲ ਸਬੰਧਤ ਟ੍ਰੈਫਿਕ, ਸੜਕਾਂ ਤੇ ਹੋਰ ਪ੍ਰਸ਼ਾਸਕੀ ਸਮੱਸਿਆਵਾਂ ਅਧਿਕਾਰੀਆਂ ਸਾਹਮਣੇ ਰੱਖੀਆਂ। ਅਧਿਕਾਰੀਆਂ ਵੱਲੋਂ ਕਈ ਮੁੱਦਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕੀਤਾ ਗਿਆ, ਜਦਕਿ ਬਾਕੀ ਮੁਸ਼ਕਲਾਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ ਗਿਆ।ਚੇਅਰਮੈਨ ਸੁਖਵਿੰਦਰ ਸਿੰਘ ਮਾਨ ਤੇ ਵਿਧਾਇਕ ਬੀਬੀ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ ਹੈ ਤੇ ਸ਼ਹਿਰ ਵਿੱਚ ਟ੍ਰੈਫਿਕ ਪ੍ਰਬੰਧ, ਸੜਕਾਂ ਤੇ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਮੁੱਦਿਆਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਕਾਰਜ ਸਾਧਿਕਾ ਅਫਸਰ ਦੀਪਕ ਗੋਇਲ, ਐੱਸ ਆਈ ਬੌਬੀ ਕੁਮਾਰ, ਪੰਚਾਇਤ ਅਫਸਰ ਏਕਮ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਵਪਾਰੀ ਆਦਿ ਹਾਜ਼ਰ ਸਨ।

## ਚੇਅਰਮੈਨ ਜੱਸੀ ਨੇ ਆਸਾ ਕਲੋਨੀ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਬੱਸ ਨੂੰ ਕੀਤਾ ਰਵਾਨਾ



**ਨਾਭਾ (ਵਰਿੰਦਰ ਵਰਮਾ)**-ਬਜ਼ੁਰਗਾਂ ਨੂੰ ਗੁਰੂ ਧਾਮਾਂ ਦੇ ਦਰਸ਼ਨ ਦੀਦਾਰੇ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਆਮ ਆਦਮੀ ਪਾਰਟੀ ਵਿਰਾਸਤ ਸੇਵਾ ਸੰਗਠਨ ਦੇ ਸਟੇਟ ਸੈਕਟਰੀ ਤੇ ਇੰਪਰੂਵਮੈਂਟ ਟਰੱਸਟ ਨਾਭਾ ਦੇ ਚੇਅਰਮੈਨ ਜੱਸੀ ਸੋਹੀਆ ਵਾਲਾ ਨੇ ਆਸਾ ਕਲੋਨੀ ਤੋਂ ਸ੍ਰੀ ਦਰਬਾਰ ਸਾਹਿਬ, ਦੁਰਗਿਆਣਾ ਮੰਦਰ ਤੇ ਰਾਮ ਤੀਰਥ ਦੇ ਦਰਸ਼ਨਾਂ ਲਈ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਇਸ ਯਾਤਰਾ ਨਾਲ ਬਜ਼ੁਰਗਾਂ ਨੂੰ ਜਿੱਥੇ ਗੁਰੂ ਧਾਮਾਂ ਦੀ ਯਾਤਰਾ ਕਰਨ ਦਾ ਮੌਕਾ ਮਿਲਦਾ ਹੈ, ਉਥੇ ਹੀ ਤਿੰਨ ਦਿਨ ਨਗਰ ਨਿਵਾਸੀ ਬਜ਼ੁਰਗ ਇਕੱਠੇ ਰਹਿੰਦੇ ਹਨ।ਉਨ੍ਹਾ ਕਿਹਾ ਕਿ ਯਾਤਰਾ ਕਰਨ ਉਪਰੰਤ ਉਹ ਸੂਬੇ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਨੂੰ ਅਸੀਸਾਂ ਦਿੰਦੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਰਾਸਤ ਸੇਵਾ ਸੰਗਠਨ ਦੇ ਹਲਕਾ ਕੋਆਰਡੀਨੇਟਰ ਦਵਿੰਦਰ ਸਿੰਘ ਨਰਮਾਣਾ, ਬਲਾਕ ਸੰਮਤੀ ਦੇ ਵਾਈਸ ਚੇਅਰਮੈਨ ਭੁਪਿੰਦਰ ਸਿੰਘ ਕੱਲਰਮਾਜਰੀ, ਆਪ ਆਗੂ ਹਰਪ੍ਰੀਤ ਸਿੰਘ ਚੌਹਾਨ, ਜਸਕਰਨਵੀਰ ਸਿੰਘ ਤੇਜੇ, ਤੇਜਿੰਦਰ ਸਿੰਘ ਸੁੱਖੇਵਾਲ, ਦਰਸ਼ਨ ਸਿੰਘ ਮੋਹਲਗੁਆਰਾ, ਸਾਬਕਾ ਸਰਪੰਚ ਹਜ਼ਾਰਾ ਰਾਮ, ਮਹਿੰਦਰ ਸਿੰਘ ਝੱਲ, ਕਰਨੈਲ ਸਿੰਘ, ਮਹਿੰਦਰ ਸਿੰਘ ਰਿਟਾ. ਜੇ ਈ, ਮੇਜਰ ਸਿੰਘ, ਗੁਰਲਾਲ ਸਿੰਘ ਲਾਲੀ, ਹਰਮੇਸ਼ ਸਿੰਘ, ਰਾਜਿੰਦਰ ਕੁਮਾਰ, ਕਸ਼ਮੀਰਾ ਸਿੰਘ ਫੌਜੀ, ਭਰਪੂਰ ਸਿੰਘ, ਛੱਜੂ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਮੌਜੂਦ ਸਨ।

## ਸੜਕ ਹਾਦਸੇ 'ਚ ਵਿਛੜੇ ਮਾਸੂਮ ਬੱਚਿਆਂ ਨੂੰ ਸ਼ਰਧਾਂਜਲੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਐੱਸ ਆਰ ਐੱਸ ਵਿੱਦਿਆਪੀਠ ਦੇ ਮੈਨੇਜਮੈਂਟ, ਪ੍ਰਿੰਸੀਪਲ, ਸਟਾਫ ਤੇ ਵਿਦਿਆਰਥੀਆਂ ਵੱਲੋਂ 7 ਮਈ ਨੂੰ ਪਿਛਲੇ ਸਾਲ ਸਮਾਣਾ ਸੜਕ ਹਾਦਸੇ ਵਿੱਚ ਆਪਣੀਆਂ ਜਾਨਾਂ ਗੁਆਉਣ ਵਾਲੇ ਮਾਸੂਮ ਬੱਚਿਆਂ ਦੀ ਯਾਦ ਵਿੱਚ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਅਰਪਿਤ ਕੀਤੀ ਗਈ।ਸਕੂਲ ਕੈਂਪਸ ਵਿੱਚ ਵਿਦਿਆਰਥੀਆਂ ਤੇ ਅਧਿਆਪਕਾਂ ਨੇ ਆਪਣੀਆਂ ਕਲਾਸਾਂ ਵਿੱਚ ਇਕੱਠੇ ਹੋ ਕੇ ਵਿੱਛੜੀਆਂ ਰੂਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਅਤੇ ਦੁਖੀ ਪਰਵਾਰਾਂ ਨਾਲ ਆਪਣੀ ਸੰਵੇਦਨਾ ਪ੍ਰਗਟ ਕੀਤੀ।ਇਹ ਮੌਨ ਸ਼ਰਧਾਂਜਲੀ ਸਕੂਲ ਪਰਵਾਰ ਦੀ ਸਾਂਝੀ ਪੀੜਾ, ਮਨੁੱਖਤਾ ਤੇ ਉਨ੍ਹਾਂ ਮਾਸੂਮ ਜ਼ਿੰਦਗੀਆਂ ਪ੍ਰਤੀ ਸਤਿਕਾਰ ਦਾ ਪ੍ਰਤੀਕ ਬਣੀ।ਪੂਰੇ ਐੱਸ ਆਰ ਐੱਸ ਵਿੱਦਿਆਪੀਠ ਪਰਵਾਰ ਨੇ ਪ੍ਰਭੂ ਅੱਗੇ ਅਰਦਾਸ ਕੀਤੀ ਕਿ ਸ਼ੋਕਗ੍ਰਸਤ ਪਰਵਾਰਾਂ ਨੂੰ ਇਸ ਅਪਾਰ ਦੁੱਖ ਨੂੰ ਸਹਿਣ ਲਈ ਹੌਸਲਾ, ਸ਼ਾਂਤੀ ਤੇ ਤਾਕਤ ਬਖ਼ਸ਼ੇ।


**ਉੱਤਰ ਰੇਲਵੇ**

**ਈ-ਟੈਂਡਰ**

ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਕੰਮ ਕਰ ਰਹੇ ਡੀਐਸਟੀਈ/ਜੇਏਟੀ **ਟੈਂਡਰ ਸੂਚਨਾ ਨੰਬਰ 433_TELE_JAT_38_25_26** ਪੂਰਾ ਕਰਨ ਦੀ **ਮਿਤੀ/ਸਮਾਂ 01.06.2026, 15.00 ਵਜੇ** ਦੇ ਵਿਰੁਧ **https://www.ireps.gov.in** ਉਤੇ ਈ-ਟੈਂਡਰਾਂ ਦੀ ਮੰਗ ਕਰਦੇ ਹਨ। ਬੋਲੀਦਾਤਾ ਅਪਣੀ ਅਸਲੀ/ਸੰਸ਼ੋਧਿਤ ਬੋਲੀਆਂ ਕੇਵਲ ਪੂਰਾ ਕਰਨ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਣਗੇ। ਇਸ ਟੈਂਡਰ ਦੇ ਵਿਰੁਧ ਮੈਨੂਅਲ ਪ੍ਰਸਤਾਵ ਦੀ ਅਨੁਮਤੀ ਨਹੀਂ ਹੈ, ਅਤੇ ਪ੍ਰਾਪਤ ਹੋਣ ਵਾਲੇ ਐਸੇ ਕਿਸੀ ਵੀ ਮੈਨੂਅਲ ਪ੍ਰਸਤਾਵ ਨੂੰ ਅਣਦੇਖਾ ਕਰ ਦਿਤਾ ਜਾਵੇਗਾ। ਠੇਕੇਦਾਰਾਂ ਨੂੰ ਇਸ ਟੈਂਡਰ ਦੇ ਲਈ ਟੈਂਡ ਦਸਤਾਵੇਜ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ ਆਈਆਰਈਪੀਐਸ ਪੋਰਟਲ ਉਤੇ ਉਪਲਬਧ ਆਨਲਾਇਨ ਭੁਗਤਾਨ ਵਿਧੀਆਂ ਜਿਸ ਤਰ੍ਹਾਂ ਕਿ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਆਦਿ ਦੇ ਤੋਂ ਕਰਨ ਦੀ ਅਨੁਮਤੀ ਹੈ। ਡਿਮਾਂਡ ਡਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਦੁਆਰਾ ਤੋਂ ਮੈਨੂਅਲ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਅਨੁਬੰਧ ਦਾ ਪ੍ਰਕਾਰ | ਕੰਮ | | |
|---|---|---|---|
| ਕੰਮ ਦਾ ਪ੍ਰਕਾਰ | S&T ਕਰਮਚਾਰੀਆਂ ਅਤੇ ਸੈਕਸ਼ਨ SSE/JE ਨੂੰ SMMS ਦੇ ਦੁਆਰਾਤੋਂ ਦੈਨਿਕ ਆਧਾਰ ਉਤੇ ਰੱਖ-ਰੱਖਾਵ ਗਤੀਵਿਧੀਆਂ ਨੂੰ ਰਿਕਾਰਡ ਕਰਨ ਦੇ ਲਈ ਹੈਂਡਹੇਲਡ ਟਰਮੀਨਲ ਉਪਲਬਧ ਕਰਾਨਾ। | | |
| ਟੈਂਡਰ ਪੂਰਾ ਕਰਨ ਦੀ ਮਿਤੀ ਸਮਾਂ | 01.06.2026 15:00 | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | 08.05.2026 11:52 |
| ਵਿਗਿਆਪਿਤ ਮੂਲ (ਰੁ:) | 3058717.20 | ਆਈ.ਆਰ.ਈ.ਪੀ.ਐਸ ਦੇ ਅਨੁਸਾਰ ਬੋਲੀ ਸ਼ੁਰੂ ਕਰਨ ਦੀ ਮਿਤੀ | 18.05.2026 |
| ਬਿਆਨਾ ਰਾਸ਼ੀ (ਰੁ:) | 61200.00 | ਪੂਰਾ ਕਰਨ ਦਾ ਸਮਾਂ | 04 Months |

ਟੈਂਡਰ ਸੂਚਨਾ ਨੰ: 433_TELE_JAT_38_25-26 ਮਿਤੀ : 08.05.2026 1539/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# ਬਾਬਾ ਸੋਹਣ ਸਿੰਘ ਭਕਨਾ ਦੇ ਪਿੰਡ ਨੂੰ ਜਾਂਦੀ ਸੜਕ ਦਾ ਕੰਮ ਕਛੂਏ ਦੀ ਚਾਲ ਚਲਣ ਕਾਰਨ ਲੋਕਾਂ 'ਚ ਭਾਰੀ ਰੋਸ



**ਅਟਾਰੀ, (ਸਤਬੀਰ ਸਿੰਘ ਭੀਲ)**

ਮਹਾਨ ਗ਼ਦਰੀ ਬਾਬਾ ਸੋਹਣ ਸਿੰਘ ਭਕਨਾ ਦੇ ਇਤਿਹਾਸਕ ਪਿੰਡ ਭਕਨਾ ਕਲਾਂ ਨੂੰ ਖਾਸਾ ਤੋਂ ਆਉਂਦੀ ਮੁੱਖ ਸੜਕ ਦਾ ਨਿਰਮਾਣ ਕਾਰਜ ਪਿਛਲੇ ਕਈ ਮਹੀਨਿਆਂ ਤੋਂ ਬੇਹੱਦ ਸੁਸਤ ਗਤੀ ਨਾਲ ਚੱਲ ਰਿਹਾ ਹੈ।ਕੰਮ ਦੀ ਢਿੱਲੀ ਰਫ਼ਤਾਰ ਕਾਰਨ ਇਲਾਕਾ ਨਿਵਾਸੀਆਂ 'ਚ ਸਰਕਾਰ ਤੇ ਠੇਕੇਦਾਰ ਖ਼ਿਲਾਫ਼ ਤਿੱਖਾ ਰੋਸ ਪਾਇਆ ਜਾ ਰਿਹਾ ਹੈ।ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਟੁੱਟੀ-ਭੱਜੀ ਸੜਕ 'ਤੇ ਵੱਡੇ-ਵੱਡੇ ਟੋਏ ਪੈਣ ਕਾਰਨ ਰੋਜ਼ਾਨਾ ਹਾਦਸੇ ਵਾਪਰ ਰਹੇ ਹਨ।ਸਕੂਲੀ ਬੱਚਿਆਂ, ਮਰੀਜ਼ਾਂ ਤੇ ਬਜ਼ੁਰਗਾਂ ਨੂੰ ਭਾਰੀ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਬਰਸਾਤ ਦਾ ਮੌਸਮ ਨੇੜੇ ਹੋਣ ਕਾਰਨ ਲੋਕਾਂ ਦੀ ਚਿੰਤਾ ਹੋਰ ਵਧ ਗਈ ਹੈ।ਸ਼ਹੀਦਾਂ ਦੇ ਪਿੰਡ ਨੂੰ ਜਾਂਦੀ ਸੜਕ ਦੀ ਇਹ ਹਾਲਤ ਸ਼ਰਮ ਵਾਲੀ ਗੱਲ ਹੈ। ਸਥਾਨਕ ਨੌਜਵਾਨ ਆਗੂਆਂ ਨੇ ਕਿਹਾ ਕਿ ਜਿਸ ਪਿੰਡ ਨੇ ਦੇਸ਼ ਨੂੰ ਬਾਬਾ ਸੋਹਣ ਸਿੰਘ ਭਕਨਾ ਵਰਗਾ ਮਹਾਨ ਦੇਸ਼ ਭਗਤ ਦਿੱਤਾ, ਉਸ ਪਿੰਡ ਦੀ ਸੜਕ ਵੱਲ ਪ੍ਰਸ਼ਾਸਨ ਦਾ ਇਹ ਵਤੀਰਾ ਬਰਦਾਸ਼ਤਯੋਗ ਨਹੀਂ।ਲੋਕਾਂ ਨੇ ਚਿਤਾਵਨੀ ਦਿੱਤੀ ਕਿ ਜੇ 15 ਦਿਨਾਂ ਅੰਦਰ ਕੰਮ ਤੇਜ਼ ਨਾ ਕੀਤਾ ਗਿਆ ਤਾਂ ਉਹ ਸੜਕ ਜਾਮ ਕਰਕੇ ਧਰਨਾ ਦੇਣ ਲਈ ਮਜਬੂਰ ਹੋਣਗੇ।ਸਥਾਨਕ ਪਿੰਡਾਂ ਦੀਆਂ ਪੰਚਾਇਤਾਂ ਨੇ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਤੋਂ ਮੰਗ ਕੀਤੀ ਹੈ ਕਿ ਦੇਸ਼ ਭਗਤਾਂ ਦੇ ਪਿੰਡ ਦੀ ਇਸ ਸੜਕ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾਵੇ ਤਾਂ ਜੋ ਸ਼ਹੀਦਾਂ ਦੀ ਧਰਤੀ 'ਤੇ ਆਉਣ ਵਾਲੇ ਸ਼ਰਧਾਲੂਆਂ ਨੂੰ ਕੋਈ ਤਕਲੀਫ਼ ਨਾ ਹੋਵੇ।ਇਸ ਸਬੰਧੀ ਜਦੋਂ ਚੇਅਰਮੈਨ ਮੰਡੀ ਬੋਰਡ ਅਟਾਰੀ ਮੈਡਮ ਸੀਮਾ ਸੋਢੀ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦਾ ਕਹਿਣਾ ਸੀ ਕਿ ਕੁੱਝ ਕਾਰਨਾਂ ਕਰਕੇ ਸੜਕ ਦੇ ਨਿਰਮਾਣ ਕਾਰਜ ਦਾ ਕੰਮ ਰੁਕਿਆ ਸੀ ਪਰ ਬਹੁਤ ਛੇਤੀ ਇਸ ਸੜਕ ਨੂੰ ਨਵਾਂ ਰੂਪ ਦਿੱਤਾ ਜਾਵੇਗਾ।

# ਸਫ਼ਾਈ ਕਰਮਚਾਰੀਆਂ ਦੀ ਹੜਤਾਲ ਜਾਰੀ



**ਮੋਰਿੰਡਾ (ਨਿਹਾਲ ਸਿੰਘ ਕਲਸੀ)**-ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵੱਲੋਂ ਮੁਲਾਜ਼ਮਾਂ ਦੀਆਂ ਹੱਕੀ ਮੰਗਾਂ 'ਤੇ ਜ਼ੋਰ ਦੇਣ ਲਈ ਦਿੱਤੇ ਹੜਤਾਲ ਦੇ ਸੱਦੇ 'ਤੇ ਸਮੁੱਚੇ ਪੰਜਾਬ ਦੇ ਸਫ਼ਾਈ ਕਰਮਚਾਰੀਆਂ ਦੀ ਹੜਤਾਲ ਤੀਜੇ ਦਿਨ ਵੀ ਜਾਰੀ ਰਹੀ।ਮਿਉਂਸਪਲ ਸਫ਼ਾਈ ਸੇਵਕ ਇੰਪਲਾਈਜ ਯੂਨੀਅਨ ਮੋਰਿੰਡਾ ਦੇ ਪ੍ਰਧਾਨ ਰਾਮ ਗੋਪਾਲ ਰਾਮਾ ਨੇ ਦੱਸਿਆ ਕਿ ਮਿਉਂਸਪਲ ਮੁਲਾਜ਼ਮ ਐਕਸ਼ਨ ਕਮੇਟੀ ਪੰਜਾਬ ਵੱਲੋਂ 31 ਦਸੰਬਰ 2011 ਨੂੰ ਦਿੱਤੀ ਆਪਸ਼ਨ ਅਨੁਸਾਰ ਪੈਨਸ਼ਨ ਲਗਵਾਉਣ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਵਾਉਣ ਦੀ ਮੰਗ ਨੂੰ ਲੈ ਕੇ 6 ਮਈ ਤੋਂ ਸਮੂਚੇ ਪੰਜਾਬ ਦੇ ਮਿਉਂਸਪਲ ਕਰਮਚਾਰੀ ਹੜਤਾਲ 'ਤੇ ਚਲ ਰਹੇ ਹਨ। ਇਸੇ ਲੜੀ ਤਹਿਤ ਨਗਰ ਕੌਂਸਲ ਮੋਰਿੰਡਾ ਦੇ ਸਮੂਹ ਸਫ਼ਾਈ ਕਰਮਚਾਰੀ ਪਿਛਲੇ ਤਿੰਨ ਦਿਨਾਂ ਤੋਂ ਹੜਤਾਲ ਤੇ ਬੈਠੇ ਹਨ।ਉਹਨਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਮੰਗਾਂ ਪੂਰੀਆਂ ਨਹੀਂ ਕੀਤੀਆਂ ਜਾਂਦੀਆਂ ਹੜਤਾਲ ਜਾਰੀ ਰਹੇਗੀ।ਇਸ ਮੌਕੇ ਯੂਨੀਅਨ ਦੇ ਮੀਤ ਪ੍ਰਧਾਨ ਗੁਰਜੰਟ ਸਿੰਘ, ਸਾਬਕਾ ਪ੍ਰਧਾਨ ਹਰਦੇਵ ਸਿੰਘ ਜੇਬਾਂ, ਸਕੱਤਰ ਗੁਰਪ੍ਰੀਤ ਸਿੰਘ, ਰੇਖਾ ਰਾਣੀ, ਪਿੰਕੀ ਨੇ ਵੀ ਸੰਬੋਧਨ ਕੀਤਾ।ਹੋਰਨਾਂ ਤੋਂ ਇਲਾਵਾ ਪਰਵਿੰਦਰ ਸਿੰਘ, ਰਵਿੰਦਰ ਸਿੰਘ, ਜਗਜੀਤ ਸਿੰਘ, ਸਤਵੀਰ ਸਿੰਘ, ਦੀਪਕ, ਮੇਜ਼ਰ ਸਿੰਘ, ਮਨਵੀਰ ਸਿੰਘ, ਅਮਨਦੀਪ ਸਿੰਘ,ਨੇਤਰ ਸਿੰਘ, ਕਿਰਨਾਂ ਅਤੇ ਉਸ਼ਾ ਰਾਣੀ ਯੂਨੀਅਨ ਆਗੂ ਹਾਜ਼ਰ ਸਨ।

# ਪੰਡੋਰੀ ਮਹੰਤਾਂ ਦੇ ਇੱਕ ਘਰ 'ਚੋਂ 6 ਲੱਖ ਦੇ ਗਹਿਣੇ ਚੋਰੀ

**ਗੁਰਦਾਸਪੁਰ, (ਜਨਕ ਮਹਾਜਨ)**

ਥਾਣਾ ਪੁਰਾਣਾ ਸ਼ਾਲਾ ਅਧੀਨ ਪੈਂਦੇ ਪੰਡੋਰੀ ਮਹੰਤਾਂ ਦੇ ਵਸਨੀਕ ਮਸੀਹ ਭਾਈਚਾਰੇ ਨਾਲ ਸਬੰਧਿਤ ਇੱਕ ਪਰਿਵਾਰ ਦੇ ਘਰੋਂ ਚੋਰਾਂ ਵੱਲੋਂ ਉਸ ਵੇਲੇ 6 ਲੱਖ ਦੇ ਗਹਿਣਿਆਂ ਨੂੰ ਹੱਥ ਫੇਰ ਦਿੱਤਾ ਗਿਆ ਜਦੋਂ ਪੀੜਤ ਪਰਿਵਾਰ ਪਿੰਡ ਦੇ ਵਿੱਚ ਹੀ ਬੰਦਗੀ ਦੇ ਕਿਸੇ ਪ੍ਰੋਗਰਾਮ ਵਿਚ ਸ਼ਾਮਿਲ ਹੋਣ ਲਈ ਗਿਆ ਸੀ। ਪੀੜਤ ਔਰਤ ਪਿੰਕੀ ਪਤਨੀ ਰੋਬਨ ਮਸ਼ੀਨ ਨੇ ਦੱਸਿਆ ਕਿ ਉਹ ਦੇਰ ਸ਼ਾਮ ਸਾਢੇ ਸੱਤ 8 ਵਜੇ ਦੇ ਕਰੀਬ ਜਦੋਂ ਆਪਣੇ ਹੀ ਪਿੰਡ ਵਿਚ ਸਤਸੰਗ ਪ੍ਰੋਗਰਾਮ ਦੇ ਵਿੱਚ ਸ਼ਾਮਿਲ ਸਨ ਤਾਂ ਉਸ ਦੌਰਾਨ ਉਨ੍ਹਾਂ ਦੇ ਘਰ ਦੀ ਛੱਤ ਤੋਂ ਮੌਟੀ ਦਾ ਦਰਵਾਜ਼ਾ ਤੋੜ ਕੇ ਚੋਰ ਹੇਠਾਂ ਘਰ ਵਿਚ ਆਣ ਵੜੇ ਅਤੇ ਅੰਦਰੋਂ ਕਮਰੇ ਦੇ ਕਬਜ਼ੇ ਅਤੇ ਕੁੰਡੀਆਂ ਤੋੜ ਕੇ ਚਾਰ ਤੋਲੇ ਸੋਨੇ ਦੇ ਗਹਿਣੇ ਚੋਰੀ ਕਰ ਲੈ ਗਏ। ਗਹਿਣਿਆਂ ਵਿੱਚ ਇੱਕ ਉਸ ਦੇ ਗਲੇ ਦਾ ਹਾਰ, ਦੋ ਜੋੜੇ ਕਾਂਟੇ, ਇੱਕ ਜੋੜਾ ਵਾਲੀਆਂ, ਇੱਕ ਮਰਦਾਨਾ ਅਤੇ ਇੱਕ ਜਨਾਨਾ ਮੁੰਦਰੀ ਸ਼ਾਮਿਲ ਸਨ। ਉਨ੍ਹਾਂ ਆਪਣੇ ਪਿੰਡ ਦੇ ਹੀ ਇੱਕ ਅਪਰਾਧਿਕ ਕਿਸਮ ਦੇ ਨੌਜਵਾਨ 'ਤੇ ਸ਼ੱਕ ਜ਼ਾਹਿਰ ਕੀਤਾ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਸ



ਵਾਰਦਾਤ ਨੂੰ ਅੰਜਾਮ ਉਨਾਂ ਦੇ ਪਿੰਡ ਦੇ ਹੀ ਇੱਕ ਨੌਜਵਾਨ ਵੱਲੋਂ ਦਿੱਤਾ ਗਿਆ ਹੈ ਜਿਸ ਦੇ ਨਾਂਅ 'ਤੇ ਪੁਰਾਣਾ ਸ਼ਾਲਾ ਪੁਲਸ ਨੂੰ ਲਿਖਤੀ ਸ਼ਿਕਾਇਤ ਦੇ ਦਿੱਤੀ ਗਈ ਹੈ ਅਤੇ ਥਾਣਾ ਮੁਖੀ ਕੁਲਵਿੰਦਰ ਸਿੰਘ ਵੱਲੋਂ ਇਸ ਪੀੜਤ ਪਰਿਵਾਰ ਨੂੰ ਭਰੋਸਾ ਦਵਾਇਆ ਗਿਆ ਹੈ ਕਿ ਬਹੁਤ ਜਲਦ ਪੁਲਸ ਇਸ ਵਾਰਦਾਤ ਨੂੰ ਅੰਜਾਮ ਦੇਣ ਵਾਲੇ ਵਿਅਕਤੀ ਨੂੰ ਕਾਬੂ ਕਰਕੇ ਸਖਤ ਤੋਂ ਸਖਤ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਆਦਰਸ਼ ਬਿਰਧ ਆਸ਼ਰਮ ਵੱਲੋਂ ਇੱਕ ਹੋਰ ਬਜ਼ੁਰਗ ਬਾਪੂ ਨੂੰ ਸਹਾਰਾ

**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**-ਬਜ਼ੁਰਗਾਂ ਦਾ ਵਿਹੜਾ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਨੇ ਇਕ ਹੋਰ ਬਜ਼ੁਰਗ ਬਾਪੂ ਨੂੰ ਸਹਾਰਾ ਦਿੱਤਾ।ਬਜ਼ੁਰਗ ਬਾਪੂ ਡੇਵਿਡ ਉਮਰ 60 ਸਾਲ ਨਿਵਾਸੀ ਪਠਾਨਕੋਟ ਨੇ ਦੱਸਿਆ ਕਿ ਮੇਰਾ ਇਸ ਦੁਨੀਆ ਵਿੱਚ ਕੋਈ ਵੀ ਨਹੀਂ ਹੈ।ਮੇਰੇ ਮਾਂ ਬਾਪ ਕਈ ਸਾਲਾਂ ਤੋਂ ਇਸ ਦੁਨੀਆ ਤੋਂ ਚਲਾਣਾ ਕਰ



ਚੁੱਕੇ ਹਨ।ਹਾਰਟ ਅਟੈਕ ਆਉਣ ਕਰਕੇ ਮੈਂ ਰੋਟੀ ਬਣਾਉਣ ਅਤੇ ਪੈਸਾ ਕਮਾਉਣ ਵਿੱਚ ਅਸਮਰਥ ਹਾਂ।ਮੇਰੇ ਕੋਲ ਦਵਾਅ ਦਾਰੂ ਲਈ ਵੀ ਕੋਈ ਪੈਸਾ ਨਹੀਂ ਹੁੰਦਾ।ਇਸ ਉਮਰ ਵਿੱਚ ਮੈਨੂੰ ਅਟੈਕ ਹੋਣ ਕਰਕੇ ਸਰੀਰ ਦੇ ਕੁਝ ਅੰਗ ਕੰਮ ਨਹੀਂ ਕਰਦੇ।ਮੈਂ ਬਹੁਤ ਦੁਖੀ ਹਾਂ, ਮੇਰਾ ਕੋਈ ਸਹਾਰਾ ਨਹੀਂ ਹੈ।ਮੈਂ ਬਹੁਤ ਆਸ ਦੇ ਨਾਲ ਆਪ ਦੇ ਆਸ਼ਰਮ ਵਿੱਚ ਸਹਾਰਾ ਲੈਣ ਲਈ ਪਹੁੰਚਿਆ ਹਾਂ, ਕਿਰਪਾ ਕਰਕੇ ਮੈਨੂੰ ਸਹਾਰਾ ਦਿੱਤਾ ਜਾਵੇ। ਸਾਰੀ ਗੱਲਬਾਤ ਸੁਣਨ ਤੋਂ ਬਾਅਦ ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਤੇ ਪ੍ਰਧਾਨ ਸਤਨਾਮ ਸਿੰਘ ਨੇ ਬਾਪੂ ਨੂੰ ਆਸ਼ਰਮ ਵਿੱਚ ਰਹਿਣ ਦੀ ਆਗਿਆ ਦੇ ਦਿੱਤੀ।ਇਸ ਮੌਕੇ ਆਸ਼ਰਮ ਦਾ ਸਮੂਹ ਸਟਾਫ ਸਵਿਤਾ, ਮਮਤਾ ਦੇਵੀ, ਵਿਜੈ ਕੁਮਾਰੀ, ਸੁਰਜੀਤ ਕੌਰ, ਆਸ਼ਾ ਦੇਵੀ, ਜਸਵੀਰ ਕੌਰ, ਰਮੇਸ਼ ਚੰਦਰ ਅਤੇ ਵਿਪਨ ਕੁਮਾਰ ਆਦਿ ਵੀ ਮੌਜੂਦ ਸਨ।

# ਪਬਲਿਕ ਸਕੂਲ ਝਬਾਲ ਵਿਖੇ ਮਾਂ ਦਿਵਸ ਮਨਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)**-ਚੀਫ਼ ਖਾਲਸਾ ਦੀਵਾਨ ਦੇ ਪ੍ਰਧਾਨ ਇੰਦਰਬੀਰ ਸਿੰਘ ਨਿੱਜਰ ਦੀ ਸਰਪ੍ਰਸਤੀ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ



ਪਬਲਿਕ ਸਕੂਲ, ਝਬਾਲ ਵਿਖੇ ਮਾਂ ਦਿਵਸ ਮਨਾਇਆ ਗਿਆ।ਮੈਡਮ ਮਨਦੀਪ ਕੌਰ ਵੱਲੋਂ ਮਾਂ ਦੀ ਬੱਚੇ ਦੀ ਜ਼ਿੰਦਗੀ ਵਿੱਚ ਮਹੱਤਤਾ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਵਾਇਆ ਗਿਆ।ਇਸੇ ਸੰਬੰਧ ਵਿੱਚ ਵੱਖ-ਵੱਖ ਜਮਾਤਾਂ ਵਿੱਚ ਵੱਖ-ਵੱਖ ਗਤੀਵਿਧੀਆਂ ਜਿਵੇਂ ਕਾਰਡ ਬਣਾਉਣਾ, ਤਾਜ ਬਣਾਉਣਾ, ਸੁਗੰਧ ਪੋਟਲੀ ਬਣਾਉਣਾ, ਗੁਲਦਸਤੇ ਬਣਾਉਣਾ, ਫੋਟੋ ਫਰੇਮ ਤਿਆਰ ਕਰਨਾ, ਗਿਫਟ ਪੈਕ ਕਰਨਾ, ਮਾਂ ਦਾ ਚਿੱਤਰ ਬਣਾਉਣਾ ਆਦਿ ਕਰਵਾਈਆਂ ਗਈਆਂ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਨੂਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮਾਂ ਬੱਚੇ ਦੀ ਪਹਿਲੀ ਅਧਿਆਪਕ ਹੁੰਦੀ ਹੈ ਜੋ ਬੱਚਿਆਂ ਨੂੰ ਚੰਗੇ ਮਾੜੇ ਦੀ ਸੇਧ ਦੇ ਕੇ ਜੀਵਨ ਵਿੱਚ ਉੱਚੀਆਂ ਬੁਲੰਦੀਆਂ ਹਾਸਲ ਕਰਨ ਵਿੱਚ ਮਦਦ ਕਰਦੀ ਹੈ।ਇਸ ਲਈ ਸਾਰੇ ਬੱਚਿਆਂ ਨੂੰ ਆਪਣੇ ਮਾਪਿਆਂ ਦਾ ਆਦਰ ਸਤਿਕਾਰ ਕਰਨਾ ਚਾਹੀਦਾ ਹੈ।ਇਸ ਸਮੇਂ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

# 29 ਵਾਰਡਾਂ ਸਮੇਤ ਸ਼ਹਿਰ 'ਚ 404.65 ਲੱਖ ਰੁਪਏ ਦੀ ਲਾਗਤ ਨਾਲ ਵਿਕਾਸ ਕਾਰਜ ਕਰਵਾਏ ਜਾਣਗੇ : ਰਮਨ ਬਹਿਲ

**ਗੁਰਦਾਸਪੁਰ (ਦਿਨੇਸ਼ ਕੁਮਾਰ, ਜਨਕ ਮਹਾਜਨ)**

ਗੁਰਦਾਸਪੁਰ ਸ਼ਹਿਰ ਦੀਆਂ 29 ਵਾਰਡਾਂ ਸਮੇਤ ਸ਼ਹਿਰ ਅੰਦਰ 404.65 ਲੱਖ ਰੁਪਏ ਦੀ ਲਾਗਤ ਨਾਲ ਵੱਖ-ਵੱਖ ਵਿਕਾਸ ਕਾਰਜ ਕਰਵਾਏ ਜਾਣਗੇ, ਜਿਸ




ਸਬੰਧੀ ਟੈਂਡਰ ਲੱਗ ਗਏ ਹਨ ਅਤੇ ਜਲਦ ਵਿਕਾਸ ਕੰਮ ਸ਼ੁਰੂ ਹੋ ਜਾਣਗੇ।ਇਹ ਪ੍ਰਗਟਾਵਾ ਗੁਰਦਾਸਪੁਰ ਦੇ ਹਲਕਾ ਇੰਚਾਰਜ ਰਮਨ ਬਹਿਲ ਅਤੇ ਰਾਜੀਵ ਸ਼ਰਮਾ, ਚੇਅਰਮੈਨ ਇੰਮਪਰੂਵਮੈਂਟ ਟਰੱਸਟ ਗੁਰਦਾਸਪੁਰ ਵੱਲੋਂ ਕੀਤੀ ਪ੍ਰੈੱਸ ਕਾਨਫਰੰਸ ਦੌਰਾਨ ਕੀਤਾ ਗਿਆ।ਇਸ ਮੌਕੇ ਹਿਤੇਸ਼ ਮਹਾਜਨ ਅਤੇ ਰਘਬੀਰ ਸਿੰਘ ਖਾਲਸਾ ਵੀ ਮੌਜੂਦ ਸਨ।ਪੱਤਰਕਾਰ ਸਾਥੀਆਂ ਨਾਲ ਗੱਲ ਕਰਦਿਆਂ ਰਮਨ ਬਹਿਲ ਨੇ ਦੱਸਿਆ ਕਿ ਪਿਛਲੇ ਚਾਰ ਸਾਲਾਂ ਤੋਂ ਉਨ੍ਹਾਂ ਵਲੋਂ ਗੁਰਦਾਸਪੁਰ ਸ਼ਹਿਰ ਸਮੇਤ ਸਮੁੱਚੇ ਹਲਕੇ ਅੰਦਰ ਸਰਬਪੱਖੀ ਵਿਕਾਸ ਕਾਰਜ ਕਰਵਾਏ ਗਏ ਹਨ ਅਤੇ ਦਿਨ ਰਾਤ ਹਲਕਾ ਵਾਸੀਆਂ ਦੀ ਸੇਵਾ ਵਿੱਚ ਹਾਜ਼ਰ ਹਨ।ਉਨਾਂ ਦੱਸਿਆ ਕਿ ਇੰਪਰੂਵਮੈਂਟ ਟਰੱਸਟ ਗੁਰਦਾਸਪੁਰ ਵੱਲੋਂ ਨਗਰ ਕੌਂਸਲ ਗੁਰਦਾਸਪੁਰ ਦੀ ਹਦੂਦ ਅੰਦਰ ਵਿਕਾਸ ਕਾਰਜ ਕਰਵਾਉਣ ਲਈ ਸਮੁੱਚੀ ਪ੍ਰਕਿਰਿਆ ਮੁਕੰਮਲ ਕਰ ਲਈ ਹੈ ਜਿਸ ਤਹਿਤ ਗੁਰਦਾਸਪੁਰ ਦੀਆਂ 29 ਵਾਰਡਾਂ ਸਮੇਤ ਸਮੁੱਚੇ ਸ਼ਹਿਰ ਅੰਦਰ 404.65 ਲੱਖ ਰੁਪਏ ਦੇ ਵਿਕਾਸ ਕਾਰਜ ਕਰਵਾਏ ਜਾਣਗੇ।ਉਨ੍ਹਾਂ ਦੱਸਿਆ ਕਿ 12 ਅਪ੍ਰੈਲ ਨੂੰ ਨਗਰ ਕੌਂਸਲ ਗੁਰਦਾਸਪੁਰ ਦਾ ਕਾਰਜ ਕਾਲ ਸਮਾਪਤ ਹੋ ਗਿਆ ਸੀ। ਸ਼ਹਿਰ ਦੀਆਂ ਵਾਰਡਾਂ ਵਿੱਚ ਗਲੀਆਂ, ਨਾਲੀਆਂ ਸਮੇਤ ਵੱਖ-ਵੱਖ ਕੰਮ ਕਰਵਾਏ ਜਾਣਗੇ।ਇਸ ਤੋਂ ਇਲਾਵਾ ਫਿਸ਼ ਪਾਰਕ ਵਿਖੇ ਸਟਰੀਟ ਲਾਈਟਾਂ, ਫੁਹਾਰੇ ਅਤੇ ਬਾਥਰੂਮ ਬਣਾ ਕੇ ਖ਼ੂਬਸੂਰਤ ਦਿੱਖ ਪ੍ਰਦਾਨ ਕੀਤੀ ਜਾਵੇਗੀ। ਇਸ ਤੋਂ ਇਲਾਵਾ ਸ਼ਹਿਰ ਵਿਚਲੀਆਂ ਬਹੁਤ ਸਾਰੀਆਂ ਕਾਲੋਨੀਆਂ ਵਿਚ ਗਲੀਆਂ ਕੱਚੀਆਂ ਹਨ, ਉਨ੍ਹਾਂ ਦੇ ਵਿਕਾਸ ਕੰਮ ਕਰਨ ਦੇ ਨਾਲ-ਨਾਲ ਬਾਬੋਵਾਲ, ਕ੍ਰਿਸ਼ਚੀਅਨ ਮੁਹੱਲਾ ਅਤੇ ਕਲਾਨੌਰ ਰੋਡ ਤੇ ਮੁਹੱਲਿਆਂ ਵਿੱਚ ਵਿਕਾਸ ਕਾਰਜ ਕਰਵਾਏ ਜਾਣਗੇ।ਉਨਾਂ ਦੱਸਿਆ ਕਿ 15 ਮਈ ਤੱਕ ਵਿਕਾਸ ਕਾਰਜ ਸ਼ੁਰੂ ਕਰਵਾ ਦਿੱਤੇ ਜਾਣਗੇ।

# ਡੇਰਾ ਝੰਡਾ ਸਾਹਿਬ ਵਿਖੇ ਵਾਟਰ ਕੂਲਰ ਦੀ ਸੇਵਾ ਨਿਭਾਈ

**ਅਲਾਵਲਪੁਰ (ਮਦਨ ਬੰਗੜ)**-ਸਮਾਜ ਸੇਵਾ ਦੇ ਤਹਿਤ ਜਤਿੰਦਰ ਚੌਢਾ ਤੇ ਦੀਪਕ ਚੌਢਾ ਵੱਲੋਂ ਆਪਣੇ ਸਵਰਗਵਾਸੀ ਪਿਤਾ ਸਵ. ਰਾਜਿੰਦਰ ਪਾਲ ਚੌਢਾ ਦੀ ਪਵਿੱਤਰ ਯਾਦ ਵਿੱਚ ਡੇਰਾ ਝੰਡਾ ਸਾਹਿਬ ਵਿਖੇ ਸੰਗਤ ਦੀ ਸੁਵਿਧਾ ਲਈ ਵਾਟਰ ਕੂਲਰ ਦੀ ਸੇਵਾ ਨਿਭਾਈ ਗਈ। ਇਸ ਮੌਕੇ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਵੱਲੋਂ ਚੌਢਾ ਪਰਿਵਾਰ ਦੇ ਇਸ ਉਪਰਾਲੇ ਦੀ ਭਰਪੂਰ ਸਰਾਹਨਾ ਕੀਤੀ ਗਈ। ਹਾਜ਼ਰ ਸ਼ਖ਼ਸੀਅਤਾਂ ਨੇ ਕਿਹਾ ਕਿ ਗਰਮੀ ਦੇ ਮੌਸਮ ਵਿੱਚ ਸੰਗਤ ਲਈ ਠੰਢੇ ਪਾਣੀ ਦੀ ਸੇਵਾ ਬਹੁਤ ਹੀ ਸ਼ਲਾਘਾਯੋਗ ਅਤੇ ਮਨੁੱਖਤਾ ਭਰੀ ਸੇਵਾ ਹੈ।ਇਸ ਮੌਕੇ ਜੱਥੇਦਾਰ ਹਰਨਾਮ ਸਿੰਘ, ਗੋਪਾਲ ਸ਼ਰਨ ਭੱਲਾ, ਨਰਿੰਦਰ ਸ਼ਰਮਾ ਹਨੀ, ਬਾਬਾ ਅਮਰਜੀਤ ਸਿੰਘ, ਸਕੂਲ ਪ੍ਰਿੰਸੀਪਲ ਡੀ ਪੀ ਥਪਲਿਆਲ, ਪਰਵੇਜ ਕੁਮਾਰ, ਹਰਭਜਨ ਸਿੰਘ, ਬੱਬੂ ਜੀ, ਸੁਭਾਸ਼ ਕੁਮਾਰ ਮੜਿਆ ਤੇ ਜੋਨੀ ਮਲਿਕ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਸ਼ੁਕਰਾਨੇ ਵਜੋਂ ਮੁੱਖ ਮੰਤਰੀ ਮਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਹੋਏ ਨਤਮਸਤਕ

**ਝਬਾਲ (ਹਰਜਿੰਦਰ ਸਿੰਘ ਸੋਨੀ)**

ਬੇਅਦਬੀ ਦੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਣ ਲਈ ਸਖ਼ਤ ਕਾਨੂੰਨ ਬਣਾਉਣ ਦੇ ਫੈਸਲੇ ਤੋਂ ਬਾਅਦ ਪੰਜਾਬ ਦੇ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਮਾਝੇ ਦੀ ਇਤਿਹਾਸਿਕ ਧਰਤੀ 'ਤੇ ਸਥਿਤ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਵਿਖੇ ਨਤਮਸਤਕ ਹੋਏ।ਮੁੱਖ ਮੰਤਰੀ ਦੀ ਇਹ ਫੇਰੀ ਇੱਕ ਸ਼ੁਕਰਾਨਾ ਯਾਤਰਾ ਵਜੋਂ ਸੀ, ਜਿੱਥੇ ਉਨ੍ਹਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਸੀਸ ਨਿਵਾਇਆ ਅਤੇ ਸੂਬੇ ਦੀ ਅਮਨ-ਸ਼ਾਂਤੀ ਲਈ ਅਰਦਾਸ ਕੀਤੀ।ਗੁਰਦੁਆਰਾ ਸਾਹਿਬ ਵਿਖੇ ਪਹੁੰਚਣ ਤੇ ਪੰਥਕ ਅਕਾਲੀ ਲਹਿਰ ਕੋਰ ਕਮੇਟੀ ਦੇ ਮੈਂਬਰ ਭਾਈ ਤਰਲੋਚਨ ਸਿੰਘ ਸੋਹਲ ਵੱਲੋਂ ਆਪਣੇ ਸਾਥੀਆਂ ਸਮੇਤ ਮੁੱਖ ਮੰਤਰੀ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਭਾਈ ਤਰਲੋਚਨ ਸਿੰਘ ਅਤੇ ਸਾਥੀ ਸਿੰਘਾਂ ਵੱਲੋਂ ਮੁੱਖ ਮੰਤਰੀ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਮੁੱਖ ਮੰਤਰੀ ਨੇ ਗੁਰਬਾਣੀ ਦਾ ਕੀਰਤਨ ਸਰਵਣ ਕੀਤਾ ਅਤੇ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ।ਇਸ ਮੌਕੇ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਬੇਅਦਬੀ ਵਰਗੇ ਸੰਵੇਦਨਸ਼ੀਲ ਮੁੱਦਿਆਂ 'ਤੇ ਸਖ਼ਤ ਕਾਨੂੰਨ ਬਣਾਉਣਾ ਸਮੇਂ ਦੀ ਮੁੱਖ ਲੋੜ ਸੀ ਤਾਂ ਜੋ ਅਜਿਹੇ ਅਪਰਾਧ ਕਰਨ ਵਾਲਿਆਂ ਨੂੰ ਮਿਸਾਲੀ ਸਜ਼ਾਵਾਂ



ਮਿਲ ਸਕਣ।ਮੁੱਖ ਮੰਤਰੀ ਦੀ ਆਮਦ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਸਥਾਨਕ ਆਪ ਆਗੂ ਵੀ ਮੌਜੂਦ ਸਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਹਲਕਾ ਤਰਨਤਾਰਨ ਦੇ ਐੱਮਐੱਲਏ ਹਰਮੀਤ ਸਿੰਘ ਸੰਧੂ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਸਮੇਤ ਪ੍ਰਸ਼ਾਸਨਿਕ ਅਧਿਕਾਰੀ ਵੀ ਹਾਜ਼ਰ ਸਨ।ਮੁੱਖ ਮੰਤਰੀ ਨੇ ਵਿਸ਼ਵਾਸ ਦਿਵਾਇਆ ਕਿ ਪੰਜਾਬ ਦੀ ਭਾਈਚਾਰਕ ਸਾਂਝ ਅਤੇ ਧਾਰਮਿਕ ਮਰਿਆਦਾ ਨੂੰ ਬਹਾਲ ਰੱਖਣ ਲਈ ਸਰਕਾਰ ਹਮੇਸ਼ਾ ਵਚਨਬੱਧ ਰਹੇਗੀ।

# ਸ਼ੈਰੀ ਕਲਸੀ ਨੇ ਵਾਰਡ ਨੰਬਰ 27 ਦੇ ਟਾਕੀ ਮੁਹੱਲਾ 'ਚ ਕੀਤਾ ਗਲੀ ਦਾ ਉਦਘਾਟਨ

**ਬਟਾਲਾ, (ਡਾ. ਮਲਵਿੰਦਰ ਸਿੰਘ)**-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਅੰਦਰ ਕਰਵਾਏ ਜਾ ਰਹੇ ਵਿਕਾਸ ਕੰਮਾਂ ਤਹਿਤ ਉਨ੍ਹਾਂ ਵੱਲੋਂ ਵਾਰਡ ਨੰਬਰ 27, ਟਾਕੀ ਮੁਹੱਲਾ ਵਿਖੇ ਗਲੀ ਦਾ ਉਦਘਾਟਨ ਕਰਨ ਉਪਰੰਤ ਕਿਹਾ ਗਿਆ ਕਿ ਬਟਾਲਾ ਸ਼ਹਿਰ ਨੂੰ ਖ਼ੂਬਸੂਰਤ ਅਤੇ ਵਿਕਾਸ ਪੱਖੋਂ ਸੂਬੇ ਦਾ ਨਮੂਨੇ ਦਾ



ਸ਼ਹਿਰ ਬਣਾਇਆ ਜਾ ਰਿਹਾ ਹੈ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਵੀ ਮੌਜੂਦ ਸਨ।ਵਾਰਡ ਵਾਸੀਆਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਥੋਂ ਦੇ ਲੋਕਾਂ ਦੀ ਮੰਗ ਪੂਰੀ ਕੀਤੀ ਗਈ ਹੈ, ਜਿਸ ਨਾਲ ਆਵਾਜਾਈ ਦੀ ਸੁਖਾਲੀ ਹੋਵੇਗੀ।ਵਿਧਾਇਕ ਨੇ ਦੱਸਿਆ ਕਿ ਉਹ ਬਟਾਲਾ ਵਾਸੀਆਂ ਦੀ ਸਹੂਲਤ ਲਈ ਦਿਨ ਰਾਤ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਪਿਛਲੇ ਚਾਰ ਸਾਲਾਂ ਅੰਦਰ ਬਟਾਲੇ ਅੰਦਰ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਉਨ੍ਹਾਂ ਦੱਸਿਆ ਕਿ ਬਟਾਲਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ ਅਤੇ ਰੋਜਾਨਾ ਲੋਕ ਵੱਖ ਵੱਖ ਸੇਵਾਵਾਂ ਦਾ ਲਾਭ ਲੈ ਰਹੇ ਹਨ।ਇਸੇ ਤਰ੍ਹਾਂ ਸ਼ਹਿਰ ਦੀਆਂ ਪ੍ਰਮੁੱਖ ਸੜਕਾਂ ਤੇ ਲਾਈਟਾਂ ਲਗਾਈਆਂ ਗਈਆਂ ਹਨ।ਸ਼ਹਿਰ ਵਿੱਚ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾ ਰਹੇ ਹਨ।ਸ਼ਹਿਰ ਵਿਚਲੀ ਲਾਇਬ੍ਰੇਰੀ ਦੀ ਨਵੀਂ ਇਮਾਰਤ ਲੋਕਾਂ ਨੂੰ ਸਮਰਪਿਤ ਕੀਤਾ ਜਾ ਚੁੱਕੀ ਹੈ।ਸੁੱਖਾ ਸਿੰਘ-ਮਹਿਤਾਬ ਸਿੰਘ ਚੌਂਕ ਵਿੱਖੇ ਸ਼ਾਨਦਾਰ ਕਲਾਕ ਟਾਵਰ ਲਗਾ ਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਹੈ।ਲੋਕਾਂ ਨੂੰ ਸਾਫ਼ ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਸ਼ੁਰੂ ਕੀਤਾ ਗਿਆ ਹੈ।

# ਰੀਚਾਰਜ ਨਾ ਕਰਵਾਉਣ 'ਤੇ ਕੱਟੇ ਜਾ ਰਹੇ ਸਰਕਾਰੀ ਵਿਭਾਗਾਂ ਦੇ ਬਿਜਲੀ ਕੁਨੈਕਸ਼ਨ

**ਲੋਹੀਆਂ ਖਾਸ, (ਯੋਗੇਸ਼ਵਰ, ਰੀਨਾ ਸ਼ਰਮਾ)**-ਸਮਾਰਟ ਪ੍ਰੀਪੇਡ ਮੀਟਰਾਂ ਦੇ ਰੀਚਾਰਜ ਨਾ ਕਰਨ ਕਾਰਨ ਸਰਕਾਰੀ ਵਿਭਾਗਾਂ ਦੇ ਬਿਜਲੀ ਕੁਨੈਕਸ਼ਨ ਕੱਟੇ ਜਾਣੇ ਸ਼ੁਰੂ ਹੋ ਗਏ ਹਨ। ਪਿਛਲੇ ਬੁੱਧਵਾਰ ਨੂੰ ਵੀ 7 ਸਰਕਾਰੀ ਵਿਭਾਗਾਂ ਦੇ ਕੁਨੈਕਸ਼ਨ ਕੱਟੇ ਗਏ ਸਨ। ਇਹ ਸਿਲਸਿਲਾ ਵੀਰਵਾਰ ਨੂੰ ਵੀ ਜਾਰੀ ਰਿਹਾ, ਜਿਸ ਦੌਰਾਨ 10 ਕੁਨੈਕਸ਼ਨ ਕੱਟੇ ਗਏ। ਇਸ 'ਚ ਸਰਕਾਰੀ ਬੀਐਡ ਐਜੂਕੇਸ਼ਨ ਕਾਲਜ ਦੇ ਨਾਲ-ਨਾਲ ਸਕੂਲਾਂ ਤੇ ਸਾਂਝੇ ਕੇਂਦਰ ਵੀ ਸ਼ਾਮਲ ਹਨ। ਪ੍ਰੀਪੇਡ ਦਾ ਰੀਚਾਰਜ ਨਾ ਕਰਨ ਕਾਰਨ ਇਹ ਕੁਨੈਕਸ਼ਨ ਕੱਟੇ ਗਏ ਹਨ। ਕੁਨੈਕਸ਼ਨ ਕੱਟੇ ਜਾਣ ਕਾਰਨ ਸਕੂਲ ਦੇ ਅਧਿਆਪਕਾਂ ਅਤੇ ਮੁਲਾਜ਼ਮਾਂ ਨੂੰ ਪਾਵਰਕਾਮ ਦੇ ਡਵੀਜ਼ਨ 'ਚ ਜਾਣਾ ਪਿਆ। ਬਿਜਲੀ ਕੁਨੈਕਸ਼ਨ ਕੱਟਣ ਕਾਰਨ ਮੁਲਾਜ਼ਮਾਂ ਨੂੰ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਸਰਕਾਰੀ ਦਫਤਰ ਦੇ ਮੁਲਾਜ਼ਮ ਦਾ ਕਹਿਣਾ ਹੈ ਕਿ ਜੇ ਰੀਚਾਰਜ ਕਰਵਾ ਦਿੱਤਾ ਜਾਵੇ ਤਾਂ ਬਿੱਲ ਦੀ ਕਾਪੀ ਕਿਵੇਂ ਮਿਲੇਗੀ? ਖ਼ਜ਼ਾਨਾ ਵਿਭਾਗ ਤੋਂ ਬਿੱਲ ਦਾ ਕਲੇਮ ਕਿਵੇਂ ਲੈ ਸਕਾਂਗੇ? ਇਹ ਵੀ ਦੱਸਣਾ ਜ਼ਰੂਰੀ ਹੈ ਕਿ ਪਾਵਰਕਾਮ ਕੋਲ ਸਰਕਾਰੀ ਦਫਤਰਾਂ ਦੀਆਂ ਕਰੋੜਾਂ ਦੀ ਡਿਫਾਲਟਿੰਗ ਰਕਮ ਰੁਕੀ ਪਈ ਹੈ। ਡਿਫਾਲਟਿੰਗ ਰਕਮ ਦੀ ਅਦਾਇਗੀ ਕਾਰਨ ਇਹ ਫੈਸਲਾ ਲਿਆ ਗਿਆ ਹੈ ਕਿ ਹੁਣ ਦਫਤਰਾਂ ਨੂੰ ਪ੍ਰੀਪੇਡ ਰੀਚਾਰਜ ਕਰਨ ਦੀ ਤਰੀਕ ਯਾਦ ਰੱਖਣੀ ਹੋਵੇਗੀ, ਨਹੀਂ ਤਾਂ ਕੁਨੈਕਸ਼ਨ ਕੱਟ ਦਿੱਤਾ ਜਾਵੇਗਾ। ਪਾਵਰਕਾਮ ਵੱਲੋਂ ਸਾਰੇ ਸਰਕਾਰੀ ਦਫਤਰਾਂ 'ਚ ਸਮਾਰਟ ਪ੍ਰੀਪੇਡ ਮੀਟਰ ਲਾਏ ਜਾ ਚੁੱਕੇ ਹਨ।

# ਰਮਨ ਕੁਮਾਰ ਝਬਾਲ ਨੂੰ ਜ਼ਿਲਾ ਮੀਤ ਪ੍ਰਧਾਨ ਵਜੋਂ ਦਿੱਤਾ ਨਿਯੁਕਤੀ ਪੱਤਰ



**ਝਬਾਲ, (ਹਰਜਿੰਦਰ ਸਿੰਘ ਸੋਨੀ)**

ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਜ਼ਿਲਾ ਤਰਨਤਾਰਨ ਦੇ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਵੱਲੋਂ ਕਸਬਾ ਝਬਾਲ ਦੇ ਸੀਨੀ ਕਾਂਗਰਸੀ ਆਗੂ ਤੇ ਸਾਬਕਾ ਚੇਅਰਮੈਨ ਰਮਨ ਕੁਮਾਰ ਝਬਾਲ ਨੂੰ ਜ਼ਿਲਾ ਮੀਤ ਪ੍ਰਧਾਨ ਦੇ ਅਹੁਦੇ ਦਾ ਨਿਯੁਕਤੀ ਪੱਤਰ ਦਿੰਦਿਆਂ ਮੂੰਹ ਮਿੱਠਾ ਕਰਵਾ ਕੇ ਸਨਮਾਨਿਤ ਕੀਤਾ ਗਿਆ।ਇਸ ਤੋਂ ਪਹਿਲਾਂ ਰਮਨ ਕੁਮਾਰ ਝਬਾਲ ਦੇ ਦਫ਼ਤਰ ਵਿਖੇ ਇੱਕਤਰ ਕਾਂਗਰਸੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਜ਼ਿਲਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਨੇ ਕਿਹਾ ਕਿ 2027 'ਚ ਕਾਂਗਰਸ ਸਰਕਾਰ ਬਣਾਉਣ ਲਈ ਹੁਣ ਤੋਂ ਹੀ ਵਰਕਰ ਲਾਮਬੰਦ ਹੋਣ ਤਾਂ ਜੋ ਵਿਧਾਨ ਸਭਾ ਹਲਕਾ ਤਰਨਤਾਰਨ ਤੋਂ ਕਾਂਗਰਸ ਪਾਰਟੀ ਵੱਡੀ ਲੀਡ ਜਿੱਤ ਪ੍ਰਾਪਤ ਕਰੇਗੀ ਤੇ ਕਾਂਗਰਸ ਸਰਕਾਰ ਬਣਾਉਣ 'ਚ ਹਲਕਾ ਤਰਨਤਾਰਨ ਦਾ ਅਹਿਮ ਯੋਗਦਾਨ ਹੋਵੇਗਾ।ਇਸ ਮੌਕੇ ਜ਼ਿਲਾ ਮੀਤ ਪ੍ਰਧਾਨ ਰਮਨ ਕੁਮਾਰ ਝਬਾਲ ਵੱਲੋਂ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਤੇ ਕਾਂਗਰਸ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਾਜਬੀਰ ਸਿੰਘ ਭੁੱਲਰ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਹਰਜੋਤ ਸਿੰਘ ਛਾਪਾ, ਪਿਊਸ਼ ਧਵਨ ਝਬਾਲ, ਡਾ. ਚਰਨਜੀਤ ਸਿੰਘ ਸੋਢੀ, ਸਰਪੰਚ ਨਰਿੰਦਰ ਕੁਮਾਰ ਪੱਪਾ ਝਬਾਲ, ਬਿੱਟੂ ਹਲਵਾਈ ਝਬਾਲ, ਨਰੇਸ਼ ਕੁਮਾਰ, ਡਿਪਟੀ ਝਬਾਲ, ਮੈਂਬਰ ਸਰਵਨ ਸਿੰਘ ਸੋਨੂੰ, ਮੈਂਬਰ ਜੂਟੀ, ਮੈਂਬਰ ਗੁਰਜੰਟ ਸਿੰਘ ਰਾਜੂ, ਮੈਂਬਰ ਪ੍ਰਗਟ ਸਿੰਘ, ਮੈਂਬਰ ਬੂਟਾ ਸਿੰਘ, ਮੈਂਬਰ ਨਿਰਵੈਰ ਸਿੰਘ, ਮੈਂਬਰ ਜਿੰਦਰ ਕੌਰ, ਮੈਂਬਰ ਸੁਖਰਾਜ ਕੌਰ, ਮੈਂਬਰ ਮਧੂਬਾਲਾ, ਹੀਰਾ ਸਿੰਘ ਝਬਾਲ, ਗੁਰਮੇਜ ਸਿੰਘ ਮਾਝੀ, ਲਵਜੀਤ ਸਿੰਘ, ਅਕਾਸ਼ਦੀਪ ਸਿੰਘ, ਜੱਸ ਝਬਾਲ, ਗੀਤਾ, ਜਿਊਣਾ ਸਿੰਘ, ਸਤਨਾਮ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਵਰਕਰ ਹਾਜ਼ਰ ਸਨ।

# ਪੰਜਾਬ ਨੈਸ਼ਨਲ ਬੈਂਕ ਨੇ ਕਿਸਾਨਾਂ ਨੂੰ ਦਿੱਤੀ ਕਰਜ਼ਿਆਂ ਤੇ ਸਕੀਮਾਂ ਬਾਰੇ ਜਾਣਕਾਰੀ

**ਅਜਨਾਲਾ, (ਸੁੱਖਤਿੰਦਰ ਸਿੰਘ ਰਾਜੂ)**

ਅਜਨਾਲਾ ਦੇ ਪਿੰਡ ਤਲਵੰਡੀ ਰਾਏ ਦਾਦੂ ਵਿਖੇ ਪੰਜਾਬ ਨੈਸ਼ਨਲ ਬੈਂਕ ਦੀ ਬਰਾਂਚ ਵੱਲੋਂ ਕਿਸਾਨ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ।ਇਸ ਮੌਕੇ ਬੈਂਕ ਅਧਿਕਾਰੀਆਂ ਨੇ ਕਿਸਾਨਾਂ ਨੂੰ ਬੈਂਕ ਦੀਆਂ ਵੱਖ-ਵੱਖ ਯੋਜਨਾਵਾਂ ਅਤੇ ਘੱਟ ਵਿਆਜ ਦਰਾਂ 'ਤੇ ਮਿਲਣ ਵਾਲੇ ਕਿਸਾਨੀ ਕਰਜ਼ਿਆਂ ਬਾਰੇ ਜਾਣਕਾਰੀ ਦਿੱਤੀ।ਬੈਂਕ ਅਧਿਕਾਰੀਆਂ ਨੇ ਕਿਹਾ ਕਿ ਕਿਸਾਨਾਂ ਅਤੇ ਬੈਂਕਾਂ ਦਾ ਨਹੁੰ ਮਾਸ ਦਾ ਰਿਸ਼ਤਾ ਹੈ ਜਿੱਥੇ ਹਰ ਸਮੇਂ ਬੈਂਕ ਕਿਸਾਨਾਂ ਦੇ ਨਾਲ ਖੜ੍ਹਾ ਰਹਿੰਦਾ ਹੈ ਅਤੇ ਉਨ੍ਹਾਂ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਸਹਾਇਤਾ ਕਰਦਾ ਹੈ। ਉਨ੍ਹਾਂ ਕਿਹਾ ਕਿ ਕਿਸਾਨੀ ਜੀਵਨ ਨੂੰ ਉੱਚਾ ਚੁੱਕਣ ਅਤੇ ਕਿਸਾਨਾਂ ਦੀ ਆਰਥਿਕ ਹਾਲਤ ਮਜ਼ਬੂਤ ਕਰਨ ਵਿੱਚ ਬੈਂਕਾਂ ਦੀ ਅਹਿਮ ਭੂਮਿਕਾ ਹੈ।ਉਨ੍ਹਾਂ ਦੱਸਿਆ ਕਿ ਬੈਂਕ ਕਿਸਾਨਾਂ ਨੂੰ ਸ਼ਾਹੂਕਾਰਾਂ ਅਤੇ ਆੜ੍ਹਤੀਆਂ ਦੇ ਕਰਜ਼ਿਆਂ ਤੋਂ ਬਚਾਉਣ ਲਈ ਸਸਤੀਆਂ ਵਿਆਜ ਦਰਾਂ 'ਤੇ ਕਰਜ਼ੇ ਮੁਹੱਈਆ ਕਰਵਾ ਰਹੇ ਹਨ ਤਾਂ ਜੋ ਕਿਸਾਨ ਆਪਣੀ ਖੇਤੀ ਅਤੇ ਪਰਿਵਾਰਕ ਜੀਵਨ ਨੂੰ ਸੁਖਾਲਾ ਬਣਾ ਸਕਣ।ਬੈਂਕ ਵੱਲੋਂ ਕਿਸਾਨਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਲੈਣ ਅਤੇ ਸਮੇਂ ਸਿਰ ਬੈਂਕਿੰਗ ਸੇਵਾਵਾਂ ਵਰਤਣ ਲਈ ਵੀ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਮੁੱਖ



ਮਹਿਮਾਨ ਸੰਜੇ ਮਾਨ ਜਨਰਲ ਮੈਨੇਜਰ ਹੈੱਡ ਹਾਫਿਸ ਦਿੱਲੀ, ਕ੍ਰਿਸ਼ਨ ਕੁਮਾਰ ਸਰਕਲ ਹੈੱਡ ਅੰਮ੍ਰਿਤਸਰ, ਮਨਜੀਤ ਮੈਨੇਜਰ ਨਾਬਾਰਡ, ਅਰਪਣ ਸ਼ਰਮਾ, ਐੱਲ. ਡੀ. ਐੱਮ. ਅੰਮ੍ਰਿਤਸਰ, ਬ੍ਰਾਂਚ ਮੈਨੇਜਰ ਸ਼ਾਹਬਾਜ ਸਿੰਘ ਤਲਵੰਡੀ ਰਾਏ ਦਾਦੂ, ਸੌਰਵ ਕੁਮਾਰ ਅਜਨਾਲਾ, ਗੁਰਪ੍ਰੀਤ ਸਿੰਘ ਚਮਿਆਰੀ, ਸਚਿਨ ਕੁਮਾਰ ਵਿਛੋਆ, ਨਿਸ਼ਾਤ ਸੁਲੰਕੀ ਐਗਰੀਕਲਚਰ ਅਫਸਰ ਅਤੇ ਤਲਵੰਡੀ ਰਾਏ ਦਾਦੂ ਅਤੇ ਹੋਰ ਸਟਾਫ ਹਾਜ਼ਰ ਸੀ।

# ਗ੍ਰਾਮ ਪੰਚਾਇਤ ਚਵਿੰਡਾ ਦੇਵੀ ਵੱਲੋਂ ਜ਼ਿਲਾ ਸਿੱਖਿਆ ਤੇ ਸਿਖਲਾਈ ਸੰਸਥਾ ਦੇ ਪ੍ਰਿੰਸੀਪਲ ਨਾਲ ਮੀਟਿੰਗ

**ਮਜੀਠਾ (ਸੋਇਮ ਆਨੰਦ)**-ਮਜੀਠਾ ਹਲਕੇ ਦੇ ਚਵਿੰਡਾ ਦੇਵੀ ਵਿਖੇ ਕਾਲਜ ਬਣਾਉਣ ਦੀ ਮੰਗ ਨੂੰ ਲੈ ਕੇ ਪਿੰਡ ਦੇ ਸਰਪੰਚ ਪਰਮਜੀਤ ਕੌਰ ਅਤੇ ਸਮੂਹ ਗ੍ਰਾਮ ਪੰਚਾਇਤ ਵੱਲੋਂ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਦੇ ਪ੍ਰਿੰਸੀਪਲ ਸੁਖਦੇਵ ਸਿੰਘ ਨਾਲ ਇੱਕ ਜ਼ਰੂਰੀ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਗ੍ਰਾਮ ਪੰਚਾਇਤ ਚਵਿੰਡਾ ਦੇਵੀ



ਨੇ ਸਰਪੰਚ ਪਰਮਜੀਤ ਕੌਰ ਦੀ ਅਗਵਾਈ ਵਿੱਚ ਕਾਲਜ ਨੂੰ ਪੰਚਾਇਤੀ ਜ਼ਮੀਨ ਦੇਣ ਦਾ ਪ੍ਰਸਤਾਵ ਦਿੱਤਾ।ਇਸ ਮੌਕੇ ਸਰਪੰਚ ਪਰਮਜੀਤ ਕੌਰ ਰੰਧਾਵਾ ਚਵਿੰਡਾ ਦੇਵੀ, ਸੋਨੀ ਰੰਧਾਵਾ ਚਵਿੰਡਾ ਦੇਵੀ, ਸਵਰਨਜੀਤ ਸਿੰਘ ਕੁਰਾਲੀਆ, ਹਰਦੇਵ ਸਿੰਘ ਦੇਬੂ, ਨੰਬਰਦਾਰ ਹਰਪਾਲ ਸਿੰਘ ਲਾਡੀ, ਸਵਰਨ ਸਿੰਘ ਮੁਨੀਮ, ਮੁਨੀਸ਼ ਕੁਮਾਰ ਗੋਰਖਾ ਚੌਹਾਨ, ਕਿਰਪਾਲ ਸਿੰਘ ਪਾਲੀ, ਸੋਨੂ ਮੈਂਬਰ, ਮਿੰਟਾ, ਜੰਗ ਸਿੰਘ ਜੰਗੀ, ਸ਼ਿੰਦਾ ਸਿੰਘ, ਸਟੀਫਨ, ਗੁਰਮੀਤ ਸਿੰਘ, ਮਨਦੀਪ ਕੁਮਾਰ ਬਾਊ, ਸੁੱਖਾ ਮੈਂਬਰ, ਕੁਲਵੰਤ ਰਾਏ ਕੰਤਾ ਸੁੰਦਰ, ਰਣਜੀਤ ਸਿੰਘ ਬਿੱਟਾ, ਪ੍ਰਿੰਸੀਪਲ ਸੁਖਦੇਵ ਸਿੰਘ, ਡਾਕਟਰ ਕਸ਼ਮੀਰ ਸਿੰਘ, ਦਲਬੀਰ ਸਿੰਘ, ਅੰਮ੍ਰਿਤਪਾਲ ਸਿੰਘ, ਕਮਲਪ੍ਰੀਤ ਸਿੰਘ, ਸੁਖਪ੍ਰੀਤ ਕੌਰ, ਲਖਬੀਰ ਸਿੰਘ, ਜਗਦੀਪਕ ਸਿੰਘ, ਹਰਪ੍ਰੀਤ ਕੌਰ, ਗੁਰਿੰਦਰਬੀਰ ਸਿੰਘ, ਕੁਲਦੀਪ ਸਿੰਘ, ਮੁਨੀਸ਼ ਕੁਮਾਰ, ਕੰਵਰਦੀਪ ਸਿੰਘ ਆਦਿ ਪਿੰਡ ਵਾਸੀ ਮੌਜੂਦ ਸਨ।

# ਫੂਡ ਸੇਫਟੀ ਵਿਭਾਗ ਨੇ ਦੁੱਧ ਦੇ ਸੈਂਪਲ ਭਰੇ

**ਗੁਰਦਾਸਪੁਰ, (ਜਨਕ ਮਹਾਜਨ)**-ਮਾਨਯੋਗ ਕਮਿਸ਼ਨਰ ਫੂਡ ਅਤੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਤੇ ਸਿਵਲ ਸਰਜਨ ਗੁਰਦਾਸਪੁਰ ਦੀ ਦੇਖ-ਰੇਖ ਵਿੱਚ



ਸਿਹਤ ਵਿਭਾਗ ਗੁਰਦਾਸਪੁਰ ਦੀ ਟੀਮ ਵੱਲੋਂ ਅਸਿਸਟੈਂਟ ਕਮਿਸ਼ਨਰ ਫੂਡ ਡਾਕਟਰ ਜੀ. ਐੱਸ. ਪੰਨੂ ਦੀ ਅਗੁਵਾਈ ਹੇਠ ਖੇਤਰ ਵਿੱਚ ਵੱਖ-ਵੱਖ ਥਾਵਾਂ ਤੇ ਦੁੱਧ ਵੇਚਣ ਵਾਲਿਆਂ ਦੀ ਚੈਕਿੰਗ ਕਰਕੇ ਸੈਂਪਲ ਭਰੇ ਗਏ। ਇਸ ਸਬੰਧੀ ਸਹਾਇਕ ਕਮਿਸ਼ਨਰ ਫੂਡ ਡਾਕਟਰ ਜੀ. ਐੱਸ ਪੰਨੂ ਨੇ ਦੱਸਿਆ ਕਿ ਲੋਕਾਂ ਨੂੰ ਮਿਆਰੀ ਖਾਦ ਪਦਾਰਥ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਵੱਖ-ਵੱਖ ਥਾਵਾਂ ਤੇ ਛਾਪਾਮਾਰੀ ਕੀਤੀ ਜਾ ਰਹੀ ਹੈ। ਲੋਕਾਂ ਨੂੰ ਵਧੀਆ ਕੁਆਲਿਟੀ ਦਾ ਦੁੱਧ ਮਿਲੇ ਇਸ ਉਦੇਸ਼ ਨਾਲ ਫੂਡ ਸੇਫਟੀ ਅਫਸਰ ਰੇਖਾ ਸ਼ਰਮਾ ਦੇ ਨਾਲ ਖੇਤਰ ਵਿੱਚ ਦੁੱਧ ਵੇਚਣ ਵਾਲੇ ਦੋਧੀਆਂ ਦੀ ਚੈਕਿੰਗ ਕੀਤੀ ਗਈ ਅਤੇ ਦੁੱਧ ਦੀ ਸੈਂਪਲਿੰਗ ਕੀਤੀ ਗਈ ਹੈ। ਦੁੱਧ ਦੇ ਕਰੀਬ 5 ਸੈਂਪਲ ਭਰੇ ਗਏ। ਇਨ੍ਹਾਂ ਸੈਂਪਲਾਂ ਨੂੰ ਚੈਕਿੰਗ ਲਈ ਲੈਬਾਰਟਰੀ ਵਿਖੇ ਭੇਜ ਦਿੱਤਾ ਗਿਆ ਹੈ। ਰਿਪੋਰਟ ਅਨੁਸਾਰ ਅਗਲੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਕੁਤਾਹੀ ਹੋਣ 'ਤੇ ਕਾਰਵਾਈ ਕੀਤੀ ਜਾਵੇਗੀ। ਸਮੂਹ ਦੁਕਾਨਦਾਰਾਂ ਨੂੰ ਨਿਯਮਾਂ ਅਨੁਸਾਰ ਰਜਿਸਟਰੇਸ਼ਨ ਕਰਵਾਉਣ ਅਤੇ ਲਾਇਸੈਂਸ ਲੈਣ ਲਈ ਕਿਹਾ ਗਿਆ।

# ਸਾਉਣੀ ਦੀਆਂ ਫਸਲਾਂ ਸੰਬੰਧੀ ਨਾਗ ਕਲਾਂ 'ਚ ਲੱਗਾ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ




**ਮਜੀਠਾ /ਕੱਥੂਨੰਗਲ (ਸੋਇਮ ਆਨੰਦ/ਪ੍ਰੀਤਮ ਸਿੰਘ)**

ਸਾਉਣੀ ਦੀਆ ਫਸਲਾਂ ਦੀ ਤਕਨੀਕੀ ਜਾਣਕਾਰੀ ਦੇਣ ਲਈ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਵੱਲੋਂ ਹੈਵਨ ਪੈਲੇਸ ਨਾਗ ਕਲਾਂ ਮਜੀਠਾ ਵਿਖੇ ਖੇਤੀਬਾੜੀ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਖੇਤੀਬਾੜੀ, ਪੰਜਾਬ ਸ. ਗੁਰਜੀਤ ਸਿੰਘ ਬਰਾੜ ਦੀ ਅਗਾਵਾਈ ਹੇਠ ਜ਼ਿਲ੍ਹਾ ਪੱਧਰੀ ਕਿਸਾਨ ਸਿਖਲਾਈ ਕੈਂਪ ਅਤੇ ਖੇਤੀ ਪ੍ਰਦਰਸ਼ਨੀਆਂ ਲਗਾਈਆਂ ਗਈਆਂ।ਇਸ ਕੈਂਪ ਦਾ ਉਦਘਾਟਨ ਤਲਬੀਰ ਸਿੰਘ ਗਿੱਲ ਹਲਕਾ ਇੰਚਾਰਜ ਮਜੀਠਾ ਅਤੇ ਕੇਨ ਕਮਿਸ਼ਨਰ ਪੰਜਾਬ ਡਾ.ਅਮਰੀਕ ਸਿੰਘ ਵੱਲੋਂ ਕੀਤਾ ਗਿਆ।ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਅੰਮ੍ਰਿਤਸਰ ਡਾ:ਗੁਰਸਾਹਿਬ ਸਿੰਘ ਪੱਟੀ ਨੇ ਵੱਖ ਵੱਖ ਵਿਭਾਗਾਂ ਤੋਂ ਆਏ ਅਧਿਕਾਰੀਆਂ/ਕਰਮਚਾਰੀਆਂ ਅਤੇ ਕਿਸਾਨਾਂ ਨੂੰ ਜੀ ਆਇਆ ਆਖਿਆ।ਉਨ੍ਹਾਂ ਜ਼ਿਲੇ ਵਿੱਚ ਚੱਲ ਰਹੀਆਂ ਵੱਖ-ਵੱਖ ਰਾਜ ਅਤੇ ਕੇਂਦਰ ਪ੍ਰਯੋਜਿਤ ਸਕੀਮਾਂ ਸਬੰਧੀ ਜਾਣਕਾਰੀ ਦਿੱਤੀ।ਉਨ੍ਹਾਂ ਕਿਹਾ ਕਿ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਨੂੰ ਮਿਆਰੀ ਖਾਦ, ਬੀਜ ਅਤੇ ਦਵਾਈਆਂ ਉਪਲੱਬਧ ਕਰਵਾਉਣ ਹਿੱਤ ਵਿਭਾਗ ਵੱਲੋਂ ਨਿਰੰਤਰ ਕੁਆਲਟੀ ਕੰਟਰੋਲ ਸੈਂਪਲਿੰਗ ਕੀਤੀ ਜਾ ਰਹੀ ਹੈ।ਇਸ ਮੌਕੇ ਤਲਬੀਰ ਸਿੰਘ ਗਿੱਲ ਹਲਕਾ ਇੰਚਾਰਜ ਮਜੀਠਾ ਨੇ ਆਏ ਹੋਏ ਕਿਸਾਨਾ ਨੂੰ ਤਾਕੀਦ ਕਰਦਿਆਂ ਕਿਹਾ ਕਿ ਖਾਦ ਅਤੇ ਦਵਾਈਆਂ ਦੀ ਬੇਲੋੜੀ ਵਰਤੋਂ ਨਾ ਕੀਤੀ ਜਾਵੇ ਅਤੇ ਖੇਤੀ ਮਾਹਿਰਾਂ ਨਾਲ ਤਾਲਮੇਲ ਕਰਕੇ ਹੀ ਸਿਫਾਰਸ਼ਾਂ ਅਨੁਸਾਰ ਖਾਦ ਅਤੇ ਦਵਾਈਆਂ ਵਰਤੀਆਂ ਜਾਣ।ਇਸ ਮੌਕੇ ਕੇਨ ਕਮਿਸ਼ਨਰ ਪੰਜਾਬ ਡਾ.ਅਮਰੀਕ ਸਿੰਘ ਨੇ ਪੰਜਾਬ ਵਿਚ ਪਾਣੀ ਦੀ ਸਮੱਸਿਆ ਨੂੰ ਗੰਭੀਰ ਸਮੱਸਿਆਂ ਦੱਸਿਆ। ਇਸ ਮੌਕੇ ਡਾ ਬਿਕਰਮਜੀਤ ਸਿੰਘ, ਸਹਿਯੋਗੀ ਡਾਇਰੈਕਟਰ ਕੇ.ਵੀ.ਕੇ ਨੇ ਯੂਰੀਆਂ ਦੀ ਖਪਤ ਘਟਾਉਣ ਅਤੇ ਖਾਦਾ ਦੀ ਸੰਜਮ ਨਾਲ ਵਰਤੋਂ ਬਾਰੇ ਜਾਣਕਾਰੀ ਦਿੱਤੀ।ਮੇਲੇ ਵਿੱਚ ਖੇਤੀਬਾੜੀ, ਗੰਨਾ ਸੈਕਸ਼ਨ, ਡੇਅਰੀ ਵਿਭਾਗ, ਭੂਮੀ ਰੱਖਿਆ ਵਿਭਾਗ, ਕੇ. ਵੀ. ਕੇ., ਖਾਦ, ਬੀਜ, ਦਵਾਈ ਕੰਪਨੀਆਂ ਅਤੇ ਸੈਲਫ ਹੈਲਪ ਗਰੁਪਾਂ ਵੱਲੋਂ ਖੇਤੀ ਪ੍ਰਦਰਸ਼ਨੀਆਂ ਵੀ ਲਗਾਈਆਂ ਗਈਆਂ। ਕਿਸਾਨਾਂ ਨੇ ਭਰਪੂਰ ਦਿਲਚਸਪੀ ਵਿਖਾਈ ਅਤੇ ਜਾਣਕਾਰੀ ਹਾਸਿਲ ਕੀਤੀ।ਇਸ ਮੌਕੇ ਰਾਜਬੀਰ ਸਿੰਘ ਨੇ ਪਿੰਗਲਵਾੜਾ ਸੰਸਥਾ ਵੱਲੋਂ ਕੁਦਰਤੀ ਖੇਤੀ ਬਾਰੇ ਜਾਣਕਾਰੀ ਦਿੱਤੀ ਅਤੇ ਪਾਣੀ, ਹਵਾ ਮਿੱਟੀ ਨੂੰ ਜ਼ਹਿਰੀਲੇ ਹੋਣ ਤੋਂ ਬਚਾਉਣ ਦਾ ਹੋਕਾ ਦਿੱਤਾ।

# ਭਾਜਪਾ ਦੇ ਸਾਬਕਾ ਮੰਡਲ ਪ੍ਰਧਾਨ ਨਵਨੀਤ ਵਿੱਜ ਸੈਂਕੜੇ ਸਾਥੀਆਂ ਸਮੇਤ ਆਪ 'ਚ ਸ਼ਾਮਲ

## ਜਗਰੂਪ ਸਿੰਘ ਸੇਖਵਾਂ ਨੇ ਪਾਰਟੀ 'ਚ ਸ਼ਾਮਲ ਹੋਣ ਵਾਲਿਆਂ ਨੂੰ ਕੀਤਾ ਸਨਮਾਨਿਤ

**ਧਾਰੀਵਾਲ, (ਮਨਦੀਪ ਵਿੱਕੀ)**

ਕਾਦੀਆਂ ਵਿਧਾਨ ਹਲਕਾ ਇੰਚਾਰਜ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੂੰ ਉਸ ਵੇਲੇ ਭਾਰੀ ਬਲ ਮਿਲਿਆ ਜਦੋਂ ਆਮ ਆਦਮੀ ਪਾਰਟੀ ਦੇ ਸੂਬਾ ਵਾਈਸ ਪ੍ਰਧਾਨ ਡਾ. ਸਵਰਨ ਸਲਾਰੀਆ ਚੇਅਰਮੈਨ ਰਾਜਪੂਤ ਕਲਿਆਣ ਬੋਰਡ ਪੰਜਾਬ ਦੀ ਪ੍ਰੇਰਨਾ ਸਦਕਾ ਭਾਜਪਾ ਦੇ ਸੀਨੀਅਰ ਆਗੂ ਨਵਨੀਤ ਵਿੱਜ ਸਾਬਕਾ ਮੰਡਲ ਪ੍ਰਧਾਨ ਧਾਰੀਵਾਲ ਆਪਣੇ ਵੱਡੀ ਗਿਣਤੀ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਦਫਤਰ ਸੇਖਵਾਂ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ 'ਆਪ' ਦੇ ਸੂਬਾ ਆਗੂ ਡਾ. ਸਵਰਨ ਸਲਾਰੀਆ ਦੀ ਮੌਜੂਦਗੀ ਵਿੱਚ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਦਾ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ ਨੇ ਸਵਾਗਤ ਕਰਦਿਆਂ ਉਨ੍ਹਾਂ ਦਾ ਸਨਮਾਨਿਤ ਕੀਤਾ। ਇਸ ਮੌਕੇ ਮਾਰਕੀਟ ਕਮੇਟੀ ਧਾਰੀਵਾਲ ਦੇ ਚੇਅਰਮੈਨ ਭੁਪਿੰਦਰ ਸਿੰਘ ਰਿਕਾ ਖੁੰਡਾ, ਨਗਰ ਕੌਂਸਲ ਪ੍ਰਧਾਨ ਅਸ਼ਵਨੀ ਦੁੱਗਲ ਵੀ ਮੌਜੂਦ ਸਨ। ਇਸ ਮੌਕੇ ਸਾਮਲ ਹੋਣ ਵਾਲਿਆਂ ਵਿੱਚ ਸਾਬਕਾ ਮੰਡਲ ਪ੍ਰਧਾਨ ਧਾਰੀਵਾਲ ਨਵਨੀਤ ਵਿੱਜ, ਡਾ: ਅਜੈ ਛਾਬੜਾ ਸਾਬਕਾ ਭਾਜਪਾ ਮੰਡਲ ਪ੍ਰਧਾਨ ਕਾਦੀਆਂ, ਠਾਕੁਰ ਰਣਦੀਪ ਸਿੰਘ ਸਾਬਕਾ ਜ਼ਿਲ੍ਹਾ ਪ੍ਰਧਾਨ ਸਪੋਰਟਸ ਸੈੱਲ ਭਾਜਪਾ, ਰਾਜੀਵ ਵਿੱਜ, ਅਨਿਲ ਵਿੱਜ, ਨੀਰਜ ਖੋਸਲਾ, ਸੰਨੀ ਮਹਾਜਨ, ਹਿਤੇਸ਼ ਮਹਾਜਨ, ਨਵਦੀਪ ਭਾਟੀਆ, ਗੁਰਮੁੱਖ ਸਿੰਘ, ਮੁਕੇਸ਼ ਕੁਮਾਰ, ਪਵਨ ਕੁਮਾਰ, ਗੋਲਡੀ, ਪਵਨ ਮਸੀਹ, ਕ੍ਰਿਸ਼ਨਾ, ਸਾਰਥਕ, ਨਕੁਲ ਸ਼ਰਮਾ ਆਦਿ ਦੇ ਨਾਂ ਸਾਮਲ ਹਨ। ਇਸ ਮੌਕੇ ਨਵਨੀਤ ਵਿੱਜ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਅਤੇ ਪੰਜਾਬ ਅੰਦਰ ਕਰਵਾਏ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਆਪ ਵਿੱਚ




ਸ਼ਾਮਲ ਹੋਏ ਹਨ ਅਤੇ ਪਾਰਟੀ ਜੋ ਵੀ ਉਨ੍ਹਾਂ ਨੂੰ ਜਿੰਮੇਵਾਰੀ ਸੌਂਪੇਗੀ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਪੂਰਾ ਮਾਣ ਸਨਮਾਨ ਬਹਾਲ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਅਤੇ ਵਿਧਾਨ ਸਭਾ ਚੋਣਾਂ ਵਿੱਚ 'ਆਪ' ਪੂਰੀ ਸ਼ਾਨ ਨਾਲ ਜਿੱਤੇਗੀ।

# ਭਾਜਪਾ ਦੇ ਪੁਰਾਣੇ ਵਰਕਰ ਪਾਰਟੀ ਦੀ ਅਸਲ ਤਾਕਤ : ਅਵਿਨਾਸ਼ ਰਾਏ ਖੰਨਾ

**ਬਟਾਲਾ (ਤਰਲੋਕ ਬੱਗਾ)**-ਭਾਰਤੀ ਜਨਤਾ ਪਾਰਟੀ ਦੇ ਪ੍ਰਭਾਰੀ ਅਵਿਨਾਸ਼ ਰਾਏ ਖੰਨਾ ਵੱਲੋਂ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਦੀ ਪ੍ਰਧਾਨਗੀ ਹੇਠ ਬਟਾਲਾ ਵਿਖੇ ਪਾਰਟੀ ਦੇ ਸੀਨੀਅਰ ਅਤੇ ਪੁਰਾਣੇ ਵਰਕਰਾਂ ਵਿਜੇ ਭਾਟੀਆ ਅਤੇ



ਬਿਸ਼ਨ ਦਾਸ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਭਾਜਪਾ ਦੇ ਪੁਰਾਣੇ ਅਤੇ ਸਮਰਪਿਤ ਵਰਕਰ ਹੀ ਪਾਰਟੀ ਦੀ ਅਸਲ ਨੀਂਹ ਹਨ ਅਤੇ ਪਾਰਟੀ ਹਮੇਸ਼ਾ ਆਪਣੇ ਪੁਰਾਣੇ ਸਾਥੀਆਂ ਦੀ ਕਦਰ ਕਰਦੀ ਆਈ ਹੈ।ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਜੋ ਵਰਕਰ ਸਾਲਾਂ ਤੋਂ ਪਾਰਟੀ ਨਾਲ ਜੁੜੇ ਰਹੇ ਅਤੇ ਹਰ ਹਾਲਤ ਵਿੱਚ ਪਾਰਟੀ ਲਈ ਮਿਹਨਤ ਕਰਦੇ ਰਹੇ, ਉਨ੍ਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਉਨ੍ਹਾਂ ਕਿਹਾ ਕਿ ਭਾਜਪਾ ਆਪਣੇ ਪੁਰਾਣੇ ਵਰਕਰਾਂ ਨੂੰ ਪਰਿਵਾਰ ਦਾ ਹਿੱਸਾ ਮੰਨਦੀ ਹੈ ਅਤੇ ਉਨ੍ਹਾਂ ਦੇ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਵਾਲੀਆ ਨੇ ਵੀ ਇਸ ਮੌਕੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਪੁਰਾਣੇ ਅਤੇ ਨਿਸ਼ਠਾਵਾਨ ਵਰਕਰਾਂ ਦੀ ਮਿਹਨਤ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਭਾਜਪਾ ਹਮੇਸ਼ਾ ਆਪਣੇ ਸਮਰਪਿਤ ਸਾਥੀਆਂ ਦਾ ਸਨਮਾਨ ਕਰਦੀ ਰਹੇਗੀ।ਇਸ ਦੌਰਾਨ ਉਨ੍ਹਾਂ ਨੇ ਸੀਨੀਅਰ ਵਰਕਰਾਂ ਨਾਲ ਗੱਲਬਾਤ ਕਰਦੇ ਹੋਏ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਇਕਜੁੱਟ ਹੋ ਕੇ ਕੰਮ ਕਰਨ ਦਾ ਸੰਦੇਸ਼ ਦਿੱਤਾ। ਸਮਾਗਮ ਦੌਰਾਨ ਵਰਕਰਾਂ ਵਿੱਚ ਖ਼ੁਸ਼ੀ ਦਾ ਮਾਹੌਲ ਵੇਖਣ ਨੂੰ ਮਿਲਿਆ।

# ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ 'ਚ ਮਾਂ ਦਿਵਸ ਮਨਾਇਆ

**ਧਾਰੀਵਾਲ, (ਮਨਦੀਪ ਵਿੱਕੀ)**

ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਮਾਂ ਦਿਵਸ ਬਹੁਤ ਹੀ ਵਿਲੱਖਣ ਅਤੇ ਭਾਵਨਾਤਮਕ ਅੰਦਾਜ਼ ਵਿੱਚ ਮਨਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ



ਪ੍ਰਧਾਨਗੀ ਹੇਠ ਅਤੇ ਪ੍ਰਬੰਧਕ ਨਵਦੀਪ ਕੌਰ ਤੇ ਕੁਲਦੀਪ ਕੌਰ ਦੀ ਅਗਵਾਈ ਵਿੱਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਸਕੂਲੀ ਵਿਦਿਆਰਥੀਆਂ ਨੇ ਮਧੁਰ ਸ਼ਬਦ ਗਾਇਨ ਕਰਦਿਆਂ ਕੀਤੀ ਗਈ। ਉਪਰੰਤ ਨੌਵੀਂ ਜਮਾਤ ਦੀ ਵਿਦਿਆਰਥਣ ਜਸਲੀਨ ਕੌਰ ਨੇ ਮਾਂ ਦੀ ਮਮਤਾ ਤੇ ਵਡੱਪਣ ਭਰੇ ਭਾਵਾਂ ਸਬੰਧੀ ਆਪਣੇ ਵਿਚਾਰ ਸਾਰਿਆਂ ਸਨਮੁੱਖ ਰੱਖੇ। ਗਿਆਰ੍ਹਵੀਂ ਜਮਾਤ ਦੀ ਵਿਦਿਆਰਥਣ ਜਸਲੀਨ ਕੌਰ ਨੇ ਮਾਂ ਨੂੰ ਰੱਬ ਦਾ ਦਰਜਾ ਦਿੰਦੇ ਗੀਤ ਦੇ ਬੋਲਾਂ ਨੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਮਾਂ ਦਾ ਪਰਿਵਾਰ ਅਤੇ ਸਮਾਜ ਵਿੱਚ ਅਹਿਮ ਰੁਤਬਾ ਦੇ ਮੁਕਾਮ ਬਾਰੇ ਕਰਵਾਏ ਕਵਿਤਾ ਮੁਕਾਬਲੇ ਵਿੱਚ ਅੱਠਵੀਂ ਜਮਾਤ ਦੇ ਵਿਦਿਆਰਥੀਆਂ ਨੇ ਬਹੁਤ ਸੁੰਦਰ ਪੇਸ਼ਕਾਰੀ ਕੀਤੀ। ਸਕੂਲੀ ਵਿਦਿਆਰਥੀਆਂ ਨੇ ਆਪਣੀ ਮਾਂ ਪ੍ਰਤੀ ਸੁਨੇਹ ਨੂੰ ਦਿਖਾਉਣ ਲਈ ਸੁੰਦਰ ਗੁਲਦਸਤੇ, ਮਾਂ ਦੀ ਤਸਵੀਰ ਸਮੇਤ ਫੋਟੋ ਫਰੇਮ, ਕਾਰਡ, ਤਸਵੀਰਾਂ ਅਤੇ ਮਨ ਦੇ ਵਿਚਾਰਾਂ ਨੂੰ ਲਿਖ ਕੇ ਆਪਣੀਆਂ ਮਾਵਾਂ ਨੂੰ ਭੇਟ ਕੀਤੇ। ਵਿਦਿਆਰਥੀਆਂ ਤੋਂ ਆਪਣੇ ਮਾਤਾ-ਪਿਤਾ ਦਾ ਸਤਿਕਾਰ ਕਰਨ ਅਤੇ ਘਰੇਲੂ ਕੰਮਾਂ ਵਿੱਚ ਉਨ੍ਹਾਂ ਦਾ ਸਹਾਰਾ ਬਣਨ ਦਾ ਵੀ ਪ੍ਰਣ ਲਿਆ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਨਾਯਰ, ਮੈਨੇਜਮੈਂਟ ਮੈਂਬਰ ਨਵਦੀਪ ਕੌਰ ਤੇ ਕੁਲਦੀਪ ਕੌਰ ਦੁਆਰਾ ਸਮੁੱਚੇ ਵਿਦਿਆਰਥੀਆਂ ਨੂੰ ਆਗਿਆਕਾਰੀ ਵਿਦਿਆਰਥੀ ਬਣ ਕੇ ਆਪਣੇ ਮਾਂ- ਬਾਪ ਦੇ ਸੁਪਨਿਆਂ ਨੂੰ ਪੂਰਾ ਕਰਨ ਅਤੇ ਹਮੇਸ਼ਾ ਜ਼ਿੰਦਗੀ ਵਿੱਚ ਅੱਗੇ ਵਧਣ ਦੀ ਪ੍ਰੇਰਨਾ ਦਿੱਤੀ ਗਈ। ਇਸ ਮੌਕੇ ਸਮੂਹ ਸਕੂਲੀ ਵਿਦਿਆਰਥੀ ਅਤੇ ਅਧਿਆਪਕ ਹਾਜ਼ਰ ਸਨ।

# ਮੌਸਮੀ ਐਲਰਜੀ ਤੋਂ ਬਚਾਅ ਨਾਲ ਅਸਥਮਾ 'ਤੇ ਕਾਬੂ ਪਾਇਆ ਜਾ ਸਕਦਾ : ਡਾ. ਰਮਿੰਦਰ ਕੌਰ

**ਅੰਮ੍ਰਿਤਸਰ**-ਫੋਰਟਿਸ ਐਸਕੋਰਟ ਹੌਸਪੀਟਲ ਦੇ ਮਾਹਿਰਾਂ ਨੇ ਵਿਸ਼ਵ ਅਸਥਮਾ ਦਿਵਸ ਦੇ ਮੌਕੇ ਬਦਲਦੇ ਮੌਸਮ ਦੌਰਾਨ ਅਸਥਮਾ ਅਤੇ ਐਲਰਜੀ ਤੋਂ ਬਚਾਅ ਲਈ ਲੋਕਾਂ ਨੂੰ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ।ਹਸਪਤਾਲ ਦੇ ਪਲਮੋਨੋਲੋਜੀ ਵਿਭਾਗ ਮੁਤਾਬਕ ਇਸ ਸਮੇਂ ਹਵਾ ਵਿੱਚ ਪਰਾਗ, ਧੂੜ ਅਤੇ ਪ੍ਰਦੂਸ਼ਣ ਦੇ ਵੱਧਦੇ ਪੱਧਰ ਕਾਰਨ ਸਾਹ ਨਾਲ ਸੰਬੰਧਿਤ ਸਮੱਸਿਆਵਾਂ ਵਿੱਚ ਵਾਧਾ ਹੋ ਰਿਹਾ ਹੈ।ਰੈਸਪੀਰੇਟਰੀ ਮੈਡੀਸਿਨ ਦੀ ਐਡੀਸ਼ਨਲ ਡਾਇਰੈਕਟਰ ਡਾ. ਰਮਿੰਦਰ ਕੌਰ ਨੇ ਦੱਸਿਆ ਕਿ ਐਲਰਜੀ ਅਤੇ ਅਸਥਮਾ ਅਕਸਰ ਇਕ ਦੂਜੇ ਨਾਲ ਜੁੜੇ ਹੁੰਦੇ ਹਨ ਅਤੇ ਜੇਕਰ ਸਮੇਂ 'ਤੇ ਇਨ੍ਹਾਂ ਦਾ ਪ੍ਰਬੰਧ ਨਾ ਕੀਤਾ ਜਾਵੇ ਤਾਂ ਇਹ ਗੰਭੀਰ ਰੂਪ ਧਾਰ ਸਕਦੇ ਹਨ।ਉਨ੍ਹਾਂ ਕਿਹਾ ਕਿ ਐਲਰਜੀ ਕਾਰਨ ਸਰੀਰ ਦੀ ਰੋਗ-ਪ੍ਰਤੀਰੋਧਕ ਪ੍ਰਣਾਲੀ ਕੁਝ ਰਸਾਇਣ ਤਿਆਰ ਕਰਦੀ ਹੈ, ਜਿਸ ਨਾਲ ਸਾਹ ਦੀਆਂ ਨਲੀਆਂ ਵਿੱਚ ਸੋਜ ਅਤੇ ਤੰਗੀ ਪੈਦਾ ਹੁੰਦੀ ਹੈ, ਜੋ ਅਸਥਮਾ ਦੇ ਦੌਰੇ ਨੂੰ ਵਧਾ ਸਕਦੀ ਹੈ।ਡਾ. ਕੌਰ ਨੇ ਸਲਾਹ ਦਿੱਤੀ ਕਿ ਜਦੋਂ ਪਰਾਗ ਦਾ ਪੱਧਰ ਵੱਧ ਹੋਵੇ ਤਾਂ ਖਿੜਕੀਆਂ ਬੰਦ ਰੱਖਣ, ਘਰ ਵਿੱਚ ਏਅਰ ਪਿਊਰੀਫਾਇਰ ਵਰਤਣ ਅਤੇ ਬਾਹਰ ਜਾਂਦੇ ਸਮੇਂ ਮਾਸਕ ਪਹਿਨਣਾ ਚਾਹੀਦਾ ਹੈ।ਉਨ੍ਹਾਂ ਇਹ ਵੀ ਕਿਹਾ ਕਿ ਮਰੀਜ਼ਾਂ ਨੂੰ ਨਿਯਮਿਤ ਤੌਰ 'ਤੇ ਦਵਾਈ ਲੈਣੀ ਚਾਹੀਦੀ ਹੈ ਅਤੇ ਡਾਕਟਰ ਦੀ ਸਲਾਹ ਮੁਤਾਬਕ ਇਨਹੇਲਰ ਦੀ ਵਰਤੋਂ ਕਰਨੀ ਚਾਹੀਦੀ ਹੈ।

# ਮੌਜੂਦਾ ਸਰਕਾਰ ਨੇ ਰੋਕੀ ਵਿਕਾਸ ਦੀ ਰਫ਼ਤਾਰ : ਦਿਨੇਸ਼ ਬੱਸੀ



**ਛੇਹਰਟਾ, (ਮਨੋਜ ਕੁਮਾਰ)**

ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਤੇ ਸੀਨੀਅਰ ਕਾਂਗਰਸੀ ਆਗੂ ਦਿਨੇਸ਼ ਬੱਸੀ ਨੇ ਵਾਰਡ ਨੰਬਰ 32 ਵਿਚ ਬੈਠਕ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਸੁਪਨਾ ਅੰਮ੍ਰਿਤਸਰ ਪੂਰਬੀ ਹਲਕੇ ਵਿਚ ਆਈਟੀ ਹੱਬ, ਇੰਡਸਟਰੀ ਤੇ ਰੁਜ਼ਗਾਰ ਲਿਆਉਣਾ ਹੈ, ਤਾਂ ਜੋ ਨੌਜਵਾਨਾਂ ਨੂੰ ਨਸ਼ਿਆਂ ਦੇ ਦਲਦਲ ਵਿਚ ਜਾਣ ਦਾ ਮੌਕਾ ਹੀ ਨਾ ਮਿਲੇ। ਬਾਬਾ ਦੀਪ ਸਿੰਘ ਸੁਸਾਇਟੀ ਦੀ ਮੈਂਬਰ ਰਾਜ ਰਾਣੀ ਵੱਲੋਂ ਕਰਵਾਈ ਗਈ ਬੈਠਕ ਵਿਚ ਵਾਰਡ ਨੰਬਰ 32 ਦੇ ਇੰਚਾਰਜ਼ ਰਾਜਬੀਰ ਸਿੰਘ ਰਾਜੂ ਵੀ ਮੌਜੂਦ ਸਨ। ਇਸ ਮੌਕੇ ਦਿਨੇਸ਼ ਬੱਸੀ ਨੇ ਕਿਹਾ ਕਿ ਕਾਂਗਰਸ ਸਰਕਾਰ ਦੇ ਸਮੇਂ ਅੰਮ੍ਰਿਤਸਰ ਤੇ ਆਸ-ਪਾਸ ਦੇ ਇਲਾਕਿਆਂ ਵਿਚ ਲੋਕਾਂ ਨੂੰ ਸਾਫ਼ ਤੇ ਵਧੀਆ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਨਹਿਰੀ ਪਾਣੀ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਸੀ, ਤਾਂ ਜੋ ਦੂਸ਼ਿਤ ਪਾਣੀ ਕਾਰਨ ਫੈਲ ਰਹੀਆਂ ਗੰਭੀਰ ਬਿਮਾਰੀਆਂ ਤੇ ਕੈਂਸਰ ਵਰਗੀਆਂ ਸਮੱਸਿਆਵਾਂ ਤੋਂ ਲੋਕਾਂ ਨੂੰ ਰਾਹਤ ਮਿਲ ਸਕੇ। ਪਰ ਮੌਜੂਦਾ ਸਰਕਾਰ ਨੇ ਵਿਕਾਸ ਕਾਰਜਾਂ ਦੀ ਰਫ਼ਤਾਰ ਰੋਕ ਦਿੱਤੀ ਅਤੇ ਹੁਣ ਉਸੇ ਪ੍ਰੋਜੈਕਟ 'ਤੇ ਆਪਣੀ ਮੋਹਰ ਲਗਾ ਕੇ ਲੋਕਾਂ ਅੱਗੇ ਪੇਸ਼ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਸਭ ਤੋਂ ਵੱਡਾ ਸੰਕਟ ਬੇਰੁਜ਼ਗਾਰੀ ਤੇ ਨਸ਼ਾ ਹੈ। ਕੇਵਲ ਭਾਸ਼ਣਾਂ ਨਾਲ ਨਸ਼ਾ ਖਤਮ ਨਹੀਂ ਹੋਵੇਗਾ, ਸਗੋਂ ਨੌਜਵਾਨਾਂ ਨੂੰ ਰੁਜ਼ਗਾਰ ਦੇਣਾ ਪਵੇਗਾ। ਉਨ੍ਹਾਂ ਕਿਹਾ ਕਿ ਜਦੋਂ ਤੱਕ ਪੰਜਾਬ ਵਿਚ ਇੰਡਸਟਰੀ ਨਹੀਂ ਆਉਂਦੀ ਤੇ ਨੌਜਵਾਨਾਂ ਨੂੰ ਨੌਕਰੀਆਂ ਨਹੀਂ ਮਿਲਦੀਆਂ, ਉਦੋਂ ਤਕ ਉਹ ਗਲਤ ਰਸਤੇ ਵੱਲ ਧੱਕੇ ਜਾਂਦੇ ਰਹਿਣਗੇ। ਦਿਨੇਸ਼ ਬੱਸੀ ਨੇ ਦਾਅਵਾ ਕੀਤਾ ਕਿ ਜੇ ਲੋਕਾਂ ਨੇ ਉਨ੍ਹਾਂ ਨੂੰ ਮੌਕਾ ਦਿੱਤਾ ਤਾਂ ਆਉਣ ਵਾਲੇ ਸਮੇਂ ਵਿਚ ਇਲਾਕੇ ਵਿਚ ਆਈਟੀ ਹੱਬ ਸਥਾਪਿਤ ਕਰਵਾਇਆ ਜਾਵੇਗਾ, ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਆਪਣੇ ਹੀ ਸੂਬੇ ਵਿਚ ਰੁਜ਼ਗਾਰ ਮਿਲ ਸਕੇ। ਉਨ੍ਹਾਂ ਕਿਹਾ ਕਿ ਅੱਜ ਦਾ ਨੌਜਵਾਨ ਮੋਬਾਈਲ ਤੇ ਟੈਕਨਾਲੋਜੀ ਨਾਲ ਜੁੜਿਆ ਹੋਇਆ ਹੈ, ਇਸ ਲਈ ਪੰਜਾਬ ਨੂੰ ਆਈਟੀ ਤੇ ਇੰਡਸਟਰੀ ਅਧਾਰਿਤ ਵਿਕਾਸ ਵੱਲ ਲੈ ਜਾਣਾ ਸਮੇਂ ਦੀ ਲੋੜ ਹੈ। ਇਸ ਮੌਕੇ ਬਿੱਲਾ, ਮਨਦੀਪ ਭੁੱਲਰ, ਮੰਗਾ, ਜਤਿੰਦਰ ਰਾਣਾ, ਯੁਵਰਾਜ, ਮਨਦੀਪ, ਮਨੀ ਸ਼ਰਮਾ, ਮੋਟੂ ਭਾਟੀਆ, ਬੂਟਾ ਸਿੰਘ, ਬਬਲੀ ਰਾਣੋ, ਮਨਜੀਤ ਕੌਰ, ਪਲਵਿੰਦਰ ਕੌਰ ਆਦਿ ਹਾਜ਼ਰ ਸਨ।

# ਵਜ਼ੀਰ ਭੁੱਲਰ ਦੀ ਸੜਕ ਦੀ ਉਸਾਰੀ ਦਾ ਕੰਮ ਸ਼ੁਰੂ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ਵੱਲੋਂ ਸੜਕ ਨਿਰਮਾਣ ਯੋਜਨਾ ਤਹਿਤ ਪਿੰਡ ਵਜ਼ੀਰ ਭੁੱਲਰ ਦੀ ਸੜਕ ਦੀ ਉਸਾਰੀ ਸ਼ੁਰੂ ਕਰਵਾਈ ਗਈ।ਇਹ ਜੋ ਬਿਆਸ ਤੋਂ ਚੀਮਾ ਕਲੋਨੀ, ਭੁੱਲਰ ਕਲੋਨੀ ਅਜੀਤ ਨਗਰ ਤੋਂ ਵਜ਼ੀਰ ਭੁੱਲਰ ਅਤੇ ਸਬ ਤਹਿਸੀਲ ਬਿਆਸ ਤੱਕ ਵੀ ਜਾਂਦੀ ਹੈ, ਬਹੁਤ ਲੰਬੇ ਸਮੇਂ ਤੋਂ ਬਹੁਤ ਹੀ ਖ਼ਸਤਾ ਹਾਲਤ ਵਿੱਚ ਸੀ।ਅੱਜ ਇਸ ਸੜਕ ਦੀ ਉਸਾਰੀ ਦਾ ਕੰਮ ਸ਼ੁਰੂ ਕੀਤਾ ਗਿਆ। ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਬਲਵਿੰਦਰ ਸਿੰਘ ਭੁੱਲਰ, ਭਗਵੰਤ ਸਿੰਘ, ਭੁਪਿੰਦਰ ਸਿੰਘ ਬਿੱਟੂ, ਸਰਦੂਲ ਸਿੰਘ, ਰੇਸ਼ਮ ਸਿੰਘ, ਕਸ਼ਮੀਰ ਸਿੰਘ, ਗੋਪਾਲ ਸਿੰਘ, ਸੁਰਜੀਤ ਸਿੰਘ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਨਾਜਾਇਜ਼ ਹਥਿਆਰਾਂ ਸਮੇਤ 3 ਕਾਬੂ



**ਮੁਹਾਲੀ (ਗੁਰਜੀਤ ਬਿੱਲਾ)**- ਹਰਮਨਦੀਪ ਸਿੰਘ ਹਾਂਸ, ਸੀਨੀਅਰ ਕਪਤਾਨ ਪੁਲਿਸ ਜ਼ਿਲ੍ਹਾ ਐੱਸ ਏ ਐੱਸ ਨਗਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਨਾਨਕ ਸਿੰਘ ਡੀ ਆਈ ਜੀ ਰੋਪੜ ਰੇਂਜ, ਰੋਪੜ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮਾੜੇ ਅਨਸਰਾ ਵਿਰੁੱਧ ਚਲਾਈ ਮੁਹਿੰਮ ਦੌਰਾਨ ਸੌਰਵ ਜਿੰਦਲ, ਕਪਤਾਨ ਪੁਲਿਸ (ਜਾਂਚ), ਤਲਵਿੰਦਰ ਸਿੰਘ, ਕਪਤਾਨ ਪੁਲਿਸ (ਆਪਰੇਸ਼ਨ), ਰਾਜਨ ਪਰਮਿੰਦਰ ਸਿੰਘ, ਉੱਪ-ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਜ਼ਿਲ੍ਹਾ ਐੱਸ.ਏ.ਐਸ. ਨਗਰ ਦੀ ਨਿਗਰਾਨੀ ਹੇਠ ਸੀ ਆਈ ਏ ਸਟਾਫ ਦੀ ਟੀਮ ਵੱਲੋਂ 3 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 6 ਨਜਾਇਜ ਹਥਿਆਰ ਵੱਖ-ਵੱਖ ਬੋਰ ਸਮੇਤ ਕਾਰਤੂਸ ਬ੍ਰਾਮਦ ਕਰਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ।

# ਵਿਦਿਆਰਥੀਆਂ ਨੂੰ ਚੰਡੀਗੜ੍ਹ ਦਾ ਟੂਰ ਕਰਵਾਇਆ

**ਜਲੰਧਰ (ਕਮਲਜੀਤ ਥਾਬਲਕੇ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ, ਲਾਡੋਵਾਲੀ ਰੋਡ ਵੱਲੋਂ ਵਿਦਿਆਰਥੀਆਂ ਦੇ ਸਰਵ ਪੱਖੀ ਵਿਕਾਸ ਤੇ ਵਿਦਿਅਕ ਜਾਣਕਾਰੀ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਚੰਡੀਗੜ੍ਹ ਲਈ ਇੱਕ ਟੂਰ ਦਾ ਸਫਲ ਆਯੋਜਨ ਕੀਤਾ ਗਿਆ ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਇਤਿਹਾਸਕ ਤੇ ਪ੍ਰਸਿੱਧ ਸਥਾਨਾਂ ਦਾ ਦੌਰਾ ਕਰਦੇ ਹੋਏ ਨਵਾਂ ਅਨੁਭਵ ਹਾਸਲ ਕੀਤਾ। ਯਾਤਰਾ ਦੀ ਸ਼ੁਰੂਆਤ ਵਿਸ਼ਵ ਪ੍ਰਸਿੱਧ ਰਾਕ ਗਾਰਡਨ ਦੇ ਦੌਰੇ ਨਾਲ ਹੋਈ, ਜਿੱਥੇ ਵਿਦਿਆਰਥੀਆਂ ਨੇ ਕਬਾੜ ਅਤੇ ਰੀਸਾਈਕਲ ਸਮੱਗਰੀ ਨਾਲ ਤਿਆਰ ਕੀਤੀਆਂ ਵਿਲੱਖਣ ਕਲਾਕ੍ਰਿਤੀਆਂ ਨੂੰ ਨਜ਼ਦੀਕ ਤੋਂ ਦੇਖਿਆ। ਵਿਦਿਆਰਥੀਆਂ ਨੇ ਇਸ ਰਚਨਾਤਮਕ ਕਲਾ ਨੂੰ ਬੜੇ ਧਿਆਨ ਅਤੇ ਰੁਚੀ ਨਾਲ ਵੇਖਿਆ ਅਤੇ ਇਸ ਦੇ ਪਿੱਛੇ ਲੁਕੇ ਸੁਨੇਹੇ ਨੂੰ ਸਮਝਣ ਦੀ ਕੋਸ਼ਿਸ਼ ਕੀਤੀ। ਇਸ ਤੋਂ ਬਾਅਦ ਵਿਦਿਆਰਥੀਆਂ ਨੇ ਸੁੰਦਰ ਅਤੇ ਮਨਮੋਹਕ ਸੁਖਨਾ ਝੀਲ ਦਾ ਦੌਰਾ ਕੀਤਾ, ਜਿੱਥੇ ਕੁਦਰਤੀ ਸੁੰਦਰਤਾ ਅਤੇ ਸ਼ਾਂਤ ਮਾਹੌਲ ਨੇ ਸਭ ਦਾ ਮਨ ਮੋਹ ਲਿਆ। ਇਹ ਵਿਦਿਅਕ ਟੂਰ ਨਾ ਸਿਰਫ਼ ਵਿਦਿਆਰਥੀਆਂ ਲਈ ਮਨੋਰੰਜਨ ਅਤੇ ਤਾਜ਼ਗੀ ਦਾ ਸਰੋਤ ਬਣਿਆ, ਸਗੋਂ ਇਸ ਨੇ ਉਨ੍ਹਾਂ ਵਿੱਚ ਟੀਮ ਵਰਕ, ਆਪਸੀ ਸਹਿਯੋਗ ਅਤੇ ਸੱਭਿਆਚਾਰਕ ਜਾਣਕਾਰੀ ਨੂੰ ਵੀ ਉਤਸ਼ਾਹਿਤ ਕੀਤਾ। ਯਾਤਰਾ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਪੂਰੀ ਰਹਿਨੁਮਾਈ ਅਤੇ ਸੁਰੱਖਿਆ ਮੁਹੱਈਆ ਕਰਵਾਈ ਗਈ, ਜਿਸ ਕਾਰਨ ਪੂਰਾ ਪ੍ਰੋਗਰਾਮ ਸੁਚੱਜੇ ਅਤੇ ਸਫਲ ਢੰਗ ਨਾਲ ਸੰਪੰਨ ਹੋਇਆ।ਇਸ ਮੌਕੇ ਕਾਲਜ ਦੇ ਓ ਐੱਸ ਡੀ ਡਾ. ਨਵਜੋਤ ਨੇ ਕਿਹਾ ਕਿ ਅਜਿਹੀਆਂ



ਵਿਦਿਅਕ ਯਾਤਰਾਵਾਂ ਵਿਦਿਆਰਥੀਆਂ ਦੀ ਸਿਰਫ਼ ਕਿਤਾਬੀ ਜਾਣਕਾਰੀ ਹੀ ਨਹੀਂ ਵਧਾਉਂਦੀਆਂ, ਸਗੋਂ ਉਨ੍ਹਾਂ ਦੇ ਵਿਅਕਤਿਤਵ ਵਿਕਾਸ, ਸਮਾਜਿਕ ਜਾਗਰੂਕਤਾ ਅਤੇ ਰਚਨਾਤਮਕ ਸੋਚ ਨੂੰ ਵੀ ਮਜ਼ਬੂਤ ਕਰਦੀਆਂ ਹਨ। ਉਨ੍ਹਾਂ ਨੇ ਕਿਹਾ ਕਿ ਕਾਲਜ ਵੱਲੋਂ ਭਵਿੱਖ ਵਿੱਚ ਵੀ ਵਿਦਿਆਰਥੀਆਂ ਲਈ ਅਜਿਹੀਆਂ ਗਤੀਵਿਧੀਆਂ ਦਾ ਆਯੋਜਨ ਕੀਤਾ ਜਾਂਦਾ ਰਹੇਗਾ ਤਾਂ ਜੋ ਉਹ ਸਿੱਖਿਆ ਦੇ ਨਾਲ-ਨਾਲ ਵਿਹਾਰਕ ਅਨੁਭਵ ਵੀ ਪ੍ਰਾਪਤ ਕਰ ਸਕਣ।ਇਸ ਯਾਤਰਾ ਦੌਰਾਨ ਵਿਦਿਆਰਥੀਆਂ ਦੇ ਨਾਲ ਫੈਕਲਟੀ ਮੈਂਬਰਾਂ ਵਿੱਚ ਪ੍ਰੋ ਤੇਜਿੰਦਰ ਕੌਰ, ਪ੍ਰੋ ਭਵਿਆ, ਪ੍ਰੋ ਨਿਹਾਰਿਕਾ ਸੇਠ, ਪ੍ਰੋ ਨਿਸ਼ਾ ਸਰੰਗਲ ਅਤੇ ਪ੍ਰੋ ਦੀਨਬੰਧੂ ਹਾਜ਼ਰ ਰਹੇ।

# ਐੱਸ ਸੀ ਕਮਿਸ਼ਨ ਵੱਲੋਂ ਡਾਇਰੈਕਟਰ ਤੇ ਨੋਡਲ ਅਫ਼ਸਰ ਜਨਗਣਨਾ ਪੰਜਾਬ ਤਲਬ

**ਚੰਡੀਗੜ੍ਹ (ਸੁਰਜੀਤ ਸੁਮਨ)**- ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੇ ਜਨਗਣਨਾ ਸਬੰਧੀ ਫਾਰਮਾਂ ਵਿੱਚ ਵਾਲਮੀਕਿ ਅਤੇ ਮਜ਼ਬੀ ਭਾਈਚਾਰੇ ਲਈ ਗ਼ੈਰ ਸਮਾਜਿਕ ਸ਼ਬਦ ਵਰਤਣ ਸਬੰਧੀ ਸੂ-ਮੋਟੋ ਕਾਰਵਾਈ ਕਰਦਿਆਂ ਜਨਗਣਨਾ ਕਲਿਆਣ ਵਿਭਾਗ ਪੰਜਾਬ ਦੇ ਡਾਇਰੈਕਟਰ ਅਤੇ ਸੂਬਾ ਨੋਡਲ ਅਫ਼ਸਰ ਨੂੰ ਤਲਬ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਵਾਲਮੀਕਿ ਤੇ ਮਜ਼ਬੀ ਭਾਈਚਾਰੇ ਲਈ ਗ਼ੈਰ ਸਮਾਜਿਕ ਸ਼ਬਦਾਂ ਦੀ ਵਰਤੋਂ ਸਬੰਧੀ ਸੋਸ਼ਲ ਮੀਡੀਆ ਤੇ ਅਖ਼ਬਾਰਾਂ ਰਾਹੀਂ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਹੈ। ਉਨ੍ਹਾਂ ਕਿਹਾ ਕਿ ਇਸ ਮਾਮਲੇ ਸਬੰਧੀ ਕਮਿਸ਼ਨ ਨੇ ਸੂ-ਮੋਟੋ ਨੋਟਿਸ ਲੈਂਦਿਆਂ 13 ਮਈ ਨੂੰ ਡਾ. ਨਵਜੋਤ ਖੋਸਾ, ਡਾਇਰੈਕਟਰ ਜਨਗਣਨਾ ਕਲਿਆਣ ਵਿਭਾਗ ਪੰਜਾਬ ਅਤੇ ਨਾਲ ਹੀ ਇਸ ਵਿਭਾਗ ਦੇ ਨੋਡਲ ਅਫ਼ਸਰ ਮਨਜੀਤ ਸਿੰਘ ਬਰਾੜ ਨੂੰ ਕਮਿਸ਼ਨ ਦਫਤਰ ਵਿਖੇ ਨਿੱਜੀ ਪੱਧਰ 'ਤੇ ਤਲਬ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਭਾਈਚਾਰੇ ਨਾਲ ਸਬੰਧਤ ਜਥੇਬੰਦੀਆਂ ਦੇ ਆਗੂਆਂ ਵੱਲੋਂ ਕੁਝ ਦਿਨਾਂ ਤੋਂ ਭਾਰੀ ਰੋਸ ਜਤਾਇਆ ਜਾ ਰਿਹਾ ਹੈ।



## ਮੁੱਖ ਮੰਤਰੀ ਦੀ ਸ਼ੁਕਰਾਨਾ ਯਾਤਰਾ ਤੋਂ ਪਹਿਲਾਂ ਅਧਿਆਪਕ ਆਗੂ ਸਤਵੰਤ ਟੂਰਾ ਨਜ਼ਰਬੰਦ

**ਫਗਵਾੜਾ (ਜਸਵਿੰਦਰ ਢੱਡਾ)**- ਐੱਸ ਸੀ/ਬੀ ਸੀ ਸਮਾਜ ਅਤੇ ਮੁਲਾਜ਼ਮ ਵਰਗ ਦੀਆਂ ਜ਼ਾਇਜ਼ ਤੇ ਸੰਵਿਧਾਨਿਕ ਮੰਗਾਂ ਨੂੰ ਹਮੇਸ਼ਾ ਹੀ ਹੱਲ ਕਰਵਾਉਣ ਲਈ ਤੱਤਪਰ ਰਹਿਣ ਵਾਲੀ ਗਜ਼ਟਿਡ ਅਤੇ ਨਾਨ ਗਜ਼ਟਿਡ ਐੱਸ ਸੀ/ ਬੀ ਸੀ ਇੰਪਲਾਇਜ਼ ਵੈੱਲਫੇਅਰ ਫੈਡਰੇਸ਼ਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਤੇ ਜ਼ਿਲਾ ਕਪੂਰਥਲਾ ਦੇ ਪ੍ਰਧਾਨ ਸਤਵੰਤ ਸਿੰਘ ਟੂਰਾ ਨੂੰ ਮੁੱਖ ਮੰਤਰੀ ਭਗਵੰਤ ਮਾਨ ਦੀ ਸ਼ੁਕਰਾਨਾ ਯਾਤਰਾ ਫਗਵਾੜਾ ਤੋਂ ਪਹਿਲਾਂ ਹੀ ਸਵੇਰੇ ਘਰ ਵਿੱਚ ਨਜ਼ਰਬੰਦ ਕਰ ਦਿੱਤਾ ਗਿਆ। ਯੂਨੀਅਨ ਆਗੂ ਲਖਵੀਰ ਚੰਦ,ਬਲਵਿੰਦਰ ਨਿਧੜਕ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਸਮੁੱਚੀਆਂ ਜੱਥੇਬੰਦੀਆਂ ਨਾਲ ਬੈਠ ਕੇ ਗੱਲ ਕਰਨੀ ਚਾਹੀਦੀ ਹੈ ਅਤੇ ਮੁਲਾਜ਼ਿਮ ਮਸਲਿਆਂ ਨੂੰ ਹੱਲ ਕਰਨ ਦੇ ਯਤਨ ਕਰਨੇ ਚਾਹੀਦੇ ਹਨ ।ਇਸ ਮੌਕੇ ਤੇ ਅਸ਼ੋਕ ਕੁਮਾਰ, ਵਿਨੋਦ ਕੁਮਾਰ, ਰਾਮਪਾਲ, ਜਸਵੀਰ ਲਾਲ, ਸਤਨਾਮ ਸਿੰਘ, ਗੁਰਸੇਵਕ ਸਿੰਘ,ਪਵਨ ਕੁਮਾਰ ਆਦਿ ਹਾਜ਼ਰ ਸਨ।



## ਵਿਧਾਇਕ ਨੇ ਦੋ ਬੱਸਾਂ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

**ਮੁਹਾਲੀ (ਗੁਰਜੀਤ ਬਿੱਲਾ)**- ਵਿਧਾਇਕ ਕੁਲਵੰਤ ਸਿੰਘ ਨੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਤਹਿਤ ਪਿੰਡ ਕੈਲੋਂ ਅਤੇ ਚੱਪੜਚਿੜੀ ਖੁਰਦ ਤੋਂ ਸ਼ਰਧਾਲੂਆਂ ਦੇ ਜੱਥਿਆਂ ਨੂੰ 33ਵੀਂ ਅਤੇ 34ਵੀਂ ਬੱਸ ਰਾਹੀਂ ਅੰਮ੍ਰਿਤਸਰ ਲਈ ਰਵਾਨਾ ਕੀਤਾ।ਬੱਸਾਂ ਨੂੰ ਹਰੀ ਝੰਡੀ ਦੇਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਸ਼ਰਧਾਲੂਆਂ ਨੂੰ ਇਸ ਪਵਿੱਤਰ ਯਾਤਰਾ ਲਈ ਰਵਾਨਾ ਕਰਦੇ ਸਮੇਂ ਮਿਲਣ ਵਾਲੀ ਖੁਸ਼ੀ ਤੇ ਮਨ ਦਾ ਸਕੂਨ ਬਿਆਨ ਤੋਂ ਪਰੇ ਹੈ। ਉਨ੍ਹਾਂ ਕਿਹਾ ਕਿ ਉਹ ਇਸ ਜਿੰਮੇਵਾਰੀ ਲਈ ਪਰਮਾਤਮਾ ਦੇ ਹਮੇਸ਼ਾ ਧੰਨਵਾਦੀ ਰਹਿਣਗੇ।ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਇੱਛਾ ਹੈ ਕਿ ਪੰਜਾਬ ਦੇ ਵੱਧ ਤੋਂ ਵੱਧ ਸੀਨੀਅਰ ਸਿਟੀਜ਼ਨ ਇਸ ਯਾਤਰਾ ਦਾ ਲਾਭ ਲੈਣ। ਉਨ੍ਹਾਂ ਕਿਹਾ ਕਿ ਮੋਹਾਲੀ ਸਮੇਤ ਪੰਜਾਬ ਭਰ ਤੋਂ ਸ਼ਰਧਾਲੂ ਇਸ ਯੋਜਨਾ ਤਹਿਤ ਅੰਮ੍ਰਿਤਸਰ ਦੇ ਦਰਸ਼ਨ ਕਰ ਰਹੇ ਹਨ।ਇਸ ਮੌਕੇ ਸਟੇਟ ਅਵਾਰਡੀ ਤੇ ਹਲਕਾ ਕੋਆਰਡੀਨੇਟਰ ਮੁੱਖ ਮੰਤਰੀ ਯਾਤਰਾ ਯੋਜਨਾ ਫੂਲਰਾਜ ਸਿੰਘ, ਤਰਲੋਚਨ ਸਿੰਘ ਤੋਚੀ (ਸਰਪੰਚ, ਕੈਲੋਂ), ਗੁਰਜੀਤ ਸਿੰਘ (ਪੰਚ), ਸੁਖਜੀਤ ਸਿੰਘ, ਸਤੋਖ ਸਿੰਘ, ਬਿਕਰਮਜੀਤ ਸਿੰਘ, ਹਰਜਿੰਦਰ ਸਿੰਘ, ਮਨਜੀਤ ਕੌਰ (ਸਰਪੰਚ, ਚੱਪੜਚਿੜੀ ਖੁਰਦ), ਭੁਪਿੰਦਰ ਕੌਰ (ਪੰਚ), ਮਨਪ੍ਰੀਤ ਸਿੰਘ (ਨੰਬੜਦਾਰ), ਕਮਲਪ੍ਰੀਤ ਕੌਰ (ਪੰਚ) ਅਤੇ ਜਸਪ੍ਰੀਤ ਸਿੰਘ (ਲਾਡਰਾਂ) ਵੀ ਮੌਜੂਦ ਸਨ।



# ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਨੇ 'ਰੀਲ ਡੀਲ' ਮੁਕਾਬਲੇ ਕਰਵਾਏ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖਾਲਸਾ ਕਾਲਜ ਜਲੰਧਰ ਦੇ ਪੱਤਰਕਾਰੀ ਤੇ ਜਨ ਸੰਚਾਰ ਵਿਭਾਗ ਨੇ ਕੈਂਪਸ ਬੁਨਿਆਦੀ ਢਾਂਚੇ ਦੇ ਥੀਮ 'ਤੇ 'ਰੀਲ ਡੀਲ' ਸਿਰਲੇਖ ਵਾਲਾ ਇੱਕ ਅੰਤਰ-ਵਿਭਾਗੀ ਮੁਕਾਬਲੇ ਦਾ ਸਫਲਤਾਪੂਰਵਕ ਆਯੋਜਿਤ ਕੀਤਾ।ਇਸ ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਦਿਲਚਸਪ ਛੋਟੀਆਂ ਰੀਲਾਂ ਰਾਹੀਂ ਕਾਲਜ ਕੈਂਪਸ ਦੀਆਂ ਸਹੂਲਤਾਂ, ਵਾਤਾਵਰਣ ਨੂੰ ਰਚਨਾਤਮਕ ਤੌਰ 'ਤੇ ਪ੍ਰਦਰਸ਼ਿਤ ਕਰਨ ਲਈ ਉਤਸ਼ਾਹਿਤ ਕਰਨਾ ਸੀ। ਮੁਕਾਬਲੇ ਦਾ ਨਤੀਜਾ ਮੌਲਿਕਤਾ, ਸਮੱਗਰੀ ਦੀ ਗੁਣਵੱਤਾ, ਵਿਜ਼ੂਅਲ ਪੇਸ਼ਕਾਰੀ ਅਤੇ ਥੀਮ ਨਾਲ ਸਾਰਥਕਤਾ ਦੇ ਆਧਾਰ 'ਤੇ ਕੀਤਾ ਗਿਆ। ਕਾਲਜ ਦੇ ਵਿਦਿਆਰਥੀ ਹੋਸੰਨਾ ਅਤੇ ਨਤਾਸ਼ਾ (ਬੀ ਏ ਜੇ ਐੱਮ ਸੀ ਸਮੈਸਟਰ- ਛੇਵਾਂ) ਨੇ ਪਹਿਲਾ ਸਥਾਨ, ਜਸਕਰਨਦੀਪ ਸਿੰਘ ਅਤੇ ਪੁਨੀਤ (ਬੀ ਏ ਜੇ ਐੱਮ ਸੀ ਸਮੈਸਟਰ- ਚੌਥਾ) ਨੇ ਦੂਜਾ ਸਥਾਨ ਅਤੇ ਵਰਲੀਨ ਕੌਰ , ਵੰਸ਼ਿਕਾ (ਬੀ ਏ ਜੇ ਐੱਮ ਸੀ ਸਮੈਸਟਰ ਦੂਜਾ) ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਲਜ ਦੇ ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਭਾਗੀਦਾਰਾਂ ਨੂੰ ਉਨ੍ਹਾਂ ਦੇ ਰਚਨਾਤਮਕ ਯਤਨਾਂ ਲਈ ਵਧਾਈ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਸਮੁੱਚੀ ਸ਼ਖਸੀਅਤ ਅਤੇ ਪੇਸ਼ੇਵਰ ਯੋਗਤਾ ਨੂੰ ਵਧਾਉਣ ਲਈ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਵਿਭਾਗ ਦੇ ਇੰਚਾਰਜ ਪ੍ਰੋ. ਆਹੂਜਾ ਸੰਦੀਪ ਨੇ ਵੀ ਸਾਰੇ ਭਾਗੀਦਾਰਾਂ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਰਚਨਾਤਮਕਤਾ ਅਤੇ ਮੀਡੀਆ ਉਤਪਾਦਨ ਹੁਨਰਾਂ ਨੂੰ ਉਤਸ਼ਾਹਿਤ ਕਰਨ ਵਿੱਚ ਅਜਿਹੇ ਮੁਕਾਬਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ।



# ਸਤਲੁਜ ਦਰਿਆ ਤੇ ਬਿਸਤ ਦੁਆਬ ਨਹਿਰ 'ਚ ਨਹਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ

**ਨਵਾਂਸ਼ਹਿਰ (ਮਨੋਜ ਲਾਡੀ)**- ਜ਼ਿਲ੍ਹਾ ਮੈਜਿਸਟ੍ਰੇਟ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਜ਼ਿਲ੍ਹੇ ਦੀ ਹਦੂਦ ਅੰਦਰ ਪੈਂਦੇ ਦਰਿਆ ਸਤਲੁਜ ਅਤੇ ਬਿਸਤ ਦੁਆਬ ਨਹਿਰ 'ਚ ਨਹਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ ਕੀਤੇ ਹਨ। ਜ਼ਿਲ੍ਹਾ ਮੈਜਿਸਟ੍ਰੇਟ ਵੱਲੋਂ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਇਹ ਮਨਾਹੀ, ਇਨ੍ਹਾਂ ਦੋਵਾਂ ਥਾਂਵਾਂ 'ਤੇ ਨਹਾਉਣ ਵਾਲਿਆਂ ਦੇ ਡੂੰਘੇ ਪਾਣੀ 'ਚ ਜਾਣ ਅਤੇ ਪਾਣੀ ਵਿਚ ਡੁੱਬਣ ਨਾਲ ਹੋਈਆਂ ਅਣਸੁਖਾਵੀਆਂ ਘਟਨਾਵਾਂ ਦੇ ਮੱਦੇਨਜ਼ਰ ਕੀਤੀ ਹੈ। ਜ਼ਿਲ੍ਹਾ ਮੈਜਿਸਟ੍ਰੇਟ ਅਨੁਸਾਰ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਵਾਪਰਨ ਕਾਰਨ ਪਰਵਾਰ ਦੇ ਨਾਲ-ਨਾਲ ਜ਼ਿਲ੍ਹਾ ਪ੍ਰਸ਼ਾਸਨ ਵੀ ਦੁੱਖ ਮਹਿਸੂਸ ਕਰਦਾ ਹੈ, ਜਿਸ ਲਈ ਇਹ ਰੋਕ ਲਾਈ ਜਾਣੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕੋਈ ਵਿਅਕਤੀ ਮੌਕੇ 'ਤੇ ਨਹਾਉਂਦਾ ਫੜਿਆ ਜਾਂਦਾ ਹੈ ਤਾਂ ਉਸ ਖ਼ਿਲਾਫ਼ ਪੁਲਿਸ ਵਿਭਾਗ ਵੱਲੋਂ ਨਿਯਮਾਂ ਅਨੁਸਾਰ ਕੇਸ ਦਰਜ ਕੀਤਾ ਜਾ ਸਕਦਾ ਹੈ। ਇਹ ਹੁਕਮ 4 ਜੁਲਾਈ 2026 ਤੱਕ ਲਾਗੂ ਰਹਿਣਗੇ।



# ਭਗਵਤੀ ਜਾਗਰਣ ਦੇ ਪੋਸਟਰ ਕੀਤੇ ਰਿਲੀਜ਼

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ**- ਪਿੰਡ ਭੁੰਗਰਨੀ ਵਿਖੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਐਨਆਰਆਈ ਵੀਰਾਂ, ਭੁੰਗਰਨੀ ਧਾਰਮਿਕ ਕਮੇਟੀ,ਸ੍ਰੀ ਗੁਰੂ ਹਰਿ ਰਾਇ ਨੌਜਵਾਨ ਸਭਾ ਭੁੰਗਰਨੀ ਅਤੇ ਇਲਾਕੇ ਦੇ ਸਹਿਯੋਗ ਨਾਲ ਸਲਾਨਾ 23 ਵਾਂ ਵਿਸ਼ਾਲ ਭਗਵਤੀ ਜਾਗਰਣ 9 ਮਈ ਨੂੰ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਕਮੇਟੀ ਮੈਂਬਰ ਵੱਲੋਂ ਸਲਾਨਾ ਵਿਸ਼ਾਲ ਭਗਵਤੀ ਜਾਗਰਣ ਸਬੰਧੀ ਪੋਸਟਰ ਰਿਲੀਜ਼ ਕੀਤੇ ਗਏ। ਇਸ ਮੌਕੇ ਕਮੇਟੀ ਪ੍ਰਧਾਨ ਰਾਜ ਕੁਮਾਰ ਭੁੰਗਰਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ 23ਵੇਂ ਵਿਸ਼ਾਲ ਭਗਵਤੀ ਜਾਗਰਣ ਦੌਰਾਨ ਪੰਜਾਬ ਦੇ ਨਾਮਵਰ ਕਲਾਕਾਰ ਬਲਰਾਜ ਬਿਲਗਾ ਇੰਟਰਨੈਸ਼ਨਲ ਕਲਾਕਾਰ, ਮਾਨਵ ਹੀਰਾ, ਮਹੰਤ ਅਸ਼ਵਨੀ ਕੁਮਾਰ ਸ਼ਾਸਤਰੀ ਆਦਿ ਕਲਾਕਾਰ ਸਾਰੀ ਰਾਤ ਮਹਾਮਾਈ ਦੇ ਗੁਣਗਾਨ ਕਰਨਗੇ। ਇਸ ਮੌਕੇ ਕਮੇਟੀ ਪ੍ਰਧਾਨ ਰਾਜ ਕੁਮਾਰ ਭੁੰਗਰਨੀ, ਡਾਕਟਰ ਪਵਨ ਕੁਮਾਰ ਸ਼ਰਮਾ, ਮਾਸਟਰ ਪ੍ਰਦੀਪ ਕੁਮਾਰ ਸੈਕਟਰੀ, ਮਾਸਟਰ ਹਰਪ੍ਰੀਤ ਸਿੰਘ ਸੈਕਟਰੀ, ਸੁਰਜੀਤ ਸਿੰਘ ਮਸੂਤਾ, ਪੱਤਰਕਾਰ ਜਗਤਾਰ ਸਿੰਘ ਭੁੰਗਰਨੀ, ਹਰਬੰਸ ਸਿੰਘ, ਰਿੰਕੂ ਕਨੇਡਾ, ਸੁਰਜੀਤ ਕੁਮਾਰ ਹੈਪੀ ਸਾਬਕਾ ਪੰਚ, ਸੰਦੀਪ ਕੁਮਾਰ ਦੀਪੂ, ਬਲਵੀਰ ਸਿੰਘ, ਅਮਰੀਕ ਸਿੰਘ ਮੀਕਾ, ਤਜਿੰਦਰ ਸਿੰਘ, ਦੀਪਾ ਬਾਬਾ, ਜਗਤਾਰ ਸਿੰਘ ਤਾਰੀ, ਅਮਰੀਕ ਸਿੰਘ, ਦਿਲਬਾਗ ਸਿੰਘ ਲੱਕੀ, ਨੰਬਰਦਾਰ ਰਾਜ ਕੁਮਾਰ, ਧਰਮਿੰਦਰ ਸਿੰਘ, ਦਰਸ਼ਨ ਸਿੰਘ ਬਿੱਟੂ, ਪਲਵਿੰਦਰ ਸਿੰਘ ਹਲਵਾਈ, ਗੁਰਬਚਨ ਸਿੰਘ ਕਾਕਾ, ਮਨਜੀਤ ਸਿੰਘ ਬਨਵੈਤ ਆਦਿ ਹਾਜ਼ਰ ਸਨ।ਸਾਲਾਨਾ ਵਿਸ਼ਾਲ ਭਗਵਤੀ ਜਾਗਰਣ ਮੌਕੇ ਲੰਗਰ ਭੰਡਾਰਾ ਅਟੁੱਟ ਵਰਤਾਇਆ ਜਾਵੇਗਾ।



## ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵੱਲੋਂ ਕੌਂਸਲਿੰਗ ਪ੍ਰੋਗਰਾਮ

**ਨਵਾਂਸ਼ਹਿਰ (ਮਨੋਜ ਲਾਡੀ)**- ਗੁਲਪ੍ਰੀਤ ਸਿੰਘ ਔਲਖ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਦੀ ਯੋਗ ਅਗਵਾਈ ਹੇਠ ਜ਼ਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਸ਼ਹੀਦ ਭਗਤ ਸਿੰਘ ਨਗਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਦੌਲਤਪੁਰ ਵਿਖੇ ਕਰੀਅਰ ਕਾਊਸਲਿੰਗ ਪ੍ਰੋਗਰਾਮ ਆਯੋਜਿਤ ਕੀਤਾ ਗਿਆ। ਇਸ ਪ੍ਰੋਗਰਾਮ ਵਿੱਚ ਸੰਦੀਪ ਕੁਮਾਰ ਪੀ.ਸੀ.ਐਸ (ਏ) ਜਿਲ੍ਹਾ ਰੋਜ਼ਗਾਰ ਉਤਪੱਤੀ ਹੁਨਰ ਵਿਕਾਸ ਅਤੇ ਸਿਖਲਾਈ ਅਫ਼ਸਰ ਵੱਲੋਂ 10ਵੀਂ ਅਤੇ 12ਵੀਂ ਕਲਾਸ ਦੇ ਵਿਦਿਆਰਥੀਆਂ ਨੂੰ ਉਹਨਾਂ ਦੇ ਭਵਿੱਖ ਵਿੱਚ ਕਰੀਅਰ ਦੀ ਸਹੀ ਚੋਣ ਕਰਨ ਸਬੰਧੀ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਗਿਆ ਅਤੇ ਨਾਲ ਹੀ ਵਿਦਿਆਰਥੀਆਂ ਨੂੰ ਲਿਖਤੀ ਪ੍ਰੀਖਿਆ ਦੇ ਵਿਸ਼ੇ ਜਿਵੇਂ ਕਿ ਆਮ ਗਿਆਨ, ਸਾਧਾਰਨ ਵਿਗਿਆਨ, ਗਣਿਤ, ਕਰੰਟ ਅਫੇਅਰਜ਼, ਲਾਜ਼ਿਕਲ ਰੀਜ਼ਨਿੰਗ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਅਮਿਤ ਕੁਮਾਰ ਪਲੇਸਮੈਂਟ ਅਫ਼ਸਰ ਡੀ ਬੀ ਈ ਈ ਵੱਲੋਂ ਵਿਦਿਆਰਥੀਆਂ ਨੂੰ ਰਾਜ ਤੇ ਕੇਂਦਰ ਸਰਕਾਰ ਦੀਆਂ ਚੱਲ ਰਹੀਆਂ ਵੱਖ–ਵੱਖ ਸਕੀਮਾਂ, ਪਲੇਸਮੈਂਟ ਕਰਵਾਉਣ ਸੰਬਧੀ ਵੱਖ-ਵੱਖ ਅਦਾਰਿਆਂ ਬਾਰੇ ਜਾਣਕਾਰੀ ਦਿੱਤੀ ਗਈ।ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਕੀਤੀ ਗਈ ਇਸ ਗਤੀਵਿਧੀ ਦੀ ਸਕੂਲ ਦੇ ਪ੍ਰਿੰਸੀਪਲ ਵਲੋਂ ਸ਼ਲਾਘਾ ਕੀਤੀ।



## ਸਿਹਤ, ਯੋਗ ਪ੍ਰਤੀ ਲੋਕਾਂ 'ਚ ਜਾਗਰੂਕਤਾ ਵਧ ਰਹੀ : ਡਿਪਟੀ ਕਮਿਸ਼ਨਰ



**ਹੁਸ਼ਿਆਰਪੁਰ, (ਓ ਪੀ ਰਾਣਾ)**- ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਲੋਕ ਭਲਾਈ ਪਹਿਲਕਦਮੀ 'ਸੀ ਐਮ ਦੀ ਯੋਗਸ਼ਾਲਾ' ਤਹਿਤ ਜ਼ਿਲ੍ਹੇ ਵਿੱਚ ਸਿਹਤ, ਯੋਗਾ ਅਤੇ ਸਕਾਰਾਤਮਕ ਜੀਵਨ ਸ਼ੈਲੀ ਪ੍ਰਤੀ ਲੋਕਾਂ ਵਿੱਚ ਜਾਗਰੂਕਤਾ ਲਗਾਤਾਰ ਵੱਧ ਰਹੀ ਹੈ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਵਿਸ਼ੇਸ਼ ਪਹਿਲ ਅੱਜ ਹਜ਼ਾਰਾਂ ਲੋਕਾਂ ਨੂੰ ਯੋਗ ਨਾਲ ਜੋੜ ਕੇ ਤੰਦਰੁਸਤ ਅਤੇ ਖੁਸ਼ਹਾਲ ਪੰਜਾਬ ਦੀ ਨਿਰਮਾਣ ਯਾਤਰਾ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।ਹੁਸ਼ਿਆਰਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ, ਵਾਰਡਾਂ, ਪਾਰਕਾਂ ਅਤੇ ਸਾਂਝੇ ਸਥਾਨਾਂ 'ਤੇ ਨਿਯਮਿਤ ਤੌਰ 'ਤੇ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਮੌਜੂਦਾ ਸਮੇਂ ਵਿੱਚ ਜ਼ਿਲ੍ਹੇ ਵਿੱਚ ਕੁੱਲ 731 ਯੋਗ ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਵਿੱਚ ਹਰ ਰੋਜ਼ ਵੱਡੀ ਗਿਣਤੀ ਵਿੱਚ ਮਹਿਲਾਵਾਂ, ਨੌਜਵਾਨ, ਬਜ਼ੁਰਗ ਅਤੇ ਵਿਦਿਆਰਥੀ ਭਾਗ ਲੈ ਕੇ ਯੋਗ ਆਸਣ, ਪ੍ਰਾਣਾਯਾਮ ਅਤੇ ਧਿਆਨ ਦਾ ਅਭਿਆਸ ਕਰ ਰਹੇ ਹਨ। ਤਜਰਬੇਕਾਰ ਯੋਗ ਟ੍ਰੇਨਰਾਂ ਵੱਲੋਂ ਲੋਕਾਂ ਨੂੰ ਯੋਗ ਦੇ ਨਾਲ-ਨਾਲ ਤੰਦਰੁਸਤ ਜੀਵਨ ਸ਼ੈਲੀ, ਤਣਾਅ ਪ੍ਰਬੰਧਨ ਅਤੇ ਰੋਜ਼ਾਨਾ ਸਿਹਤ ਨਾਲ ਸੰਬੰਧੀ ਜ਼ਰੂਰੀ ਜਾਣਕਾਰੀ ਵੀ ਦਿੱਤੀ ਜਾ ਰਹੀ ਹੈ।

# ਸੀ ਐੱਮ ਦੀ ਯੋਗਸ਼ਾਲਾ ਮੁਹਿੰਮ ਨਾਲ ਲੋਕਾਂ ਵਿੱਚ ਵਧ ਰਿਹਾ ਯੋਗ ਪ੍ਰਤੀ ਉਤਸ਼ਾਹ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਸੀ ਐੱਮ ਦੀ ਯੋਗਸ਼ਾਲਾ ਮੁਹਿੰਮ ਤਹਿਤ ਜ਼ਿਲ੍ਹਾ ਰੂਪਨਗਰ ਵਿੱਚ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਵੱਲ ਪ੍ਰੇਰਿਤ ਕਰ ਰਹੀ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈ ਜਾ ਰਹੀ ਇਸ ਪਹਿਲ ਦਾ ਮਕਸਦ ਲੋਕਾਂ ਨੂੰ ਯੋਗ ਨਾਲ ਜੋੜ ਕੇ ਸਰੀਰਕ ਅਤੇ ਮਾਨਸਿਕ ਤੌਰ 'ਤੇ ਤੰਦਰੁਸਤ ਬਣਾਉਣਾ ਹੈ। ਜ਼ਿਲ੍ਹੇ ਦੇ ਵੱਖ-ਵੱਖ ਖੇਤਰਾਂ ਵਿੱਚ ਵੱਡੀ ਗਿਣਤੀ ਵਿੱਚ ਲੋਕ ਰੋਜ਼ਾਨਾ ਯੋਗ ਕਲਾਸਾਂ ਵਿੱਚ ਭਾਗ ਲੈ ਰਹੇ ਹਨ ਅਤੇ ਇਸ ਮੁਹਿੰਮ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ। ਸੀ ਐਮ ਦੀ ਯੋਗਸ਼ਾਲਾ ਤਹਿਤ ਲੋਕਾਂ ਨੂੰ ਮੁਫ਼ਤ ਯੋਗ ਸਿਖਲਾਈ ਦਿੱਤੀ ਜਾ ਰਹੀ ਹੈ ਤਾਂ ਜੋ ਹਰ ਉਮਰ ਵਰਗ ਦੇ ਲੋਕ ਸਿਹਤਮੰਦ ਜੀਵਨ ਅਪਨਾ ਸਕਣ। ਇਸ ਸਮੇਂ ਜ਼ਿਲ੍ਹੇ ਵਿੱਚ 501 ਯੋਗ ਕਲਾਸਾਂ ਚੱਲ ਰਹੀਆਂ ਹਨ, ਜਿਨ੍ਹਾਂ ਦੀ ਨਿਗਰਾਨੀ ਸੁਪਰਵਾਈਜ਼ਰ ਸੁਰਿੰਦਰ ਕੁਮਾਰ ਝਾਅ ਵੱਲੋਂ ਕੀਤੀ ਜਾ ਰਹੀ ਹੈ। ਸ੍ਰੀ ਅਨੰਦਪੁਰ ਸਾਹਿਬ, ਨੂਰਪੁਰ ਬੇਦੀ ਅਤੇ ਰੂਪਨਗਰ ਸਮੇਤ ਕਈ ਖੇਤਰਾਂ ਵਿੱਚ ਸਵੇਰੇ ਅਤੇ ਸ਼ਾਮ ਦੇ ਸੈਸ਼ਨ ਨਿਯਮਿਤ ਤੌਰ 'ਤੇ ਲਗਾਏ ਜਾ ਰਹੇ ਹਨ।ਇਨ੍ਹਾਂ ਯੋਗ ਕਲਾਸਾਂ ਵਿੱਚ ਮਹਿਲਾਵਾਂ, ਨੌਜਵਾਨਾਂ, ਬਜ਼ੁਰਗਾਂ ਤੇ ਵਿਦਿਆਰਥੀਆਂ ਦੀ ਭਾਗੀਦਾਰੀ ਲਗਾਤਾਰ ਵੱਧ ਰਹੀ ਹੈ।ਪ੍ਰਸ਼ਾਸਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨੇੜਲੇ ਯੋਗ ਕੇਂਦਰਾਂ ਨਾਲ ਜੁੜ ਕੇ ਨਿਯਮਿਤ ਯੋਗ ਕਰਨ ਅਤੇ ਤੰਦਰੁਸਤ ਪੰਜਾਬ ਦੇ ਨਿਰਮਾਣ ਵਿੱਚ ਆਪਣਾ ਯੋਗਦਾਨ ਪਾਉਣ।



# ਮੇਲਾ ਹਰਦੋ ਸ਼ੇਖਾਂ ਦਾ 28 ਤੋਂ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ )**- ਰਹਿਮਤਾਂ ਦਾ ਦਰਬਾਰ ਅਤੇ ਸੂਫ਼ੀ ਦਰਗਾਹ ਅਸਤਾਨਾਂ ਔਲੀਆ ਹਜ਼ਰਤ ਸ਼ਾਹ ਬਾਬਾ ਮੁੱਲਾਹ ਬਦਰ ਦੇ ਪਵਿੱਤਰ ਅਸਥਾਨ ਪਿੰਡ ਹਰਦੋ ਸ਼ੇਖ (ਸੇਖਾਂ) ਨੇੜੇ ਸਰੀਂਹ ਸ਼ੰਕਰ (ਨੂਰਮਹਿਲ) ਜਲੰਧਰ ਵਿਖੇ ਵਿਸ਼ਾਲ ਸਲਾਨਾ ਮੇਲਾ ( ਮੇਲਾ ਹਰਦੋ ਸ਼ੇਖਾਂ ) 28 ਤੇ 29 ਮਈ ਨੂੰ ਰੋਜ਼ੇ ਦੇ ਗੱਦੀ ਨਸ਼ੀਨ ਸਰਦਾਰ ਨਿਹਾਲ ਸਿੰਘ ਮਾਹਲ ਦੀ ਯੋਗ ਰਹਿਨੁਮਾਈ ਹੇਠ ਅਥਾਹ ਸ਼ਰਧਾ ਭਾਵਨਾ ਕਰਵਾਇਆ ਜਾ ਰਿਹਾ ਹੈ। ਮੇਲਾ ਪ੍ਰਬੰਧਕ ਤੇ ਸਿੱਧਮ ਦਵਾਖਾਨਾ ਤੇ ਆਸਟਰੋ ਰਿਸਰਚ ਸੈਂਟਰ (ਰਜਿ.) ਪੰਜਾਬ ਦੇ ਸੰਚਾਲਕ ਡਾ. ਵਿਜੇ ਕੁਮਾਰ ਸਿੱਧਮ ਨੇ ਦੱਸਿਆ ਕਿ ਮੇਲੇ ਸਬੰਧੀ ਨਿਹਾਲ ਸਿੰਘ ਮਾਹਲ ਡੇਰਾ ਮੁਖੀ ਦੀ ਛਤਰ ਛਾਇਆ ਹੇਠ ਮੀਟਿੰਗ ਹੋਈ। ਜਿਸ ਵਿੱਚ ਮੇਲੇ ਨੂੰ ਅਥਾਹ ਜੋਸ਼ ਤੇ ਸੇਵਾ ਭਾਵਨਾ ਨਾਲ ਮਨਾਉਣ ਲਈ ਵਿਚਾਰਾਂ ਕੀਤੀਆਂ ਗਈਆਂ।28 ਨੂੰ ਸ਼ਾਮ ਚਿਰਾਗ ਰੌਸ਼ਨ ਕਰਨ ਉਪਰੰਤ ਪ੍ਰਸਿੱਧ ਕੱਵਾਲ ਪਾਰਟੀਆਂ ਵਲੋਂ ਮਹਿਫ਼ਲ ਸਜਾਈ ਜਾਵੇਗੀ। 29 ਮਈ ਨੂੰ ਸਵੇਰੇ ਝੰਡੇ ਦੀ ਰਸਮ ਉਪਰੰਤ ਪਵਿੱਤਰ ਦਰਗਾਹਾਂ 'ਤੇ ਪਰਿਕਰਮਾ ਕਰ ਕੇ ਚਾਦਰਾਂ ਚੜ੍ਹਾਈਆਂ ਜਾਣਗੀਆਂ। ਡਾ. ਸਿੱਧਮ ਨੇ ਅੱਗੇ ਦੱਸਿਆ ਕਿ ਧਾਰਮਿਕ ਰਸਮਾਂ ਉਪਰੰਤ ਸਵੇਰੇ ਠੀਕ 10 ਵਜੇ ਤੋਂ ਸ਼ਾਮ ਤੱਕ ਪੰਜਾਬ ਦੇ ਸੁਪ੍ਰਸਿੱਧ ਗਾਇਕ ਗਾਇਕਾਵਾਂ ਵਲੋਂ ਰੰਗ ਬੰਨ੍ਹਿਆ ਜਾਵੇਗਾ।ਇਸ ਮੌਕੇ ਸੰਤ-ਮਹਾਪੁਰਸ਼ ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਹਾਜ਼ਰੀ ਭਰਨਗੀਆਂ। ਸੰਤ ਤਰਮਿੰਦਰ ਸਿੰਘ ਡੇਰਾ ਮੁਖੀ ਸੰਤ ਤਰਲੋਕ ਸਿੰਘ ਸਤਿਸੰਗ ਘਰ ਢੇਸੀਆਂ ਕਾਹਨਾਂ ਵਾਲੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਸੂਬੇਦਾਰ ਸਾਂਈ ਚਮਨ ਲਾਲ ਗੱਦੀ ਨਸ਼ੀਨ ਨੌਗੱਜਾ ਪੀਰ ਨੂਰਮਹਿਲ ਨਿਸ਼ਾਨ ਸਾਹਿਬ ( ਝੰਡੇ) ਝੜਾਉਣ ਦੀ ਸੇਵਾ ਨਿਭਾਉਣਗੇ। ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਦਰਬਾਰ ਦੇ ਗੱਦੀ ਨਸ਼ੀਨ ਬੀਬੀ ਤਾਰੋ ਸਾਵਰ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਨਗੇ। ਮੇਲੇ ਵਿੱਚ ਹੋਰਨਾਂ ਤੋਂ ਇਲਾਵਾਂ ਵੱਖ ਵੱਖ ਦਰਬਾਰਾ ਦੇ ਸਾਂਈ ਹਾਜ਼ਰੀ ਭਰਨਗੇ। ਬਾਬਾ ਜੀ ਦਾ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਜਾਣਗੀਆਂ।



## ਫਿਜੀਓਥੈਰੇਪਿਸਟ ਡਾ. ਵਿਕਰਮ ਸਿੰਘ ਨੂੰ ਮਿਲਿਆ ਬੈਸਟ ਹੈਲਥ ਕੇਅਰ ਐਵਾਰਡ-2026

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਫਗਵਾੜਾ ਦੇ ਪ੍ਰਸਿੱਧ ਫੀਜਿਓਥੈਰੇਪਿਸਟ ਤੇ ਚਾਹਲ ਨਗਰ ਸਥਿਤ ਐਕਟਿਵ ਕੇਅਰ ਫੀਜਿਓਥੈਰੇਪੀ ਸੈਂਟਰ ਦੇ ਸੰਚਾਲਕ ਡਾ. ਵਿਕਰਮ ਸਿੰਘ ਨੂੰ ਸਿਹਤ ਖੇਤਰ ਵਿੱਚ ਨਿਭਾਈਆਂ ਜਾ ਰਹੀਆਂ ਵਧੀਆ ਸੇਵਾਵਾਂ ਲਈ ਪਟਿਆਲਾ ਵਿਖੇ ਆਯੋਜਿਤ ਵਿਸ਼ੇਸ਼ ਸਮਾਗਮ ਦੌਰਾਨ ਬੈਸਟ ਹੈਲਥ ਕੇਅਰ ਅਵਾਰਡ-2026 ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਐਲੀਟ ਅਲਟਰਨੇਟਿਵ ਮੈਡੀਸਨ ਐਸੋਸੀਏਸ਼ਨ ਵੱਲੋਂ ਕਰਵਾਏ ਗਏ ਸਮਾਗਮ ਵਿੱਚ ਐਸੋਸੀਏਸ਼ਨ ਦੇ ਡਾਇਰੈਕਟਰ ਡਾ. ਮਨਜਿੰਦਰ ਸਿੰਘ ਦੀ ਅਗਵਾਈ ਹੇਠ ਪ੍ਰਦਾਨ ਕੀਤਾ ਗਿਆ। ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਯੂਥ ਕਾਂਗਰਸ ਪੰਜਾਬ ਦੇ ਪ੍ਰਧਾਨ ਮੋਹਿਤ ਮਹਿੰਦਰਾ ਤੇ ਕਾਨੂੰਨੀ ਮਾਮਲਿਆਂ ਦੇ ਮਾਹਿਰ ਐਡਵੋਕੇਟ ਬਲਜਿੰਦਰ ਪੰਜੋਲਾ ਸਮੇਤ ਅਨੇਕਾਂ ਹਸਤੀਆਂ ਨੇ ਉਚੇਰੇ ਤੌਰ 'ਤੇ ਸ਼ਿਰਕਤ ਕਰਦਿਆਂ ਡਾ. ਵਿਕਰਮ ਸਿੰਘ ਦੀਆਂ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ। ਸਨਮਾਨ ਪ੍ਰਾਪਤ ਕਰਨ ਉਪਰੰਤ ਡਾ. ਵਿਕਰਮ ਸਿੰਘ ਨੇ ਕਿਹਾ ਕਿ ਸੇਵਾ ਪ੍ਰਤੀ ਸਮਰਪਣ ਨੂੰ ਸਤਿਕਾਰ ਮਿਲਣਾ ਉਹਨਾਂ ਦੇ ਲਈ ਮਾਣ ਦੀ ਗੱਲ ਹੈ। ਇਹ ਪੁਰਸਕਾਰ ਉਹਨਾਂ ਲਈ ਹੋਰ ਤਨਦੇਹੀ ਦੇ ਨਾਲ ਜ਼ਿੰਮੇਵਾਰੀ ਨਿਭਾਉਣ ਦੀ ਪ੍ਰੇਰਨਾ ਦੇਣ ਵਾਲਾ ਹੈ।



## ਪਿੰਡ ਤੋਤੀ 'ਚ ਚੱਲਿਆ ਪੀਲਾ ਪੰਜਾ , ਨਸ਼ਾ ਤਸਕਰਾਂ 'ਚ ਮਚਿਆ ਹੜਕੰਪ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ)**- ਕਪੂਰਥਲਾ ਜ਼ਿਲ੍ਹੇ ਦੇ ਪਿੰਡ ਤੋਤੀ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪ੍ਰਸ਼ਾਸਨ ਵੱਲੋਂ ਵੱਡੇ ਪੱਧਰ 'ਤੇ ਕਾਰਵਾਈ ਕਰਦਿਆਂ ਪਰਵਿੰਦਰ ਸਿੰਘ ਪਿੰਦਰ ਨਸ਼ਾ ਤਸਕਰ ਦੇ ਘਰ 'ਤੇ ਪੀਲਾ ਪੰਜਾ ਚਲਾਇਆ ਗਿਆ। ਇਸ ਦੌਰਾਨ ਪੂਰੇ ਇਲਾਕੇ ਵਿੱਚ ਪੁਲਿਸ ਅਤੇ ਪ੍ਰਸ਼ਾਸਨ ਦੀ ਭਾਰੀ ਤਾਇਨਾਤੀ ਦੇਖਣ ਨੂੰ ਮਿਲੀ, ਜਿਸ ਨਾਲ ਨਸ਼ਾ ਤਸਕਰਾਂ ਤੇ ਸ਼ੱਕੀ ਅਨਸਰਾਂ ਵਿੱਚ ਹੜਕੰਪ ਮਚ ਗਿਆ। ਐੱਸ ਐੱਸ ਪੀ ਕਪੂਰਥਲਾ ਦੀ ਸਖ਼ਤ ਹਦਾਇਤਾਂ ਹੇਠ ਚੱਲੀ ਇਸ ਵਿਸ਼ੇਸ਼ ਮੁਹਿੰਮ ਦੌਰਾਨ ਪੁਲਿਸ ਟੀਮਾਂ ਵੱਲੋਂ ਪਿੰਡ ਦੇ ਵੱਖ-ਵੱਖ ਇਲਾਕਿਆਂ ਵਿੱਚ ਚੈਕਿੰਗ, ਤਲਾਸ਼ੀ ਅਤੇ ਸ਼ੱਕੀ ਗਤੀਵਿਧੀਆਂ 'ਤੇ ਨਿਗਰਾਨੀ ਕੀਤੀ ਗਈ। ਪ੍ਰਸ਼ਾਸਨ ਦਾ ਮੁੱਖ ਮਕਸਦ ਨਸ਼ਿਆਂ ਦੇ ਜਾਲ ਨੂੰ ਤੋੜਨਾ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਕੋਹੜ ਤੋਂ ਬਚਾਉਣਾ ਹੈ।



# ਦੰਦਾਂ ਦਾ ਜਾਂਚ ਕੈਂਪ ਲਗਾਇਆ




**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਨਜ਼ਦੀਕੀ ਪਿੰਡ ਅਮਲਾਲਾ ਵਿੱਚ ਮੁਸਲਿਮ ਵੈਲਫੇਅਰ ਕਮੇਟੀ (ਰਜਿ. 4659) ਵੱਲੋਂ ਸਮਾਜ ਸੇਵਾ ਦੇ ਤਹਿਤ ਮੁਫ਼ਤ ਦੰਦ ਜਾਂਚ ਕੈਂਪ ਦਾ ਆਯੋਜਨ ਕੀਤਾ ਗਿਆ। ਇਹ ਕੈਂਪ ਪਿੰਡ ਦੀ ਮਸਜਿਦ ਵਿਖੇ ਲਗਾਇਆ ਗਿਆ, ਜਿਸ ਵਿੱਚ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ।ਕੈਂਪ ਦੌਰਾਨ ਸ੍ਰੀ ਸੁਖਮਣੀ ਡੈਂਟਲ ਕਾਲਜ ਦੀ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਲੋਕਾਂ ਦੇ ਦੰਦਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਦੰਦਾਂ ਦੀ ਸਹੀ ਦੇਖਭਾਲ ਸਬੰਧੀ ਜਾਣਕਾਰੀ ਵੀ ਦਿੱਤੀ ਗਈ। ਇਸ ਮੌਕੇ ਲਗਭਗ 45 ਵਿਅਕਤੀਆਂ ਨੇ ਆਪਣੇ ਦੰਦਾਂ ਦਾ ਚੈੱਕਅਪ ਕਰਵਾਇਆ ਅਤੇ ਵੱਖ-ਵੱਖ ਦੰਦਾਂ ਨਾਲ ਸੰਬੰਧਿਤ ਸਮੱਸਿਆਵਾਂ ਬਾਰੇ ਸਲਾਹ ਲਈ।ਡਾਕਟਰਾਂ ਨੇ ਲੋਕਾਂ ਨੂੰ ਦਿਨ ਵਿੱਚ ਦੋ ਵਾਰ ਬ੍ਰਸ਼ ਕਰਨ, ਮਿੱਠੀਆਂ ਚੀਜ਼ਾਂ ਦਾ ਘੱਟ ਇਸਤੇਮਾਲ ਕਰਨ ਅਤੇ ਸਮੇਂ-ਸਮੇਂ 'ਤੇ ਦੰਦਾਂ ਦੀ ਜਾਂਚ ਕਰਵਾਉਣ ਲਈ ਪ੍ਰੇਰਿਤ ਕੀਤਾ। ਕੈਂਪ ਵਿੱਚ ਮਰੀਜ਼ਾਂ ਨੂੰ ਲੋੜੀਂਦੀਆਂ ਦਵਾਈਆਂ ਅਤੇ ਅਗਲੇ ਇਲਾਜ ਲਈ ਸਲਾਹ ਵੀ ਮੁਫ਼ਤ ਦਿੱਤੀ ਗਈ।ਮੁਸਲਿਮ ਵੈਲਫੇਅਰ ਕਮੇਟੀ ਦੇ ਮੈਂਬਰਾਂ ਨੇ ਦੱਸਿਆ ਕਿ ਕਮੇਟੀ ਵੱਲੋਂ ਸਮੇਂ-ਸਮੇਂ 'ਤੇ ਲੋਕ ਭਲਾਈ ਦੇ ਕਾਰਜ ਕਰਵਾਏ ਜਾਂਦੇ ਹਨ ਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਏ ਜਾਂਦੇ ਰਹਿਣਗੇ।

# ਘਰ 'ਚ ਮਾਂ ਦਾ ਹੋਣਾ ਪ੍ਰਮਾਤਮਾ ਵਾਂਗ ਹੁੰਦਾ

**ਫਿਲੌਰ (ਹਰਜਿੰਦਰ ਕੌਰ ਚਾਹਲ)**- ਮਾਂ ਆਦਿ ਕਾਲ ਤੋਂ ਹੀ ਤਿਆਗ, ਮਮਤਾ ਅਤੇ ਪਿਆਰ ਦੀ ਮੂਰਤੀ ਹੈ, ਇਸੇ ਦੇ ਸਤਿਕਾਰ 'ਚ ਮਾਂ ਦਿਵਸ ਪੂਰੀ ਦੁਨੀਆਂ ਵਿੱਚ ਮਨਾਇਆ ਜਾਂਦਾ ਹੈ। ਇਸ ਤਿਓਹਾਰ ਦੀ ਸਫਲਤਾ ਦਾ ਕਾਰਨ ਮਾਂ ਨਾਲ ਜੁੜੀਆਂ ਭਾਵਨਾਵਾਂ ਹਨ। ਮਾਵਾਂ ਨੂੰ ਤਾਂ ਭਾਰਤ ਵਿੱਚ ਪਹਿਲਾ ਦੀ ਪੂਜਿਆ ਜਾਂਦਾ ਹੈ। ਇਹ ਦਿਨ ਸੋਚਣ ਲਈ ਮਜਬੂਰ ਕਰ ਦਿੰਦਾ ਹੈ ਕਿ ਮਾਂ ਦਾ ਸਾਡੇ ਜੀਵਨ 'ਚ ਕੀ ਮਹੱਤਵ ਹੈ।ਮਾਂ ਨੇ ਸਾਨੂੰ ਜਨਮ ਦਿੱਤਾ, ਨਿਰਸਵਾਰਥ ਹੋ ਕੇ ਸਾਡਾ ਪਾਲਣ ਪੋਸ਼ਣ ਕੀਤਾ।ਜਦੋਂ ਸਾਨੂੰ ਹੋਸ਼ ਵੀ ਨਹੀ ਹੁੰਦਾ ਤਾਂ ਸਾਡੀ ਹਰ ਤਰ੍ਹਾਂ ਹਿਫ਼ਾਜ਼ਤ ਕਰਦੀ ਹੈ। ਮਾਂ ਤੋਂ ਵੀ ਵਧੇਰੇ ਮਹਾਨ ਉਸ ਦੀ ਮਮਤਾ ਹੈ, ਜੋ ਉਸ ਦੇ ਜੀਵਨ ਕਾਲ 'ਚ ਕਦੇ ਖਤਮ ਨਹੀਂ ਹੁੰਦੀ। ਮਾਂ ਇੱਕ ਅਜਿਹਾ ਰਿਸ਼ਤਾ ਹੈ ਜਿਸ ਤੇ ਬੱਚਾ ਅੱਖਾ ਮੀਟ ਦੇ ਵਿਸ਼ਵਾਸ ਕਰ ਸਕਦਾ ਹੈ। ਅੱਜ ਦੀ ਔਰਤ ਪਹਿਲਾਂ ਨਾਲੋਂ ਕੀਤੇ ਮਾਡਰਨ ਤੇ ਮਜ਼ਬੂਤ ਹੈ। ਮਾਵਾਂ ਦੇ ਅਕਸ 'ਚ ਜ਼ਮੀਨ ਅਸਮਾਨ ਦਾ ਫਰਕ ਆਇਆ ਹੈ ਪਰ ਮਮਤਾ ਅੱਜ ਵੀ ਉਹੀ ਹੈ।ਮਾਂ ਦੀ ਸਿਫਤ ਕਰਨ ਲਈ ਵੈਸੇ ਤਾਂ ਅਸੀ ਕੁਦਰਤ ਪਾਸੋਂ ਰੱਬ ਦੀ ਉਸਤਤ ਵੀ ਉਧਾਰ ਮੰਗ ਸਕਦੇ ਹਾਂ ਪਰ ਗੱਲ ਮਾਂ ਦੇ ਉੱਚੇ ਮਾਣ-ਸਤਿਕਾਰ ਨਾਲ ਜੁੜੀ ਹੈ। ਔਲਾਦ ਲਈ ਮਾਂ ਦੀ ਮਿੱਠੜੀ ਜ਼ਬਾਨ ਤੇ ਅਸੀਸਾਂ, ਅੱਖਾਂ ਵਿੱਚ ਸੁਪਨੇ, ਢਿੱਡ ਵਿੱਚ ਡਰ, ਹਿਰਦੇ 'ਚ ਮਮਤਾ, ਦਿਲ ਵਿੱਚ ਰਹਿਮ, ਸੋਚਾਂ ਵਿੱਚ ਫਿਕਰ ਤੇ ਖੂਨ ਵਿੱਚ ਅਜ਼ੀਬ ਥਵਪ ਹਮੇਸ਼ਾ ਹੀ ਬਣੀ ਰਹਿੰਦੀ । ਉਹ ਔਲਾਦ ਦੇ ਖੁਸ਼ ਹੋਣ ਤੇ ਹੱਸਦੀ ਹੈ ਤੇ ਦੁਖੀ ਹੋਣ ਤੇ ਅੱਖਾਂ ਭਰਦੀ ਹੈ। ਮੇਰਾ ਮੰਨਣਾ ਹੈ ਕਿ ਮਾਂ ਦੀ ਬਦੌਲਤ ਹੀ ਬੱਚੇ ਵੱਡੇ-ਵੱਡੇ ਮੁਕਾਮਾਂ ਤੇ ਫਤਹਿ ਹਾਸਲ ਕਰਦੇ ਹਨ।



**ਮਾਂ ਦੇ ਸੰਸਕਾਰਾਂ ਨੇ ਮੈਨੂੰ ਪੜ੍ਹਾਉਣ ਦੇ ਕਾਬਲ ਬਣਾਇਆ**

ਪ੍ਰੋ. ਵਤਨਦੀਪ ਕੌਰ ਦਾ ਕਹਿਣਾ ਹੈ ਕਿ ਘਰ ਵਿੱਚ ਮਾਂ ਪ੍ਰਮਾਤਮਾ ਦੇ ਪ੍ਰਕਾਸ਼ ਵਾਂਗ ਹੁੰਦੀ ਹੈ, ਮਾਂ ਦੇ ਦਿੱਤੇ ਹੋਏ ਸੰਸਕਾਰ ਤੇ ਦੁਆਵਾਂ ਅਤੇ ਅਸੀਸਾ ਮਾਂ ਦੀ ਹਮੇਸ਼ਾ ਔਲਾਦ ਲਈ ਚਾਨਣ ਮੁਨਾਰਾ ਅਤੇ ਰਾਹ ਦਸੇਰਾ ਬਣਦੀਆ ਰਹਿੰਦੀਆ ਹਨ।ਮੈਂ ਹਮੇਸ਼ਾ ਮੰਨਦੀ ਹਾਂ ਕਿ ਮੈਂ ਖੁਦ ਮਾਂ ਦੇ ਦਿੱਤੇ ਸੰਸਕਾਰਾਂ ਦੀ ਬਦੌਲਤ ਅੱਜ ਇੱਕ ਪ੍ਰੋਫੈਸਰ ਬਣਨ ਦੇ ਕਾਬਿਲ ਬਣੀ ਹਾਂ। ਜਿਥੇ ਹਜ਼ਾਰਾਂ ਬੱਚੇ ਸਿੱਖਿਆ ਪ੍ਰਾਪਤ ਕਰਦੇ ਹਨ। ਉਸ ਦਾ ਕਹਿਣਾ ਹੈ ਕਿ ਅਸੀਂ ਆਪਣੇ ਸਕੂਲ ਵਿੱਚ ਵੀ ਹਮੇਸ਼ਾ ਬੱਚਿਆਂ ਨੂੰ ਆਪਣੇ ਮਾਪਿਆਂ ਦਾ ਮਾਣ-ਸਤਿਕਾਰ ਕਰਨ ਦੇ ਲਈ ਪ੍ਰੇਰਨਾ ਦਿੰਦੇ ਹਾਂ।ਮੇਰਾ ਮੰਨਣਾ ਹੈ ਕਿ ਮਾਂ ਦੀ ਬਦੌਲਤ ਹੀ ਬੱਚੇ ਵੱਡੇ- ਵੱਡੇ ਮੁਕਾਮਾ ਤੇ ਫਤਿਹ ਹਾਸਲ ਕਰਦੇ ਹਨ।

**ਮੇਰੇ ਲਈ ਮਾਂ ਹੀ ਕੁੱਲ ਸੰਸਾਰ ਹੈ: ਸੰਦੀਪ ਕੌਰ ਚੇਅਰਪਰਸਨ ਬਲਾਕ ਸੰਮਤੀ ਫਿਲੌਰ**

ਸੰਦੀਪ ਕੌਰ ਚੇਅਰਪਰਸਨ ਬਲਾਕ ਸੰਮਤੀ ਫਿਲੌਰ ਦਾ ਕਹਿਣਾ ਹੈ ਕਿ ਮੇਰੇ ਲਈ ਮਾਂ ਹੀ ਕੁੱਲ ਸੰਸਾਰ ਹੈ। ਮੈ ਆਪਣੀ ਮਾਂ ਵਿੱਚੋ ਹਮੇਸ਼ਾ ਪ੍ਰਮਾਤਮਾ ਨੂੰ ਦੇਖਦੀ ਹਾਂ ਕਿਉਂਕਿ ਉਸ ਨੇ ਮੈਨੂੰ ਕਦੇ ਵੀ ਡੋਲਣ ਨਹੀ ਦਿੱਤਾ ।ਹਰ ਘਰ ਵਿੱਚ ਮਾਂ ਦਾ ਮਾਣ-ਸਤਿਕਾਰ ਰੱਬ ਦੇ ਬਰਾਬਰ ਹੋਣਾ ਚਾਹੀਦਾ ਹੈ। ਕਿਉਂਕਿ ਮਾਂ ਭਾਵੇ ਕਿਸੇ ਵੀ ਧਰਮ, ਕਿਸੇ ਵੀ ਜਾਤੀ ਜਾਂ ਕਿੰਨੀ ਵੀ ਗਰੀਬ ਅਤੇ ਕਿੰਨੀ ਹੀ ਅਮੀਰ ਘਰ ਦੀ ਹੋਵੇ, ਉਹ ਆਪਣੀ ਔਲਾਦ ਲਈ ਇੱਕੋ ਜਿਹੀ ਫਿਕਰਮੰਦ ਹੁੰਦੀ ਹੈ।

**ਪਰਮਾਤਮਾ ਦੇ ਵਾਂਗ ਹੁੰਦੀ ਹੈ ਮਾਂ: ਐਡਵੋਕੇਟ ਬਲਜੀਤ ਕੌਰ ਦਾ ਕਹਿਣਾ** ਹੈ ਕਿ ਘਰ ਵਿੱਚ ਮਾਂ ਦਾ ਹੋਣਾ ਪ੍ਰਮਾਤਮਾ ਵਾਂਗ ਹੁੰਦਾ ਹੈ ਜੋ ਆਪਣੀ ਔਲਾਦ ਲਈ ਰਾਹ ਦਸੇਰਾ ਸਾਬਿਤ ਹੁੰਦਾ ਹੈ। ਮਾਂ ਹੀ ਔਲਾਦ ਨੂੰ ਚੰਗੇ ਅਤੇ ਬੁਰੇ ਦਾ ਅਰਥ ਸਮਝਾਉਦੀ ਤੇ ਹਮੇਸ਼ਾ ਹੀ ਆਪਣੀ ਔਲਾਦ ਨੂੰ ਚੰਗੇ ਬਣਨ ਲਈ ਸਹੀ ਰਾਹ ਤੇ ਤੌਰਨ ਦਾ ਯਤਨ ਕਰਦੀ ਹੈ।

**ਮਾਂ ਤੋਂ ਵਧ ਕੇ ਕੁਝ ਵੀ ਨਹੀ ਹੈ : ਐਡਵੋਕੇਟ ਅਖੀਲ ਗੁਪਤਾ**

ਐਡਵੋਕੇਟ ਅਖੀਲ ਗੁਪਤਾ ਦਾ ਕਹਿਣਾ ਹੈ ਕਿ ਬਚਪਣ ਤੋ ਲੈ ਕੇ ਮਾਂ ਦੀਆ ਦਿੱਤੀਆ ਅਸੀਸਾ ਸਾਰੀ ਉਮਰ ਔਲਾਦ ਲਈ ਵਰਦਾਨ ਸਾਬਿਤ ਹੁੰਦੀਆਂ ਹਨ ਕਿਉਕਿ ਉਨ੍ਹਾਂ ਤੋਂ ਉੱਪਰ ਦੁਨੀਆ ਤੇ ਕੋਈ ਹੋਰ ਨਹੀ ।

**ਰੱਬ ਜ਼ਰੂਰ ਮੇਰੀ ਮਾਂ ਵਰਗਾ ਹੋਵੇਗਾਂ:** ਸਾਬਕਾ ਸਰਪੰਚ ਅਮਰਜੀਤ ਕੌਰ ਦਾ ਕਹਿਣਾ ਹੈ ਕਿ ਰੱਬ ਨੂੰ ਕਦੇ ਸਾਹਮਣੇ ਤੋਂ ਦੇਖਿਆ ਤਾਂ ਨਹੀ ਘਰ ਮੈਨੂੰ ਯਕੀਨ ਹੈ ਕਿ ਉਹ ਜ਼ਰੂਰ ਕਿ ਮੇਰੀ ਮਾਂ ਦੇ ਵਰਗਾ ਹੋਵੇਗਾ ਕਿਉਂਕਿ ਮੈ ਹਮੇਸ਼ਾ ਹੀ ਮਾਂ ਵਿੱਚੋ ਰੱਬ ਨੂੰ ਤੱਕਿਆ ਹੈ। ਮੇਰੀ ਮਾਂ ਨੇ ਹਮੇਸ਼ਾ ਹੀ ਮੈਨੂੰ ਹੱਕ ਤੇ ਸੱਚ ਨਾਲ ਖੜਨਾ ਸਿਖਾਇਆ ਹੈ ਅਤੇ ਇਹ ਸਮੱਝਾਇਆ ਹੈ ਕਿ ਕਿਸੇ ਦਾ ਮਾੜਾ ਨਹੀਂ ਕਰਨਾ ਤੇ ਨਾ ਹੀ ਕਿਸੇ ਨਾਲ ਧੱਕਾ ਹੁੰਦਾ ਵੇਖ ਚੁੱਪ ਕਰਨਾ ਹੈ। ਇਹ ਇੱਕ ਮਾਂ ਹੀ ਕਰ ਸਕਦੀ ਹੈ।

# ਗੁਰਮਤਿ ਸਮਾਗਮ 13 ਨੂੰ

**ਫਗਵਾੜਾ (ਜਸਵਿੰਦਰ ਢੱਡਾ)**= ਹੁਸ਼ਿਆਰਪੁਰ ਰੋਡ ਤੇ ਸਥਿਤ ਗੁਰਦੁਆਰਾ ਸ਼ਿਰੀ ਗੁਰੂ ਹਰਗੋਬਿੰਦਗੜ੍ਹ ਸਾਹਿਬ ( ਭੋਗਪੁਰ) ਬ੍ਰਹਮ ਗਿਆਨੀ ਪਰਮ ਪੂਜਨੀਕ ਸ਼ਿਰੀ ਮਾਨ ਸੰਤ ਬਾਬਾ ਰਣਜੀਤ ਸਿੰਘ ਜੀ ਦੀ ਸਾਲਾਨਾ 29 ਵੀਂ ਪਵਿੱਤਰ ਯਾਦ ਦੇ ਸੰਬੰਧ ਵਿੱਚ 13 ਮਈ ਦਿਨ ਬੁੱਧਵਾਰ ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ। ਪ੍ਰੈੱਸ ਨੂੰ ਉਕਤ ਜਾਣਕਾਰੀ ਮੁੱਖ ਸੇਵਾਦਾਰ ਜਥੇਦਾਰ ਤਲਵਿੰਦਰ ਸਿੰਘ ( ਬਾਬਾ ਪਰਮੇਸ਼ਰ ਸਿੰਘ ) ਨੇ ਦਿੰਦੇ ਹੋਇਆ ਦੱਸਿਆ ਕਿ ਇਸ ਮੌਕੇ ਸ੍ਰੀ ਅਖੰਡ ਪਾਠਾਂ ਸਾਹਿਬ ਦੇ ਭੋਗ ਪਾਏ ਜਾਣਗੇ ਉਪਰੰਤ ਖੁੱਲੇ ਪੰਡਾਲ ਵਿੱਚ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਉੱਘੇ ਰਾਗੀ ਢਾਡੀ ਤੇ ਪ੍ਰਚਾਰਕ ਗੁਰਮਿਤ ਵਿਚਾਰਾਂ ਰਾਹੀਂ ਸ਼ਰਧਾਲੂਆ ਸੰਗਤਾਂ ਨੂੰ ਨਿਹਾਲ ਕਰਗੇ। ਇਸ ਮੌਕੇ ਕਈ ਪ੍ਰਕਾਰ ਦੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਤੋਂ ਇਲਾਵਾ ਗੁਰੂ ਘਰ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਵਿਦਿਆਰਥੀਆਂ ਲਈ ਮੁਫ਼ਤ ਪਾਠ ਪੁਸਤਕਾਂ ਵਾਸਤੇ 204.69 ਕਰੋੜ ਜਾਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦੇ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਹਾਸ਼ੀਆਗ੍ਰਸਤ ਅਤੇ ਲੋੜਵੰਦ ਵਰਗਾਂ ਦੇ ਬੱਚਿਆਂ ਨੂੰ ਗੁਣਵੱਤਾ ਭਰੀ ਸਿੱਖਿਆ ਨਾਲ ਜੋੜਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ, ਤਾਂ ਜੋ ਕੋਈ ਵੀ ਬੱਚਾ ਸਿਰਫ ਆਰਥਿਕ ਤੰਗੀ ਕਾਰਨ ਆਪਣੇ ਸੁਪਨਿਆਂ ਤੋਂ ਵਾਂਝਾ ਨਾ ਰਹੇ।ਡਾ. ਬਲਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਪਹਿਲੀ ਤੋਂ ਦਸਵੀਂ ਜਮਾਤ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਲਈ ਮੁਫ਼ਤ ਪਾਠ ਪੁਸਤਕਾਂ ਦੀ ਸਪਲਾਈ ਸਕੀਮ ਅਧੀਨ 204.69 ਕਰੋੜ ਰੁਪਏ ਦੀ ਅਦਾਇਗੀ ਪੰਜਾਬ ਸਕੂਲ ਸਿੱਖਿਆ ਬੋਰਡ ਨੂੰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਰਕਮ ਹਜ਼ਾਰਾਂ ਪਰਵਾਰਾਂ ਦੇ ਬੱਚਿਆਂ ਦੀ ਸਿੱਖਿਆ ਨੂੰ ਮਜ਼ਬੂਤ ਆਧਾਰ ਪ੍ਰਦਾਨ ਕਰਨ ਵਿੱਚ ਸਹਾਇਕ ਸਾਬਤ ਹੋ ਰਹੀ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਸਿੱਖਿਆ ਹੀ ਉਹ ਸਭ ਤੋਂ ਵੱਡੀ ਤਾਕਤ ਹੈ ਜੋ ਕਿਸੇ ਵੀ ਬੱਚੇ ਦੀ ਕਿਸਮਤ ਬਦਲ ਸਕਦੀ ਹੈ

# ਜਨਗਣਨਾ 'ਚ ਓ ਬੀ ਸੀ ਵਰਗ ਲਈ ਵੱਖਰਾ ਕਾਲਮ ਨਾ ਰੱਖਣ ਦੀ ਨਿਖੇਧੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਓ ਬੀ ਸੀ ਵਿਭਾਗ ਦੇ ਹਲਕਾ ਚੱਬੇਵਾਲ ਤੋਂ ਐੱਲ ਡੀ ਐੱਮ ਇੰਚਾਰਜ ਭੁਪਿੰਦਰ ਸਿੰਘ, ਯਾਮਿਨੀ ਗੋਮਰ ਵਰਕਿੰਗ ਚੈਅਰਪਰਸਨ ਐੱਸ ਸੀ ਵਿਭਾਗ, ਮਨਜੀਤ ਸਿੰਘ ਗੰਭੋਵਾਲ ਤੇ ਹੋਰ ਸਾਥੀਆਂ ਨੇ ਕੇਂਦਰ ਸਰਕਾਰ 'ਤੇ ਗੰਭੀਰ ਦੋਸ਼ ਲਗਾਉਂਦਿਆਂ ਕਿਹਾ ਕਿ ਆਗਾਮੀ ਜਨਗਣਨਾ ਵਿੱਚ ਓ ਬੀ ਸੀ. ਵਰਗ ਲਈ ਵੱਖਰਾ ਕਾਲਮ ਨਾ ਰੱਖਣਾ ਇਸ ਵਿਸ਼ਾਲ ਸਮਾਜ ਨਾਲ ਸਰਾਸਰ ਧੋਖਾ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਜਾਣ ਬੁੱਝ ਕੇ ਪਛੜੀਆਂ ਸ਼੍ਰੇਣੀਆਂ ਦੀ ਅਸਲ ਜਨਸੰਖਿਆ ਨੂੰ ਲੁਕਾਉਣਾ ਚਾਹੁੰਦੀ ਹੈ ਤਾਂ ਜੋ ਇਸ ਵਰਗ ਨੂੰ ਉਨ੍ਹਾਂ ਦੇ ਬਣਦੇ ਸੰਵਿਧਾਨਕ ਹੱਕਾਂ ਅਤੇ ਰਾਖਵੇਂਕਰਨ ਦੇ ਲਾਭ ਤੋਂ ਵਾਂਝਾ ਰੱਖਿਆ ਜਾ ਸਕੇ। ਉਨ੍ਹਾਂ ਅੱਗੇ ਕਿਹਾ ਕਿ ਬਿਨਾਂ ਸਹੀ ਅੰਕੜਿਆਂ ਅਤੇ ਜਾਤੀ ਅਧਾਰਤ ਵੇਰਵਿਆਂ ਦੇ, ਪਛੜੀਆਂ ਸ਼੍ਰੇਣੀਆਂ ਦੇ ਵਿਕਾਸ ਲਈ ਕੋਈ ਵੀ ਯੋਜਨਾ ਸਹੀ ਢੰਗ ਨਾਲ ਲਾਗੂ ਨਹੀਂ ਕੀਤੀ ਜਾ ਸਕਦੀ, ਜਿਸ ਕਾਰਨ ਇਸ ਵਰਗ ਦੇ ਨੌਜਵਾਨਾਂ ਅਤੇ ਆਉਣ ਵਾਲੀਆਂ ਪੀੜ੍ਹੀਆਂ ਦਾ ਭਵਿੱਖ ਦਾਅ 'ਤੇ ਲੱਗ ਗਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਇੱਕ ਪਾਸੇ ਸਰਕਾਰ ਸਭ ਦਾ ਸਾਥ ਤੇ ਸਭ ਦਾ ਵਿਕਾਸ ਦਾ ਨਾਅਰਾ ਲਗਾਉਂਦੀ ਹੈ, ਪਰ ਦੂਜੇ ਪਾਸੇ ਓ ਬੀ ਸੀ ਸਮਾਜ ਦੇ ਅੰਕੜਿਆਂ ਨੂੰ ਜਨਤਕ ਕਰਨ ਤੋਂ ਡਰ ਰਹੀ ਹੈ। ਜਨਗਣਨਾ ਵਿੱਚ ਓ ਬੀ ਸੀ ਜਾਤੀਆਂ ਦਾ ਵੇਰਵਾ ਨਾ ਹੋਣਾ ਇਹ ਸਾਬਤ ਕਰਦਾ ਹੈ ਕਿ ਕੇਂਦਰ ਸਰਕਾਰ ਦੀ ਨੀਅਤ ਸਾਫ਼ ਨਹੀਂ ਹੈ ਅਤੇ ਉਹ ਪਛੜੇ ਵਰਗਾਂ ਦੀ ਭਾਈਵਾਲੀ ਨੂੰ ਸੀਮਤ ਕਰਨਾ ਚਾਹੁੰਦੀ ਹੈ।ਇਸ ਮੌਕੇ ਉਨ੍ਹਾਂ ਹਲਕਾ ਚੱਬੇਵਾਲ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਸ ਮੁੱਦੇ ਪ੍ਰਤੀ ਜਾਗਰੂਕ ਹੋਣ, ਕਿਉਂਕਿ ਇਹ ਸਿਰਫ਼ ਰਾਜਨੀਤਿਕ ਮੁੱਦਾ ਨਹੀਂ ਸਗੋਂ ਸਾਡੀਆਂ ਆਉਣ ਵਾਲੀਆਂ ਨਸਲਾਂ ਦੀ ਹੋਂਦ ਅਤੇ ਹੱਕਾਂ ਦੀ ਲੜਾਈ ਹੈ। ਕੇਂਦਰ ਸਰਕਾਰ ਦੇ ਇਸ ਫੈਸਲੇ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਉਨ੍ਹਾਂ ਚਿਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਜਨਗਣਨਾ ਵਿੱਚ ਓ ਬੀ ਸੀ ਲਈ ਤੁਰੰਤ ਵੱਖਰਾ ਕਾਲਮ ਸ਼ਾਮਲ ਨਾ ਕੀਤਾ ਤਾਂ ਕਾਂਗਰਸ ਇਸ ਬੇਇਨਸਾਫ਼ੀ ਵਿਰੁੱਧ ਜਨਤਕ ਅੰਦੋਲਨ ਛੇੜਨ ਲਈ ਮਜਬੂਰ ਹੋਵੇਗੀ।



## ਕਿਸੇ ਵੀ ਅਧਿਆਪਕ ਨੂੰ ਸਿੱਖਿਆ ਵਿਭਾਗ ਤੋਂ ਬਾਹਰ ਨਹੀਂ ਕੱਢਣ ਦਿੱਤਾ ਜਾਵੇਗਾ : ਨਵਪ੍ਰੀਤ ਬੱਲੀ

**ਜਲੰਧਰ (ਰਾਜੇਸ਼ ਥਾਪਾ)**- ਸਾਂਝਾ ਅਧਿਆਪਕ ਮੋਰਚਾ ਪੰਜਾਬ ਦੇ ਆਗੂਆਂ ਸੁਖਵਿੰਦਰ ਸਿੰਘ ਚਾਹਲ, ਸੁਰਿੰਦਰ ਕੁਮਾਰ ਪੁਆਰੀ, ਸੁਰਿੰਦਰ ਕੰਬੋਜ, ਕ੍ਰਿਸ਼ਨ ਸਿੰਘ ਦੁੱਗਾਂ, ਹਰਵਿੰਦਰ ਸਿੰਘ ਬਿਲਗਾ, ਰਵਿੰਦਰਜੀਤ ਸਿੰਘ ਪੰਨੂ, ਸਮਸ਼ੇਰ ਸਿੰਘ, ਪ੍ਰਗਟਜੀਤ ਸਿੰਘ ਕਿਸ਼ਨਪੁਰਾ, ਸਤਨਾਮ ਸਿੰਘ ਰੰਧਾਵਾ, ਸੁਖਜਿੰਦਰ ਸਿੰਘ ਹਰੀਕਾ, ਹਰਭਜਨ ਸਿੰਘ, ਗੁਰਿੰਦਰ ਸਿੰਘ ਸਿੱਧੂ, ਪਤਵੰਤ ਸਿੰਘ, ਗੁਰਬਿੰਦਰ ਸਿੰਘ ਸਸਕੌਰ, ਨਵਪ੍ਰੀਤ ਸਿੰਘ ਬੱਲੀ, ਹਰਜੰਟ ਸਿੰਘ ਬੋਡੇ ਆਦਿ ਨੇ 4161 ਭਰਤੀ ਅਧੀਨ ਤਿੰਨ ਸਾਲਾਂ ਤੋਂ ਸੇਵਾ ਨਿਭਾ ਰਹੇ ਅਧਿਆਪਕਾਂ ਨੂੰ ਰਿਜ਼ਲਟ ਰਿਵਾਈਜ ਹੋਣ ਕਰਕੇ ਨੌਕਰੀ ਤੋਂ ਬਾਹਰ ਕੀਤੇ ਜਾਣ ਵਾਲੇ ਅਧਿਆਪਕਾਂ ਦਾ ਡਟ ਕੇ ਸਾਥ ਦੇਣ ਦਾ ਐਲਾਨ ਕੀਤਾ ਹੈ। ਇਸ ਸਮੇਂ ਸਾਂਝਾ ਅਧਿਆਪਕ ਮੋਰਚਾ ਦੇ ਆਗੂਆਂ ਵੱਲੋਂ ਜਾਰੀ ਬਿਆਨ ਰਾਹੀਂ ਕਿਹਾ ਕਿ ਜਦੋਂ ਇੱਕ 4161 ਅਧਿਆਪਕਾਂ ਦੀਆਂ ਅਸਾਮੀਆਂ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਉਸ ਸਮੇਂ ਉਮੀਦਵਾਰਾਂ ਨੇ ਜੋ ਅੰਕ ਪ੍ਰਾਪਤ ਕੀਤੇ ਸਨ ਕੁਝ ਸਮੇਂ ਬਾਅਦ ਕਿਸੇ ਕੇਸ ਨਾਲ ਸੰਬੰਧਿਤ ਹੋਣ ਕਰਕੇ ਇਹਨਾਂ ਦੇ ਨਤੀਜੇ ਰਿਵਾਈਜ਼ ਕੀਤੇ ਗਏ ਉਹਨਾਂ ਦੇ ਨਤੀਜਿਆਂ ਦੇ ਰਿਵਾਈਜ਼ ਕਰਨ ਤੋਂ ਬਾਅਦ ਇਹਨਾਂ ਵੱਲੋਂ ਪ੍ਰਾਪਤ ਅੰਕਾਂ ਵਿੱਚ ਵਾਧਾ ਹੋ ਗਿਆ। ਹੁਣ ਦੁਬਾਰਾ ਫਿਰ ਵਿਭਾਗ ਵੱਲੋਂ ਰਿਜ਼ਲਟ ਰੀਵਾਈਜ਼ ਕੀਤਾ ਜਿਸ ਵਿੱਚ ਅੰਕ ਘੱਟ ਗਏ ਤੇ ਲੱਗਭਗ ਤਿੰਨ ਸਾਲਾਂ ਬਾਅਦ ਇਹਨਾਂ ਨੂੰ ਵਿਭਾਗ ਵਿੱਚੋਂ ਬਾਹਰ ਕੱਢਿਆ ਜਾ ਰਿਹਾ ਹੈ। ਅਧਿਆਪਕ ਆਗੂਆਂ ਦਾ ਕਹਿਣਾ ਹੈ ਕਿ ਇਹ ਬੇਇਨਸਾਫ਼ੀ ਹੈ, ਜਦੋਂ ਤਿੰਨ ਸਾਲਾਂ ਤੋਂ ਸੇਵਾ ਨਿਭਾ ਰਹੇ ਅਧਿਆਪਕਾਂ ਨੂੰ ਦੁਬਾਰਾ ਬੇਰੁਜ਼ਗਾਰੀ ਦੇ ਹਨੇਰੇ ਵੱਲ ਧੱਕਿਆ ਜਾ ਰਿਹਾ ਹੈ। ਜਦਕਿ ਭਰਤੀ ਵਿਚ ਮੈਰਿਟ ਤਿਆਰ ਕਰਨ ਵਾਲੇ ਅਧਿਕਾਰੀਆਂ ਖ਼ਿਲਾਫ਼ ਕੋਈ ਕਾਰਵਾਈ ਨਹੀਂ ਹੋ ਰਹੀ। ਉਨ੍ਹਾਂ ਪੀੜਤ ਅਧਿਆਪਕਾਂ ਦੇ ਹੱਕ ਵਿੱਚ ਨਿੱਤਰਨ ਦਾ ਐਲਾਨ ਕਰਦਿਆਂ ਕਿਹਾ ਕਿ ਕਿਸੇ ਵੀ 4161 ਅਧਿਆਪਕ ਨਾਲ ਬੇਇਨਸਾਫ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਸਾਂਝਾ ਅਧਿਆਪਕ ਮੋਰਚਾ ਵਲੋਂ ਤਿੱਖਾ ਸੰਘਰਸ਼ ਕਰੇਗਾ।



**ਜਨਮ ਦਿਨ ਮੁਬਾਰਕ**



ਸੁਜਾਨਾ ਅੰਬੇਡਕਰ
ਫਗਵਾੜਾ

**ਵਰ੍ਹੇਗੰਢ ਮੁਬਾਰਕ**



ਕਿਸ਼ੋਰ ਕੁਮਾਰ ਅਤੇ ਕੁਲਵੰਤ ਕੌਰ ਵਾਸੀ ਫਗਵਾੜਾ ਨੇ ਆਪਣੇ ਵਿਆਹ ਦੀ 33ਵੀਂ ਵਰ੍ਹੇਗੰਢ ਮਨਾਈ।

# ਹੈਬਤ ਪਿੰਡੀ 'ਚ ਵੀਹ ਲੱਖ ਰੁਪਏ ਦੀ ਲਾਗਤ ਨਾਲ ਤਿਆਰ ਨੇਚਰ ਪਾਰਕ ਲੋਕਾਂ ਨੂੰ ਸਮਰਪਿਤ

**ਪਠਾਨਕੋਟ (ਦਵਿੰਦਰ ਸਿੰਘ)**- ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਹੈਬਤ ਪਿੰਡੀ ਵਿੱਚ 20 ਲੱਖ ਰੁਪਏ ਦੀ



ਲਾਗਤ ਨਾਲ ਇਕ ਸੁੰਦਰ ਨੇਚਰ ਪਾਰਕ ਦਾ ਉਦਘਾਟਨ ਕਰਕੇ ਲੋਕਾਂ ਨੂੰ ਸਮਰਪਿਤ ਕੀਤਾ ਗਿਆ।ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ।ਉਨ੍ਹਾਂ ਕਿਹਾ ਕਿ ਇਹ ਪਾਰਕ ਨਾ ਸਿਰਫ ਲੋਕਾਂ ਦੀ ਚੰਗੀ ਸਿਹਤ ਲਈ ਲਾਭਕਾਰੀ ਸਾਬਤ ਹੋਵੇਗਾ, ਸਗੋਂ ਫਾਇਰਮੈਨ ਸ਼ਹੀਦ ਚਮਨ ਲਾਲ ਦੀ ਯਾਦ ਨੂੰ ਵੀ ਹਮੇਸ਼ਾ ਜੀਵੰਤ ਰੱਖੇਗਾ। ਸਮਾਗਮ ਨੂੰ ਸੰਬੋਧਨ ਕਰਦਿਆਂ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਵਪੱਖੀ ਵਿਕਾਸ ਲਈ ਖੁੱਲ੍ਹੇ ਦਿਲ ਨਾਲ ਕੰਮ ਕਰ ਰਹੀ ਹੈ।ਪਿੰਡਾਂ ਵਿੱਚ ਜਿੱਥੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਅਤੇ ਨਸ਼ੇ ਤੋਂ ਦੂਰ ਰੱਖਣ ਦੇ ਲਈ ਖੇਡ ਮੈਦਾਨ ਤਿਆਰ ਕੀਤੇ ਜਾ ਰਹੇ ਹਨ, ਉਥੇ ਹੀ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦਿਆਂ ਆਧੁਨਿਕ ਸਹੂਲਤਾਂ ਨਾਲ ਲੈਸ ਪਾਰਕ ਅਤੇ ਓਪਨ ਜਿਮ ਵੀ ਬਣਾਏ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਅੱਜ ਲੋਕਾਂ ਨੂੰ ਸਮਰਪਿਤ ਕੀਤਾ ਗਿਆ ਇਹ ਨੇਚਰ ਪਾਰਕ ਪਿੰਡ ਵਾਸੀਆਂ ਲਈ ਸਵੇਰ-ਸ਼ਾਮ ਸੈਰ, ਕਸਰਤ ਅਤੇ ਮਨੋਰੰਜਨ ਦਾ ਕੇਂਦਰ ਬਣੇਗਾ।ਉਨ੍ਹਾਂ ਕਿਹਾ ਕਿ ਪਿੰਡ ਹੈਬਤ ਪਿੰਡੀ ਦਾ ਇਹ ਪਾਰਕ ਵਿਸ਼ੇਸ਼ ਤੌਰ 'ਤੇ ਫਾਇਰਮੈਨ ਸ਼ਹੀਦ ਚਮਨ ਲਾਲ ਦੀ ਯਾਦ ਨੂੰ ਸਮਰਪਿਤ ਕੀਤਾ ਗਿਆ ਹੈ।ਇਹ ਸਥਾਨ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਦਾ ਸਰੋਤ ਬਣੇਗਾ ਅਤੇ ਨੌਜਵਾਨਾਂ ਨੂੰ ਦੇਸ਼ ਸੇਵਾ, ਸਮਾਜ ਸੇਵਾ ਅਤੇ ਬਲਿਦਾਨ ਦੀ ਭਾਵਨਾ ਨਾਲ ਜੋੜੇਗਾ।ਉਨ੍ਹਾਂ ਨੇ ਕਿਹਾ ਕਿ ਸ਼ਹੀਦਾਂ ਦੀ ਯਾਦ ਨੂੰ ਸੰਭਾਲਣਾ ਅਤੇ ਨਵੀਂ ਪੀੜ੍ਹੀ ਤੱਕ ਉਨ੍ਹਾਂ ਦੇ ਯੋਗਦਾਨ ਨੂੰ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਸੈਣੀ ਸਕੱਤਰ ਮਾਝਾ ਜ਼ੋਨ ਇੰਚਾਰਜ ਪੰਜਾਬ, ਖੁਸ਼ਵੀਰ ਕਾਟਲ, ਸੰਦੀਪ ਕੁਮਾਰ ਬਲਾਕ ਪ੍ਰਧਾਨ, ਪਵਨ ਕੁਮਾਰ ਫੌਜੀ ਚੇਅਰਮੈਨ ਬਲਾਕ ਸੰਮਤੀ ਮੈਂਬਰ ਘਰੋਟਾ, ਕੁਲਦੀਪ ਰਕਵਾਲ ਬਲਾਕ ਪ੍ਰਧਾਨ, ਸਰਪੰਚ ਰਕਵਾਲ ਹੈਪੀ, ਸਾਬਕਾ ਸਰਪੰਚ ਪੂਰਨ ਚੰਦ, ਹੈਬਤ ਪਿੰਡੀ ਸਰਪੰਚ ਰਾਜ ਕੁਮਾਰੀ, ਬਲਵਾਨ ਠਾਕੁਰ, ਗੱਜੂ ਜਗੀਰ ਸਰਪੰਚ ਕਾਕਾ, ਜੋਗਰ ਸਰਪੰਚ ਪੱਮਾ, ਸਤੀਸ਼ ਸੈਣੀ, ਸੁੰਜੀਵ ਕੁਮਾਰ ਬਲਾਕ ਸੰਮਤੀ ਮੈਂਬਰ ਅਤੇ ਆਮ ਆਦਮੀ ਪਾਰਟੀ ਦੇ ਅਹੁਦੇਦਾਰ ਤੇ ਕਾਰਜਕਰਤਾ ਹਾਜ਼ਰ ਸਨ।

# ਲੋਕਾਂ ਦੇ ਅਸਲ ਮੁੱਦਿਆਂ ਨੂੰ ਅੱਜ ਤੱਕ ਸਰਕਾਰ ਵੱਲੋਂ ਨਜ਼ਰਅੰਦਾਜ਼ ਕੀਤਾ ਗਿਆ : ਅਕਸ਼ੈ ਸ਼ਰਮਾ

**ਛੇਹਰਟਾ, (ਮਨੋਜ ਕੁਮਾਰ)** : ਭਾਰਤੀ ਜਨਤਾ ਪਾਰਟੀ ਦੇ ਹਲਕਾ ਉੱਤਰੀ ਤੋਂ ਆਗੂ ਅਕਸ਼ੈ ਸ਼ਰਮਾ ਵੱਲੋਂ 'ਮੇਰਾ ਬੂਥ ਸਭ ਤੋਂ ਮਜ਼ਬੂਤ' ਮੁਹਿੰਮ ਤਹਿਤ



ਗੰਡਾ ਸਿੰਘ ਵਾਲਾ ਤੇ ਆਸ-ਪਾਸ ਦੇ ਇਲਾਕਿਆਂ ਵਿਚ ਪ੍ਰਭਾਵਸ਼ਾਲੀ ਬੈਠਕ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਨੌਜਵਾਨ ਤੇ ਬੂਥ ਵਰਕਰ ਮੌਜੂਦ ਰਹੇ। ਅਕਸ਼ੈ ਸ਼ਰਮਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਅੱਜ ਤੱਕ ਲੋਕਾਂ ਦੇ ਅਸਲ ਮੁੱਦਿਆਂ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ। ਅਸਲੀ ਵਿਕਾਸ ਉਹ ਹੈ ਜਿੱਥੇ ਆਮ ਇਨਸਾਨ ਨੂੰ ਢੰਗ ਦਾ ਇਲਾਜ, ਬੱਚਿਆਂ ਨੂੰ ਸਿੱਖਿਆ ਤੇ ਨੌਜਵਾਨਾਂ ਨੂੰ ਰੁਜ਼ਗਾਰ ਮਿਲੇ। ਸਰਕਾਰੀ ਸਿਹਤ ਪ੍ਰਣਾਲੀ 'ਤੇ ਸਵਾਲ ਉਠਾਉਂਦੇ ਹੋਏ ਅਕਸ਼ੈ ਸ਼ਰਮਾ ਨੇ ਕਿਹਾ ਕਿ ਅੱਜ ਵੀ ਗਰੀਬ ਮਰੀਜ਼ਾਂ ਨੂੰ ਦਵਾਈਆਂ ਬਾਹਰੋਂ ਖਰੀਦਣੀਆਂ ਪੈਂਦੀਆਂ ਹਨ ਤੇ ਕਈ ਵਾਰ ਟੈਸਟਾਂ ਦੇ ਪੈਸੇ ਨਾ ਹੋਣ ਕਰਕੇ ਬਿਨਾਂ ਇਲਾਜ ਕਰਵਾਏ ਵਾਪਸ ਜਾਣਾ ਪੈਂਦਾ ਹੈ। ਉਨ੍ਹਾਂ ਨੇ ਬੇਰੁਜ਼ਗਾਰੀ ਤੇ ਨਸ਼ਿਆਂ ਦੇ ਮੁੱਦੇ 'ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਨੌਜਵਾਨਾਂ ਨੂੰ ਸਹੀ ਦਿਸ਼ਾ ਦੇਣ ਲਈ ਨਵੇਂ ਉਦਯੋਗ, ਫੈਕਟਰੀਆਂ ਤੇ ਰੁਜ਼ਗਾਰ ਦੇ ਮੌਕੇ ਪੈਦਾ ਕਰਨੇ ਜ਼ਰੂਰੀ ਹਨ। ਅੰਤ ਵਿਚ ਉਨ੍ਹਾਂ ਕਿਹਾ ਕਿ ਇਕ ਵਿਕਸਿਤ ਪਰਿਵਾਰ, ਵਿਕਸਿਤ ਮੁਹੱਲਾ ਤੇ ਵਿਕਸਿਤ ਇਲਾਕਾ ਮਿਲ ਕੇ ਹੀ ਇਕ ਮਜ਼ਬੂਤ ਤੇ ਵਿਕਸਿਤ ਅੰਮ੍ਰਿਤਸਰ ਦੀ ਨੀਂਹ ਰੱਖਦੇ ਹਨ।

'ਮੇਰਾ ਬੂਥ, ਸਭ ਤੋਂ ਮਜ਼ਬੂਤ' ਮੁਹਿੰਮ ਤਹਿਤ ਅਕਸ਼ੈ ਸ਼ਰਮਾ ਵੱਲੋਂ ਅਨੰਦ ਅਵਾਇਨੂ, ਪ੍ਰੀਤ ਨਗਰ ਤੇ ਹਲਕਾ ਉੱਤਰੀ ਦੇ ਹੋਰ ਇਲਾਕਿਆਂ 'ਚ ਬੈਠਕਾਂ ਕੀਤੀਆਂ ਗਈਆਂ। ਇਸ ਦੌਰਾਨ ਪਾਵਨ ਕੁਮਾਰ ਹੈਪੀ ਸਰਪੰਚ, ਸਮਦਿਸ਼ ਮਹਾਜਨ, ਅਭੈ ਸੂਰੀ, ਸੂਰਜ ਵਧਵਾ, ਦਿਲਬਾਗ ਸਿੰਘ, ਰਾਜਪਾਲ ਸਿੰਘ, ਬਿੱਟੂ ਪ੍ਰਧਾਨ, ਕੁਲਵੰਤ ਸਿੰਘ, ਬੇਬੀ, ਰਾਮ ਕ੍ਰਿਸ਼ਨ ਤੇ ਹੋਰ ਮੌਜੂਦ ਸਨ।

# ਜਸਬੀਰ ਕੌਰ ਕੈਰੋਵਾਲ ਜ਼ਿਲ੍ਹਾ ਪ੍ਰਧਾਨ 'ਤੇ ਨਰਿੰਦਰ ਸਿੰਘ ਰਟੌਲ ਜ਼ਿਲ੍ਹਾ ਸਕੱਤਰ ਚੁਣੇ ਗਏ

**ਤਰਨ ਤਾਰਨ (ਪ੍ਰਿਤਪਾਲ ਸਿੰਘ)** ਮਨਰੇਗਾ ਵਰਕਰਜ਼ ਯੂਨੀਅਨ ਜਿਲਾ ਤਰਨ ਤਾਰਨ ਦੀ ਜਥੇਬੰਦਕ ਚੋਣ ਕੀਤੀ ਗਈ। ਜਿਸ ਵਿਚ ਜਸਬੀਰ ਕੌਰ ਕੈਰੋਵਾਲ ਪ੍ਰਧਾਨ ਨਰਿੰਦਰ ਸਿੰਘ ਰਟੋਲ ਜਰਨਲ ਸਕੱਤਰ ਮੰਗਲ ਸਿੰਘ ਘਰਿਆਲਾ ਬਿਮਲਜੀਤ ਕੌਰ ਬੋਹੜੂ, ਕੁਲਦੀਪ ਸਿੰਘ ਭੁੱਲਰ, ਤਿੰਨੋ ਮੀਤ



ਪ੍ਰਧਾਨ ਤੋ ਇਲਾਵਾ ਕਮੇਟੀ ਮੈਬਰ ਚੁਣੇ ਗਏ। ਇਸ ਮੌਕੇ ਯੂਨੀਅਨ ਦੇ ਸੂਬਾਈ ਆਗੂ ਬਲਦੇਵ ਸਿੰਘ ਪੰਡੋਰੀ, ਕਿਸਾਨ ਆਗੂ ਮਨਜੀਤ ਸਿੰਘ ਬੱਗੂ, ਰੇਸ਼ਮ ਸਿੰਘ ਫੈਲੋਕੇ, ਕਰਮ ਸਿੰਘ ਪੰਡੋਰੀ ਨੇ ਕਿਹਾ ਕਿ ਮਨਰੇਗਾ ਕਾਮਿਆਂ ਦਾ ਕੰਮ ਬੰਦ ਕੀਤਾ ਹੋਇਆ ਹੈ ਕਈ ਕਈ ਮਹੀਨਿਆ ਦਾ ਮਿਹਨਤਾਨਾ ਨਹੀਂ ਦਿਤਾ ਜਾ ਰਿਹਾ। ਕੇਂਦਰ ਦੀ ਮੋਦੀ ਸਰਕਾਰ ਜੀ ਰਾਮ ਜੀ ਨਾ ਤੇ ਮਨਰੇਗਾ ਕਾਨੂੰਨ ਨੂੰ ਬੰਦ ਕਰਕੇ ਸੂਬਿਆ ਤੇ ਭਾਰੀ ਬੋਝ ਪਾ ਦਿਤਾ ਹੈ।ਆਗੂਆਂ ਨੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਬਾਰੇ ਬੋਲਦਿਆ ਕਿਹਾ ਕਿ ਇਹ ਸਰਕਾਰ ਵੀ ਲੋਕ ਵਿਰੋਧੀ ਸਾਬਤ ਹੋਈ ਹੈ । ਪੰਜਾਬ ਦੇ ਲੋਕਾਂ ਨਾਲ ਝੂਠੇ ਵਾਅਦੇ ਗਰੰਟੀਆ ਕੀਤੀਆਂ ਜਾ ਰਹੀਆਂ ਹਨ। ਮਜਦੂਰ ਦੇ ਵਿਰੋਧ ਚ ਦਿਹਾੜੀ ਦਾ ਸਮਾ ਘਟਾਉਣ ਦੀ ਥਾਂ 8 ਘੰਟੇ ਤੋ 12 ਘੰਟੇ ਸਮੇਂ ਦੇ ਮਤੇ ਪਾਸ ਕੀਤੇ ਜਾ ਰਹੇ ਹਨ । ਮਨਰੇਗਾ ਸਕੀਮ ਨੂੰ ਪਾਰਦਰਸ਼ੀ ਢੰਗ ਨਾਲ ਲਾਗੂ ਨਹੀਂ ਕੀਤਾ ਜਾ ਰਿਹਾ । ਨਸ਼ੇ, ਗੁੰਡਾਗਰਦੀ,ਕਤਲੋਗਾਰਦ ,ਲੁੱਟਾ ਖੋਹਾ ਪੂਰੇ ਜੋਬਨ ਹਨ । ਕਾਨੂੰਨ ਵਿਵਸਥਾ ਦਿਨੋ ਦਿਨ ਵਿਗੜਦੀ ਜਾ ਰਹੀ ਹੈ । ਪੁਲਿਸ ਪ੍ਰਸ਼ਾਸ਼ਨ ਲਚਾਰ ਹੋਇਆ ਪਿਆ ਹੈ । ਥਾਣਿਆ ਚ ਕਿਸੇ ਨੂੰ ਇਨਸਾਫ਼ ਨਹੀ ਮਿਲ ਰਿਹਾ। ਉਨ੍ਹਾਂ ਕਿਹਾ ਕਿ ਮਨਰੇਗਾ ਵਰਕਰਾਂ ਦੀ ਦਿਹਾੜੀ 700 ਰੁ ਕੀਤੀ ਜਾਵੇ ਅਤੇ ਮਿਹਨਤਾਨਾ ਸਮੇਂ ਸਿਰ ਦਿੱਤਾ। ਇਸ ਮੌਕੇ ਕਵਲਜੀਤ ਕੌਰ, ਕੁਲਦੀਪ ਸਿੰਘ, ਮੰਗਲ ਸਿੰਘ,ਜਗੀਰ ਕੌਰ,ਗੁਰਜੀਤ ਕੌਰ, ਪਿੰਕੀ, ਅਮਰਜੀਤ ਕੌਰ,ਪ੍ਰਭਜੀਤ ਕੌਰ, ਬੂਟਾ ਸਿੰਘ, ਰਣਜੋਤ ਸਿੰਘ, ਮੇਜਰ ਸਿੰਘ, ਜੱਗੂ, ਕੁਲਵੰਤ ਸਿੰਘ, , ਭਿੰਦਰ ਕੌਰ, ਬਲਵਿੰਦਰ ਕੌਰ, ਸੁਖਵਿੰਦਰ ਕੌਰ ਜੋਗਿੰਦਰ ਕੌਰ ਸੁਰਜੀਤ ਕੌਰ, ਮੰਗਲ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਵਿਖੇ ਮਨਾਇਆ ਮਾਂ ਦਿਹਾੜਾ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਗੋਬਿੰਦ ਸੀਨੀਅਰ ਸੈਕੰਡਰੀ ਸਕੂਲ ਸੈਦੋਲੇਹਲ ਖੁਜਾਲਾ, ਅੰਮ੍ਰਿਤਸਰ-ਮਹਿਤਾ ਰੋਡ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਮਦਰ ਦਿਵਸ ਮਨਾਇਆ ਗਿਆ ਜਿਸ ਵਿੱਚ ਸਕੂਲ ਦੇ ਵਿਦਿਆਰਥੀ ਅਤੇ ਵਿਦਿਆਰਥਣਾਂ ਨੇ ਰਲ ਕੇ ਵੱਖ-ਵੱਖ ਵੰਨਗੀਆਂ ਪੇਸ਼ ਕਰਕੇ ਅਤੇ ਮਾਂ ਦੇ ਸਤਿਕਾਰ ਵਿੱਚ ਆਪਣੇ ਵਿਚਾਰ ਪ੍ਰਗਟ ਕੀਤੇ। ਇਸ ਮੌਕੇ ਸਕੂਲ ਦੇ ਡਾਇਰੈਕਟਰ ਡਾਕਟਰ ਇੰਦਰਜੀਤ ਸਿੰਘ ਗਮਟਾਲਾ ਅਤੇ ਪ੍ਰਿੰਸੀਪਲ ਮੈਡਮ ਬਲਵਿੰਦਰ ਕੌਰ ਨੇ ਕਿਹਾ ਕਿ ਬੱਚੇ ਲਈ ਮਾਂ ਅਨਮੋਲ ਹੁੰਦੀ ਹੈ।ਸਹੀ ਮਾਅਨਿਆਂ 'ਚ ਮਾਂ ਦੀ ਮਮਤਾ ਤੇ ਮਹਿਮਾ ਨੂੰ ਸ਼ਬਦਾਂ 'ਚ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਨੂੰ ਸਿਰਫ਼ ਮਹਿਸੂਸ ਕੀਤਾ ਜਾ ਸਕਦਾ ਹੈ। ਮਾਂ ਦੁਨੀਆ ਦੇ ਹਰ ਇਨਸਾਨ ਲਈ ਖ਼ਾਸ ਹੁੰਦੀ ਹੈ। ਉਹ ਆਪਣੇ ਬੱਚੇ ਦਾ ਕਿੰਨਾ ਖ਼ਿਆਲ ਰੱਖਦੀ ਹੈ, ਉਸ ਦੀ ਹਰ ਜ਼ਰੂਰਤ ਨੂੰ ਪੂਰਾ ਕਰਦੀ ਹੈ।ਖ਼ੁਦ ਭੁੱਖੀ ਰਹਿ ਕੇ ਆਪਣੇ ਬੱਚਿਆਂ ਨੂੰ ਖੁਆਉਂਦੀ ਹੈ।ਇਸ ਲਈ ਮਾਂ ਦਾ ਰੁਤਬਾ ਦੁਨੀਆ 'ਚ ਸਭ ਤੋਂ ਉੱਚਾ ਹੈ।ਹਰ ਬੱਚੇ ਲਈ ਮਾਂ ਅਨਮੋਲ ਹੁੰਦੀ ਹੈ। ਸਹੀ ਮਾਅਨਿਆਂ 'ਚ ਮਾਂ ਦੀ ਮਮਤਾ ਤੇ ਮਹਿਮਾ ਨੂੰ ਸ਼ਬਦਾਂ 'ਚ ਬਿਆਨ ਨਹੀਂ ਕੀਤਾ ਜਾ ਸਕਦਾ, ਉਸ ਨੂੰ ਸਿਰਫ਼ ਮਹਿਸੂਸ ਕੀਤਾ ਜਾ ਸਕਦਾ। ਵੱਖ-ਵੱਖ ਬੁਲਾਰਿਆਂ ਨੇ ਮਾਂ ਦੀ ਉਪਮਾ ਕਰਦਿਆਂ ਕਿਹਾ ਕਿ ਮਾਂ ਦੁਨੀਆ ਦੇ ਹਰ ਇਨਸਾਨ ਲਈ ਖ਼ਾਸ ਹੁੰਦੀ ਹੈ।ਉਹ ਆਪਣੇ ਬੱਚੇ ਦਾ ਕਿੰਨਾ ਖ਼ਿਆਲ ਰੱਖਦੀ ਹੈ, ਉਸ ਦੀ ਹਰ ਜ਼ਰੂਰਤ ਨੂੰ ਪੂਰਾ ਕਰਦੀ ਹੈ।ਖ਼ੁਦ ਭੁੱਖੀ ਰਹਿ ਕੇ ਆਪਣੇ ਬੱਚਿਆਂ ਨੂੰ ਖੁਆਉਂਦੀ ਹੈ।ਇਸ ਲਈ ਮਾਂ ਦਾ ਰੁਤਬਾ ਦੁਨੀਆ 'ਚ ਸਭ ਤੋਂ ਉੱਚਾ ਹੈ।ਮਾਂ ਤੋਂ ਬਿਨਾਂ ਅਸੀਂ ਆਪਣੀ ਜ਼ਿੰਦਗੀ ਦੀ ਕਲਪਨਾ ਵੀ ਨਹੀਂ ਕਰ ਸਕਦੇ।ਇਕ ਮਾਂ ਹੀ ਹੈ, ਜੋ ਸਾਨੂੰ ਸੰਸਾਰ 'ਚ ਲਿਆਉਂਦੀ ਹੈ, ਉਂਗਲੀ ਫੜ ਕੇ ਚੱਲਣਾ ਸਿਖਾਉਂਦੀ ਹੈ।ਜ਼ਿੰਦਗੀ ਦੇ ਹਰ ਕਦਮ 'ਤੇ ਨਾਲ ਰਹਿ ਕੇ ਮੰਜ਼ਿਲ ਤਕ ਪਹੁੰਚਾਉਣ 'ਚ ਮਦਦ ਕਰਦੀ ਹੈ।ਇਸ ਲਈ ਸਾਨੂੰ ਸਾਰਿਆਂ ਨੂੰ ਮਾਂ ਦੇ ਸਤਿਕਾਰ 'ਚ ਕੋਈ ਕਮੀ ਨਹੀਂ ਰਹਿਣ ਦੇਣੀ ਚਾਹੀਦੀ।



# ਖੇਤੀਬਾੜੀ ਵਿਭਾਗ ਨੇ ਕਰਾਪ ਰੈਜੀਡਿਊ ਮੈਨੇਜਮੈਂਟ ਸਕੀਮ ਅਧੀਨ ਲਾਇਆ ਕਿਸਾਨ ਸਿਖਲਾਈ ਕੈਂਪ

**ਝਬਾਲ, (ਹਰਜਿੰਦਰ ਸਿੰਘ ਸੋਨੀ)**- ਡਿਪਟੀ ਕਮਿਸ਼ਨਰ ਤਰਨ ਤਾਰਨ ਰਾਹੁਲ ਆਈ ਏ ਐਸ ਦੀ ਰਹਿਨੁਮਾਈ ਹੇਠ ਅਤੇ ਮੁੱਖ ਖੇਤੀਬਾੜੀ ਅਫਸਰ ਡਾਕਟਰ ਤੇਜਬੀਰ ਸਿੰਘ ਭੰਗੂ ਦੀ ਯੋਗ ਅਗਵਾਈ ਹੇਠ ਕਰਾਪ ਰੈਜੀਡਿਊ ਮੈਨੇਜਮੈਂਟ ਸਕੀਮ ਅਧੀਨ ਬਲਾਕ ਗੰਡੀਵਿੰਡ ਦੇ ਪਿੰਡ ਢੰਡ ਵਿਖੇ ਕਿਸਾਨ ਟ੍ਰੇਨਿੰਗ ਕੈਂਪ ਲਗਾਇਆ ਗਿਆ।ਜਿਸ ਵਿੱਚ ਕ੍ਰਿਸ਼ੀ ਵਿਗਿਆਨ ਕੇਂਦਰ ਬੂਹ ਤੋਂ ਡਾਕਟਰ ਨਵਜੋਤ ਸਿੰਘ ਬਰਾੜ ਨੇ ਝੋਨੇ/ਬਾਸਮਤੀ ਅਤੇ ਮੱਕੀ ਤੋਂ ਮਿਆਰੀ ਅਤੇ ਵੱਧ ਝਾੜ ਲੈਣ ਲਈ ਕਿਸਮਾਂ, ਬਿਜਾਈ, ਖਾਦਾਂ ਆਦਿ ਸੰਬੰਧੀ ਤਕਨੀਕੀ ਜਾਣਕਾਰੀ ਦਿੱਤੀ।ਡਾਕਟਰ ਸਾਹਿਲ ਨੇ ਮੱਛੀ ਪਾਲਣ ਅਤੇ ਡੇਅਰੀ ਫਾਰਮਿੰਗ ਸਬੰਧੀ ਜਾਣਕਾਰੀ ਦਿੱਤੀ।ਪਸ਼ੂ ਪਾਲਣ ਵਿਭਾਗ ਤੋਂ ਆਏ ਡਾਕਟਰ ਨਰਿਪਜੀਤ ਕੌਰ ਅਤੇ ਇੰਦੂ ਬਾਲਾ ਨੇ ਪਸ਼ੂ ਪਾਲਣ ਵਿਭਾਗ ਅੰਦਰ ਚੱਲ ਰਹੀਆਂ ਵੱਖ



ਵੱਖ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ ਅਤੇ ਪਸ਼ੂਆਂ ਨੂੰ ਗਰਮੀ ਤੋਂ ਬਚਾਉਣ ਲਈ ਕਿਸਾਨਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ।ਬਾਗਬਾਨੀ ਵਿਭਾਗ ਤੋਂ ਬਾਗਬਾਨੀ ਵਿਕਾਸ ਅਫਸਰ ਡਾਕਟਰ ਬਿਕਰਮਜੀਤ ਸਿੰਘ ਨੇ ਬਾਗਬਾਨੀ ਵਿਭਾਗ ਅੰਦਰ ਚੱਲ ਰਹੀਆਂ ਵੱਖ-ਵੱਖ ਸਕੀਮਾਂ ਅਤੇ ਸਬਸਿਡੀਆਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਬਲਾਕ ਖੇਤੀਬਾੜੀ ਅਫ਼ਸਰ ਗੰਡੀਵਿੰਡ ਗੁਰਿੰਦਰਜੀਤ ਸਿੰਘ ਨੇ ਮਹਿਕਮੇ ਦੇ ਅੰਦਰ ਚੱਲ ਰਹੀਆਂ ਵੱਖ ਵੱਖ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਣਕਾਰੀ ਦਿੱਤੀ। ਬਲਾਕ ਖੇਤੀਬਾੜੀ ਅਫਸਰ ਜੀ ਵੱਲੋਂ ਕਿਸਾਨਾਂ ਨੂੰ ਖਾਦਾਂ ਦੀ ਲੋੜ ਅਨੁਸਾਰ ਵਰਤੋ ਕਰਨ ਲਈ ਕਿਹਾ ਗਿਆ। ਉਹਨਾਂ ਨੇ ਟ੍ਰੇਨਿੰਗ ਵਿੱਚ ਸ਼ਾਮਿਲ ਹੋਏ ਕਿਸਾਨਾਂ ਅਤੇ ਮਾਹਿਰਾਂ ਦਾ ਧੰਨਵਾਦ ਕੀਤਾ। ਟ੍ਰੇਨਿੰਗ ਦੇ ਮੰਚ ਦਾ ਸੰਚਾਲਨ ਸ਼੍ਰੀ ਸਤਿੰਦਰ ਸਿੰਘ ਏ ਈ ਓ ਨੇ ਕੀਤਾ।ਇਸ ਟ੍ਰੇਨਿੰਗ ਨੂੰ ਸਫ਼ਲ ਬਣਾਉਣ ਲਈ ਸ਼੍ਰੀ ਪ੍ਰਦੀਪ ਨੰਦਾ ਏ ਐਸ ਆਈ ਅਤੇ ਸ਼੍ਰੀ ਵਿਜੈ ਸਿੰਘ ਅਤੇ ਮਨਪ੍ਰੀਤ ਸਿੰਘ ਸਹਾਇਕ ਤਕਨੀਕੀ ਮੈਨੇਜਰ ਨੇ ਯੋਗਦਾਨ ਪਾਇਆ। ਇਸ ਟ੍ਰੇਨਿੰਗ ਵਿੱਚ 100 ਤੋਂ ਵੱਧ ਆਗਾਹਵਧੂ ਕਿਸਾਨ ਨੇ ਭਾਗ ਲਿਆ।

# ਡਿਪਟੀ ਕਮਿਸ਼ਨਰ ਉੱਪਲ ਵੱਲੋਂ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ

**ਗੁਰਦਾਸਪੁਰ (ਜਨਕ ਮਹਾਜਨ)**- ਆਦਿਤਿਆ ਉੱਪਲ ਡਿਪਟੀ ਕਮਿਸ਼ਨਰ ਗੁਰਦਾਸਪੁਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਨਾਲ ਸਬੰਧਤ ਮੁਸ਼ਕਲਾਂ ਸੰਬੰਧੀ ਰੀਵੀਉ ਮੀਟਿੰਗ ਕਰਕੇ ਮੁਸ਼ਕਲਾਂ ਹੱਲ ਲਈ ਕੀਤੇ ਜਾ ਕੰਮਾਂ ਦੀ ਜਾਣਕਾਰੀ ਲਈ ਗਈ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਦਾਸਪੁਰ ਸਿਮਰਨਜੀਤ ਸਿੰਘ ਢਿੱਲੋਂ ਅਤੇ ਚਰਨਜੀਤ ਸਿੰਘ ਪਾਰੋਵਾਲ, ਜ਼ਿਲ੍ਹਾ ਇੰਚਾਰਜ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਸਮੇਤ ਸਿਵਲ ਤੇ ਪੁਲਸ ਅਧਿਕਾਰੀ ਅਤੇ ਵੱਖ ਵੱਖ ਹਲਕਿਆਂ ਦੇ ਟਰੇਡਰਜ਼ ਕਮਿਸ਼ਨ ਦੇ ਚੇਅਰਮੈਨ ਵੀ ਮੌਜੂਦ ਸਨ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਟਰੇਡਰਜ਼ ਕਮਿਸ਼ਨ ਨਾਲ ਸਬੰਧਤ ਮੁਸ਼ਕਲਾਂ ਸਬੰਧੀ ਵੱਖ ਵੱਖ ਵਿਭਾਗਾਂ ਵਲੋਂ ਕੀਤੇ ਗਏ ਕੰਮਾਂ ਅਤੇ ਜਿਨ੍ਹਾਂ ਮੁਸ਼ਕਲਾਂ ਦਾ ਨਿਪਟਾਰਾ ਅਜੇ ਤੱਕ ਨਹੀਂ ਕੀਤਾ ਗਿਆ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਲਈ ਗਈ। ਮੀਟਿੰਗ ਦੌਰਾਨ ਅਧਿਕਾਰੀਆਂ ਦੱਸਿਆ ਕਿ ਟਰੇਡਰਸ ਕਮਿਸ਼ਨ ਨਾਲ ਸਬੰਧਤ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਟਰੇਡਰਜ਼ ਕਮਿਸ਼ਨ ਗੁਰਦਾਸਪੁਰ ਦੇ ਨਵ ਨਿਯੁਕਤ ਜ਼ਿਲ੍ਹਾ ਇੰਚਾਰਜ ਚਰਨਜੀਤ ਸਿੰਘ ਪਾਰੋਵਾਲ ਨੇ ਦੱਸਿਆ ਕਿ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਸਰਕਾਰ ਦੇ ਪੋਰਟਲ 'ਤੇ ਸ਼ਿਕਾਇਤਾਂ ਦਰਜ ਕੀਤੀਆਂ ਜਾ ਰਹੀਆਂ ਹਨ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।



# ਲੋਕਾਂ ਨਾਲ ਨਿਰੰਤਰ ਰਾਬਤੇ ਤਹਿਤ ਸ਼ੈਰੀ ਕਲਸੀ ਵੱਲੋਂ ਵਾਰਡ ਨੰਬਰ ਇੱਕ 'ਚ ਲੋਕ ਮਿਲਣੀ

**ਬਟਾਲਾ ( ਡਾਕਟਰ ਮਲਵਿੰਦਰ ਸਿੰਘ)** ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਾਰਡ ਨੰਬਰ-1 ਮਾਨ ਨਗਰ



ਵਿਖੇ ਪਹੁੰਚੇ ਅਤੇ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਹ ਬਟਾਲਾ ਸ਼ਹਿਰ ਦੇ ਵਿਕਾਸ ਲਈ ਦਿਨ ਰਾਤ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਹਨ ਅਤੇ ਮਹਿਜ਼ ਚਾਰ ਸਾਲਾਂ ਵਿੱਚ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਗਈ ਹੈ।ਇਸ ਮੌਕੇ ਚੇਅਰਮੈਨ ਮਾਨਿਕ ਮਹਿਤਾ ਵੀ ਮੌਜੂਦ ਸਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਲੋਕਾਂ ਤੱਕ ਪਹੁੰਚ ਕਰਕੇ ਉਨ੍ਹਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕਰ ਰਹੇ ਹਨ ਅਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਸੂਬੇ ਦੇ ਸਾਰੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮੁਹੱਈਆ ਕਰਵਾਇਆ ਗਿਆ ਹੈ। ਉਨ੍ਹਾਂ ਬਟਾਲੇ ਦੀ ਗੱਲ ਕਰਦਿਆਂ ਦੱਸਿਆ ਕਿ ਬਟਾਲਾ ਹਲਕਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵੇਂ ਤਹਿਸੀਲ ਕੰਪਲੈਕਸ ਦਾ ਮੁੱਖ ਮੰਤਰੀ ਪੰਜਾਬ ਵਲੋਂ ਉਦਘਾਟਨ ਕਰਨ ਉਪਰੰਤ ਲੋਕਾਂ ਨੂੰ ਸਮਰਪਿਤ ਕਰ ਦਿੱਤਾ ਗਿਆ ਹੈ।

# ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਫੀਲਡ ਇਨਵੈਸਟੀਗੇਟਰਾਂ ਦੀ ਇਕ ਰੋਜ਼ਾ ਟ੍ਰੇਨਿੰਗ ਦਾ ਨਿਰੀਖਣ



**ਧਾਰੀਵਾਲ, (ਮਨਦੀਪ ਵਿੱਕੀ)**- ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ.) ਗੁਰਦਾਸਪੁਰ ਪਰਮਜੀਤ ਕੌਰ ਵੱਲੋਂ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ (ਡਾਇਟ) ਗੁਰਦਾਸਪੁਰ ਵਿਖੇ ਐਫ.ਐਲ.ਐਸ. ਤਹਿਤ ਕਰਵਾਏ ਜਾਣ ਵਾਲੇ ਸਰਵੇ ਸਬੰਧੀ ਫੀਲਡ ਇਨਵੈਸਟੀਗੇਟਰਾਂ ਦੀ ਇਕ ਰੋਜ਼ਾ ਟ੍ਰੇਨਿੰਗ ਦਾ ਨਿਰੀਖਣ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਕੁੱਲ 21 ਸਰਕਾਰੀ, ਪ੍ਰਾਈਵੇਟ ਅਤੇ ਅਰਧ-ਸਰਕਾਰੀ ਸਕੂਲਾਂ ਦੀ ਇਸ ਸਰਵੇ ਲਈ ਚੋਣ ਕੀਤੀ ਗਈ ਹੈ। ਸਟੇਟ ਪੱਧਰ ਤੋਂ ਟ੍ਰੇਨਿੰਗ ਪ੍ਰਾਪਤ ਕਰ ਚੁੱਕੇ ਜ਼ਿਲ੍ਹਾ ਸਰਵੇ ਕੋਆਰਡੀਨੇਟਰ ਵੰਦਨਾ ਗੁਪਤਾ ਅਤੇ ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰ ਗੁਰਨਾਮ ਸਿੰਘ ਵੱਲੋਂ ਫੀਲਡ ਇਨਵੈਸਟੀਗੇਟਰਾਂ ਨੂੰ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਸਰਵੇ ਕਰਨ ਸਬੰਧੀ ਟ੍ਰੇਨਿੰਗ ਦਿੱਤੀ ਗਈ ਅਤੇ ਸਰਵੇ ਦੀਆਂ ਬਰੀਕੀਆਂ ਤੋਂ ਜਾਣੂ ਕਰਵਾਇਆ ਗਿਆ।

ਉਨ੍ਹਾਂ ਨੇ ਦੱਸਿਆ ਕਿ ਇਹ ਸਰਵੇ 6 ਮਈ ਤੋਂ 8 ਮਈ ਤੱਕ ਜ਼ਿਲ੍ਹੇ ਦੇ ਵੱਖ-ਵੱਖ 21 ਸਕੂਲਾਂ ਵਿੱਚ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਤੇ ਸਿਖਲਾਈ ਸੰਸਥਾ ਗੁਰਦਾਸਪੁਰ ਦੇ ਇੰਚਾਰਜ ਨਰੇਸ਼ ਮਹਿਤਾ ਵੱਲੋਂ ਵੀ ਫੀਲਡ ਇਨਵੈਸਟੀਗੇਟਰਾਂ ਨੂੰ ਸੰਬੋਧਨ ਕਰਦਿਆਂ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ ਗਿਆ।ਇਸ ਮੌਕੇ ਡੀ.ਈ.ਓ. ਦਫ਼ਤਰ ਤੋਂ ਜਸਬੀਰ ਲਾਲ, ਮੈਡਮ ਅਨੂੰ, ਡੀ.ਆਰ.ਸੀ. ਅਸ਼ੋਕ ਕੁਮਾਰ, ਲੈਕਚਰਾਰ ਸ਼ਸ਼ੀ ਭੂਸ਼ਣ, ਤਰਨਜੋਤ ਕੌਰ, ਸਰਿਤਾ ਗੁਪਤਾ, ਪੰਕਜ ਸ਼ਰਮਾ, ਸਰਿਤਾ ਰਾਣੀ ਅਤੇ ਰਾਜੇਸ਼ ਕੁਮਾਰ ਹਾਜ਼ਰ ਸਨ।

# ਰਾਮਗੜ੍ਹੀਆ ਬੁੰਗਾ ਵਿਖੇ ਕੀਤੀ ਜਾ ਰਹੀ ਕਨਵੈਨਸ਼ਨ ਦੀਆਂ ਤਿਆਰੀਆਂ ਜ਼ੋਰਾਂ 'ਤੇ : ਸੁਖਦੇਵ ਕੋਟ

**ਝਬਾਲ (ਹਰਜਿੰਦਰ ਸਿੰਘ ਸੋਨੀ)**- 25 ਮਈ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੀ ਹੋ ਰਹੀ ਕਨਵੈਨਸ਼ਨ ਸੰਬੰਧੀ ਵਿਸ਼ੇਸ਼ ਇਕੱਤਰਤਾ ਪਿੰਡ ਭਲਾਈਪੁਰ ਵਿਖੇ ਕਾਮਰੇਡ ਸੁਖਦੇਵ ਸਿੰਘ ਭਲਾਈਪੁਰ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ, ਜ਼ਿਲ੍ਹਾ ਮੀਤ ਪ੍ਰਧਾਨ ਕਾਮਰੇਡ ਹੀਰਾ ਸਿੰਘ ਖਡੂਰ ਸਾਹਿਬ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਲੋਕ ਵਿਰੋਧੀ ਨੀਤੀਆਂ ਨੂੰ ਲਾਗੂ ਕਰਨ ਦਾ ਸਿਲਸਲਾ ਲਗਾਤਾਰ ਜਾਰੀ ਹੈ।ਸਰਕਾਰ ਨੇ ਮਜ਼ਦੂਰਾਂ ਦੇ ਹੱਕ ਵਿੱਚ ਜਾਂਦੇ ਲੇਬਰ ਕਨੂੰਨ ਖਤਮ ਕਰਕੇ ਚਾਰ ਲੇਬਰ ਕੋਡ ਬਣਾ ਕੇ ਮਜ਼ਦੂਰਾਂ ਨਾਲ ਧਰੋਹ ਕਮਾਇਆ ਹੈ।ਮਨਰੇਗਾ ਕਾਨੂੰਨ ਕੁੱਝ ਹੱਦ ਤੱਕ ਗਰੀਬਾਂ ਦੇ ਚੁੱਲ੍ਹੇ ਤਪਦੇ ਰੱਖਣ ਵਿੱਚ ਮੱਦਦ ਕਰਦਾ ਸੀ।ਕੇਂਦਰ ਸਰਕਾਰ ਬੀ ਵੀ ਜੀ ਰਾਮ ਜੀ ਰਾਹੀ ਮਨਰੇਗਾ 'ਚੋਂ ਕੰਮ ਦੇ ਅਧਿਕਾਰ ਖ਼ਤਮ ਕਰਕੇ ਇਸ ਨੂੰ ਕੇਂਦਰ ਸਰਕਾਰ ਦੀ ਮਰਜ਼ੀ ਦਾ ਮੁਥਾਜ ਬਣਾ ਦਿੱਤਾ ਹੈ। ਜੌਬ ਕਾਰਡਾਂ ਦੀ ਮਿਆਦ ਪੰਜ ਸਾਲ ਤੋਂ ਘਟਾ ਕੇ ਤਿੰਨ ਸਾਲ ਕਰ ਦੇਣ ਅਤੇ ਕੇਂਦਰੀ ਬਜਟ ਘਟਾਉਣ ਵਰਗੇ ਮਜ਼ਦੂਰ ਵਿਰੋਧੀ ਕਦਮਾਂ ਨੂੰ ਕੰਮ ਦਿਹਾੜੀ ਵਧਾਉਣ ਦੇ ਗੁੰਮਰਾਹਕੁੰਨ ਪ੍ਰਚਾਰ ਰਾਹੀਂ ਕਿਰਤੀ ਲੋਕਾਂ ਦੇ ਅੱਖੀਂ ਘੱਟਾ ਪਾ ਰਹੀ ਹੈ।ਉਨ੍ਹਾਂ ਪੰਜਾਬ ਸਰਕਾਰ 'ਤੇ ਵਰ੍ਹਦਿਆਂ ਕਿਹਾ ਕਿ ਪੰਜਾਬ ਸਰਕਾਰ ਆਪਣੀਆਂ ਕੀਤੀਆਂ ਗਰੰਟੀਆਂ ਲਾਗੂ ਕਰੇ।ਲੋਕਾਂ ਦੇ ਕੱਟੇ ਹੋਏ ਰਾਸ਼ਨ ਕਾਰਡ ਤੁਰੰਤ ਬਹਾਲ ਕੀਤੇ ਜਾਣ, ਸਮਾਜਿਕ ਸੁਰੱਖਿਆ ਅਧੀਨ ਪੈਨਸ਼ਨ 5000 ਰੁਪਏ ਕੀਤੀ ਜਾਵੇ।ਬੇਘਰੇ ਤੇ ਲੋੜਵੰਦ ਲੋਕਾਂ ਨੂੰ ਦਸ ਦਸ ਮਰਲਿਆਂ ਦੇ ਪਲਾਟ ਅਤੇ ਘਰ ਬਣਾਉਣ ਲਈ ਪੰਜ ਲੱਖ ਰੁਪਏ ਦੀ ਗ੍ਰਾਂਟ ਦਿੱਤੀ ਜਾਵੇ।ਉਨ੍ਹਾਂ ਪਿੰਡਾਂ ਦੇ ਕਿਰਤੀ ਲੋਕਾਂ ਸੱਦਾ ਦਿੱਤਾ ਨੂੰ ਕਿ ਮਨਰੇਗਾ ਨੂੰ ਬਹਾਲ ਕਰਾਉਣ ਵਾਸਤੇ ਅਤੇ ਪੰਜਾਬ ਸਰਕਾਰ ਨੂੰ ਕੀਤੀਆਂ ਗਰੰਟੀਆਂ ਯਾਦ ਕਰਾਉਣ ਵਾਸਤੇ 25 ਮਈ ਨੂੰ ਰਾਮਗੜ੍ਹੀਆ ਬੁੰਗਾ ਵਿਖੇ ਕੀਤੀ ਜਾ ਰਹੀ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਪਹੁੰਚਣ ਦੀ ਅਪੀਲ ਕੀਤੀ।ਇਸ ਮੌਕੇ ਹਾਜ਼ਰ ਆਗੂ ਕਾਮਰੇਡ ਚਰਨ ਸਿੰਘ ਜਲਾਲਾਬਾਦ, ਕਾਮਰੇਡ ਕੁਲਵੰਤ ਸਿੰਘ ਖਡੂਰ ਸਾਹਿਬ, ਕਾਮਰੇਡ ਸਵਿੰਦਰ ਸਿੰਘ ਗਗੜੇਵਾਲ, ਹੀਰਾ ਸਿੰਘ ਬੇਲਦਾਰ ਖਡੂਰ ਸਾਹਿਬ, ਬਲਦੇਵ ਸਿੰਘ ਮੈਂਬਰ ਭਲਾਈਪੁਰ, ਸੋਨਾ ਸਿੰਘ, ਗੁਰਮੀਤ ਕੌਰ, ਬਲਵਿੰਦਰ ਕੌਰ, ਲਖਵਿੰਦਰ ਕੌਰ, ਅਰਸ਼ਦੀਪ ਸਿੰਘ, ਗੁਰਮੀਤ ਕੌਰ, ਰਵੀ ਸਿੰਘ ਆਦਿ ਹਾਜ਼ਰ ਸਨ।



# ਬਾਬਾ ਸ੍ਰੀਚੰਦਰ ਦੀ ਪਾਲਕੀ ਸਾਹਿਬ ਦਾ ਉਦਘਾਟਨ ਭਲਕੇ

**ਨਾਨਕ ਚੱਕ, ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਤਪ ਅਸਥਾਨ ਮੰਦਿਰ ਭਗਵਾਨ ਬਾਬਾ ਸ੍ਰੀਚੰਦਰ ਜੀ ਉਦਾਸੀਨ ਆਸ਼ਰਮ ਨਾਨਕ ਚੱਕ ਦੇ ਮੌਜੂਦਾ ਗੱਦਨਸ਼ੀਨ ਮਹੰਤ ਹਰੀ ਕੁੰਭ ਦਾਸ ਨੇ ਦੱਸਿਆ ਕਿ ਮੰਦਰ ਵਿੱਚ ਬਾਬਾ



ਸ੍ਰੀਚੰਦਰ ਜੀ ਦੀ ਪਾਲਕੀ ਸਾਹਿਬ ਦਾ ਉਦਘਾਟਨ 10 ਮਈ ਨੂੰ ਕੀਤਾ ਜਾਵੇਗਾ ਤੇ ਇਸ ਦਿਨ ਹੀ ਸ੍ਰੀਚੰਦਰ ਗਾਤ੍ਰੀ ਜਾਪ ਦੇ ਭੋਗ ਪੈਣਗੇ। ਪੂਰਨ ਆਹੂਤੀ ਅਤੇ ਹਵਨ ਹੋਵੇਗਾ।ਬਾਬਾ ਸ੍ਰੀਚੰਦਰ ਜੀ ਦਾ ਪੰਚਾਮ੍ਰਿਤ ਅਭੀਸ਼ੇਕ ਹੋਵੇਗਾ।ਉਪਰੰਤ ਬਾਬਾ ਜੀ ਦੀ ਆਰਤੀ ਹੋਵੇਗੀ।ਉਨ੍ਹਾਂ ਦੱਸਿਆ ਕਿ ਸਾਡੇ ਬ੍ਰਹਮਲੀਨ ਮਹੰਤ ਬਾਬਾ ਹਰੀ ਦਾਸ, ਮਹੰਤ ਬਾਬਾ ਭਗਵਾਨ ਦਾਸ, ਮਹੰਤ ਬਾਬਾ ਰਘੁਨਾਥ ਦਾਸ, ਮਹੰਤ ਬਾਬਾ ਅਨੰਤਾਨੰਦ, ਮਹੰਤ ਬਾਬਾ ਤਿਲਕਦਾਸ ਦੀ ਸਾਲਾਨਾ ਬਰਸੀ 12 ਮਈ ਦਿਨ ਮੰਗਲਵਾਰ ਨੂੰ ਤਪ ਅਸਥਾਨ ਮੰਦਰ ਭਗਵਾਨ ਸ੍ਰੀਚੰਦਰ, ਪਿੰਡ ਨਾਨਕ ਚੱਕ ਵਿਖੇ ਬੜੀ ਸ਼ਰਧਾ ਨਾਲ ਮਨਾਈ ਜਾ ਰਹੀ ਹੈ। 10 ਮਈ ਦਿਨ ਐਤਵਾਰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋਣਗੇ, 12 ਮਈ ਦਿਨ ਮੰਗਲਵਾਰ ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ ਰਾਗੀ ਤੇ ਢਾਡੀ ਜਥੇ ਸੰਗਤ ਨੂੰ ਗੁਰਬਾਣੀ ਨਾਲ ਨਿਹਾਲ ਕਰਨਗੇ।

# ਤਲਬੀਰ ਸਿੰਘ ਗਿੱਲ ਤੇ ਸਾਥੀਆਂ ਵੱਲੋਂ ਸ਼ੁਕਰਾਨਾ ਯਾਤਰਾ ਦਾ ਭਰਵਾਂ ਸਵਾਗਤ



**ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)**- ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਪਵਿੱਤਰਤਾ ਦੀ ਰਾਖੀ ਲਈ ਬਣਾਏ ਗਏ ਕਾਨੂੰਨ ਨੂੰ ਲਾਗੂ ਕਰਨ ਨੂੰ ਉਪਰੰਤ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੀ ਗਈ ਸ਼ੁਕਰਾਨਾ ਯਾਤਰਾ ਦੌਰਾਨ ਹਲਕਾ ਮਜੀਠਾ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਵਰਕਰਾਂ ਦਾ ਇਕੱਠ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਰਈਆ ਵਿਖੇ ਸਵਾਗਤ ਕਰਨ ਲਈ ਪਹੁੰਚਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸ. ਤਲਬੀਰ ਸਿੰਘ ਗਿੱਲ ਮਜੀਠਾ ਨੇ ਕਿਹਾ ਕਿ ਪਿਛਲੇ ਕਾਫੀ ਸਮੇਂ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਹੋ ਰਹੀ ਸੀ ਅਤੇ ਇਸ ਨੂੰ ਠੱਲ੍ਹ ਪਾਉਣ ਲਈ ਕੋਈ ਇਹ ਵੀ ਸਰਕਾਰ ਨੇ ਕਾਨੂੰਨ ਹੋਂਦ ਵਿੱਚ ਨਹੀਂ ਲਿਆਂਦਾ ਸੀ ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਸਰਕਾਰ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਨੂੰ ਰੋਕਣ ਲਈ ਸਖਤ ਕਾਨੂੰਨ ਹੋਂਦ ਵਿੱਚ ਲਿਆਂਦਾ ਜਿਸ ਤੋਂ ਸਿੱਖ ਭਾਈਚਾਰਾ ਬਹੁਤ ਖੁਸ਼ ਹੈ ਅਤੇ ਗੁਰੂ ਘਰ ਦਾ ਸ਼ੁਕਰਾਨਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ ਸ਼ੁਕਰਾਨਾ ਯਾਤਰਾ ਦਾ ਥਾਂ-ਥਾਂ ਤੇ ਸਿੱਖਾਂ ਵੱਲੋਂ ਸਵਾਗਤ ਕੀਤਾ ਜਾ ਰਿਹਾ ਹੈ।ਇਸ ਮੌਕੇ ਸਵਾਗਤ ਕਰਨ ਵਾਲਿਆਂ ਵਿੱਚ ਯੂਥ ਹਲਕਾ ਪ੍ਰਧਾਨ ਪ੍ਰਧਾਨ ਗੁਰਪ੍ਰੀਤ ਸਿੰਘ, ਨਸ਼ਾ ਮੁਕਤ ਕੋਆਰਡੀਨੇਟਰ ਸਰਪੰਚ ਮਨਦੀਪ ਸਿੰਘ, ਬਲਾਕ ਪ੍ਰਧਾਨ ਜਗਦੀਸ਼ ਸਿੰਘ, ਸੀਨੀਅਰ ਆਪ ਆਗੂ ਸੁਖਦੇਵ ਸਿੰਘ ਭੋਆ, ਸਰਪੰਚ ਗੁਰਪਿੰਦਰ ਸਿੰਘ ਝੰਡੇ, ਸਰਪੰਚ ਜੋਗਾ ਸਿੰਘ ਫੱਤੂਭੀਲਾ, ਸਰਪੰਚ ਗੁਰਭੇਜ ਸਿੰਘ ਸਰਹਾਲਾ ਅਤੇ ਹਰਨਾਮ ਸਿੰਘ ਸਰਹਾਲਾ ਆਦਿ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਆਨੰਦ ਕਾਲਜ ਆਫ ਨਰਸਿੰਗ ਫਾਰ ਵੂਮੈਨ ਦੀਆਂ ਵਿਦਿਆਰਥਣਾਂ ਨੇ ਬੀ ਐੱਸ ਸੀ ਦੇ ਨਤੀਜਿਆਂ 'ਚ ਮਾਰੀਆਂ ਮੱਲਾਂ

**ਮਜੀਠਾ (ਸੋਇਮ ਆਨੰਦ)** ਬਾਬਾ ਫਰੀਦ ਯੂਨੀਵਰਸਿਟੀ ਆਫ ਹੈਲਥ ਸਾਇੰਸਿਜ਼ ਵੱਲੋਂ ਐਲਾਨੇ ਗਏ ਬੀ.ਐੱਸਸੀ. ਨਰਸਿੰਗ ਛੇਵੇਂ ਸਮੈਸਟਰ ਦੇ ਨਤੀਜਿਆਂ ਵਿੱਚ ਆਨੰਦ ਕਾਲਜ ਆਫ ਨਰਸਿੰਗ ਫਾਰ ਵੂਮੈਨ, ਜੇਠੂਵਾਲ ਦੀ ਵਿਦਿਆਰਥਣ ਕੋਮਲਪ੍ਰੀਤ ਕੌਰ ਨੇ (19.9) ਐੱਸ.ਜੀ.ਪੀ.ਏ. ਦੇ ਆਧਾਰ 'ਤੇ ਪੰਜਾਬ ਭਰ ਵਿੱਚ ਪਹਿਲਾ ਸਥਾਨ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਵਿਦਿਆਰਥਣਾਂ ਦੀ ਇਸ ਕਾਮਯਾਬੀ ਨਾਲ ਕਾਲਜ ਵਿੱਚ ਖੁਸ਼ੀ ਦਾ ਮਾਹੌਲ ਹੈ।ਕਾਲਜ ਪ੍ਰਬੰਧਕਾਂ ਨੇ ਦੱਸਿਆ ਕਿ ਕੋਮਲਪ੍ਰੀਤ ਕੌਰ ਨੇ (9.19) ਐੱਸ.ਜੀ.ਪੀ.ਏ. ਹਾਸਲ ਕਰਕੇ ਯੂਨੀਵਰਸਿਟੀ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਨਵਦੀਪ ਕੌਰ ਨੇ (8.86) ਐੱਸ.ਜੀ.ਪੀ.ਏ. ਨਾਲ ਦੂਜਾ ਸਥਾਨ ਹਾਸਲ ਕੀਤਾ, ਜਦਕਿ ਪ੍ਰਿਯੰਕਾ ਸ਼ਰਮਾ ਅਤੇ ਕਮਲਜੀਤ ਕੌਰ ਨੇ (8.62) ਐੱਸ.ਜੀ.ਪੀ.ਏ. ਪ੍ਰਾਪਤ ਕਰਕੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ।ਉਨ੍ਹਾਂ ਦੱਸਿਆ ਕਿ ਵਿਦਿਆਰਥਣਾਂ ਨੇ ਆਪਣੀ ਲਗਨ, ਮਿਹਨਤ ਅਤੇ ਅਧਿਆਪਕਾਂ ਦੀ ਯੋਗ ਰਹਿਨੁਮਾਈ ਸਦਕਾ ਇਹ ਉਪਲਬਧੀ ਹਾਸਲ ਕੀਤੀ ਹੈ, ਇਸ ਮੌਕੇ ਚੇਅਰਮੈਨ ਡਾ. ਐੱਮ. ਐੱਮ. ਆਨੰਦ, ਵਾਇਸ ਚੇਅਰਮੈਨ ਡਾ. ਜੇ. ਐੱਸ. ਢਿੱਲੋਂ, ਮੈਨੇਜਿੰਗ ਡਾਇਰੈਕਟਰ ਸੂਰਿਯਾ ਆਨੰਦ, ਪ੍ਰਿੰਸੀਪਲ ਰਚਨਾ ਕੁਮਾਰੀ, ਵਾਇਸ ਪ੍ਰਿੰਸੀਪਲ ਰਮਨਦੀਪ ਕੌਰ ਸੋਹਲ ਅਤੇ ਨਰਸਿੰਗ ਐਡਵਾਈਜ਼ਰ ਊਸ਼ਾ ਸਰੀਨ ਨੇ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ



ਉੱਜਲ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਮੈਡਮ ਪ੍ਰੋਫੈਸਰ ਮਨਵਿੰਦਰ ਕੌਰ, ਸਾਕਸ਼ੀ ਸ਼ਰਮਾ, ਭਾਵਨਾ ਸ਼ਰਮਾ, ਪੂਨਮ, ਹਰਲੀਨ ਕੌਰ, ਪ੍ਰਿਯੰਕਾ, ਸੀਮਾ, ਪੁਨਰ, ਪਰਮੀਤ, ਰਮਨਦੀਪ ਕੌਰ, ਰਮਨ ਸੰਧੂ, ਕੋਮਲ ਢਿੱਲੋਂ, ਨਵਜੋਤ ਕੌਰ, ਸਰਨਦੀਪ ਕੌਰ, ਸਿਮਰਨ ਢਿੱਲੋਂ, ਸੁਖਸ਼ਰਨ, ਨਿਧੀ, ਰਿੱਪਨਦੀਪ ਕੌਰ, ਅੰਜਲੀ, ਪੱਲਵੀ, ਅਬਿਦਾਹ, ਸਮਰੀਨ, ਮਨਪ੍ਰੀਤ, ਜਸਲੀਨ, ਭਵਿਆ, ਆਇਮਨ, ਸਿਮਰਨਜੀਤ, ਵੰਸ਼ਿਕਾ, ਵੰਸ਼ਿਕਾ, ਬਲਜਿੰਦਰ, ਪ੍ਰਭਨੂਰ ਅਤੇ ਰਮਨਦੀਪ ਚੌਹਾਨ ਸਮੇਤ ਹੋਰ ਸਟਾਫ ਮੈਂਬਰ ਵੀ ਮੌਜੂਦ ਸਨ।

# ਗੁਰਦਾਸਪੁਰ-ਮੁਕੇਰੀਆਂ ਤੇ ਹੋਰਨਾਂ ਮੁੱਖ ਮਾਰਗਾਂ 'ਤੇ ਸੁੱਕੇ ਰੁੱਖ ਨਿੱਤ ਦੇ ਰਹੇ ਹਨ ਹਾਦਸਿਆਂ ਨੂੰ ਸੱਦਾ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ-ਹਰਿਆਣਾ ਹਾਈਕੋਰਟ ਨੇ ਭਾਵੇਂ ਹਰੇ ਬੂਟਿਆਂ ਨੂੰ ਕੱਟਣ 'ਤੇ ਰੋਕ ਲਗਾਈ ਹੈ ਪਰ ਕੁਝ ਰੁੱਖ ਵਣ ਵਿਭਾਗ ਦੇ ਸੜਕਾਂ 'ਤੇ ਆਬਾਦੀ ਵਿਚ ਹੋਣ ਕਰਕੇ ਇਹ ਲੋਕਾਂ ਲਈ ਪ੍ਰੇਸ਼ਾਨੀ ਦਾ ਆਲਮ ਬਣੇ ਹੋਏ ਹਨ। ਇਸ ਸਬੰਧੀ ਗੁਰਦਾਸਪੁਰ-ਮੁਕੇਰੀਆਂ ਸੜਕ ਦੇ ਕੰਢੇ ਵੱਸਦੇ ਲੋਕਾਂ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵਾਰ ਤੇਜ਼ ਹਨੇਰੀ ਆਉਣ ਕਰਕੇ ਸੜਕਾਂ 'ਤੇ ਖੜੇ ਸੁੱਕੇ ਰੁੱਖ ਲੋਕਾਂ ਲਈ ਮੁਸੀਬਤ ਬਣੇ ਹੋਏ ਹਨ ਅਤੇ ਕਈ ਵਾਰ ਹਨੇਰੀ ਦੌਰਾਨ ਵਾਹਨ ਚਾਲਕਾਂ ਉੱਤੇ ਡਿੱਗ ਕੇ ਉਨ੍ਹਾਂ ਦਾ ਜਾਨੀ ਮਾਲੀ ਨੁਕਸਾਨ ਕਰ ਦਿੰਦੇ ਹਨ। ਉਨ੍ਹਾਂ ਦੱਸਿਆ ਕਿ ਵਣ ਵਿਭਾਗ ਗੁਰਦਾਸਪੁਰ ਨੇ ਕੁਝ ਸੁੱਕੇ ਰੁੱਖ ਗੁਰਦਾਸਪੁਰ-ਮੁਕੇਰੀਆਂ ਰੋਡ ਤੋਂ ਕਟਵਾ ਦਿੱਤੇ ਹਨ ਅਤੇ ਉਨ੍ਹਾਂ ਦੀ ਗਿਣਤੀ ਲਗਭਗ 60-65 ਦੇ ਕਰੀਬ ਸੀ ਅਤੇ ਹੁਣ ਏਨੇ ਕੁ ਸੁੱਕੇ ਰੁੱਖਾਂ ਦੀ ਗਿਣਤੀ ਹੋਰ ਵੀ ਵੱਧ ਗਈ ਹੈ। ਉਨ੍ਹਾਂ ਦੱਸਿਆ ਕਿ ਕਈ ਵਾਰ ਮਹਿਕਮੇ ਨੂੰ ਦੱਸਿਆ ਗਿਆ ਹੈ ਕਿ ਇਹ ਸੁੱਕੇ ਰੁੱਖ ਕਟਾਏ ਜਾਣ ਪਰ ਮਹਿਕਮਾ ਇਸ ਪਾਸੇ ਕੋਈ ਕਾਰਵਾਈ ਨਹੀਂ ਕਰ ਰਿਹਾ ਜਿਸ ਕਰਕੇ ਲੋਕਾਂ ਦਾ ਮਹਿਕਮੇ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਾਬਕਾ ਸੂਬੇਦਾਰ ਮੇਜ਼ਰ ਬਸੰਤ ਸਿੰਘ ਢਿਲੋਂ, ਟੇਲਰ ਮਾਸਟਰ ਅਸ਼ੋਕ ਕੁਮਾਰ, ਡਾ. ਜੋਗਿੰਦਰ ਕੰਡਾ ਅਤੇ ਬਾਬਾ ਬੂਟਾ ਸਿੰਘ ਨੇ ਦੱਸਿਆ ਕਿ ਸਾਡੀਆਂ ਦੁਕਾਨਾਂ ਅੱਗੇ ਪਿਛਲੇ 15 ਸਾਲਾਂ ਤੋਂ ਸੁਕੇ ਰੁਖ ਖੜੇ ਹਨ ਜੋ ਕਈ ਵਾਰ ਉਪਰੋਂ ਟੁਟ ਕੇ ਵਾਹਨਾਂ 'ਤੇ ਡਿਗ ਕੇ ਕਾਫ਼ੀ ਨੁਕਸਾਨ ਕਰਦੇ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਪ੍ਰਸ਼ਾਸਨ ਅਤੇ ਸੰਬੰਧਿਤ ਵਿਭਾਗ ਨੂੰ ਲਿਖਤੀ ਸਿਕਾਇਤਾਂ ਕਰਨ ਦੇ ਬਾਵਜੂਦ ਵੀ ਇਨ੍ਹਾਂ ਦਰਖ਼ਤਾਂ ਨੂੰ ਨਹੀਂ ਕੱਟਿਆ ਗਿਆ। ਉਨ੍ਹਾਂ ਨੇ ਡੀ.ਸੀ ਗੁਰਦਾਸਪੁਰ ਪਾਸੋਂ ਮੰਗ ਕੀਤੀ ਕਿ ਗੁਰਦਾਸਪੁਰ-ਮੁਕੇਰੀਆਂ ਮੁੱਖ ਮਾਰਗ 'ਤੇ ਸੁਕੇ ਰੁੱਖਾਂ ਨੂੰ ਕਟਵਾਇਆ ਜਾਵੇ ਤਾਂ ਜੋ ਆਉਣ ਵਾਲੇ ਸਮੇਂ ਵਿੱਚ ਕਿਸੇ ਤਰ੍ਹਾਂ ਦਾ ਕੋਈ ਹਾਦਸਾ ਵਗੈਰਾ ਨਾ ਵਾਪਰ ਸਕੇ।

# ਓਪੋ ਇੰਡੀਆ ਨੇ ਲਾਂਚ ਕੀਤੀ ਐੱਫ33 ਸੀਰੀਜ਼

**ਲੁਧਿਆਣਾ** : ਓਪੋ ਇੰਡੀਆ ਨੇ ਚੰਡੀਗੜ੍ਹ ਵਿੱਚ ਨਵੀਂ ਐੱਫ33 ਸੀਰੀਜ਼ ਲਾਂਚ ਕੀਤੀ ਹੈ।ਇਸ ਸੀਰੀਜ਼ ਵਿੱਚ ਓਪੋ ਐਫ33 ਪ੍ਰੋ 5ਜੀ ਅਤੇ ਓਪੋ ਐਫ33 5ਜੀ ਸਮਾਰਟਫੋਨ ਸ਼ਾਮਲ ਹਨ।ਕੰਪਨੀ ਦਾ ਕਹਿਣਾ ਹੈ ਕਿ ਇਹ ਐੱਫ-ਸੀਰੀਜ਼ ਦੀ ਹੁਣ ਤੱਕ ਦੀ ਸਭ ਤੋਂ ਨਵੀਂ ਅਤੇ ਬਿਹਤਰ ਸੀਰੀਜ਼ ਹੈ।ਇਸ ਵਿੱਚ 50 ਮੈਗਾ ਪਿਕਸਲ ਦਾ ਅਲਟਰਾ-ਵਾਇਡ ਸੈਲਫੀ ਕੈਮਰਾ, 7,000 ਐੱਮ. ਏ. ਐੱਚ. ਦੀ ਵੱਡੀ ਬੈਟਰੀ, ਆਈਪੀ69ਕੇ ਸੁਰੱਖਿਆ, ਕਲਰਓਐੱਸ16 ਅਤੇ 5ਜੀ++ ਕਨੈਕਟਿਵਿਟੀ ਵਰਗੇ ਫੀਚਰ ਦਿੱਤੇ ਗਏ ਹਨ।ਲਾਂਚ ਦੌਰਾਨ ਓਪੋ ਇੰਡੀਆ ਦੇ ਹੈੱਡ ਆਫ ਕਮਿਊਨੀਕੇਸ਼ਨਜ਼ ਗੋਲਡੀ ਪਟਨਾਇਕ ਨੇ ਕਿਹਾ, ਐੱਫ33 ਸੀਰੀਜ਼ ਭਾਰਤ ਦੀ ਸਭ ਤੋਂ ਮਜ਼ਬੂਤ ਸੀਰੀਜ਼ ਰਹੀ ਹੈ।ਐੱਫ33 ਸੀਰੀਜ਼ ਵਿੱਚ ਅਸੀਂ 100 ਡਿਗਰੀ ਵਿਊ ਨਾਲ 50 ਮੈਗਾ ਪਿਕਸਲ ਦਾ ਅਲਟਰਾ-ਵਾਇਡ ਸੈਲਫੀ ਕੈਮਰਾ ਅਤੇ ਕਈ ਏਆਈ ਫੀਚਰ ਦਿੱਤੇ ਹਨ ।

# ਨਵੀਂ ਬੀ ਐੱਮ ਡਬਲਿਊ ਐੱਮ440ਆਈ ਐਕਸ ਡਰਾਈਵ ਕਨਵਰਟੀਬਲ ਲਾਂਚ

**ਚੰਡੀਗੜ੍ਹ** : ਬੀ. ਐੱਮ. ਡਬਲਿਊ. ਨੇ ਭਾਰਤ ਵਿੱਚ ਆਪਣੀ ਬਿਲਕੁਲ ਨਵੀਂ ਬੀ.ਐੱਮ.ਡਬਲਿਊ ਐੱਮ440ਆਈ ਐਕਸ ਡਰਾਈਵ ਲਾਂਚ ਕਰ ਦਿੱਤੀ ਹੈ, ਜੋ ਦੇਸ਼ ਵਿੱਚ ਪੂਰੀ ਤਰ੍ਹਾਂ ਬਿਲਟ-ਅੱਪ ਯੂਨਿਟ (ਸੀ.ਬੀ.ਯੂ.) ਮਾਡਲ ਵਜੋਂ ਉਪਲਬਧ ਹੋਵੇਗੀ। 1,09,00,000 ਰੁਪਏ ਦੀ ਐਕਸ-ਸ਼ੋਅਰੂਮ ਕੀਮਤ ਵਾਲੀ ਇਹ ਲਗਜ਼ਰੀ ਕਨਵਰਟੀਬਲ ਕਾਰ ਸ਼ਾਨਦਾਰ ਡਿਜ਼ਾਈਨ, ਐਥਲੈਟਿਕ ਪਰਫਾਰਮੈਂਸ ਅਤੇ ਓਪਨ-ਟੌਪ ਡਰਾਈਵਿੰਗ ਅਨੁਭਵ ਦਾ ਵਿਲੱਖਣ ਮੇਲ ਹੈ। ਬੀ.ਐਮ.ਡਬਲਿਊ ਗਰੁੱਪ ਇੰਡੀਆ ਦੇ ਪ੍ਰਧਾਨ ਅਤੇ ਸੀਈਓ ਹਰਦੀਪ ਸਿੰਘ ਬਰਾੜ ਨੇ ਕਿਹਾ ਕਿ ਨਵੀਂ ਬੀ.ਐਮ.ਡਬਲਿਊ ਬੀ.ਐਮ.ਡਬਲਿਊ ਐੱਮ440ਆਈ ਐਕਸ ਡਰਾਈਵ, ਸ਼ਾਨਦਾਰ ਪ੍ਰਦਰਸ਼ਨ ਅਤੇ ਸਦੀਵੀ ਸੁੰਦਰਤਾ ਦਾ ਪ੍ਰਤੀਕ ਹੈ, ਜੋ ਗਾਹਕਾਂ ਨੂੰ ਇੱਕ ਅਭਿਲਾਸ਼ੀ ਜੀਵਨ ਸ਼ੈਲੀ ਦਾ ਅਨੁਭਵ ਦਿੰਦੀ ਹੈ।ਇਹ ਕਾਰ ਸਿਰਫ਼ 4.9 ਸਕਿੰਟਾਂ ਵਿੱਚ 0 ਤੋਂ 100 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਫੜ ਲੈਂਦੀ ਹੈ ਅਤੇ ਇਸਦੀ ਟਾਪ ਸਪੀਡ 250 ਕਿਲੋਮੀਟਰ ਪ੍ਰਤੀ ਘੰਟਾ ਹੈ, ਜਿਸ ਨਾਲ ਇਹ ਆਪਣੇ ਸੈਗਮੈਂਟ ਦੀ ਸਭ ਤੋਂ ਤੇਜ਼ ਕਾਰ ਬਣਦੀ ਹੈ।

# ਮਹੰਤ ਹਰੀ ਕੁੰਭ ਦਾਸ ਵੱਲੋਂ ਡੀ ਐੱਸ ਪੀ ਲਲਿਤ ਕੁਮਾਰ ਦਾ ਵਿਸ਼ੇਸ਼ ਸਨਮਾਨ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਤਪ ਅਸਥਾਨ ਮੰਦਿਰ ਭਗਵਾਨ ਬਾਬਾ ਸ੍ਰੀਚੰਦ੍ ਜੀ ਉਦਾਸੀਨ ਆਸ਼ਰਮ ਨਾਨਕ ਚੱਕ ਦੇ ਮੌਜੂਦਾ ਗੱਦਨਸ਼ੀਨ ਮਹੰਤ ਹਰੀ ਕੁੰਭ ਦਾਸ ਜੀ ਨੇ ਡੀ. ਐੱਸ. ਪੀ. ਫਤਿਹਗੜ੍ਹ ਚੂੜੀਆਂ ਲਲਿਤ ਕੁਮਾਰ ਦਾ ਨਤਮਸਤਕ ਹੋਣ ਮੌਕੇ ਬਾਬਾ ਸ੍ਰੀਚੰਦ੍ ਜੀ ਦੀ ਤਸਵੀਰ ਤੇ ਸਿਰੋਪਾਓ ਦੇ ਕੇ ਵਿਸ਼ੇਸ਼ ਸਨਮਾਨ ਕੀਤਾ।ਇਸ ਮੌਕੇ ਰਵਿੰਦਰ ਮੁਨੀ, ਤਿਲਕ ਰਾਜ, ਰਾਜੂ ਬੇਦੀ, ਸੰਦੀਪ ਬੇਦੀ ਨਾਨਕਚੱਕ, ਮਾਸਟਰ ਸੰਦੀਪ ਸਿੰਘ ਜਾਗਲਾ, ਜਸ਼ਨ ਜਾਗਲਾ, ਯਾਦਵਿੰਦਰ ਸਿੰਘ ਕਾਦੀਆਂ ਰਾਜਪੂਤ, ਰੰਮੀ ਅਲੀਵਾਲ, ਇੰਦਰਜੀਤ ਨਾਨਕਚੱਕ, ਜੱਸ ਲੋਧੀਨੰਗਲ, ਰਣਜੋਧ ਸਿੰਘ ਘਣੀਏ ਕੇ ਬਾਂਗਰ, ਪ੍ਰਿੰਸ ਢੱਲਾ ਘਣੀਏ ਕੇ ਬਾਂਗਰ, ਮਨਪਿੰਦਰ ਸਿੰਘ ਮੰਨਾ ਸੀੜਾ, ਦੁਰਲੱਭ ਪੱਤੀ ਪਕੀਵਾਂ, ਰਣਜੀਤ ਕੋਟਲੀ ਬਾਬਲਾਂ, ਪਟਵਾਰੀ ਗੁਰਵਿੰਦਰ ਸਿੰਘ ਘਣੀਏ ਕੇ ਬਾਂਗਰ, ਗੁਰਲਾਲ ਫੌਜੀ, ਪਵਨ ਗੁੱਜਰਪੁਰਾ, ਯਾਦਵਿੰਦਰ ਕਾਦੀਆਂ, ਦੀਪੂ ਅਲੀਵਾਲ, ਮਨਪ੍ਰੀਤ ਪਟਵਾਰੀ, ਅਮ੍ਰਿਤਪਾਲ ਸੌਂਕੀ, ਜੋਬਨ ਕੋਟਲਾ ਸਾਮਾ, ਧਰਮਵੀਰ, ਨੀਰਜ ਬੇਦੀ, ਕੁਲਦੀਪ ਪੇਂਟਰ, ਸਤਨਾਮ ਸਿੰਘ ਜਾਂਗਲਾ, ਰਣਜੀਤ ਸਿੰਘ ਘਣੀਏ ਕੇ ਬਾਂਗਰ, ਸਤਨਾਮ ਸਿੰਘ ਕਾਦਰਾਬਾਦ, ਹੈਪੀ ਨਾਨਕ ਚੱਕ, ਇੰਦਰਜੀਤ ਨਾਨਕ ਚੱਕ, ਜੀਵਨ ਭੁੱਲਟ, ਸਾਬਾ ਫਤਿਹਗੜ੍ਹ, ਹੀਰਾ ਸਿੰਘ, ਜਗਪ੍ਰੀਤ ਸਿੰਘ, ਹੁਸਨ ਜਾਂਗਲਾ, ਕਰਨ ਲੰਗਰਵਾਲ, ਕੁਲਬੀਰ ਜਾਂਗਲਾ, ਰਜਿੰਦਰ ਸਿੰਘ, ਮਨੀ ਜਾਂਗਲਾ ਤੇ ਬਲਵਿੰਦਰ ਸਿੰਘ ਰੰਧਾਵਾ ਛਿਛਰੇਵਾਲ ਹਾਜ਼ਰ ਸਨ।



# ਅਟਾਰੀ ਦੇ ਰਿਹਾਇਸ਼ੀ ਇਲਾਕੇ 'ਚ ਖੁੱਲ੍ਹੇ ਸ਼ਰਾਬ ਦੇ ਠੇਕੇ ਦੇ ਵਿਰੋਧ 'ਚ ਰੋਸ ਪ੍ਰਦਰਸ਼ਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਭਾਰਤੀ ਕਮਿਊਨਿਸਟ ਪਾਰਟੀ ਅੰਮ੍ਰਿਤਸਰ ਦੀ ਅਟਾਰੀ ਬ੍ਰਾਂਚ ਵੱਲੋਂ ਕਾਮਰੇਡ ਅਜਮਤ ਮਸੀਹ, ਮਾਈਕਲ ਮਸੀਹ ਅਤੇ ਸਰਪੰਚ ਅਟਾਰੀ ਹਰਪ੍ਰੀਤ ਸਿੰਘ ਦੀ ਅਗਵਾਈ ਹੇਠ ਸੈਂਕੜੇ ਦੀ ਗਿਣਤੀ ਵਿੱਚ ਔਰਤਾਂ ਤੇ ਮਰਦਾਂ ਨੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬਾਹਰ ਐਕਸਾਈਜ਼ ਵਿਭਾਗ ਵੱਲੋਂ ਅਟਾਰੀ ਵਿਖੇ ਰਿਹਾਇਸ਼ੀ ਇਲਾਕੇ ਵਿੱਚ ਖੋਲ੍ਹੇ ਗਏ ਸ਼ਰਾਬ ਦੇ ਠੇਕੇ ਦੇ ਵਿਰੋਧ ਵਿੱਚ ਧਰਨਾ ਦਿੱਤਾ ਗਿਆ।ਇਸ ਧਰਨੇ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਸਕੱਤਰ ਲਖਬੀਰ ਸਿੰਘ ਨਿਜ਼ਾਮਪੁਰ ਨੇ ਐਕਸਾਈਜ਼ ਵਿਭਾਗ 'ਤੇ ਦੋਸ਼ ਲਾਇਆ ਕਿ ਪੰਚਾਇਤ ਅਤੇ ਸਥਾਨਕ ਲੋਕ ਪਿਛਲੇ ਇੱਕ ਮਹੀਨੇ ਤੋਂ ਇਸ ਠੇਕੇ ਨੂੰ ਚੁਕਾਉਣ ਵਾਸਤੇ ਅੰਦੋਲਨ ਕਰ ਰਹੇ ਹਨ ਪਰੰਤੂ ਪ੍ਰਸ਼ਾਸਨ ਦੇ ਕੰਨਾਂ ਉਪਰ ਕੋਈ ਅਸਰ ਨਹੀਂ ਹੋ ਰਿਹਾ ਹੈ। ਕਾਮਰੇਡ ਅਮਰਜੀਤ ਸਿੰਘ ਆਸਲ, ਦਸਵਿੰਦਰ ਕੌਰ, ਗੁਰਦੀਪ ਸਿੰਘ ਗੁਰੂਵਾਲੀ ਨੇ ਵੀ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਸ਼ਾਸਨ ਅਤੇ ਐਕਸਾਈਜ਼ ਵਿਭਾਗ ਨੂੰ ਚਿਤਾਵਨੀ ਦਿੱਤੀ ਕਿ ਇੱਕ ਪਾਸੇ ਪੰਜਾਬ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਚਲਾ ਕੇ ਲੋਕਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦਾ ਸੰਦੇਸ਼ ਦੇ ਰਹੀ ਹੈ, ਉਥੇ ਦੂਜੇ ਪਾਸੇ ਅਟਾਰੀ ਅੰਦਰ ਰਿਹਾਇਸ਼ੀ ਇਲਾਕੇ ਵਿੱਚ ਠੇਕਾ ਖੋਲ੍ਹ ਕੇ ਆਪਣੀ ਮੁਹਿੰਮ ਦਾ ਹੀ ਜਲੂਸ ਕੱਢ ਰਹੀ ਹੈ।ਅਖੀਰ ਵਿੱਚ ਐਕਸਾਈਜ਼ ਵਿਭਾਗ ਦੇ ਈਟੀਓ ਰਮਨ ਭਗਤ ਅਤੇ ਇਲਾਕਾ ਇੰਸਪੈਕਟਰ ਰਮਨ ਸ਼ਰਮਾ ਨੇ ਧਰਨੇ ਵਿੱਚ ਪਹੁੰਚ ਕੇ ਵਿਸ਼ਵਾਸ ਦਿਵਾਇਆ ਕਿ ਰਿਹਾਇਸ਼ੀ ਇਲਾਕੇ ਵਿੱਚੋਂ ਸ਼ਰਾਬ ਦਾ ਅਹਾਤਾ ਤੁਰੰਤ ਬੰਦ ਕਰ ਦਿੱਤਾ ਜਾਵੇਗਾ ਅਤੇ ਠੇਕੇ ਨੂੰ 15 ਦਿਨਾਂ ਅੰਦਰ ਤਬਦੀਲ ਕਰ ਦਿੱਤਾ ਜਾਵੇਗਾ ਜਿਸ 'ਤੇ ਸੰਘਰਸ਼ ਨੂੰ ਮੁਲਤਵੀ ਕਰਦਿਆਂ ਚਿਤਾਵਨੀ ਦਿੱਤੀ ਕਿ ਜੇਕਰ ਪ੍ਰਸ਼ਾਸਨ ਨੇ ਇਸ ਮਸਲੇ ਦਾ ਹੱਲ ਨਾ ਕੀਤਾ ਤਾਂ ਅੰਦੋਲਨ ਹੋਰ ਤੇਜ਼ ਕੀਤਾ ਜਾਵੇਗਾ। ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਕਾ. ਗੁਰਮੁਖ ਸਿੰਘ, ਨਰਿੰਦਰ ਬੱਲ, ਬਰਜਿੰਦਰ ਸਿੰਘ ਜੋਸਨ, ਸੁਖਦੇਵ ਸਿੰਘ, ਪ੍ਰਕਾਸ਼ ਸਿੰਘ ਕੈਰੋਨੰਗਲ, ਬਲਕਾਰ ਸਿੰਘ ਦੁਧਾਲਾ, ਬਲਬੀਰ ਸਿੰਘ ਗੁਮਾਨਪੁਰ, ਮੰਗਲ ਸਿੰਘ ਮਾਸਟਰ, ਗੁਰਸਾਹਿਬ ਸਿੰਘ ਪੰਚ ਅਟਾਰੀ, ਸੰਨੀ, ਬਾਬਾ ਗੋਲਡੀ, ਦਿਲਬਾਗ ਸਿੰਘ, ਸੁੱਖਦੇਵ ਸਿੰਘ, ਬਲਬੀਰ ਸਿੰਘ, ਗਿਆਨ ਸਿੰਘ ਮੋਦੇ ਅਤੇ ਬਲਵਿੰਦਰ ਸਿੰਘ ਆਦਿ ਹਾਜ਼ਰ ਸਨ।



# ਨੈਸ਼ਨਲ ਲੋਕ ਅਦਾਲਤ ਅੱਜ

**ਬਟਾਲਾ (ਡਾ. ਮਲਵਿੰਦਰ ਸਿੰਘ)** ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਅਸ਼ਵਨੀ ਕੁਮਾਰ ਮਿਸ਼ਰਾ, ਜੱਜ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਦੀਆਂ ਹਦਾਇਤਾਂ ਮੁਤਾਬਕ ਅਤੇ ਦਿਲਬਾਗ ਸਿੰਘ ਜੌਹਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਰਪ੍ਰੀਤ ਸਿੰਘ, ਮਾਨਯੋਗ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੁਆਰਾ ਸੈਸ਼ਨਜ਼ ਡਵੀਜ਼ਨ, ਗੁਰਦਾਸਪੁਰ ਅਧੀਨ ਸਮੂਹ ਨਿਆਇਕ ਅਦਾਲਤਾਂ ਗੁਰਦਾਸਪੁਰ ਅਤੇ ਸਬ-ਡਵੀਜ਼ਨ ਬਟਾਲਾ ਵਿਖੇ ਕੇਸਾਂ ਦੇ ਨਿਪਟਾਰੇ ਲਈ 9 ਮਈ ਨੂੰ ਨੈਸ਼ਨਲ ਲੋਕ ਅਦਾਲਤ ਲਗਾਈ ਜਾਵੇਗੀ।